30-DEC-PAGE-1.qxd 12/29/2022 10:16 PM Page 1

ਸ਼ੁੱਕਰਵਾਰ, 30 ਦਸੰਬਰ, 2022

15 ਪੋਹ { ਨਾਨਕਸ਼ਾਹੀ 554 / ਬਿਕਰਮੀ 2079 }

ਜਿਲਦ/VOL. : 71

ਅੰਕ/NO. : 210

# ਨਵਾਂ ਜ਼ਮਾਨਾ

DAILY NAWAN ZAMANA • FRIDAY, 30 DECEMBER, 2022

ਜਲੰਧਰ

ਕੀਮਤ/PRICE : 5.00 ਰੁਪਏ | Regd. No : Pb/JL-123/2021-23, (R.N.I.)-00068/57 | E-mail : nawanzamana@gmail.com | www.nawanzamana.in | ਸਫ਼ੇ : 12

‘ਨਵਾਂ ਜ਼ਮਾਨਾ’ ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

## ਦਲਾਈਲਾਮਾ ਨੂੰ ਚੀਨੀ ਮਹਿਲਾ ਤੋਂ ਖਤਰਾ

**ਬੋਧਗਯਾ** : ਤਿੱਬਤੀਆਂ ਦੇ ਰੂਹਾਨੀ ਆਗੂ ਦਲਾਈਲਾਮਾ ਦੀ ਬੋਧਗਯਾ ਯਾਤਰਾ ਦੌਰਾਨ ਸੁਰੱਖਿਆ ਏਜੰਸੀਆਂ ਇਕ ਚੀਨੀ ਔਰਤ ਦੀ ਭਾਲ ਵਿਚ ਹਨ ਤੇ ਪੁਲਸ ਨੂੰ ਹਾਈ ਅਲਰਟ ਕਰ ਦਿੱਤਾ ਗਿਆ ਹੈ। ਪੁਲਸ ਨੇ ਚੀਨੀ ਔਰਤ ਸੌਂਗ ਜ਼ਿਆਓਲਨ ਦਾ ਸਕੈਚ ਜਾਰੀ ਕੀਤਾ ਹੈ। ਉਸ ਨੇ ਮਹਿਲਾ ਦੇ ਪਾਸਪੋਰਟ ਅਤੇ ਵੀਜ਼ੇ ਦੇ ਵੇਰਵੇ ਵੀ ਮੀਡੀਆ ਨਾਲ ਸਾਂਝੇ ਕੀਤੇ ਹਨ। ਇਹ ਤੁਰੰਤ ਸਪੱਸ਼ਟ ਨਹੀਂ ਹੋ ਸਕਿਆ ਹੈ ਕਿ ਪੁਲਸ ਮਹਿਲਾ ਨੂੰ ਕਿਉਂ ਲੱਭ ਰਹੀ ਹੈ। ਮਹਾਬੋਧੀ ਮੰਦਰ ਕੰਪਲੈਕਸ ਦੇ ਆਲੇ-ਦੁਆਲੇ ਸੁਰੱਖਿਆ ਵਧਾ ਦਿੱਤੀ ਗਈ ਹੈ ਅਤੇ ਸ਼ਰਧਾਲੂਆਂ ਦੀ ਵੀ ਤਲਾਸ਼ੀ ਲਈ ਜਾ ਰਹੀ ਹੈ।

## ‘ਪਠਾਨ’ ਦਾ ਹੁਲੀਆ ਬਦਲਣ ਦੇ ਨਿਰਦੇਸ਼

**ਮੁੰਬਈ** : ਸੈਂਟਰਲ ਬੋਰਡ ਆਫ ਫਿਲਮ ਸਰਟੀਫਿਕੇਸ਼ਨ ਦੇ ਚੇਅਰਮੈਨ ਪ੍ਰਸੂਨ ਜੋਸ਼ੀ ਨੇ ਸ਼ਾਹਰੁਖ ਖਾਨ ਅਤੇ ਦੀਪਿਕਾ ਪਾਦੂਕੋਣ ਦੀ ਫਿਲਮ ‘ਪਠਾਨ’ ਦੇ ਨਿਰਮਾਤਾਵਾਂ ਨੂੰ ਫਿਲਮ ਤੇ ਇਸ ਦੇ ਗੀਤਾਂ ਵਿਚ ਫੇਰਬਦਲ ਕਰਨ ਦਾ ਨਿਰਦੇਸ਼ ਦਿੱਤਾ ਹੈ। ਜੋਸੀ ਨੇ ਇੱਕ ਬਿਆਨ ’ਚ ਕਿਹਾ ਬੋਰਡ ਨੇ ਯਸ਼ਰਾਜ ਫਿਲਮਜ਼ ਨੂੰ ਦਿਸ਼ਾ-ਨਿਰਦੇਸ਼ਾਂ ਅਨੁਸਾਰ ਫਿਲਮ ’ਚ ਫੇਰਬਦਲ ਕਰਨ ਲਈ ਆਖ ਦਿੱਤਾ ਹੈ। ਫਿਲਮ 12 ਦਸੰਬਰ ਨੂੰ ਆਪਣੇ ਗੀਤ ‘ਬੇਸ਼ਰਮ ਰੰਗ’ ਦੇ ਰਿਲੀਜ਼ ਹੋਣ ਤੋਂ ਬਾਅਦ ਵਿਵਾਦਾਂ ’ਚ ਹੈ ਤੇ ਪ੍ਰਦਰਸ਼ਨ ਕਰਕੇ ਉਸ ’ਤੇ ਪਾਬੰਦੀ ਦੀ ਮੰਗ ਕੀਤੀ ਜਾ ਰਹੀ ਹੈ। ਗੀਤ ਵਿਚ ਦੀਪਿਕਾ ਨੂੰ ਭਗਵਾਂ ਬਿਕਨੀ ਵਿਚ ਦਿਖਾਇਆ ਗਿਆ ਹੈ। ਦਾਅਵਾ ਕੀਤਾ ਗਿਆ ਹੈ ਕਿ ਇਸ ਨਾਲ ਹਿੰਦੂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ।

## ਟੀਚਰ ਨੇ ਬੱਚੀ ਦਾ ਹੱਥ ਤੋੜਿਆ

**ਭੋਪਾਲ** : ਮੱਧ ਪ੍ਰਦੇਸ਼ ਦੀ ਰਾਜਧਾਨੀ ਭੋਪਾਲ ਦੇ ਹਬੀਬਗੰਜ ਇਲਾਕੇ ’ਚ 22 ਸਾਲਾ ਟਿਊਸ਼ਨ ਅਧਿਆਪਕ ਪ੍ਰਯਾਗ ਵਿਸ਼ਵਕਰਮਾ ਨੇ ਕਥਿਤ ਤੌਰ ’ਤੇ ਪੈਰਟ (ਤੋਤਾ) ਦੇ ਸਪੈਲਿੰਗ ਨਾ ਦੱਸਣ ’ਤੇ ਪੰਜ ਸਾਲ ਦੀ ਬੱਚੀ ਦਾ ਹੱਥ ਜ਼ੋਰ ਨਾਲ ਮਰੋੜ ਕੇ ਤੋੜ ਦਿੱਤਾ। ਟੀਚਰ ਨੂੰ ਗ੍ਰਿਫਤਾਰ ਕਰ ਲਿਆ ਗਿਆ ਹੈ।

## ਅਨੰਤ ਅੰਬਾਨੀ ਤੇ ਰਾਧਿਕਾ ਮਰਚੈਂਟ ਦੀ ਮੰਗਣੀ



**ਮੁੰਬਈ** : ਉਦਯੋਗਪਤੀ ਮੁਕੇਸ਼ ਅੰਬਾਨੀ ਅਤੇ ਨੀਤਾ ਅੰਬਾਨੀ ਦੇ ਬੇਟੇ ਅਨੰਤ ਅੰਬਾਨੀ ਦੀ ਮੰਗਣੀ ਵੀਰਵਾਰ ਰਾਜਸਥਾਨ ’ਚ ਵਿਰੇਨ ਮਰਚੈਂਟ ਅਤੇ ਸ਼ੈਲਾ ਮਰਚੈਂਟ ਦੀ ਧੀ ਰਾਧਿਕਾ ਮਰਚੈਂਟ ਨਾਲ ਹੋਈ। ਇਹ ਰਸਮ ਨਾਥ ਦੁਆਰੇ ਦੇ ਪ੍ਰਸਿੱਧ ਸ੍ਰੀਨਾਥਜੀ ਮੰਦਰ ’ਚ ਅਦਾ ਕੀਤੀ ਗਈ। ਇਸ ’ਚ ਦੋਵਾਂ ਪਰਵਾਰਾਂ ਦੇ ਨੇੜਲਿਆਂ ਨੇ ਸ਼ਿਰਕਤ ਕੀਤੀ। ਮੰਦਰ ਦੇ ਪੁਜਾਰੀਆਂ ਨੇ ਜੋੜੇ ਨੂੰ ਆਸ਼ੀਰਵਾਦ ਦਿੱਤਾ।

## ਜਹਾਜ਼ ’ਚ ਕੁੱਟਮਾਰ

**ਨਵੀਂ ਦਿੱਲੀ** : ਬੈਂਕਾਕ ਤੋਂ ਕੋਲਕਾਤਾ ਆ ਰਹੀ ਥਾਈ ਸਮਾਈਲ ਏਅਰਵੇਜ਼ ਦੀ ਫਲਾਈਟ ਵਿਚ ਸਵਾਰ ਕੁਝ ਯਾਤਰੀਆਂ ਵਿਚਾਲੇ ਝਗੜਾ ਹੋ ਗਿਆ। ਬੁੱਧਵਾਰ ਨੂੰ ਜਹਾਜ਼ ਦੇ ਅੰਦਰ ਝੜਪ ਦਾ ਵੀਡੀਓ ਸੋਸ਼ਲ ਮੀਡੀਆ ’ਤੇ ਵਾਇਰਲ ਹੋਇਆ। ਇਸ ’ਚ ਕੁਝ ਯਾਤਰੀ ਇਕ ਵਿਅਕਤੀ ਨੂੰ ਕਈ ਵਾਰ ਥੱਪੜ ਮਾਰਦੇ ਨਜ਼ਰ ਆ ਰਹੇ ਹਨ। ਇਕ ਯਾਤਰੀ ਮੁਤਾਬਕ ਇਹ ਘਟਨਾ 26 ਦਸੰਬਰ ਨੂੰ ਵਾਪਰੀ, ਜਦੋਂ ਜਹਾਜ਼ ਰਨਵੇਅ ’ਤੇ ਉਤਰਨ ਵਾਲਾ ਸੀ। ਲੋਕਾਂ ਨੇ ਝਗੜਾ ਕਰਨ ਵਾਲਿਆਂ ਨੂੰ ਸ਼ਾਂਤ ਕਰਵਾਇਆ। ਝਗੜੇ ਦੇ ਕਾਰਨ ਦਾ ਪਤਾ ਨਹੀਂ ਲੱਗਿਆ।

## ਨਿਤਿਨ ਮਨਮੋਹਨ ਨਹੀਂ ਰਹੇ



**ਮੁੰਬਈ** : ‘ਬੋਲ ਰਾਧਾ ਬੋਲ’ ਅਤੇ ‘ਲਾਡਲਾ’ ਵਰਗੀਆਂ ਫਿਲਮਾਂ ਬਣਾਉਣ ਵਾਲੇ ਨਿਰਮਾਤਾ ਨਿਤਿਨ ਮਨਮੋਹਨ ਦਾ ਵੀਰਵਾਰ ਦੇਹਾਂਤ ਹੋ ਗਿਆ। ਉਹ 62 ਸਾਲ ਦੇ ਸਨ। ਤਿੰਨ ਦਸੰਬਰ ਨੂੰ ਦਿਲ ਦਾ ਦੌਰਾ ਪੈਣ ਤੋਂ ਬਾਅਦ ਉਨ੍ਹਾ ਦਾ ਕੋਕਿਲਾਬੇਨ ਧੀਰੂਭਾਈ ਅੰਬਾਨੀ ਹਸਪਤਾਲ ’ਚ ਇਲਾਜ ਚੱਲ ਰਿਹਾ ਸੀ।

## ਭਾਰਤੀ ਕੰਪਨੀ ਵੱਲੋਂ ਤਿਆਰ ਸਿਰਪ ਦੀ ਜਾਂਚ ਸ਼ੁਰੂ

**ਨਵੀਂ ਦਿੱਲੀ** : ਕੇਂਦਰੀ ਡਰੱਗ ਸਟੈਂਡਰਡ ਕੰਟਰੋਲ ਆਰਗੇਨਾਈਜ਼ੇਸ਼ਨ ਨੇ ਉਜ਼ਬੇਕਿਸਤਾਨ ਵਿਚ ਭਾਰਤੀ ਕੰਪਨੀ ਵੱਲੋਂ ਤਿਆਰ ਖੰਘ ਦਾ ਸਿਰਪ ਪੀਣ ਕਾਰਨ 18 ਬੱਚਿਆਂ ਦੀ ਮੌਤ ਦੀ ਜਾਂਚ ਸ਼ੁਰੂ ਕਰ ਦਿੱਤੀ ਹੈ। ਉਜ਼ਬੇਕਿਸਤਾਨ ਦੇ ਸਿਹਤ ਮੰਤਰਾਲੇ ਨੇ ਦਾਅਵਾ ਕੀਤਾ ਹੈ ਕਿ ਇਨ੍ਹਾਂ ਬੱਚਿਆਂ ਨੇ ਨੋਇਡਾ ਸਥਿਤ ਮੈਰੀਅਨ ਬਾਇਓਟੈੱਕ ਵੱਲੋਂ ਤਿਆਰ ਸਿਰਪ ‘ਡਾਕ-1 ਮੈਕਸ’ ਦਾ ਸੇਵਨ ਕੀਤਾ ਸੀ। ਕੇਂਦਰ ਸਰਕਾਰ ਨੇ ਕਿਹਾ ਹੈ ਕਿ ਉੱਤਰ ਪ੍ਰਦੇਸ਼ ’ਚ ਨੋਇਡਾ ਸਥਿਤ ਭਾਰਤੀ ਕੰਪਨੀ ਮੈਰੀਅਨ ਬਾਇਓਟੈੱਕ ਵੱਲੋਂ ਤਿਆਰ ਸਿਰਪ ਦੇ ਨਮੂਨੇ ਜਾਂਚ ਲਈ ਚੰਡੀਗੜ੍ਹ ਸਥਿਤ ਖੇਤਰੀ ਡਰੱਗ ਟੈਸਟਿੰਗ ਲੈਬਾਰਟਰੀ ’ਚ ਭੇਜੇ ਗਏ ਹਨ।

# ਕਰਨਾਟਕ ’ਚ ਅਯੁੱਧਿਆ ਵਰਗਾ ਰਾਮ ਮੰਦਰ ਬਣੇਗਾ

**ਭਾਜਪਾ ਨੇ ਤਿੰਨ ਸਾਲ ਕੀਤਾ ਕੁਝ ਨਹੀਂ, ਚੋਣਾਂ ਮੌਕੇ ਮੰਦਰ ਚੇਤੇ ਆ ਗਿਆ : ਕੁਮਾਰਸਵਾਮੀ**



ਕਰਨਾਟਕ ਦੇ ਉੱਚ ਸਿੱਖਿਆ ਮੰਤਰੀ ਡਾ. ਸੀ ਐੱਨ ਅਸ਼ਵਥ ਨਾਰਾਇਣ।

**ਬੇਂਗਲੁਰੂ** : ਕਰਨਾਟਕ ਦੇ ਉੱਚ ਸਿੱਖਿਆ ਮੰਤਰੀ ਡਾ. ਸੀ ਐੱਨ ਅਸ਼ਵਥ ਨਾਰਾਇਣ ਨੇ ਕਿਹਾ ਹੈ ਕਿ ਅਗਲੇ ਬੱਜਟ ਅਜਲਾਸ ’ਚ ਅਯੁੱਧਿਆ ਵਰਗਾ ਰਾਮ ਮੰਦਰ ਕਰਨਾਟਕ ’ਚ ਵੀ ਬਣਾਉਣ ਦਾ ਐਲਾਨ ਕੀਤਾ ਜਾਏਗਾ। ਨਾਰਾਇਣ, ਜਿਹੜੇ ਰਾਮਨਗਰ ਜ਼ਿਲ੍ਹੇ ਦੇ ਇੰਚਾਰਜ ਵੀ ਹਨ, ਨੇ ਪਿਛਲੇ ਹਫਤੇ ਮੁੱਖ ਮੰਤਰੀ ਬਸਵਰਾਜ ਬੋਮਈ ਤੋਂ ਮੰਗ ਕੀਤੀ ਸੀ ਕਿ ਰਾਮਦੇਵਰਬੇਤਾ ਵਿਖੇ ਰਾਮ ਮੰਦਰ ਉਸਾਰਨ ਲਈ ਇਕ ਵਿਕਾਸ ਕਮੇਟੀ ਦਾ ਗਠਨ ਕਰਨ। ਉਨ੍ਹਾ ਕਿਹਾ ਸੀ ਕਿ ਰਾਮਦੇਵਰਬੇਤਾ ਨੂੰ ਦੱਖਣ ਦੇ ਅਯੁੱਧਿਆ ਵਾਂਗ ਵਿਕਸਤ ਕੀਤਾ ਜਾਵੇ। ਮੰਦਰ ਮੁਜ਼ਰਾਈ ਵਿਭਾਗ ਦੀ 19 ਏਕੜ ਜ਼ਮੀਨ ਵਿਚ ਬਣਾਇਆ ਜਾਏ। ਜਨਤਾ ਦਲ ਸੈਕੂਲਰ ਦੇ ਆਗੂ ਤੇ ਸਾਬਕਾ ਮੁੱਖ ਮੰਤਰੀ ਐੱਚ ਡੀ ਕੁਮਾਰਸਵਾਮੀ ਨੇ ਕਿਹਾ ਹੈ ਕਿ ਅਸੰਬਲੀ ਚੋਣਾਂ ਤੋਂ ਕੁਝ ਮਹੀਨੇ ਪਹਿਲਾਂ ਮੰਤਰੀ ਨੂੰ ਰਾਮ ਮੰਦਰ ਦਾ ਚੇਤਾ ਆ ਗਿਆ ਹੈ। ਜਿਹੜੀ ਪਾਰਟੀ ਨੇ ਤਿੰਨ ਸਾਲ ਕੁਝ ਨਹੀਂ ਕੀਤਾ, ਉਹ ਚੋਣਾਂ ਤੋਂ ਤਿੰਨ ਮਹੀਨੇ ਪਹਿਲਾਂ ਰਾਮ ਮੰਦਰ ਉਸਾਰਨ ਦੀ ਗੱਲ ਕਰਨ ਲੱਗ ਪਈ ਹੈ। ਕੁਮਾਰਸਵਾਮੀ ਨੇ ਪ੍ਰਸਤਾਵਤ ਮੰਦਰ ਦਾ ਨੀਂਹ ਪੱਥਰ ਯੂ ਪੀ ਦੇ ਮੁੱਖ ਮੰਤਰੀ ਯੋਗੀ ਆਦਿਤਿਆਨਾਥ ਤੋਂ ਕਰਾਉਣ ਦਾ ਵੀ ਵਿਰੋਧ ਕਰਦਿਆਂ ਕਿਹਾ-ਯੂ ਪੀ ਦੇ ਮੁੱਖ ਮੰਤਰੀ ਨੂੰ ਸੱਦਣ ਦੀ ਕੋਈ ਲੋੜ ਨਹੀਂ। ਕਰਨਾਟਕ ਏਨਾ ਵੀ ਕੰਗਾਲ ਨਹੀਂ। ਜੇ ਰਾਮਨਗਰ ਦੇ ਲੋਕ ਵਾਕਈ ਰਾਮ ਮੰਦਰ ਚਾਹੁੰਦੇ ਹਨ ਤਾਂ ਮੈਂ ਆਪਣੇ ਆਦਿਚੁਨਚਨਗਿਰੀ ਮੱਠ ਦੇ ਸੰਤ ਦੀ ਅਗਵਾਈ ਵਿਚ ਖੁਦ ਬਣਾਵਾਂਗਾ ਤੇ ਨੀਂਹ ਪੱਥਰ ਸੁਤੁਰ ਮੱਠ ਦੇ ਸੰਤ ਤੋਂ ਰਖਵਾਵਾਂਗਾ। ਰਾਮਨਗਰ ਮੇਰੇ ਹਲਕੇ ਵਿਚ ਪੈਂਦਾ ਹੈ ਤੇ ਮੈਂ ਕਿਸੇ ਬਾਹਰਲੇ ਨੂੰ ਇੱਥੇ ਕੁਝ ਨਹੀਂ ਕਰਨ ਦੇਵਾਂਗਾ। ਰੱਬ ਨੇ ਮੈਨੂੰ ਬਥੇਰਾ ਬਲ ਬਖਸ਼ਿਆ ਹੈ। ਬਾਹਰੋਂ ਕਿਸੇ ਨੂੰ ਨਾ ਸੱਦੋ ਤੇ ਚੋਣਾਂ ਦੌਰਾਨ ਅਜਿਹਾ ਨਾ ਕਰੋ। ਮੇਰੇ ਰਾਮਨਗਰ ਨਾਲ ਮਾਂ ਤੇ ਬੱਚੇ ਵਰਗੇ ਰਿਸ਼ਤੇ ਹਨ। ਅਸੀਂ ਕਿਸੇ ਬਾਹਰਲੇ ਨੂੰ ਇੱਥੇ ਨਹੀਂ ਆਉਣ ਦੇਵਾਂਗੇ।

# ਟੋਲ ਪਲਾਜ਼ੇ ਬੰਦ ਕਰਨ ਦੀ ਬੀ ਕੇ ਯੂ ਵੱਲੋਂ ਹਮਾਇਤ



**ਚੰਡੀਗੜ੍ਹ** : ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਨੇ 5 ਜਨਵਰੀ ਨੂੰ ਪੰਜਾਬ ਦੇ ਸਾਰੇ ਟੋਲ ਬੰਦ ਕਰਨ ਦੀ ਹਮਾਇਤ ਕੀਤੀ ਹੈ। ਇਹ ਸਾਰੇ ਟੋਲ ਦੁਪਹਿਰ 12 ਵਜੇ ਤੋਂ 3 ਵਜੇ ਤੱਕ ਬੰਦ ਰਹਿਣਗੇ। ਜਥੇਬੰਦੀ ਨੇ ਇਹ ਫੈਸਲਾ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਦੇ ਮੰਗ ਪੱਤਰ ਨਾਲ ਸਹਿਮਤ ਹੁੰਦਿਆਂ ਲਿਆ ਹੈ। ਜਥੇਬੰਦੀ ਦੇ ਸੂਬਾ ਸਕੱਤਰ ਸ਼ਿੰਗਾਰਾ ਸਿੰਘ ਮਾਨ ਨੇ ਦੱਸਿਆ ਕਿ ਜਿਨ੍ਹਾਂ ਮੰਗਾਂ ’ਤੇ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਸੰਘਰਸ਼ ਕਰ ਰਹੀ ਹੈ, ਉਨ੍ਹਾਂ ਨੂੰ ਮੰਨਦਿਆਂ ਪੰਜਾਬ ਦੇ ਸਾਰੇ ਟੋਲ ਮੁਫਤ ਕੀਤੇ ਜਾਣਗੇ। ਉਨ੍ਹਾ ਕਿਸਾਨਾਂ ਨੂੰ ਟੋਲ ਨਾਕਿਆਂ ’ਤੇ ਦਿੱਤੇ ਜਾ ਰਹੇ ਧਰਨੇ ’ਚ ਵੱਡੀ ਗਿਣਤੀ ’ਚ ਪੁੱਜਣ ਦੀ ਅਪੀਲ ਕੀਤੀ ਹੈ, ਤਾਂ ਜੋ ਕਿਸਾਨ-ਮਜ਼ਦੂਰ ਸੰਘਰਸ਼ ਕਮੇਟੀ ਦੀਆਂ ਮੰਗਾਂ ਦੀ ਪੁਰਜ਼ੋਰ ਹਮਾਇਤ ਕੀਤੀ ਜਾ ਸਕੇ। ਕਮੇਟੀ ਸੂਬਾ ਸਰਕਾਰ ਤੋਂ ਕਿਸਾਨਾਂ ਦੇ ਕਰਜ਼ੇ ਮੁਆਫ ਕਰਨ, ਫਸਲਾਂ ਦੇ ਲਾਹੇਵੰਦ ਭਾਅ ਦੇਣ ਅਤੇ ਫਸਲਾਂ ਦੇ ਨੁਕਸਾਨ ਦੇ ਮੁਆਵਜ਼ੇ ਸਮੇਤ ਹੋਰ ਕਈ ਮੰਗਾਂ ਨੂੰ ਪੂਰਾ ਕਰਨ ਦੀ ਮੰਗ ਕਰ ਰਹੀ ਹੈ।

# ਸੂਬਾ ਪੱਧਰੀ ਕਨਵੈਨਸ਼ਨ ’ਚ ਮੋਦੀ ਸਰਕਾਰ ਦੀਆਂ ਫਾਸ਼ੀ ਨੀਤੀਆਂ ਦਾ ਤਿੱਖਾ ਵਿਰੋਧ

**ਲਤੀਫਪੁਰਾ ਦੇ ਉਜਾੜੇ ਦੀ ਖਿਲਾਫ਼ਤ ਤੇ ਜ਼ੀਰਾ ਸ਼ਰਾਬ ਫੈਕਟਰੀ ਵਿਰੁੱਧ ਸੰਘਰਸ਼ ਦੀ ਹਮਾਇਤ**







**ਜਲੰਧਰ (ਰਾਜੇਸ਼ ਥਾਪਾ/ਕੇਸਰ)**

ਫਾਸ਼ੀ ਹਮਲੇ ਵਿਰੋਧੀ ਫਰੰਟ ਵਿੱਚ ਇਕੱਤਰ ਹੋਈਆਂ ਕਮਿਊਨਿਸਟ ਤੇ ਇਨਕਲਾਬੀ ਧਿਰਾਂ ਵੱਲੋਂ ਵੀਰਵਾਰ ਮੋਦੀ ਸਰਕਾਰ ਦੀ ਫਾਸ਼ੀ ਤੇ ਕਾਰਪੋਰੇਟ ਪੱਖੀ ਨੀਤੀ ਵਿਰੁੱਧ ਦੇਸ਼ ਭਗਤ ਯਾਦਗਾਰ ਕੰਪਲੈਕਸ ਜਲੰਧਰ ਵਿਖੇ ਉਸਾਰੇ ਭਾਈ ਜਵਾਲਾ ਸਿੰਘ ਹਾਲ ਵਿੱਚ ਪੰਜਾਬ ਪੱਧਰੀ ਕਨਵੈਨਸ਼ਨ ਬੰਤ ਸਿੰਘ ਬਰਾੜ, ਅਜਮੇਰ ਸਿੰਘ, ਰਤਨ ਸਿੰਘ, ਰਾਜਵਿੰਦਰ ਸਿੰਘ ਰਾਣਾ, ਮੰਗਤ ਰਾਮ ਲੌਂਗੋਵਾਲ, ਗੁਰਮੀਤ ਸਿੰਘ ਮਹਿਮਾ ਤੇ ਮੁਖਤਿਆਰ ਪੂਹਲਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਕਨਵੈਨਸ਼ਨ ਦੀ ਸਮਾਪਤੀ ਉਪਰੰਤ ਪ੍ਰੈੱਸ ਕਲੱਬ ਤੱਕ ਵਰ੍ਹਦੇ ਮੀਂਹ ਵਿੱਚ ਮੁਜ਼ਾਹਰਾ ਕੀਤਾ ਗਿਆ।

ਕਨਵੈਨਸ਼ਨ ਨੂੰ ਸੰਬੋਧਨ ਕਰਨ ਵਾਲਿਆਂ ਵਿੱਚ ਮੁੱਖ ਤੌਰ ’ਤੇ ਆਰ ਐੱਮ ਪੀ ਆਈ ਦੇ ਕੁੱਲ ਹਿੰਦ ਜਨਰਲ ਸਕੱਤਰ ਮੰਗਤ ਰਾਮ ਪਾਸਲਾ, ਸੀ ਪੀ ਆਈ ਦੇ ਕੌਮੀ ਕੌਂਸਲ ਮੈਂਬਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਸੀ ਪੀ ਆਈ (ਐੱਮ ਐੱਲ) ਨਿਊ ਡੈਮੋਕਰੇਸੀ ਦੇ ਦਰਸ਼ਨ ਖਟਕੜ, ਸੀ ਪੀ ਆਈ (ਐੱਮ ਐੱਲ) ਲਿਬਰੇਸ਼ਨ ਦੇ ਗੁਰਮੀਤ ਸਿੰਘ, ਇਨਕਲਾਬੀ ਕੇਂਦਰ ਪੰਜਾਬ ਦੇ ਕੰਵਲਜੀਤ ਖੰਨਾ, ਐੱਮ ਸੀ ਪੀ ਆਈ (ਯੂ) ਦੇ ਆਗੂ ਕਿਰਨਜੀਤ ਸਿੰਘ ਸੇਖੋਂ ਅਤੇ ਪੰਜਾਬ ਜਮਹੂਰੀ ਮੋਰਚਾ ਦੇ ਜੁਗਰਾਜ ਸਿੰਘ ਟੱਲੇਵਾਲ ਸਨ।

ਬੁਲਾਰਿਆਂ ਨੇ ਮੋਦੀ ਸਰਕਾਰ ਦੀ ਫਾਸ਼ੀਵਾਦੀ ਨੀਤੀ ਦੀ ਜ਼ੋਰਦਾਰ ਨਿੰਦਾ ਕੀਤੀ। ਦੇਸ਼ ਦੀ ਦੌਲਤ ਮੋਦੀ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਲੁਟਾਈ ਜਾ ਰਹੀ ਹੈ। ਦੇਸ਼ ਦੀ ਵਸੋਂ ਘੋਰ ਗਰੀਬੀ ਵਿੱਚ ਧੱਕ ਦਿੱਤੀ ਹੈ। ਜਿਹੜੇ ਕਾਲਮ ਨਵੀਸ, ਪੱਤਰਕਾਰ ਤੇ ਬੁੱਧੀਜੀਵੀ ਮੋਦੀ ਸਰਕਾਰ ਵਿਰੁੱਧ ਬੋਲਦੇ ਤੇ ਲਿਖਦੇ ਹਨ, ਉਨ੍ਹਾਂ ਨੂੰ ਬਿਨਾਂ ਵਜ੍ਹਾ ਫੜ ਕੇ ਲੰਮੇ ਸਮੇਂ ਤੋਂ ਜੇਲ੍ਹਾਂ ਵਿੱਚ ਡੱਕਿਆ ਹੋਇਆ ਹੈ। ਦੇਸ਼ ਭਰ ਵਿੱਚ ਜਿਹੜੇ ਵੀ ਕੈਦੀ ਸਜ਼ਾਵਾਂ ਭੁਗਤ ਚੁੱਕੇ ਹਨ, ਸਿੱਖ ਕੈਦੀਆਂ ਤੇ ਹੋਰ ਘੱਟ ਗਿਣਤੀਆਂ ਸਮੇਤ ਉਨ੍ਹਾਂ ਨੂੰ ਸਰਕਾਰ ਰਿਹਾਅ ਨਹੀਂ ਕਰ ਰਹੀ। ਬੁਲਾਰਿਆਂ ਨੇ ਕਿਹਾ ਕਿ ਪੰਜਾਬ ਦੀ ਜਰਖੇਜ਼ ਧਰਤੀ ਬੰਜਰ ਹੋ ਰਹੀ ਹੈ, ਪਰ ਸਰਕਾਰ ਝੋਨੇ ਤੋਂ ਬਦਲਵੀਆਂ ਫਸਲਾਂ ’ਤੇ ਐੱਮ ਐੱਸ ਪੀ ਲਾਗੂ ਨਹੀਂ ਕਰ ਰਹੀ, ਜਿਸ ਕਰਕੇ ਕਿਸਾਨ ਮਜਬੂਰੀਵੱਸ ਧਰਤੀ ਹੇਠੋਂ ਪਾਣੀ ਕੱਢ ਰਿਹਾ ਹੈ। ਫਰੰਟ ਨੇ ਕਿਹਾ ਕਿ ਲਤੀਫਪੁਰਾ ਵਿਖੇ ਲੋਕਾਂ ਦੇ ਉਜਾੜੇ ਦਾ ਵਿਰੋਧ ਕਰਦਿਆਂ ਉਨ੍ਹਾਂ ਦੇ ਵਸੇਬੇ ਦਾ ਮੁੜ ਪ੍ਰਬੰਧ ਕਰਨ ਅਤੇ ਵਧੀਕੀ ਕਰਨ ਵਾਲੇ ਪੁਲਸ ਅਧਿਕਾਰੀ ਖਿਲਾਫ ਕਾਨੂੰਨੀ ਕਾਰਵਾਈ ਕੀਤੀ ਜਾਵੇ। ਸ਼ਰਾਬ ਮਿੱਲ ਜ਼ੀਰਾ ਬੰਦ ਕਰਾਉਣ ਲਈ ਜੋ ਸੰਘਰਸ਼ ਚੱਲ ਰਿਹਾ ਹੈ, ਫਰੰਟ ਉਸ ਦੀ ਪੁਰਜ਼ੋਰ ਹਮਾਇਤ ਕਰਦਾ ਹੈ। ਸਟੇਜ ਸਕੱਤਰ ਦੇ ਫਰਜ਼ ਸੁਖਦਰਸ਼ਨ ਨੱਤ ਨੇ ਬਾਖ਼ੂਬੀ ਨਿਭਾਏ।

## ਗੈਰ-ਮਾਨਤਾ ਪ੍ਰਾਪਤ ਵਿਦੇਸ਼ੀ ਡਾਕਟਰਾਂ ਖਿਲਾਫ ਛਾਪੇ

**ਨਵੀਂ ਦਿੱਲੀ** : ਸੀ ਬੀ ਆਈ ਨੇ ਕਈ ਰਾਜ ਮੈਡੀਕਲ ਕੌਂਸਲਾਂ ਤੋਂ ਲਾਜ਼ਮੀ ਪ੍ਰੀਖਿਆਵਾਂ ਪਾਸ ਕੀਤੇ ਬਿਨਾਂ ਭਾਰਤ ਵਿਚ ਪ੍ਰੈਕਟਿਸ ਕਰਨ ਵਾਲੇ ਵਿਦੇਸ਼ੀ ਡਾਕਟਰਾਂ ਵਿਰੁੱਧ ਜਾਂਚ ਦੇ ਸੰਬੰਧ ’ਚ ਵੀਰਵਾਰ ਦੇਸ਼-ਭਰ ਵਿਚ 91 ਟਿਕਾਣਿਆਂ ’ਤੇ ਛਾਪੇਮਾਰੀ ਕੀਤੀ। ਏਜੰਸੀ ਨੇ 14 ਰਾਜ ਮੈਡੀਕਲ ਕੌਂਸਲਾਂ ਅਤੇ 73 ਵਿਦੇਸ਼ੀ ਮੈਡੀਕਲ ਗ੍ਰੈਜੂਏਟਾਂ ਵਿਰੁੱਧ ਐੱਫ ਆਈ ਆਰਜ਼ ਦਰਜ ਕਰਵਾਈਆਂ ਹਨ।

ਸੀ ਬੀ ਆਈ ਨੇ ਦਿੱਲੀ, ਚੰਡੀਗੜ੍ਹ, ਅੰਮ੍ਰਿਤਸਰ, ਗੁਰਦਾਸਪੁਰ, ਬਠਿੰਡਾ, ਖੰਨਾ, ਕਰਨਾਲ, ਸਵਾਈ ਮਾਧੋਪੁਰ, ਨਰਵਾਣਾ, ਹਮੀਰਪੁਰ, ਸ਼ਿਮਲਾ, ਜੰਮੂ, ਸ੍ਰੀਨਗਰ, ਦੇਹਰਾਦੂਨ, ਗਾਜ਼ੀਆਬਾਦ, ਗੁਹਾਟੀ, ਤੇਜਪੁਰ, ਇੰਫਾਲ, ਸਿੱਕਮ, ਰਾਜਪੁਰ, ਪਟਨਾ, ਮੁੰਗੇਰ, ਮੁੰਬਈ, ਜੈਪੁਰ, ਸੀਕਰ, ਵਿਜੇਵਾੜਾ, ਵਾਰੰਗਲ, ਤਿਰੂਨੇਲਵੇਲੀ, ਮਦੁਰਾਈ, ਭੋਪਾਲ, ਨਾਗਪੁਰ, ਬੁਲਡਾਨਾ, ਪੁਣੇ, ਜਲਗਾਓਂ, ਦਰਭੰਗਾ, ਭਾਗਲਪੁਰ, ਚੰਪਾਰਨ, ਬੇਗੂਸਰਾਏ, ਬੋਕਾਰੋ, ਵਿਜ਼ਾਗ, ਹਾਜੀਪੁਰ, ਵੈਸ਼ਾਲੀ ਅਤੇ ਨਾਲੰਦਾ ’ਚ ਛਾਪੇ ਮਾਰੇ।

## ਛੇ ਦੇਸ਼ਾਂ ਤੋਂ ਆਉਣ ਵਾਲਿਆਂ ਲਈ ਨੈਗੇਟਿਵ ਰਿਪੋਰਟ ਲਾਜ਼ਮੀ



**ਨਵੀਂ ਦਿੱਲੀ** : ਕੇਂਦਰੀ ਸਿਹਤ ਮੰਤਰਾਲੇ ਨੇ ਵੀਰਵਾਰ ਕਿਹਾ ਕਿ ਚੀਨ, ਜਾਪਾਨ, ਹਾਂਗਕਾਂਗ, ਦੱਖਣੀ ਕੋਰੀਆ, ਸਿੰਗਾਪੁਰ ਅਤੇ ਥਾਈਲੈਂਡ ਤੋਂ ਆਉਣ ਵਾਲੇ ਯਾਤਰੀਆਂ ਲਈ 1 ਜਨਵਰੀ ਤੋਂ ਆਰ ਟੀ-ਪੀ ਸੀ ਆਰ ਦੀ ਨੈਗੇਟਿਵ ਰਿਪੋਰਟ ਪੇਸ਼ ਕਰਨਾ ਲਾਜ਼ਮੀ ਹੋਵੇਗਾ। ਅਧਿਕਾਰੀਆਂ ਨੇ ਕਿਹਾ ਕਿ ਇਨ੍ਹਾਂ ਮੁਲਕਾਂ ਤੋਂ ਆਉਣ ਵਾਲੇ ਯਾਤਰੀਆਂ ਨੂੰ ਯਾਤਰਾ ਤੋਂ ਪਹਿਲਾਂ ‘ਹਵਾਈ ਸੁਵਿਧਾ ਪੋਰਟਲ’ ਉੱਤੇ ਨੈਗੇਟਿਵ ਕੋਵਿਡ ਰਿਪੋਰਟ ਸਾਂਝੀ ਕਰਨੀ ਪਵੇਗੀ।

## ਰਾਹੁਲ ’ਤੇ ਸੁਰੱਖਿਆ ਕੁਤਾਹੀ ਦਾ ਦੋਸ਼



**ਨਵੀਂ ਦਿੱਲੀ** : ਸੀਨੀਅਰ ਅਧਿਕਾਰੀ ਨੇ ਸੁਰੱਖਿਆ ਖਾਮੀਆਂ ਬਾਰੇ ਕਾਂਗਰਸ ਦੀ ਸ਼ਿਕਾਇਤ ’ਤੇ ਕਿਹਾ ਹੈ ਕਿ ਰਾਹੁਲ ਗਾਂਧੀ ਲਈ ਤੈਅ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੂਰੇ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ। ਸੁਰੱਖਿਆ ਉਦੋਂ ਹੀ ਪ੍ਰਭਾਵਸ਼ਾਲੀ ਹੁੰਦੀ ਹੈ, ਜਦੋਂ ਇਸ ਨੂੰ ਲੈਣ ਵਾਲੇ ਤੈਅ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਕਰਨ। ਸਾਲ 2020 ਤੋਂ ਰਾਹੁਲ ਗਾਂਧੀ ਵੱਲੋਂ ਸੁਰੱਖਿਆ ਦਿਸ਼ਾ-ਨਿਰਦੇਸ਼ਾਂ ਦੀ 113 ਵਾਰ ਉਲੰਘਣਾ ਕੀਤੀ ਗਈ ਹੈ। ਅਧਿਕਾਰੀ ਨੇ ਕਿਹਾ ਕਿ ਰਾਹੁਲ ਗਾਂਧੀ ਨੇ ਖੁਦ ‘ਭਾਰਤ ਜੋੜੋ ਯਾਤਰਾ’ ਦੇ ਦਿੱਲੀ ਪੜਾਅ ਦੌਰਾਨ ਸੁਰੱਖਿਆ ਦਿਸ਼ਾ-ਨਿਰਦੇਸ਼ਾਂ ਦੀ ਉਲੰਘਣਾ ਕੀਤੀ।

## ਰਿਮੋਟ ਵੋਟਿੰਗ ਸਿਸਟਮ ਤਿਆਰ





**ਨਵੀਂ ਦਿੱਲੀ** : ਚੋਣ ਕਮਿਸ਼ਨ ਨੇ ਘਰੋਂ ਦੂਰ ਰਹਿਣ ਵਾਲੇ ਵੋਟਰਾਂ ਲਈ ਰਿਮੋਟ ਵੋਟਿੰਗ ਸਿਸਟਮ (ਆਰ ਵੀ ਐੱਮ) ਤਿਆਰ ਕਰ ਲਿਆ ਹੈ। ਵੀਰਵਾਰ ਇਸ ਦਾ ਐਲਾਨ ਕਰਦਿਆਂ ਕਮਿਸ਼ਨ ਨੇ ਕਿਹਾ ਕਿ ਇਸ ਸਿਸਟਮ ਨਾਲ ਘਰੋਂ ਦੂਰ ਰਹਿਣ ਵਾਲਾ ਵੋਟਰ ਅਸੰਬਲੀ ਤੇ ਲੋਕ ਸਭਾ ਲਈ ਵੋਟ ਪਾ ਸਕੇਗਾ। ਉਸ ਨੂੰ ਵੋਟ ਪਾਉਣ ਲਈ ਘਰ ਨਹੀਂ ਆਉਣਾ ਪਏਗਾ। ਕਮਿਸ਼ਨ 16 ਜਨਵਰੀ ਨੂੰ ਸਾਰੀਆਂ ਸਿਆਸੀ ਪਾਰਟੀਆਂ ਨੂੰ ਦੱਸੇਗਾ ਕਿ ਸਿਸਟਮ ਕਿਵੇਂ ਕੰਮ ਕਰੇਗਾ। ਆਰ ਵੀ ਐੱਮ ਦੀ ਵਰਤੋਂ ਦੂਜੇ ਰਾਜਾਂ ’ਚ ਨੌਕਰੀ ਕਰ ਰਹੇ ਲੋਕ ਤੇ ਪ੍ਰਵਾਸੀ ਮਜ਼ਦੂਰ ਕਰ ਸਕਣਗੇ, ਪਰ ਇਸ ਦਾ ਮਤਲਬ ਇਹ ਨਹੀਂ ਕਿ ਉਹ ਘਰ ਬੈਠੇ ਵੋਟ ਪਾ ਸਕਣਗੇ। ਇਸ ਲਈ ਉਨ੍ਹਾਂ ਨੂੰ ਵੋਟਿੰਗ ਵਾਲੇ ਦਿਨ ਰਿਮੋਟ ਵੋਟਿੰਗ ਸਪਾਟ ’ਤੇ ਜਾਣਾ ਪਏਗਾ। ਦੇਸ਼ ਵਿਚ ਕੋਈ 45 ਕਰੋੜ ਲੋਕ ਅਜਿਹੇ ਹਨ, ਜਿਹੜੇ ਘਰੋਂ ਦੂਰ ਰਹਿ ਰਹੇ ਹਨ। ਮੁੱਖ ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਦੱਸਿਆ ਕਿ ਨੌਜਵਾਨਾਂ ਤੇ ਸ਼ਹਿਰੀ ਵੋਟਰਾਂ ਦੇ ਵੋਟ ਨਾ ਪਾਉਣ ਦੇ ਰਵੱਈਏ ’ਤੇ ਰਿਸਰਚ ਕੀਤੀ ਗਈ। ਨਵੇਂ ਸਿਸਟਮ ਨਾਲ ਇਨਕਲਾਬੀ ਬਦਲਾਅ ਹੋਵੇਗਾ। ਆਈ ਆਈ ਟੀ ਮਦਰਾਸ ਦੀ ਮਦਦ ਨਾਲ ਬਣਾਈ ਗਈ ਮਲਟੀ ਕਾਂਸਟੀਚਿਊਐਂਸੀ ਰਿਮੋਟ ਈ ਵੀ ਐੱਮ ਇਕ ਰਿਮੋਟ ਪੋਲਿੰਗ ਬੂਥ ਨਾਲ 72 ਹਲਕਿਆਂ ਨੂੰ ਸੰਭਾਲ ਸਕਦੀ ਹੈ। ਇਹ ਸਿਸਟਮ ਤੁਰੰਤ ਲਾਗੂ ਨਹੀਂ ਹੋਵੇਗਾ, ਕਿਉਂਕਿ ਚੋਣ ਕਮਿਸ਼ਨ ਪਹਿਲਾਂ ਕਾਨੂੰਨੀ, ਪ੍ਰਸ਼ਾਸਨਕ ਤੇ ਤਕਨੀਕੀ ਚੁਣੌਤੀਆਂ ’ਤੇ ਸਿਆਸੀ ਪਾਰਟੀਆਂ ਦੇ ਵਿਚਾਰ ਜਾਣੇਗਾ।

# ਸੀਤ ਲਹਿਰ ਦਾ ਦੌਰ ਚੱਲੇਗਾ



**ਨਵੀਂ ਦਿੱਲੀ** : ਮੌਸਮ ਵਿਭਾਗ ਨੇ ਕਿਹਾ ਹੈ ਕਿ ਉੱਤਰ-ਪੱਛਮੀ ਭਾਰਤ ਵਿਚ ਨਵੇਂ ਸਾਲ ਦੇ ਮੌਕੇ ਸੰਘਣੀ ਧੁੰਦ ਤੇ ਸੀਤ ਲਹਿਰ ਦਾ ਨਵਾਂ ਦੌਰ ਚੱਲੇਗਾ। ਵੀਰਵਾਰ ਬਾਅਦ ਦੁਪਹਿਰ ਗੁਲਮਰਗ ਵਿਚ ਬਰਫਬਾਰੀ ਹੋਈ, ਜਦਕਿ ਪੰਜਾਬ ਤੇ ਚੰਡੀਗੜ੍ਹ ’ਚ ਹਲਕੀ ਬਾਰਸ਼ ਪਈ। ਕਸ਼ਮੀਰ ਤੇ ਹਿਮਾਚਲ ’ਚ ਸ਼ੁੱਕਰਵਾਰ ਨੂੰ ਕਈ ਥਾਈਂ ਬਰਫ ਪਏਗੀ। ਪੰਜਾਬ ਵਿਚ ਸ਼ਨੀਵਾਰ ਕਾਫੀ ਸੰਘਣੀ ਧੁੰਦ ਪੈਣ ਦੇ ਆਸਾਰ ਹਨ।

## ਸੀਟ ਬੈਲਟ ਲਾਈ ਹੁੰਦੀ ਜਾਂ ਹੈਲਮਟ ਪਾਇਆ ਹੁੰਦਾ...

**ਨਵੀਂ ਦਿੱਲੀ** : ਸੜਕੀ ਟਰਾਂਸਪੋਰਟ ਤੇ ਹਾਈਵੇਜ਼ ਮੰਤਰਾਲੇ ਦੀ ਰਿਪੋਰਟ ਮੁਤਾਬਕ 2021 ਵਿਚ ਹੋਏ ਸੜਕ ਹਾਦਸਿਆਂ ’ਚ 16397 ਲੋਕ ਸੀਟ ਬੈਲਟ ਨਾ ਲਾਉਣ ਕਾਰਨ ਮਾਰੇ ਗਏ। ਇਨ੍ਹਾਂ ਵਿੱਚੋਂ 8438 ਡਰਾਈਵਰ ਤੇ 7959 ਮੁਸਾਫਰ ਸਨ। ਰਿਪੋਰਟ ਮੁਤਾਬਕ 46593 ਲੋਕ ਹੈਲਮਟ ਨਾ ਪਾਉਣ ਕਾਰਨ ਮਾਰੇ ਗਏ। ਇਨ੍ਹਾਂ ਵਿੱਚੋਂ 32877 ਡਰਾਈਵਰ ਤੇ 13716 ਸਵਾਰੀਆਂ ਸਨ। 2021 ਵਿਚ 4 ਲੱਖ 12 ਹਜ਼ਾਰ 432 ਹਾਦਸੇ ਹੋਏ, ਜਿਨ੍ਹਾਂ ਵਿਚ ਇਕ ਲੱਖ 53 ਹਜ਼ਾਰ 972 ਜਾਨਾਂ ਗਈਆਂ ਤੇ 3 ਲੱਖ 84 ਹਜ਼ਾਰ 448 ਲੋਕ ਜ਼ਖਮੀ ਹੋਏ। ਹੈਲਮਟ ਨਾ ਪਾਉਣ ਕਾਰਨ 93 ਹਜ਼ਾਰ 763 ਤੇ ਸੀਟ ਬੈਲਟ ਨਾ ਲਾਉਣ ਕਾਰਨ 39 ਹਜ਼ਾਰ 231 ਲੋਕ ਜ਼ਖਮੀ ਹੋਏ।

ਮੇਰੀ ਮੌਤ ’ਤੇ ਨਾ ਰੋਇਓ
ਮੇਰੀ ਸੋਚ ਨੂੰ ਬਚਾਇਓ



ਆਪ ਜੀ ਨੂੰ ਬੜੇ ਦੁਖੀ ਹਿਰਦੇ ਨਾਲ ਸੂਚਿਤ ਕੀਤਾ ਜਾਂਦਾ ਹੈ ਕਿ ਸਾਡੇ ਸਤਿਕਾਰਯੋਗ

**ਕਾਮਰੇਡ ਸੰਤੋਖ ਸਿੰਘ ਸੰਘੇੜਾ**

(ਪ੍ਰਧਾਨ ਪੰਜਾਬ ਖੇਤ ਮਜ਼ਦੂਰ ਸਭਾ)

ਮਿਤੀ 20-12-2022 ਦਿਨ ਮੰਗਲਵਾਰ ਨੂੰ ਆਪਣੀ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਸਾਨੂੰ ਸਭ ਨੂੰ ਅਲਵਿਦਾ ਕਹਿ ਗਏ ਹਨ। ਉਨ੍ਹਾ ਨਮਿੱਤ

**ਅੰਤਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ**

ਮਿਤੀ 30-12-2022 ਦੁਪਹਿਰ 12 ਤੋਂ 1 ਵਜੇ **ਗੁਰਦੁਆਰਾ ਬਾਬਾ ਜੀਵਨ ਸਿੰਘ ਕੋਟਲੀ ਸੂਰਤ ਮੱਲ੍ਹੀ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ** ਵਿਖੇ ਹੋਵੇਗਾ। ਆਪ ਜੀ ਨੇ ਅੰਤਮ ਅਰਦਾਸ ਵਿੱਚ ਸ਼ਾਮਲ ਹੋਣ ਦੀ ਕ੍ਰਿਪਾਲਤਾ ਕਰਨੀ।

**ਦੁਖੀ ਹਿਰਦੇ**

ਕਾਮਰੇਡ ਗੁਲਜ਼ਾਰ ਸਿੰਘ ਗੋਰੀਆ (ਕੌਮੀ ਜਨਰਲ ਸਕੱਤਰ ਭਾਰਤੀ ਖੇਤ ਮਜ਼ਦੂਰ ਯੂਨੀਅਨ)
ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ (ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ)
ਕਾਮਰੇਡ ਕ੍ਰਿਸ਼ਨ ਚੌਹਾਨ, ਕਾਮਰੇਡ ਨਾਨਕ ਚੰਦ ਬਜਾਜ, ਕਾਮਰੇਡ ਰਿਸ਼ੀਪਾਲ ਖੁੱਭਣ, ਕਾਮਰੇਡ ਸੁਰਿੰਦਰ ਭੈਣੀ, ਕਾਮਰੇਡ ਰਾਮ ਲਾਲ, ਕਾਮਰੇਡ ਪ੍ਰੀਤਮ ਸਿੰਘ ਨਿਆਮਤਪੁਰਾ, ਕਾਮਰੇਡ ਸਿਮਰਤ ਕੌਰ ਫਤਿਹਗੜ੍ਹ ਸਾਹਿਬ, ਕਾਮਰੇਡ ਪਿਆਰੇ ਲਾਲ, ਕਾਮਰੇਡ ਗੁਰਦੀਪ ਗੁਰਵਾਲੀ, ਕਾਮਰੇਡ ਪ੍ਰਕਾਸ਼ ਕੈਰੋਂ ਨੰਗਲ, ਕਾਮਰੇਡ ਸੁਖਦੇਵ ਸਿੰਘ ਤਰਨ ਤਾਰਨ

## ਅੱਜ-ਨਾਮਾ

ਗਲਤ ਕੰਮੋਂ ਨਹੀਂ ਟਰੈਵਲ ਏਜੰਟ ਹਟਦੇ,
ਜਿਹੜਾ ਫਸ ਜਾਂਦਾ, ਲੈਂਦੇ ਈ ਲੁੱਟ ਬੇਲੀ।
ਚੰਗੇ-ਭਲਿਆਂ ਦੀ ਮੱਤ ਵੀ ਪਾਉਣ ਪੁੱਠੀ,
ਬਾਦਸ਼ਾਹ ਜਾਂਵਦੇ ਗੋਲੇ ਨਾਲ ਕੁੱਟ ਬੇਲੀ।
ਅਮਰੀਕਾ ਆਖ ਮੈਕਸੀਕੋ ਨੇ ਜਾ ਲਾਹੁੰਦੇ,
ਜਾਂ ਫਿਰ ਦੇਂਦੇ ਸਮੁੰਦਰ ਵਿੱਚ ਸੁੱਟ ਬੇਲੀ।
ਸੁਫਨਾ ਪੇਸ਼ ਸੁਨਹਿਰਾ ਇਹ ਖੂਬ ਕਰਦੇ,
ਜੜ੍ਹ ਵੀ ਅਗਲੇ ਦੀ ਦੇਂਦੇ ਈ ਪੁੱਟ ਬੇਲੀ।
ਆਉਂਦੇ ਬਿਆਨ ਨੇ ਬੜੇ ਸਰਕਾਰ ਵੱਲੋਂ,
ਵੇਖਿਆ ਕਦੀ ਨਾ ਪਿਆ ਪਰ ਹੱਥ ਬੇਲੀ।
ਕੁੱਤੀ ਚੋਰਾਂ ਦੇ ਨਾਲ ਜਦ ਮਿਲੀ ਫਿਰਦੀ,
ਪਾਊ ਦੋਵਾਂ ਨੂੰ ਕਿਹੜਾ ਫਿਰ ਨੱਥ ਬੇਲੀ।

-ਤੀਸ ਮਾਰ ਖਾਂ

# ਜੀ ਐੱਸ ਟੀ ਤੋਂ ਮਾਲੀਏ ’ਚ ਮਹੀਨਾ-ਦਰ-ਮਹੀਨਾ ਸ਼ਾਨਦਾਰ ਪ੍ਰਦਰਸ਼ਨ : ਚੀਮਾ

**8 ਮਹੀਨਿਆਂ ’ਚ 24.5 ਫੀਸਦੀ ਦਾ ਵਾਧਾ ਦਰਜ**



**ਚੰਡੀਗੜ੍ਹ** : ਪੰਜਾਬ ਦੇ ਵਿੱਤ, ਯੋਜਨਾ, ਆਬਕਾਰੀ ਅਤੇ ਕਰ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇ ਪਹਿਲੇ ਅੱਠ ਮਹੀਨਿਆਂ ਦੌਰਾਨ ਕਰ ਵਿਭਾਗ ਨੇ ਪਿਛਲੇ ਸਾਲ ਦੇ ਮੁਕਾਬਲੇ ਮਹੀਨਾ-ਦਰ-ਮਹੀਨਾ ਆਪਣੀ ਕਾਰਗੁਜ਼ਾਰੀ ਵਿੱਚ ਸੁਧਾਰ ਕੀਤਾ ਹੈ। ਉਨ੍ਹਾਂ ਕਿਹਾ ਕਿ ਇਸ ਸਾਲ ਅਪ੍ਰੈਲ ਤੋਂ ਨਵੰਬਰ ਦੇ ਮਹੀਨਿਆਂ ਦੌਰਾਨ ਵਸਤੂਆਂ ’ਤੇ ਸੇਵਾਵਾਂ ਕਰ (ਜੀ.ਐੱਸ.ਟੀ.) ਤੋਂ ਮਾਲੀਆ ਵਿੱਤੀ ਸਾਲ 2021-22 ਦੀ ਇਸੇ ਮਿਆਦ ਦੇ ਮੁਕਾਬਲੇ 24.5 ਫੀਸਦੀ ਵਧਿਆ ਹੈ। ਇੱਥੇ ਜਾਰੀ ਪ੍ਰੈੱਸ ਬਿਆਨ ਵਿੱਚ ਇਹ ਪ੍ਰਗਟਾਵਾ ਕਰਦਿਆਂ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਦੱਸਿਆ ਕਿ ਵਿੱਤੀ ਸਾਲ 2021-22 ਦੇ ਪਹਿਲੇ ਅੱਠ ਮਹੀਨਿਆਂ ਦੌਰਾਨ ਜੀ.ਐੱਸ.ਟੀ. ਤੋਂ ਕੁੱਲ ਮਾਲੀਆ 9612.6 ਕਰੋੜ ਰੁਪਏ ਸੀ, ਜਦੋਂ ਕਿ ਇਸ ਸਾਲ ਅਪ੍ਰੈਲ ਤੋਂ ਨਵੰਬਰ ਮਹੀਨੇ ਤੱਕ ਕੁੱਲ ਜੀ.ਐੱਸ.ਟੀ. ਕੁਲੈਕਸ਼ਨ 11967.76 ਕਰੋੜ ਰੁਪਏ ਰਿਹਾ, ਜਿਸ ਨਾਲ 2355.6 ਕਰੋੜ ਰੁਪਏ ਦਾ ਵਾਧਾ ਦਰਜ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਸੇ ਦੌਰਾਨ ਵਿਭਾਗ ਵੱਲੋਂ ਆਮ ਨਿਰੀਖਣਾਂ ਰਾਹੀਂ ਇਮਾਨਦਾਰ ਕਰਦਾਤਿਆਂ ਨੂੰ ਪ੍ਰੇਸ਼ਾਨ ਕਰਨ ਦੀ ਬਜਾਏ ਤਕਨਾਲੋਜੀ ਦੀ ਵਰਤੋਂ ’ਤੇ ਜ਼ੋਰ ਦਿੱਤਾ ਗਿਆ ਹੈ। ਵਿੱਤ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਐੱਨ.ਆਈ.ਸੀ ਦੁਆਰਾ ਬਣਾਏ ਗਏ ਨਵੀਨਤਮ ਡੇਟਾ ਵਿਸ਼ਲੇਸ਼ਣ ਟੂਲ, ਜੀ.ਐੱਸ.ਟੀ ਪ੍ਰਾਈਮ ਦੀਆਂ ਸੇਵਾਵਾਂ ਦੀ ਵਰਤੋਂ ਕਰਨ ਦਾ ਵੀ ਫੈਸਲਾ ਕੀਤਾ ਹੈ। ਉਨ੍ਹਾਂ ਕਿਹਾ ਕਿ ਜੀ ਐੱਸ ਟੀ ਪ੍ਰਾਈਮ ਵੱਖ-ਵੱਖ ਮਾਪਦੰਡਾਂ ’ਤੇ ਵਿਸ਼ੇਸ਼ ਡੇਟਾ ਵਿਸ਼ਲੇਸ਼ਣ ਰਿਪੋਰਟਾਂ ਬਣਾਉਣ ਵਿੱਚ ਮਦਦ ਕਰੇਗਾ ਅਤੇ ਇਨ੍ਹਾਂ ਰਿਪੋਰਟਾਂ ਦੇ ਅਨੁਸਾਰ ਲੋੜੀਂਦੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਵਿਭਾਗ ਨੇ ਕਰਦਾਤਿਆਂ ਦੇ ਮਾਰਗਦਰਸ਼ਨ ਅਤੇ ਸਹੂਲਤ ਦੇਣ ਲਈ ਬਹੁਤ ਸਾਰੀਆਂ ਗਤੀਵਿਧੀਆਂ ਵੀ ਕੀਤੀਆਂ ਹਨ ਤਾਂ ਜੋ ਉਹ ਆਪਣਾ ਕਾਰੋਬਾਰ ਵਧੀਆ ਤਰੀਕੇ ਨਾਲ ਕਰ ਸਕਣ। ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਜੀ.ਐੱਸ.ਟੀ.ਐੱਨ ਪਲੇਟਫਾਰਮ ’ਤੇ ਉਪਲੱਬਧ ਡਾਟਾ ਦੀ ਨਿਗਰਾਨੀ ਲਈ ਸਟੇਟ ਜੀ.ਐੱਸ.ਟੀ ਕਮਿਸ਼ਨਰੇਟ ਵਿੱਚ ਇੱਕ ਨਵਾਂ ਟੈਕਸ ਇੰਟੈਲੀਜੈਂਸ ਯੂਨਿਟ (ਟੀ.ਆਈ.ਯੂ.) ਵੀ ਸਥਾਪਤ ਕਰਨ ਦਾ ਫੈਸਲਾ ਵੀ ਇਸੇ ਲਈ ਕੀਤਾ ਹੈ, ਕਿਉਂਕਿ ਰਜਿਸਟਰਡ ਕਰਦਾਤਿਆਂ ਦੀਆਂ ਸਾਰੀਆਂ ਸੇਵਾਵਾਂ ਅਤੇ ਰਿਟਰਨ ਜੀ.ਐੱਸ.ਟੀ.ਐੱਨ ਪਲੇਟਫਾਰਮ ’ਤੇ ਡਿਜੀਟਲ ਮੋਡ ਵਿੱਚ ਉਪਲੱਬਧ ਹਨ ਅਤੇ ਇਹ ਬਹੁਤ ਸਾਰਾ ਡਾਟਾ ਤਿਆਰ ਕਰ ਰਿਹਾ ਹੈ। ਨਵੇਂ ਸਾਲ 2023 ਦੌਰਾਨ ਇਮਾਨਦਾਰ ਕਰਦਾਤਿਆਂ ਦੀ ਸਹੂਲਤ ਲਈ ਕਰ ਵਿਭਾਗ ਵੱਲੋਂ ਹੋਰ ਦੋਸਤਾਨਾ ਪਹਿਲਕਦਮੀਆਂ ਨੂੰ ਅਪਣਾਉਣ ਦਾ ਵਾਅਦਾ ਕਰਦਿਆਂ ਸ. ਹਰਪਾਲ ਚੀਮਾ ਨੇ ਕਿਹਾ ਕਿ ਕਰ ਵਿਭਾਗ ਵੱਲੋਂ ਪਹਿਲਾਂ ਤੋਂ ਹੀ ਜੀ.ਐੱਸ.ਟੀ ਸੰਬੰਧੀ ਕਰਦਾਤਿਆਂ ਦੇ ਸਵਾਲਾਂ ਅਤੇ ਮੁੱਦਿਆਂ ਨੂੰ ਹੱਲ ਕਰਨ ਲਈ ਦੋਭਾਸ਼ੀ ਵਟਸਐਪ ਚੈਟਬੋਟ-ਕਮ-ਹੈਲਪਲਾਈਨ ਨੰਬਰ 9160500033 ਲਾਂਚ ਕੀਤਾ ਜਾ ਚੁੱਕਾ ਹੈ। ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਜੀ ਐੱਸ ਟੀ ਦੇ ਵੱਖ-ਵੱਖ ਪਹਿਲੂਆਂ ਬਾਰੇ ਜਾਣਕਾਰੀ ਲੈਣ ਲਈ ਪੰਜਾਬੀ ਜਾਂ ਅੰਗਰੇਜ਼ੀ ਵਿੱਚ ਇਸ ਨੰਬਰ ’ਤੇ ਵਟਸਐਪ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਫੀਡਬੈਕ ਤੰਤਰ ਨੂੰ ਮਜ਼ਬੂਤ ਕਰਨ ਦੇ ਨਾਲ-ਨਾਲ ਕਰਦਾਤਿਆਂ ਨੂੰ ਬਿਹਤਰ ਸੇਵਾਵਾਂ ਮੁਹੱਈਆ ਕਰਨ ਦੀ ਨੀਤੀ ਤਹਿਤ ਅਜਿਹੀਆਂ ਹੋਰ ਕਈ ਪਹਿਲਕਦਮੀਆਂ ਸ਼ੁਰੂ ਕੀਤੀਆਂ ਜਾਣਗੀਆਂ।

CMYK

## 'ਭਾਰਤ ਜੋੜੋ' ਯਾਤਰਾ ਸੰਬੰਧੀ ਮੀਟਿੰਗ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਕੁੱਲ ਹਿੰਦ ਕਾਂਗਰਸ ਦੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਵੱਲੋਂ ਸ਼ੁਰੂ ਕੀਤੀ 'ਭਾਰਤ ਜੋੜੋ' ਯਾਤਰਾ ਦੀ ਪੰਜਾਬ ਆਮਦ ਦੇ ਮੱਦੇਨਜ਼ਰ ਕਾਂਗਰਸੀ ਵਰਕਰਾਂ ਦੀ ਇੱਕ ਮੀਟਿੰਗ ਪਿੰਡ ਜੋਧਵਾਲ ਵਿਖੇ ਕਾਂਗਰਸੀ ਆਗੂ ਰਾਣਾ ਬਲਬੀਰ ਸਿੰਘ ਦੇ ਗ੍ਰਹਿ ਵਿਖੇ ਹੋਈ, ਜਿਸ 'ਚ ਵਿਸ਼ੇਸ਼ ਤੌਰ 'ਤੇ ਹਲਕਾ ਨਵਾਂਸ਼ਹਿਰ ਦੇ ਸਾਬਕਾ ਵਿਧਾਇਕ ਅੰਗਦ ਸਿੰਘ ਸੈਨੀ ਨੇ ਸ਼ਮੂਲੀਅਤ ਕੀਤੀ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸਾਬਕਾ ਵਿਧਾਇਕ ਸੈਨੀ ਨੇ ਕਿਹਾ ਕਿ ਰਾਹੁਲ ਗਾਂਧੀ ਦੀ 'ਭਾਰਤ ਜੋੜੋ' ਯਾਤਰਾ ਲਈ ਕਾਂਗਰਸੀ ਵਰਕਰਾਂ 'ਚ ਭਾਰੀ ਉਤਸ਼ਾਹ ਦਿਖਾਈ ਦੇ ਰਿਹਾ ਹੈ ਅਤੇ ਲੋਕ ਵੀ ਇਸ ਕਾਫ਼ਲੇ ਵਿਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰ ਰਹੇ ਹਨ। ਉਨ੍ਹਾ ਕਿਹਾ ਕਿ ਅਗਲੇ ਮਹੀਨੇ ਜਨਵਰੀ ਵਿਚ ਪੰਜਾਬ ਆ ਰਹੀ ਇਸ ਯਾਤਰਾ ਦੀ ਸਫ਼ਲਤਾ ਲਈ ਵਰਕਰਾਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਹਨ ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਲਾਮਬੰਦ ਕਰਕੇ ਇਸ ਯਾਤਰਾ ਨਾਲ ਜੋੜਿਆ ਜਾ ਸਕੇ। ਇਸ ਮੌਕੇ ਰਾਣਾ ਕੁਲਦੀਪ ਸਿੰਘ ਜਾਡਲਾ, ਜੋਗਿੰਦਰ ਸਿੰਘ ਛੋਕਰ, ਅਜੀਤ ਸਿੰਘ ਓਸਮਾਨਪੁਰ, ਚੇਅਰਮੈਨ ਧਰਮਵੀਰ ਧੰਮੀ, ਆੜ੍ਹਤੀ ਰਾਜੂ ਚੋਪੜਾ, ਰਾਣਾ ਬਲਬੀਰ ਸਿੰਘ, ਕਮਲਜੀਤ ਲੀਹਲ, ਲੱਕੀ ਰਾਣਾ, ਸੁਭਾਸ਼ ਪੁਰੇਵਾਲ ਪੀ ਏ ਵੀ ਮੌਜੂਦ ਸਨ।

## ਟਰੱਕ ਯੂਨੀਅਨ ਨੇ ਲੰਗਰ ਲਾਇਆ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਟਰੱਕ ਅਪ੍ਰੇਟਰਜ਼ ਐਸੋਸੀਏਸ਼ਨ ਵੱਲੋਂ ਸ਼ਹਿਬਜਾਦਿਆਂ ਅਤੇ ਮਾਤਾ ਗੁੱਜਰ ਕੌਰ ਜੀ ਦੀ ਸ਼ਹਾਦਤ ਨੂੰ ਸਮਰਪਤ ਚਾਹ, ਬਰੈਡ ਪਕੌੜਿਆਂ ਦਾ ਲੰਗਰ ਲਾਇਆ ਗਿਆ। ਇਸ ਮੌਕੇ ਸੁਰਿੰਦਰਪਾਲ ਸਿੰਘ ਭਸੌੜ, ਕਮਲ ਸਿੰਘ, ਕਮਲ ਸਿੰਗਲਾ, ਸ਼ੀਸਪਾਲ ਸਿੰਘ, ਲਖਵਿੰਦਰ ਸਿੰਘ ਲੱਖਾ, ਤ੍ਰਿਭਵਨ ਸਿੰਘ, ਗੁਰਜੀਤ ਸਿੰਘ, ਬਿੱਟੂ ਧੂਰੀ, ਪਿਆਰਾ ਸਿੰਘ ਸਮੇਤ ਸਮੁੱਚੇ ਟਰੱਕ ਅਪ੍ਰੇਟਰਾਂ ਨੇ ਲੰਗਰ ਵਰਤਾਉਂਦਿਆਂ ਗੁਰੂ ਸਾਹਿਬਾਨਾਂ ਨੂੰ ਯਾਦ ਕਰਦਿਆਂ ਸ਼ਰਧਾ ਦੇ ਫੁੱਲ ਭੇਟ ਕੀਤੀ।

## ਭਾਕਿਯੂ (ਏਕਤਾ) ਸਿੱਧੂਪੁਰ ਵੱਲੋਂ ਹੀਰੇਵਾਲਾ 'ਚ ਨਵੀਂ ਇਕਾਈ ਦਾ ਗਠਨ



**ਮਾਨਸਾ (ਆਤਮਾ ਸਿੰਘ ਪਮਾਰ)**-ਭਾਰਤੀ ਕਿਸਾਨ ਯੂਨੀਅਨ (ਏਕਤਾ) ਸਿੱਧੂਪੁਰ ਵੱਲੋਂ ਮਾਨਸਾ ਬਲਾਕ ਦੇ ਪਿੰਡ ਹੀਰੇਵਾਲਾ ਵਿੱਚ ਜ਼ਿਲ੍ਹਾ ਪ੍ਰਧਾਨ ਲਖਵੀਰ ਸਿੰਘ ਅਕਲੀਆ ਦੀ ਅਗਵਾਈ ਵਿੱਚ ਪਿੰਡ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਦੇ ਪ੍ਰਧਾਨ ਕੇਵਲ ਸਿੰਘ, ਸੀਨੀਅਰ ਮੀਤ ਪ੍ਰਧਾਨ ਬਿੱਕਰ ਸਿੰਘ, ਮੀਤ ਪ੍ਰਧਾਨ ਸਾਧੂ ਸਿੰਘ, ਜਨਰਲ ਸਕੱਤਰ ਮੋਦਨ ਸਿੰਘ, ਖਜਾਨਚੀ ਤੇਜਾ ਸਿੰਘ, ਸਹਾਇਕ ਖ਼ਜ਼ਾਨਚੀ ਤਿਰਲੋਕ ਸਿੰਘ, ਪ੍ਰੈੱਸ ਸਕੱਤਰ ਗੁਰਸੇਵਕ ਸਿੰਘ ਤੇ ਕਮੇਟੀ ਮੈਂਬਰ ਜਗਸੀਰ ਸਿੰਘ, ਹਰਮੀਤ ਸਿੰਘ, ਨਿਰੰਜਨ ਸਿੰਘ, ਹਰਪਾਲ ਸਿੰਘ, ਹਰੀ ਸਿੰਘ, ਸੁਖਦੇਵ ਸਿੰਘ, ਤੇਜਾ ਸਿੰਘ ਖਾਲਸਾ, ਬੂਟਾ ਸਿੰਘ ਅਤੇ ਭੋਲਾ ਸਿੰਘ ਆਦਿ ਚੁਣੇ ਗਏ। ਜ਼ਿਲ੍ਹਾ ਜਨਰਲ ਸਕੱਤਰ ਮੱਖਣ ਸਿੰਘ ਭੈਣੀ ਬਾਘਾ ਨੇ ਲੋਕਾਂ ਨੂੰ ਜਥੇਬੰਦੀ ਦੀ ਨੀਤੀ ਤੋਂ ਜਾਣੂ ਕਰਾਇਆ। ਉਨ੍ਹਾਂ ਸਰਕਾਰ ਦੇ ਲੋਕ ਵਿਰੋਧੀ ਫੈਸਲਿਆਂ ਖਿਲਾਫ਼ ਇਕਜੁਟ ਹੋ ਕੇ ਲੜਨ ਦਾ ਹੋਕਾ ਦਿੱਤਾ। ਇਸ ਮੌਕੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਗਦੇਵ ਸਿੰਘ ਭੈਣੀ ਬਾਘਾ, ਬਲਾਕ ਆਗੂ ਰੂਪ ਖਿਆਲਾ, ਦੀਦਾਰ ਸਿੰਘ, ਰਾਜ ਸਿੰਘ ਖਾਰਾ, ਬਲਜੀਤ ਸਿੰਘ ਭੈਣੀ ਬਾਘਾ ਤੇ ਗੁਰਮੇਲ ਸਿੰਘ ਚਕੇਰੀਆਂ ਆਦਿ ਮੌਜੂਦ ਰਹੇ।

## ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਅਖੰਡ ਪਾਠ ਦੇ ਭੋਗ ਪਾਏ



**ਧਨੌਲਾ (ਕਰਮਜੀਤ ਸਿੰਘ ਸਾਗਰ)**-ਸਾਹਿਬਜ਼ਾਦੇ ਦੀ ਸ਼ਹਾਦਤ ਨੂੰ ਸਮਰਪਤ ਗੋਬਿੰਦਪੁਰਾ ਕੋਠੇ ਅਕਾਲਗੜ੍ਹ ਦੀ ਪੰਚਾਇਤ ਵੱਲੋਂ ਸਮੂਹ ਨਗਰ ਵਾਸੀਆਂ ਦੇ ਸਹਿਯੋਗ ਨਾਲ ਆਖੰਡ ਪਾਠਾਂ ਦੇ ਭੋਗ ਪਾਏ ਗਏ। ਬੁਲਾਰਿਆਂ ਨੇ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਨੇ ਛੋਟੀ ਉਮਰੇ ਹੀ ਆਪਣੀ ਜਿੰਦ ਕੌਮ ਦੇ ਲੇਖੇ ਲਾ ਦਿੱਤੀ। ਮੁਗਲ ਰਾਜ ਨੇ ਜਦੋਂ ਬਾਬਾ ਜ਼ੋਰਾਵਰ ਸਿੰਘ ਤੇ ਬਾਬਾ ਫ਼ਤਹਿ ਸਿੰਘ ਨੂੰ ਨੀਹਾਂ ਵਿੱਚ ਚਿਣਿਆ ਗਿਆ ਸੀ, ਉਹ ਫਿਰ ਵੀ ਨਹੀਂ ਘਬਰਾਇਆ। ਮਾਤਾ ਗੁਜਰ ਕੌਰ ਜੀ ਜੀ ਦੇ ਪੁੱਤਰ ਦਸਮੇਸ਼ ਪਿਤਾ ਜੀ ਨੇ ਆਪਣਾ ਪਰਵਾਰ ਕੌਮ ਲਈ ਵਾਰ ਦਿੱਤਾ। ਇਸ ਮੌਕੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਮਾਨ ਸਰਕਾਰ ਕਿਸਾਨਾਂ, ਮਜਦੂਰਾਂ, ਮਿੱਲਰਾਂ ਤੇ ਆੜ੍ਹਤੀਆਂ ਨਾਲ ਕੀਤੇ ਵਾਅਦੇ 'ਤੇ ਖਰੀ ਉਤਰੀ

**ਚੰਡੀਗੜ੍ਹ (ਗੁਰਜੀਤ ਬਿੱਲਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਸਾਰੇ ਝੋਨੇ ਦਾ ਖਰੀਦ ਸੀਜਨ ਸ਼ੁਰੂ ਹੋਣ ਤੋਂ ਪਹਿਲਾਂ ਕਿਸਾਨਾਂ, ਮਜਦੂਰਾਂ, ਮਿਲਰਾਂ ਅਤੇ ਆੜ੍ਹਤੀਆਂ ਨਾਲ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਦਾ ਵਾਅਦਾ ਕੀਤਾ ਸੀ। ਸਰਕਾਰ ਆਪਣੀ ਵਚਨਬੱਧਤਾ 'ਤੇ ਪੂਰੀ ਤਰ੍ਹਾਂ ਖਰੀ ਉਤਰੀ ਹੈ, ਜੋ ਕਿ ਇਸ ਤੱਥ ਤੋਂ ਸਾਬਤ ਹੁੰਦਾ ਹੈ ਕਿ ਮੌਜੂਦਾ ਸੀਜਨ ਦੌਰਾਨ 184.45 ਲੱਖ ਮੀਟਰਕ ਟਨ ਦੇ ਟੀਚੇ ਵਿੱਚੋਂ 182.11 ਲੱਖ ਮੀਟ੍ਰਿਕ ਟਨ (ਐਲਐਮਟੀ) ਝੋਨੇ ਦੀ ਖਰੀਦ ਕੀਤੀ ਗਈ। ਇਹ ਖਰੀਦ ਭਾਰਤ ਸਰਕਾਰ ਦੁਆਰਾ ਨਿਰਧਾਰਿਤ 2060 ਰੁਪਏ ਪ੍ਰਤੀ ਕੁਇੰਟਲ ਦੇ ਘੱਟੋ-ਘੱਟ ਸਮਰਥਨ ਮੁੱਲ (ਐਮ.ਐਸ.ਪੀ.) 'ਤੇ ਕੀਤੀ ਗਈ।

ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਸ੍ਰੀ ਲਾਲ ਚੰਦ ਕਟਾਰੂਚੱਕ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਇਸ ਵਾਰ ਮੰਡੀਆਂ ਵਿੱਚ ਕਿਸਾਨਾਂ ਨੂੰ ਕਿਸੇ ਕਿਸਮ ਦੀ ਕੋਈ ਦਿੱਕਤ ਨਹੀਂ ਆਉਣ ਦਿੱਤੀ ਗਈ ਅਤੇ ਖਰੀਦ ਦੇ ਨਾਲ-ਨਾਲ ਚੁਕਾਈ ਵੀ ਸਮੇਂ ਸਿਰ ਕੀਤੀ ਗਈ। ਖਰੀਦ ਦੇ 4 ਘੰਟਿਆਂ ਦੇ ਅੰਦਰ ਹੀ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਅਦਾਇਗੀਆਂ ਕਰ ਦਿੱਤੀਆਂ ਗਈਆਂ। ਸੂਬਾ ਸਰਕਾਰ ਨੇ ਕਿਸਾਨਾਂ ਦੀ ਸਹੂਲਤ ਲਈ 583 ਜਨਤਕ ਥਾਵਾਂ ਅਤੇ 37 ਚੌਲ ਮਿੱਲਾਂ ਨੂੰ ਅੰਤਰਿਮ ਖਰੀਦ ਕੇਂਦਰ ਘੋਸ਼ਿਤ ਕਰਨ ਤੋਂ ਇਲਾਵਾ ਮੰਡੀਆਂ ਵਿੱਚ 1806 ਰਵਾਇਤੀ ਖਰੀਦ ਕੇਂਦਰ ਸਥਾਪਤ ਕੀਤੇ ਸਨ ਅਤੇ ਫਿਰ ਅਲਾਟਮੈਂਟ ਕੀਤੀ ਗਈ। ਐਫਸੀਆਈ ਸਮੇਤ ਸਰਕਾਰੀ ਖਰੀਦ ਏਜੰਸੀਆਂ ਨੇ ਸੂਬੇ ਦੀਆਂ ਏਜੰਸੀਆਂ ਵੱਲੋਂ ਖਰੀਦੇ ਗਏ ਝੋਨੇ ਲਈ ਲਗਭਗ 8 ਲੱਖ ਕਿਸਾਨਾਂ ਦੇ ਖਾਤਿਆਂ ਵਿੱਚ 37,514 ਕਰੋੜ ਰੁਪਏ ਦੀ ਰਾਸ਼ੀ ਜਮ੍ਹਾਂ ਕੀਤੀ ਗਈ। ਵਿਭਾਗ ਅਤੇ ਮੰਡੀ ਬੋਰਡ ਨੇ ਨਿਰਵਿਘਨ ਖਰੀਦ ਨੂੰ ਯਕੀਨੀ ਬਣਾਉਣ ਲਈ ਅਹਿਮ ਭੂਮਿਕਾ ਨਿਭਾਈ। ਇਸ ਤੋਂ ਇਲਾਵਾ ਅੰਤਰਰਾਜੀ ਬੈਰੀਅਰਾਂ 'ਤੇ ਨਾਕੇ ਲਗਾ ਕੇ ਦੂਜੇ ਰਾਜਾਂ ਤੋਂ ਆ ਰਹੇ ਗੈਰ-ਕਾਨੂੰਨੀ ਝੋਨੇ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਣ ਲਈ ਪੰਜਾਬ ਪੁਲਸ ਦਾ ਯੋਗਦਾਨ ਵੀ ਸ਼ਲਾਘਾਯੋਗ ਹੈ। ਸੂਬਾ ਸਰਕਾਰ ਦੀ ਕਸਟਮ ਮਿਲਿੰਗ ਨੀਤੀ ਦੀ ਭਾਰਤ ਸਰਕਾਰ ਨੇ ਵੀ ਸ਼ਲਾਘਾ ਕੀਤੀ ਹੈ ਜਿਸ ਨੇ ਪੰਜਾਬ ਸਰਕਾਰ ਨੂੰ ਆਪਣਾ ਤਜਰਬਾ ਦੂਜੇ ਰਾਜਾਂ ਨਾਲ ਸਾਂਝਾ ਕਰਨ ਲਈ ਕਿਹਾ ਹੈ।

## ਸੰਧਵਾਂ ਵੱਲੋਂ ਬਿਹਾਰ ਦੇ ਮੁੱਖ ਮੰਤਰੀ ਨਾਲ ਪੰਜਾਬੀ ਭਾਈਚਾਰੇ ਨਾਲ ਸਬੰਧਿਤ ਵੱਖ-ਵੱਖ ਮੁੱਦਿਆਂ 'ਤੇ ਵਿਚਾਰ-ਚਰਚਾ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਨਾਲ ਇੱਕ ਮੀਟਿੰਗ ਕਰਕੇ ਵੱਖ-ਵੱਖ ਮਹੱਤਵਪੂਰਨ ਮੁੱਦਿਆਂ 'ਤੇ ਵਿਚਾਰ ਚਰਚਾ ਕੀਤੀ। ਪੰਜਾਬ ਵਿਧਾਨ ਸਭਾ ਦੇ ਇੱਕ ਬੁਲਾਰੇ ਅਨੁਸਾਰ ਇਹ ਇੱਕ ਸ਼ਿਸ਼ਟਾਚਾਰ ਮੀਟਿੰਗ ਸੀ ਜਿਸ ਵਿੱਚ ਸੰਧਵਾਂ ਨੇ ਬਿਹਾਰ ਵਿੱਚ ਵੱਸਦੇ ਪੰਜਾਬੀਆਂ ਦੇ ਵਿਭਿੰਨ ਮੁੱਦਿਆਂ ਬਾਰੇ ਨਿਤੀਸ਼ ਕੁਮਾਰ ਨਾਲ ਚਰਚਾ ਕੀਤੀ।

ਇਸ ਦੌਰਾਨ ਦੋਵਾਂ ਆਗੂਆਂ ਨੇ ਖੇਤੀ, ਡੇਅਰੀ ਫਰਮਿੰਗ, ਸਭਿਆਚਾਰ, ਖੇਡਾਂ, ਵਿਗਿਆਨ, ਤਕਨੋਲੋਜੀ ਆਦਿ ਚਰਚਾ ਕੀਤੀ। ਮੀਟਿੰਗ ਤੋਂ ਬਾਅਦ ਸੰਧਵਾਂ ਨੇ ਦੱਸਿਆ ਕਿ ਉਨ੍ਹਾਂ ਦੀ ਨਿਤੀਸ਼ ਕੁਮਾਰ ਨਾਲ ਚਰਚਾ ਬਹੁਤ ਵਧੀਆ ਰਹੀ ਅਤੇ ਉਨ੍ਹਾਂ ਨੂੰ ਬਿਹਾਰ ਵਿੱਚ ਵੱਸਦੇ ਪੰਜਾਬੀਆਂ ਬਾਰੇ ਕਈ ਕੁੱਝ ਜਾਣਨ ਦਾ ਮੌਕਾ ਮਿਲਿਆ। ਇਸ ਤੋਂ ਪਹਿਲਾਂ ਪਟਨਾ ਵਿਖੇ ਪਹੁੰਚ ਕੇ ਸੰਧਵਾਂ ਤਖਤ ਸ੍ਰੀ ਪਟਨਾ ਸਾਹਿਬ ਵਿਖੇ ਨਤਮਸਤਕ ਹੋਏ ਅਤੇ ਉਨ੍ਹਾਂ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ 'ਤੇ ਸ਼ਰਧਾਂਜਲੀ ਭੇਟ ਕੀਤੀ। ਉਨ੍ਹਾਂ ਨੇ ਚੰਗੇ ਜੀਵਨ ਦੇ ਨਿਰਮਾਣ ਵਾਸਤੇ ਲੋਕਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਦੀਆਂ ਸਿੱਖਿਆਵਾਂ 'ਤੇ ਚੱਲਣ ਦਾ ਸੱਦਾ ਦਿੱਤਾ।

ਚਾਨਣਵਾਲਾ 'ਚ ਸਾਹਮਣੇ ਆਇਆ ਸ਼ਰੇਆਮ ਗੁੰਡਾਗਰਦੀ ਕਰਨ ਦਾ ਮਾਮਲਾ

# ਜ਼ਮੀਨੀ ਝਗੜੇ 'ਚ ਪਿਓ-ਪੁੱਤਰ 'ਤੇ ਹਮਲਾ





**ਫਾਜ਼ਿਲਕਾ (ਕ੍ਰਿਸ਼ਨ ਸਿੰਘ)**

ਆਏ ਦਿਨ ਕਿਸੇ ਨਾ ਕਿਸੇ ਥਾਂ 'ਤੇ ਗੁੰਡਾਗਰਦੀ ਕਰਨ ਦੇ ਮਾਮਲੇ ਸਾਹਮਣੇ ਆ ਰਹੇ ਹਨ। ਗੁੰਡਾਗਰਦੀ ਕਰਨ ਵਾਲਿਆਂ ਦੇ ਹੌਸਲੇ ਏਨੇ ਬੁਲੰਦ ਹੁੰਦੇ ਜਾ ਰਹੇ ਹਨ ਕਿ ਉਹ ਬਿਨਾਂ ਕਿਸੇ ਡਰ ਤੋਂ ਸ਼ਰੇਆਮ ਗੁੰਡਾਗਰਦੀ ਕਰਨ ਤੋਂ ਗੁਰੇਜ਼ ਨਹੀਂ ਕਰਦੇ। ਇਸੇ ਤਰ੍ਹਾਂ ਫਾਜ਼ਿਲਕਾ ਦੇ ਪਿੰਡ ਚਾਨਣ ਵਾਲਾ 'ਚ ਪਿਓ ਦੇ ਆਪਣੇ ਛੋਟੇ ਪੁੱਤਰ ਨਾਲ ਹੋਏ ਘਰੇਲੂ ਝਗੜੇ ਦੌਰਾਨ ਗੁੰਡਾਗਰਦੀ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਇਸ ਬਾਰੇ ਜਾਣਕਾਰੀ ਦਿੰਦਿਆਂ ਹੋਇਆਂ ਸਿਵਲ ਹਸਪਤਾਲ ਫਾਜ਼ਿਲਕਾ 'ਚ ਜ਼ੇਰੇ ਇਲਾਜ ਦਲੀਪ ਸਿੰਘ ਵਾਸੀ ਪਿੰਡ ਚਾਨਣ ਵਾਲਾ ਨੇ ਦੱਸਿਆ ਕਿ ਉਨ੍ਹਾਂ ਦਾ ਆਪਣੇ ਛੋਟੇ ਲੜਕੇ ਸੁਰਜੀਤ ਸਿੰਘ ਨਾਲ ਪਿਛਲੇ ਕੁੱਝ ਸਮੇਂ ਤੋਂ ਘਰ ਦੀ ਥਾਂ ਨੂੰ ਲੈ ਕੇ ਝਗੜਾ ਚਲਦਾ ਆ ਰਿਹਾ ਹੈ। ਉਨ੍ਹਾਂ ਨੇ ਉਸ ਨੂੰ ਸਾਰੀ ਥਾਂ ਵੰਡ ਮੁਤਾਬਕ ਦਿੱਤੀ ਹੋਈ ਹੈ। ਇਸ ਤੋਂ ਬਾਅਦ ਵੀ ਉਹ ਦਾਰੂ ਪੀ ਕੇ ਨਸ਼ੇ ਦੀ ਹਾਲਤ 'ਚ ਉਨ੍ਹਾਂ ਨਾਲ ਬਿਨਾਂ ਵਜ੍ਹਾ ਝਗੜਾ ਕਰਦਾ ਰਹਿੰਦਾ ਹੈ। ਇਸੇ ਤਰ੍ਹਾਂ ਬੁੱਧਵਾਰ ਰਾਤ 9 ਵਜੇ ਦੇ ਕਰੀਬ ਉਸ ਨੇ ਉਨ੍ਹਾਂ ਨਾਲ ਝਗੜਾ ਕੀਤਾ। ਜਿਸ ਤੋਂ ਬਾਅਦ ਉਹ ਆਪਣੇ ਨਾਲ ਕੁੱਝ ਅਣਪਛਾਤੇ ਵਿਅਕਤੀਆਂ ਨਾਲ ਤੇਜ਼ਧਾਰ ਹਥਿਆਰਾਂ ਨਾਲ ਆਇਆ ਅਤੇ ਉਨ੍ਹਾਂ 'ਤੇ ਹਮਲਾ ਕਰ ਦਿੱਤਾ। ਇਸ ਤੋਂ ਬਾਅਦ ਉਨ੍ਹਾਂ ਵੱਲੋਂ ਕਾਫੀ ਇੱਟਾਂ ਰੋੜੇ ਵੀ ਚਲਾਏ ਗਏ, ਜਿਸ ਵਿੱਚ ਉਹ ਜ਼ਖਮੀ ਹੋ ਗਏ। ਜਿਸ ਤੋਂ ਬਾਅਦ ਉਨ੍ਹਾਂ ਦੇ ਪਰਵਾਰ ਵਾਲਿਆਂ ਨੇ ਉਨ੍ਹਾਂ ਨੂੰ ਇਲਾਜ ਲਈ ਸਿਵਲ ਹਸਪਤਾਲ ਫਾਜ਼ਿਲਕਾ 'ਚ ਭਰਤੀ ਕਰਵਾਇਆ। ਇਸੇ ਤਰ੍ਹਾਂ ਉਨ੍ਹਾਂ ਦੇ ਰਿਸ਼ਤੇਦਾਰ ਪੱਪੂ ਸਿੰਘ, ਸੱਤੋ ਬਾਈ ਅਤੇ ਹੋਰਨਾਂ ਨੇ ਦੱਸਿਆ ਕਿ ਦਲੀਪ ਸਿੰਘ ਦੇ ਰਿਸ਼ਤੇਦਾਰ ਹੋਣ ਦੀ ਵਜ੍ਹਾ ਕਾਰਨ ਗੁੰਡਾਗਰਦੀ ਕਰਨ ਵਾਲਿਆਂ ਨੇ ਉਨ੍ਹਾਂ ਦੇ ਘਰ ਵੀ ਬਿਨਾਂ ਵਜ੍ਹਾ ਹਮਲਾ ਕਰ ਦਿੱਤਾ। ਇਸ ਦੌਰਾਨ ਉਹ ਕਾਪੇ ਅਤੇ ਹੋਰ ਤੇਜ਼ਧਾਰ ਹਥਿਆਰਾਂ ਸਮੇਤ ਉਨ੍ਹਾਂ ਨੂੰ ਮਾਰਨ ਦੀ ਨੀਅਤ ਨਾਲ ਆਏ ਅਤੇ ਉਨ੍ਹਾਂ ਨੇ ਆਪਣੇ ਕਮਰਿਆਂ ਅੰਦਰ ਵੜ ਕੇ ਬੜੀ ਮੁਸ਼ਕਲ ਨਾਲ ਜਾਨ ਬਚਾਈ।

ਇਸ ਦੌਰਾਨ ਉਨ੍ਹਾਂ ਗੁੰਡਾਗਰਦੀ ਕਰਨ ਵਾਲਿਆਂ ਨੇ ਉਨ੍ਹਾਂ ਦੇ ਬੂਹੇ ਬਾਰੀਆਂ ਅਤੇ ਘਰ 'ਚ ਖੜ੍ਹੇ ਮੋਟਰਸਾਈਕਲਾਂ ਦੀ ਭੰਨ ਤੋੜ ਕੀਤੀ। ਇਸ ਤੋਂ ਬਾਅਦ ਉਹ ਉਥੋਂ ਚਲੇ ਗਏ। ਉਨ੍ਹਾਂ ਨੇ ਉਨ੍ਹਾਂ ਦੇ ਘਰ 'ਤੇ ਹਮਲਾ ਕਰਨ ਵਾਲਿਆਂ 'ਤੇ ਸਖਤ ਕਾਰਵਾਈ ਕਰਨ ਦੀ ਮੰਗ ਕੀਤੀ ਹੈ। ਇਸ ਮੌਕੇ ਪਿੰਡ ਵਾਸੀ ਰੇਸ਼ਮ ਸਿੰਘ, ਮਲਕੀਤ ਸਿੰਘ, ਬਲਵਿੰਦਰ ਕੌਰ, ਪਾਸੋ ਬਾਈ, ਬੰਸੋ ਬਾਈ ਅਤੇ ਹੋਰਨਾਂ ਨੇ ਦੱਸਿਆ ਕਿ ਬੀਤੀ ਰਾਤ ਅਚਾਨਕ ਕੁੱਝ ਵਿਅਕਤੀਆਂ ਨੇ ਦਲੀਪ ਸਿੰਘ ਦੇ ਘਰ 'ਤੇ ਹਮਲਾ ਕਰਕੇ ਉਨ੍ਹਾਂ ਨੂੰ ਜ਼ਖਮੀ ਕਰ ਦਿੱਤਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਆਪਸੀ ਘਰੇਲੂ ਵਿਵਾਦ ਚਲਦਾ ਆ ਰਿਹਾ ਸੀ ਅਤੇ ਇਸੇ ਘਰੇਲੂ ਵਿਵਾਦ ਕਾਰਨ ਹੀ ਸ਼ਰੇਆਮ ਇਹ ਗੁੰਡਾਗਰਦੀ ਕੀਤੀ ਗਈ ਹੈ। ਪਿੰਡ ਵਾਸੀਆਂ ਨੇ ਦੱਸਿਆ ਕਿ ਇਨ੍ਹਾਂ 'ਤੇ ਹਮਲਾ ਕਰਨ ਤੋਂ ਬਾਅਦ ਉਨ੍ਹਾਂ ਆਸ ਪਾਸ ਘਰਾਂ ਅੰਦਰ ਵੀ ਜ਼ਬਰਦਸਤੀ ਘੁਸ ਕੇ ਹਮਲਾ ਕੀਤਾ ਗਿਆ। ਜਿਸ ਦੌਰਾਨ ਪਿੰਡ ਵਾਸੀਆਂ ਨੇ ਆਪਣੇ ਘਰ ਅੰਦਰ ਵੜ ਕੇ ਬੜੀ ਮੁਸ਼ਕਲ ਨਾਲ ਆਪਣੀ ਜਾਨ ਬਚਾਈ। ਪਿੰਡ ਵਾਸੀਆਂ ਨੇ ਕਿਹਾ ਕਿ ਇਹ ਪਹਿਲੀ ਵਾਰ ਨਹੀਂ ਹੈ ਕਿ ਉਨ੍ਹਾਂ ਦੇ ਪਿੰਡ ਇਸ ਤਰ੍ਹਾਂ ਗੁੰਡਾਗਰਦੀ ਦਾ ਨੰਗਾ ਨਾਚ ਵੇਖਣ ਨੂੰ ਮਿਲਿਆ ਹੈ। ਇਸ ਤੋਂ ਪਹਿਲਾਂ ਵੀ ਉਨ੍ਹਾਂ ਦੇ ਪਿੰਡ ਗੁੰਡਾਗਰਦੀ ਕਰਨ ਦੀਆਂ ਕਈ ਘਟਨਾਵਾਂ ਹੋ ਚੁੱਕੀਆਂ ਹਨ, ਜਿਸ ਕਾਰਨ ਪਿੰਡ ਵਾਸੀਆਂ 'ਚ ਡਰ ਅਤੇ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ। ਉਨ੍ਹਾਂ ਮੰਗ ਕਰਦਿਆਂ ਕਿਹਾ ਕਿ ਪੁਲਸ ਪ੍ਰਸ਼ਾਸਨ ਅਤੇ ਸਰਕਾਰ ਨੂੰ ਇਨ੍ਹਾਂ ਗੁੰਡਾਗਰਦੀ ਕਰਨ ਵਾਲਿਆਂ 'ਤੇ ਸਖਤ ਕਰਵਾਈ ਕਰਨ ਦੀ ਲੋੜ ਹੈ ਤਾਂ ਜੋ ਪਿੰਡ ਦੇ ਲੋਕ ਸੁੱਖ ਸ਼ਾਂਤੀ ਨਾਲ ਜੀ ਸਕਣ।

## ਲੱਖਾਂ ਦੀ ਨਕਦੀ, ਘੋੜੇ, ਘੋੜੀਆਂ ਤੇ ਵਛੇਰੇ ਚੋਰੀ

**ਬਰੇਟਾ (ਰੀਤਵਾਲ)**-ਚੋਰਾਂ ਦੇ ਹੌਂਸਲੇ ਇਸ ਕਦਰ ਬੁਲੰਦ ਹੋ ਚੁੱਕੇ ਹਨ ਕਿ ਪਹਿਲਾਂ ਦੁਕਾਨਾਂ ਘਰਾਂ ਅਤੇ ਮੱਝਾਂ ਆਦਿ ਚੋਰੀ ਕਰਦੇ ਸਨ। ਪਰ ਹੁਣ ਮੁੱਦਤਾਂ ਪਹਿਲਾਂ ਵਾਂਗ ਘੋੜੇ-ਘੋੜੀਆਂ ਵਛੇਰਿਆਂ ਦੀ ਵੀ ਚੋਰੀ ਹੋਣ ਲੱਗ ਪਈ ਹੈ। ਅਜਿਹਾ ਹੀ ਮਾਮਲਾ ਨਜ਼ਦੀਕੀ ਪਿੰਡ ਡਸਕਾ ਦਾ ਸਾਹਮਣਾ ਆਇਆ ਹੈ । ਇਸ ਸਬੰਧੀ ਲਹਿਰਾ ਪੁਲਸ ਵੱਲੋਂ 2 ਦੋਸ਼ੀ ਘੋੜਿਆਂ ਵਛੇਰਿਆਂ ਅਤੇ ਨਕਦੀ ਚੋਰੀ ਕਰਨ ਵਿਚ ਨਾਮਜ਼ਦ ਕੀਤੇ ਗਏ ਹਨ। ਇਸ ਚੋਰੀ ਵਿਚ 10 - 12 ਨਾਮਾਲੂਮ ਵਿਅਕਤੀ ਵੀ ਸ਼ਾਮਲ ਕੀਤੇ ਗਏ ਹਨ। ਥਾਣਾ ਲਹਿਰਾ ਤੋਂ ਮਿਲੀ ਜਾਣਕਾਰੀ ਅਨੁਸਾਰ ਕੁਲਦੀਪ ਸਿੰਘ ਵਾਸੀ ਡਸਕਾ ਨੇ ਬਰਖਿਲਾਫ਼ ਸਕੱਤਰ ਸਿੰਘ ਜਗਰਾਜ ਸਿੰਘ ਵਾਸੀ ਸ਼ਤਰਾਣਾ ਅਤੇ 10 - 12 ਨਾਮਾਲੂਮ ਵਿਅਕਤੀਆਂ ਵਿਰੁੱਧ ਮਾਮਲਾ ਦਰਜ ਕਰਵਾਇਆ ਕੇ 23 ਦਸੰਬਰ ਨੂੰ ਰਾਤ 8 ਵਜੇ ਦੇ ਕਰੀਬ ਉਕਤ ਦੋਸ਼ੀ ਮੇਰੇ ਫਾਰਮ ਹਾਊਸ ਪਿੰਡ ਹਰਿਆਊ ਵਿੱਚੋਂ 2,40,000 ਰੁਪਏ ਪੰਜ ਘੋੜੀਆਂ, ਦੋ ਵਛੇਰੀਆਂ, ਇਕ ਨੁੱਕਰਾ ਘੋੜਾ ਰੰਗ ਚਿੱਟਾ ਚੋਰੀ ਕਰਕੇ ਲੈ ਗਏ। ਜਿੰਨਾਂ ਦੀ ਕੀਮਤ 35 ਲੱਖ ਰੁਪਏ ਤੋਂ ਉਪਰ ਦੀ ਦੱਸੀ ਜਾ ਰਹੀ ਹੈ। ਲਹਿਰਾ ਪੁਲਸ ਵੱਲੋਂ ਪਰਚਾ ਦਰਜ ਕਰਦਿਆਂ ਅਗਲੀ ਕਾਰਵਾਈ ਕੀਤੀ ਜਾ ਰਹੀ ਹੈ।

## ਪਰਸਵਾਰਥ ਸਭਾ ਵੱਲੋਂ 10 ਲੜਕੀਆਂ ਨੂੰ ਦਿੱਤੇ ਸਰਟੀਫਿਕੇਟ



ਲੜਕੀਆਂ ਨੂੰ ਸਰਟੀਫਿਕੇਟ ਵੰਡਦੇ ਮੁੱਖ ਮਹਿਮਾਨ।

**ਜਲਾਲਾਬਾਦ (ਦਹੂਜਾ)**

ਪਰਸਵਾਰਥ ਸਭਾ ਜਲਾਲਾਬਾਦ ਵੱਲੋਂ ਚੱਲ ਰਹੀ ਸ਼੍ਰੀ ਰਾਮ ਲਾਲ ਕਮਾਂਡਰ ਰਜ਼ਿ ਸਿਲਾਈ ਸਕੂਲ 'ਚ ਸਰਟੀਫਿਕੇਟ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਸੈਸ਼ਨ ਜਨਵਰੀ 2022 ਤੋਂ ਜਨਵਰੀ 2023 ਤੱਕ ਦੀਆਂ 10 ਲੜਕੀਆਂ ਦੇ ਕੋਰਸ ਪੂਰਾ ਹੋਣ 'ਤੇ ਸਰਟੀਫਿਕੇਟ ਦਿੱਤੇ ਗਏ। ਇਸ ਮੌਕੇ ਮੁੱਖ ਮਹਿਮਾਨ ਵਜੋਂ ਵਪਾਰ ਮੰਡਲ ਜਲਾਲਾਬਾਦ ਦੇ ਪ੍ਰਧਾਨ ਰਾਜਪਾਲ ਡੋਡਾ ਪੁੱਜੇ।

ਇਸ ਸਮਾਰੋਹ ਦੌਰਾਨ ਪਰਸਵਾਰਥ ਸਭਾ ਦੇ ਸਰਪ੍ਰਸਤ ਅਨੀਲਦੀਪ ਨਾਗਪਾਲ, ਕਪਿਲ ਗਗਨੇਜਾ, ਪ੍ਰਧਾਨ ਵਿਜੇ ਬਾਘਲਾ, ਉਪ ਪ੍ਰਧਾਨ ਗੁਰਚਰਨ ਕਮੀਰਿਆ, ਸੁਰੇਸ਼ ਚੌਹਾਨ, ਸਕੱਤਰ ਦੀਨਾਨਾਥ ਡੋਡਾ ਨੇ ਕੋਰਸ ਪੂਰਾ ਕਰ ਚੁੱਕੀਆਂ ਲੜਕੀਆਂ ਨੂੰ ਇੱਕ-ਇੱਕ ਸੂਟ ਤੇ ਸਰਟੀਫਿਕੇਟ ਦਿੱਤੇ। ਇਸ ਮੌਕੇ ਸਟੇਜ ਸੈਕਟਰੀ ਦੀ ਭੂਮਿਕਾ ਦੇਵਰਾਜ ਸ਼ਰਮਾ ਨੇ ਨਿਭਾਈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੋਹਨ ਲਾਲ ਕੱਕੜ, ਡਾ. ਤਿਲਕ ਰਾਜ, ਡਾ. ਓਮ ਪ੍ਰਕਾਸ਼, ਡਾ. ਰਾਜੀਵ ਮਿੱਢਾ, ਬਲਜੀਤ ਮੱਕੜ, ਜਸਰਾਜ ਭਠੇਜਾ, ਰਮੇਸ਼ ਵਧਵਾ, ਸ਼ਾਮ ਸੇਠੀ, ਅਸ਼ੋਕ ਗਗਨੇਜਾ, ਤਾਰਾ ਚੰਦ ਗੁਗਲਾਨੀ, ਮੈਡਮ ਕੀਰਤੀ ਵਾਟਸ, ਰਾਜੇਸ਼ ਛਾਬੜਾ, ਕਾਲੀ ਛਾਬੜਾ, ਪ੍ਰਿਆ, ਗਗਨਪ੍ਰੀਤ, ਕਾਜਲ, ਮਨਪ੍ਰੀਤ, ਰਮਨਪ੍ਰੀਤ, ਸੀਮਾ ਹਾਂਡਾ, ਹਰੀਸ਼ ਚੂਚਰਾ, ਸੁਭਾਸ਼ ਗੂੰਬਰ, ਰਾਜ ਕੁਮਾਰ ਗਗਨੇਜਾ, ਖਰੈਤੀ ਲਾਲ ਮੋਂਗਾ, ਕਵਿੰਦਰ ਕੱਕੜ, ਬੰਟੀ ਵਾਟਸ, ਕਾਕਾ ਸਿਡਾਨਾ ਆਦਿ ਮੌਜੂਦ ਸਨ।

ਜ਼ਿਕਰਯੋਗ ਹੈ ਕਿ ਪਿਛਲੇ ਦੋ ਦਹਾਕਿਆਂ ਤੋਂ ਉਪਰ ਇਹ ਸਭਾ ਵੱਲੋਂ ਗਰੀਬ ਬੱਚਿਆਂ ਲਈ ਪ੍ਰਾਇਮਰੀ ਸਕੂਲ, ਲੜਕੀਆਂ ਲਈ ਮੁਫ਼ਤ ਸਿਲਾਈ ਕੋਰਸ, ਜ਼ਰੂਰਤਮੰਦ ਲੋਕਾਂ ਲਈ ਮੁਫ਼ਤ ਡਿਸਪੈਂਸਰੀ, ਕਲੀਨਿਕ ਤੇ ਲੈਬਾਰਟਰੀ ਚੱਲ ਰਹੀ ਹੈ।

## ਮਹਾਪ੍ਰਗਯ ਸਕੂਲ 'ਚ ਕੈਰੀਅਰ ਮਾਰਗ ਦਰਸ਼ਨ ਮੇਲੇ ਦਾ ਆਯੋਜਨ



**ਜਗਰਾਉਂ (ਅਮਿਤ ਖੰਨਾ)**

ਸਕੂਲ ਡਾਇਰੈਕਟਰ ਵਿਸ਼ਾਲ ਜੈਨ ਦੀ ਯੋਗ ਅਗਵਾਈ ਵਿੱਚ ਵਿਦਿਆਰਥੀਆਂ ਦੇ ਸੁਨਹਿਰੀ ਭਵਿੱਖ ਨੂੰ ਸਿਰਜਨ ਤੇ ਸਹੀ ਸਟ੍ਰੀਮ ਦੀ ਚੋਣ ਕਰਨ ਲਈ ਵੱਖ-ਵੱਖ ਖੇਤਰਾਂ ਨੂੰ ਸਮਝਣ ਤੇ ਜਾਣਕਾਰੀ ਹਾਸਲ ਕਰਨ ਲਈ ਸਕੂਲ ਵੱਲੋਂ ਕੈਰੀਅਰ ਮਾਰਗ ਦਰਸ਼ਨ ਮੇਲੇ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਵੱਖ-ਵੱਖ ਯੂਨੀਵਰਸਿਟੀਆਂ ਤੇ ਖੇਤਰਾਂ ਤੋਂ ਵਿਸ਼ਾ ਮਾਹਿਰਾਂ ਨੇ ਅਲੱਗ-ਅਲੱਗ ਵਿਸ਼ਿਆਂ ਨਾਲ ਸੰਬੰਧਤ ਕੋਰਸਾਂ ਅਤੇ ਪੇਸ਼ਿਆਂ ਬਾਰੇ ਜਾਣਕਾਰੀ ਬੜੀ ਤਫ਼ਸੀਲ ਨਾਲ ਦਿੱਤੀ।

ਇਸ ਸੈਮੀਨਾਰ ਵਿੱਚ ਸੀ.ਟੀ. ਯੂਨੀਵਰਸਿਟੀ ਲੁਧਿਆਣਾ, ਪਾਰੁਲ ਯੂਨੀਵਰਸਿਟੀ ਗੁਜਰਾਤ, ਜੀ.ਐਨ.ਏ. ਯੂਨੀਵਰਸਿਟੀ ਫਗਵਾੜਾ, ਚੰਡੀਗੜ੍ਹ ਗਰੁੱਪ ਆਫ਼ ਕਾਲਜ ਲਾਂਡਰਾਂ, ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਚੰਡੀਗੜ੍ਹ, ਸਨਮਤੀ ਗਵਰਨਮੈਂਟ ਕਾਲਜ ਆਫ ਸਾਇੰਸ ਐਜੂਕੇਸ਼ਨ ਐਂਡ ਰਿਸਰਚ ਕਾਲਜ ਜਗਰਾਉਂ, ਗੁਲਜਾਰ ਗਰੁੱਪ ਆਫ਼ ਇਨਸਟੀਚਿਊਟ ਖੰਨਾ, ਪੀ. ਸੀ. ਟੀ. ਈ. ਲੁਧਿਆਣਾ ਤੇ ਅਮਿਟੀ ਯੂਨੀਵਰਸਿਟੀ ਮੋਹਾਲੀ ਪੰਜਾਬ ਨੇ ਸ਼ਿਰਕਤ ਕੀਤੀ। ਸਾਰੇ ਹੀ ਵਿਸ਼ਾ ਮਾਹਰਾਂ ਨੇ ਆਪਣੇ ਆਪਣੇ ਵਿਸ਼ਿਆਂ ਜਿਵੇਂ ਕਾਮਰਸ, ਸਾਇੰਸ, ਟੈਕਨਾਲੋਜੀ, ਕੰਪਿਊਟਰ, ਜਰਨਲਿਜ਼ਮ ਤੇ ਕਈ ਹੋਰ ਵਿਸ਼ਿਆਂ ਨਾਲ ਸੰਬੰਧਤ ਮੋਟੀਵੇਸ਼ਨਲ ਲੈਕਚਰਜ, ਭਵਿੱਖ ਦੀਆਂ ਪਲੇਸਮੈਂਟ ਸੰਭਾਵਨਾਵਾਂ, ਸਵੈਰੁਜਗਾਰ ਹੈਲਪਲਾਈਨ ਅਤੇ ਸੋਸ਼ਲ ਮੀਡੀਆ ਪਲੇਟਫਾਰਮ ਆਦਿ ਮੁੱਦਿਆਂ ਬਾਰੇ ਜਾਣਕਾਰੀ ਦਿੱਤੀ।

ਇਸ ਮੌਕੇ ਵਿਸ਼ਾਲ ਜੈਨ ਨੇ ਕਿਹਾ ਕਿ ਸਕੂਲ ਬੱਚਿਆਂ ਦੇ ਭਵਿੱਖ ਪ੍ਰਤੀ ਸੰਜੀਦਾ ਹੈ, ਇਸ ਕਰਕੇ ਹੀ ਇਹੋ ਜਿਹੀਆਂ ਵਿਵਸਥਾਵਾਂ ਕੀਤੀਆਂ ਜਾਂਦੀਆਂ ਹਨ ਤਾਂ ਜੁ ਵਿਦਿਆਰਥੀਆਂ ਨੂੰ ਸਹੀ ਦਿਸ਼ਾ-ਨਿਰਦੇਸ਼ ਦੇ ਕੇ ਉਨ੍ਹਾਂ ਦੀ ਰੁਚੀ, ਯੋਗਤਾ, ਗਿਆਨ, ਹੁਨਰ ਦੀ ਪਰਖ ਤੇ ਸਵੈ ਪੜਚੋਲ ਕਰਕੇ ਹੀ ਪੇਸ਼ੇਵਰ ਖੇਤਰਾਂ ਵਿੱਚ ਕਰੀਅਰ ਵਿਕਲਪਾਂ ਦੀ ਭਰਮਾਰ ਤੋਂ ਜਾਣੂ ਹੋ ਸਕਣ ਤਾਂ ਜੁ ਉਹ ਭਰਮ ਭੁਲੇਖਿਆਂ ਤੋਂ ਦੂਰ ਰਹਿ ਕੇ ਸਹੀ ਚੋਣ ਕਰਨ ਵਿੱਚ ਸਮਰੱਥ ਹੋਣ।

ਇਸ ਮੌਕੇ ਪ੍ਰਿੰਸੀਪਲ ਪ੍ਰਭਜੀਤ ਕੌਰ ਵਰਮਾ, ਮੈਨੇਜਰ ਮਨਜੀਤ ਇੰਦਰ ਤੇ ਵਾਈਸ ਪ੍ਰਿੰਸੀਪਲ ਅਮਰਜੀਤ ਕੌਰ ਤੇ ਸ਼੍ਰੇਣੀ ਅਧਿਆਪਕ ਮੌਜੂਦ ਸਨ।

## ਦਸਮ ਪਾਤਸ਼ਾਹ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸਰਬੰਸਦਾਨੀ, ਦਸਮ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤ ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਪੁੱਜ ਕੇ ਦਰਸ਼ਨ ਇਸ਼ਨਾਨ ਕਰਨ ਦੇ ਨਾਲ-ਨਾਲ ਗੁਰਬਾਣੀ ਕੀਰਤਨ ਸਰਵਣ ਕੀਤਾ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਗਤਾਂ ਅੰਮ੍ਰਿਤ ਵੇਲੇ ਤੋਂ ਹੀ ਪੁੱਜਣੀਆਂ ਸ਼ੁਰੂ ਹੋ ਗਈਆਂ ਸਨ ਅਤੇ ਸਾਰਾ ਦਿਨ ਸੰਗਤ ਦੀ ਆਮਦ ਨਿਰੰਤਰ ਬਣੀ ਰਹੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅਕਾਲ ਤਖਤ ਸਾਹਿਬ ਤੇ ਗੁਰਦੁਆਰਾ ਬਾਬਾ ਅਟੱਲ ਰਾਇ ਸਾਹਿਬ ਵਿਖੇ ਅਲੌਕਿਕ ਜਲੌ ਸਜਾਏ ਗਏ ਜਿਸ ਦੇ ਦਰਸ਼ਨ ਕਰਕੇ ਸੰਗਤ ਨੇ ਅਨੰਦ ਮਾਣਿਆ। ਇਸੇ ਦੌਰਾਨ ਦਸਵੇਂ ਪਾਤਸ਼ਾਹ ਜੀ ਦੇ ਪ੍ਰਕਾਸ਼ ਗੁਰਪੁਰਬ ਦੇ ਸਬੰਧ ਵਿਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਹਰਪਾਲ ਸਿੰਘ ਦੇ ਜਥੇ ਨੇ ਕੀਰਤਨ ਕੀਤਾ। ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ ਅਤੇ ਸੰਗਤਾਂ ਨੂੰ ਪਾਵਨ ਹੁਕਮਨਾਮਾ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਗ੍ਰੰਥੀ ਸਿੰਘ ਸਾਹਿਬ ਗਿਆਨੀ ਰਾਜਦੀਪ ਸਿੰਘ ਨੇ ਸਰਵਨ ਕਰਵਾਇਆ। ਉਨ੍ਹਾਂ ਸੰਗਤਾਂ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਈ ਅਤੇ ਸੰਗਤ ਨੂੰ ਅੰਮ੍ਰਿਤ ਦੀ ਦਾਤ ਪ੍ਰਾਪਤ ਕਰਨ ਦੀ ਪ੍ਰੇਰਨਾ ਦਿੱਤੀ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸਾਰਾ ਦਿਨ ਸਜੇ ਧਾਰਮਿਕ ਦੀਵਾਨ ਵਿਚ ਰਾਗੀ, ਢਾਡੀ, ਕਵੀਸ਼ਰ, ਪ੍ਰਚਾਰਕਾਂ ਤੇ ਪੰਥਕ ਕਵੀਆਂ ਨੇ ਹਾਜਰੀ ਭਰੀ ਅਤੇ ਗੁਰੂ ਸਾਹਿਬ ਜੀ ਦਾ ਜੀਵਨ ਇਤਿਹਾਸ ਸੰਗਤ ਨਾਲ ਸਾਂਝਾ ਕੀਤਾ। ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਮੇਂ ਸ਼੍ਰੋਮਣੀ ਕਮੇਟੀ ਮੈਂਬਰ ਐਡਵੋਕੇਟ ਭਗਵੰਤ ਸਿੰਘ ਸਿਆਲਕਾ, ਸ. ਹਰਜਾਪ ਸਿੰਘ ਸੁਲਤਾਨਵਿੰਡ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੈਨੇਜਰ ਸ. ਸਤਨਾਮ ਸਿੰਘ ਮਾਂਗਾਸਰਾਏ, ਸੁਪ੍ਰਿੰਟੈਂਡੈਂਟ ਸ. ਮਲਕੀਤ ਸਿੰਘ ਬਹਿੜਵਾਲ, ਮੈਨੇਜਰ ਸ. ਸੁਖਰਾਜ ਸਿੰਘ, ਵਧੀਕ ਮੈਨੇਜਰ ਸ. ਇਕਬਾਲ ਸਿੰਘ ਮੁੱਖੀ, ਸ. ਬਿਕਰਮਜੀਤ ਸਿੰਘ ਸੁਪਰਵਾਈਜ਼ਰ ਸ ਕਾਬਲ ਸਿੰਘ ਸਮੇਤ ਸੰਗਤਾਂ ਮੌਜੂਦ ਸਨ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਗੁਰਪੁਰਬ ਦੀ ਸਮੂਹ ਸੰਗਤ ਨੂੰ ਵਧਾਈ ਦਿੰਦਿਆਂ ਆਖਿਆ ਕਿ ਦਸਮ ਪਾਤਸ਼ਾਹ ਜੀ ਦਾ ਸਾਰਾ ਜੀਵਨ ਹੀ ਮਨੁੱਖਤਾ ਲਈ ਮਾਰਗ ਦਰਸ਼ਨ ਹੈ। ਉਨ੍ਹਾਂ ਆਪਣੇ ਵਧਾਈ ਸੰਦੇਸ਼ ਵਿਚ ਕਿਹਾ ਕਿ ਗੁਰੂ ਸਾਹਿਬ ਇੱਕ ਕ੍ਰਾਂਤੀਕਾਰੀ ਰਹਿਬਰ ਸਨ, ਜਿਨ੍ਹਾਂ ਨੇ ਮਨੁੱਖਤਾ ਅੰਦਰ ਜਬਰ-ਜ਼ੁਲਮ ਵਿਰੁੱਧ ਡਟਣ ਦਾ ਜਜ਼ਬਾ ਤੇ ਸਾਹਸ ਪੈਦਾ ਕੀਤਾ। ਉਨ੍ਹਾਂ ਆਖਿਆ ਕਿ ਸਾਨੂੰ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਨੂੰ ਆਪਣੇ ਜੀਵਨ ਵਿਚ ਢਾਲਣਾ ਚਾਹੀਦਾ ਹੈ ਅਤੇ ਮਨੁੱਖਤਾ ਦੀ ਭਲਾਈ ਲਈ ਹਮੇਸ਼ਾ ਤੱਤਪਰ ਰਹਿਣਾ ਚਾਹੀਦਾ ਹੈ। ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਮੌਜੂਦਾ ਸਮੇਂ ਫੈਲੀਆਂ ਸਮਾਜਿਕ ਬੁਰਾਈਆਂ ਦੇ ਖ਼ਾਤਮੇ ਲਈ ਸੰਗਤ ਨੂੰ ਸੱਦਾ ਦਿੰਦਿਆਂ ਬਾਣੀ ਅਤੇ ਬਾਣੇ ਦੇ ਧਾਰਨੀ ਬਣਨ ਅਤੇ ਬੱਚਿਆਂ ਨੂੰ ਦਸਵੇਂ ਪਾਤਸ਼ਾਹ ਜੀ ਦੇ ਜੀਵਨ ਇਤਿਹਾਸ ਤੋਂ ਸੇਧ ਲੈਣ ਦੀ ਅਪੀਲ ਕੀਤੀ।

## ਬੰਗਲੌਰ ਲੜਕੀਆਂ ਦੀ ਟੀਮ ਨੇ ਕੇਰਲਾ ਤੇ ਪੰਜਾਬ ਦੀ ਟੀਮ ਨੂੰ ਹਰਾ ਕੇ ਨੈਸ਼ਨਲ ਖੋ-ਖੋ ਚੈਂਪੀਅਨਸ਼ਿਪ ਜਿੱਤੀ




**ਸੰਗਰੂਰ (ਪ੍ਰਵੀਨ ਸਿੰਘ)**

ਸਾਡੇ ਦੇਸ਼ ਵਿੱਚੋਂ ਨਸ਼ਿਆਂ ਦੇ ਵਗ ਰਹੇ ਛੇਵੇਂ ਦਰਿਆ ਨੂੰ ਰੋਕਣ ਲਈ ਖੇਡਾਂ ਨੂੰ ਮਨੁੱਖੀ ਜੀਵਨ ਦਾ ਜ਼ਰੂਰੀ ਅੰਗ ਬਣਾਉਣਾ ਸਮੇਂ ਦੀ ਅਹਿਮ ਲੋੜ ਹੈ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੀ.ਬੀ.ਐੱਸ.ਈ. ਨਵੀਂ ਦਿੱਲੀ ਦੇ ਨਿਗਰਾਨ ਸ਼੍ਰੀ ਸੰਜੀਵ ਕੁਮਾਰ ਗਾਂਧੀ ਨੇ ਸੀ.ਬੀ.ਐੱਸ.ਈ. ਦੇ ਡਿਪਟੀ ਸੈਕਟਰੀ ਤੇ ਖੇਡ ਵਿਭਾਗ ਦੇ ਮੁਖੀ ਡਾ. ਮਨਜੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਡਾ. ਦੇਵ ਰਾਜ ਡੀ.ਏ.ਵੀ. ਸੀਨੀ. ਸੈਕੰ. ਪਬਲਿਕ ਸਕੂਲ ਲਹਿਰਾਗਾਗਾ ਵਿੱਚ ਸੀ.ਬੀ.ਐੱਸ.ਈ. ਦੀ ਨੈਸ਼ਨਲ ਖੋ-ਖੋ ਚੈਂਪੀਅਨਸ਼ਿਪ ਦੇ ਸਮਾਪਤੀ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਕੀਤਾ। ਉਨ੍ਹਾਂ ਆਖਿਆ ਕਿ ਜਿਸ ਹਿਸਾਬ ਨਾਲ ਬੱਚੇ ਅਨੇਕਾਂ ਪ੍ਰਕਾਰ ਦੀਆਂ ਬਿਮਾਰੀਆਂ ਦਾ ਸ਼ਿਕਾਰ ਹੋ ਰਹੇ ਹਨ ਤਾਂ ਉਨ੍ਹਾਂ ਦੀ ਤੰਦਰੁਸਤੀ ਤੇ ਸਿਹਤਯਾਬੀ ਲਈ ਖੇਡਾਂ ਨੂੰ ਅਪਨਾਉਣਾ ਸਮੇਂ ਦੀ ਅਹਿਮ ਲੋੜ ਹੈ। ਉਨ੍ਹਾਂ ਇਹ ਵੀ ਕਿਹਾ ਕਿ ਅਜੋਕੇ ਸਮੇਂ ਵਿੱਚ ਵਿਦਿਆਰਥੀਆਂ ਦਾ ਧਿਆਨ ਖੇਡਾਂ ਵੱਲ ਹੋਣ ਦੀ ਬਜਾਏ ਮੋਬਾਇਲਾਂ ਵੱਲ ਆਕਰਸ਼ਿਤ ਹੋ ਰਿਹਾ ਹੈ।

ਸਕੂਲ ਦੇ ਪ੍ਰਧਾਨ ਮੈਡਮ ਉਰਮਲਾ ਰਾਣੀ ਅਤੇ ਉਪ ਪ੍ਰਧਾਨ ਐਲ.ਕੇ. ਖੋਖਰ, ਪ੍ਰਿੰਸਪਲ ਸੁਖਵੀਰ ਕੌਰ, ਐਡਵੋਕੇਟ ਅਨਿਰੁੱਧ ਕੌਸ਼ਲ ਨੇ ਕਿਹਾ ਕਿ ਜਿਹੜੀਆਂ ਟੀਮਾਂ ਦੇ ਖਿਡਾਰੀ ਹਾਰ ਚੁੱਕੇ ਹਨ ਉਨ੍ਹਾਂ ਨੂੰ ਆਪਣੀ ਹਾਰ ਤੋਂ ਨਸੀਹਤ ਲੈ ਕੇ ਮਿਹਨਤ ਕਰਨੀ ਚਾਹੀਦੀ ਹੈ ਤਾਂ ਜੁ ਉਹ ਭਵਿੱਖ ਵਿੱਚ ਸ਼ਾਨਦਾਰ ਜਿੱਤ ਪ੍ਰਾਪਤ ਕਰਕੇ ਨਾਂਅ ਰੌਸ਼ਨ ਕਰ ਸਕਣ।

ਹਲਕਾ ਲਹਿਰਾਗਾਗਾ ਦੇ ਵਿਧਾਇਕ ਐਡਵੋਕੇਟ ਬਰਿੰਦਰ ਗੋਇਲ ਨੇ ਕਿਹਾ ਕਿ ਖੇਡਾਂ ਖਿਡਾਰੀ ਦੇ ਜੀਵਨ ਪੱਧਰ ਨੂੰ ਉੱਚਾ ਚੁੱਕਣ ਵਿੱਚ ਹੀ ਨਹੀਂ, ਸਗੋਂ ਉਨ੍ਹਾਂ ਨੂੰ ਨਸ਼ਿਆਂ ਵਰਗੀਆਂ ਅਲਾਮਤਾਂ ਤੋਂ ਦੂਰ ਰੱਖਣ ਵਿੱਚ ਵੀ ਸਹਾਈ ਹੁੰਦੀਆਂ ਹਨ । ਉਨ੍ਹਾਂ ਇਹ ਵੀ ਆਖਿਆ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਯੋਗ ਰਹਿਨੁਮਾਈ ਵਾਲੀ ਪੰਜਾਬ ਸਰਕਾਰ ਨੇ 'ਖੇਡਾਂ ਵਤਨ ਦੀਆਂ' ਕਰਾ ਕੇ ਪੰਜਾਬ ਦੇ ਬੱਚਿਆਂ ਨੂੰ ਖੇਡਾਂ ਨਾਲ ਜੋੜਨ ਦੀ ਸਫ਼ਲ ਕੋਸ਼ਿਸ਼ ਕੀਤੀ ਹੈ, ਠੀਕ ਉਸੇ ਤਰ੍ਹਾਂ ਮਾਨ ਸਰਕਾਰ ਦੀ ਖੇਡਾਂ ਪ੍ਰਤੀ ਸੋਚ ਨੂੰ ਅੱਗੇ ਵਧਾਉਂਦਿਆਂ ਇਸ ਸਕੂਲ ਨੇ ਵੱਖ-ਵੱਖ ਰਾਜਾਂ ਦੇ ਹੀ ਨਹੀਂ, ਦੇਸ਼ਾਂ ਤੋਂ ਆਈਆਂ ਟੀਮਾਂ ਦੀ ਚੈਂਪੀਅਨਸ਼ਿਪ ਕਰਾ ਕੇ ਸਰਕਾਰ ਦੇ ਰੰਗਲਾ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰ ਦਿੱਤਾ। ਚੈਂਪੀਅਨਸ਼ਿਪ ਦੇ ਅਖੀਰਲੇ ਦਿਨ ਹੋਏ ਲੜਕੀਆਂ ਦੇ ਫਾਇਨਲ ਮੁਕਾਬਲੇ ਵਿੱਚ ਚਿੱਤਰਕੂਟਾ ਸਕੂਲ ਬੰਗਲੌਰ ਦੀ ਟੀਮ ਨੇ ਵਿਆਸਾ ਵਿੱਦਿਆ ਪਿਠਮ ਕੇਰਲਾ ਦੀ ਟੀਮ ਨੂੰ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕਰਕੇ ਚੈਂਪੀਅਨਸ਼ਿਪ ਜਿੱਤੀ, ਜਦੋਂ ਕਿ ਕੇਰਲਾ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸੇ ਹੀ ਮੁਕਾਬਲੇ ਵਿੱਚ ਐੱਮ.ਵੀ. ਕਾਨਵੈਂਟ ਇੰਟਰ ਕਾਲਜ ਉੱਤਰ ਪ੍ਰਦੇਸ਼ ਦੀ ਟੀਮ ਨੇ ਕਲਪਨਾ ਚਾਵਲਾ ਵਿੱਦਿਆਪੀਠ ਹਰਿਆਣਾ ਦੀ ਟੀਮ ਨੂੰ ਹਰਾ ਕੇ ਤੀਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਲੜਕਿਆਂ ਦੇ ਹੋਏ ਫਾਇਨਲ ਮੁਕਾਬਲੇ ਵਿੱਚ ਚਿੱਤਰਕੂਟਾ ਸਕੂਲ ਬੰਗਲੌਰ ਦੀ ਟੀਮ ਨੇ ਡਾ. ਦੇਵ ਰਾਜ ਡੀ. ਏ. ਵੀ. ਸੀਨੀ. ਸੈਕੰ. ਪਬਲਿਕ ਸਕੂਲ ਲਹਿਰਾਗਾਗਾ ਪੰਜਾਬ ਦੀ ਟੀਮ ਨੂੰ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕਰਦੇ ਹੋਏ ਚੈਂਪੀਅਨਸ਼ਿਪ ਆਪਣੀ ਝੋਲੀ ਵਿੱਚ ਪਾਈ, ਜਦੋਂ ਕਿ ਪੰਜਾਬ ਦੀ ਟੀਮ ਨੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸੇ ਤਰ੍ਹਾਂ ਐੱਲ.ਆਰ. ਸਰਸਵਤੀ ਵਿੱਦਿਆ ਮੰਦਿਰ ਗਾਜ਼ੀਆਬਾਦ ਦੀ ਟੀਮ ਨੇ ਸ਼੍ਰੀ ਗੁਰੂ ਰਾਮ ਰਾਏ ਸੀਨੀ. ਸੈਕੰ. ਪਬਲਿਕ ਸਕੂਲ ਪੰਜਾਬ ਦੀ ਟੀਮ ਨੂੰ ਹਰਾ ਕੇ ਤੀਜਾ ਸਥਾਨ ਪ੍ਰਾਪਤ ਕੀਤਾ।

## ਕਲਸੀ ਵੱਲੋਂ ਬਟਾਲਾ ਸ਼ਹਿਰ 'ਚ ਵਿਕਾਸ ਕਾਰਜਾਂ ਦੀ ਸ਼ੁਰੂਆਤ



**ਬਟਾਲਾ (ਤਰਲੋਕ ਬੱਗਾ)**-ਅਮਨਸ਼ੇਰ ਸਿੰਘ ਸ਼ੈਰੀ ਕਲਸੀ ਹਲਕਾ ਵਿਧਾਇਕ ਬਟਾਲਾ ਵੱਲੋਂ ਅੱਜ ਬਟਾਲਾ ਸ਼ਹਿਰ ਵੱਖ ਵੱਖ ਵਿਕਾਸ ਕਾਰਜਾਂ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਸਭ ਤੋਂ ਪਹਿਲਾਂ ਦਸਵੇਂ ਗੁਰੂ ਸ੍ਰੀ ਗੁਰੂ ਗੋਬਿੰਦ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿੰਦਿਆਂ ਸਰਬੱਤ ਦੇ ਭਲੇ ਦੀ ਕਾਮਨਾ ਕੀਤੀ। ਅੱਜ ਵਿਧਾਇਕ ਸ਼ੈਰੀ ਕਲਸੀ ਵੱਲੋਂ ਸਵੇਰੇ ਕਰੀਬ 10 ਵਜੇ ਸੁੱਖਾ ਸਿੰਘ ਮਹਿਤਾਬ ਸਿੰਘ ਚੌਕ (ਫੁਹਾਰਾ ਚੌਕ) ਵਿਖੇ ਨਵੇਂ ਬਣਨ ਵਾਲੇ ਲੇਬਰ ਸ਼ੈੱਡ ਦੇ ਸ਼ੁਰੂ ਕਰਵਾਉਣ ਦਾ ਕੰਮ ਇੱਕ ਕਿਰਤੀ ਦੇ ਹੱਥੋਂ ਕਰਵਾਇਆ ਗਿਆ। ਉਨ੍ਹਾਂ ਕਿਹਾ ਕਿ ਕਾਫੀ ਲੰਮੇ ਸਮੇਂ ਤੋਂ ਮਜ਼ਦੂਰਾਂ ਦੀ ਮੰਗ ਸੀ ਕਿ ਉਨ੍ਹਾਂ ਨੂੰ ਸਰਦੀਆਂ ਅਤੇ ਗਰਮੀਆਂ 'ਚ ਇੱਥੇ ਬੈਠਣ ਦੀ ਬਹੁਤ ਮੁਸ਼ਕਲ ਆਉਂਦੀ ਹੈ, ਜਿਸ ਤਹਿਤ ਉਨ੍ਹਾਂ ਵੱਲੋਂ ਮਜ਼ਦੂਰਾਂ ਦੀ ਮੰਗ ਨੂੰ ਪੂਰਾ ਕਰਦਿਆ ਇੱਥੇ ਲੇਬਰ ਸ਼ੈੱਡ ਦੀ ਉਸਾਰੀ ਦਾ ਕੰਮ ਸ਼ੁਰੂ ਕਰਵਾਇਆ ਗਿਆ ਹੈ। ਇਸ ਉਪਰੰਤ ਵਿਧਾਇਕ ਸ਼ੈਰੀ ਵੱਲੋਂ ਹੰਸਲੀ ਪੁਲ ਦੇ ਨਜ਼ਦੀਕ ਜੋ ਬਾਬਾ ਬਾਲਕ ਨਾਥ ਮੰਦਿਰ ਨੂੰ ਜਾਣ ਵਾਲੀ ਸੜਕ ਦਾ ਕੰਮ ਸ਼ੁਰੂ ਕਰਵਾਇਆ। ਇਸ ਮੌਕੇ ਉਨ੍ਹਾਂ ਦੱਸਿਆ ਕੇ ਕਾਫੀ ਲੰਮੇ ਸਮੇਂ ਤੋਂ ਇਹ ਸੜਕ ਬਣਨ ਵਾਲੀ ਸੀ ਅਤੇ ਇੱਥੇ ਸੰਗਤਾਂ ਰੋਜ਼ਾਨਾ ਮੱਥਾ ਟੇਕਣ ਆਉਂਦੀਆਂ ਹਨ ਤੇ ਉਨ੍ਹਾਂ ਨੂੰ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਇਸ ਲਈ ਸੰਗਤਾਂ ਦੀ ਮੰਗ ਨੂੰ ਪੂਰਾ ਕਰਦਿਆਂ ਇਸ ਸੜਕ ਦਾ ਕੰਮ ਸ਼ੁਰੂ ਕੀਤਾ ਗਿਆ ਹੈ। ਇਸ ਉਪਰੰਤ ਵਿਧਾਇਕ ਸ਼ੈਰੀ ਕਲਸੀ ਵੱਲੋਂ ਸ਼ੇਰਾਂ ਵਾਲਾ ਦਰਵਾਜ਼ਾ (ਨਹਿਰੂ ਗੇਟ) ਵਿਖੇ ਰਿਕਸ਼ਾ ਯੂਨੀਅਨ ਦੀ ਮੰਗ ਸੀ ਕਿ ਉੱਥੇ ਉਨ੍ਹਾਂ ਨੂੰ ਸ਼ੈੱਡ ਪਾ ਕੇ ਦਿੱਤੀ ਜਾਵੇ ਅਤੇ ਅੱਜ ਉਨ੍ਹਾਂ ਦੀ ਮੰਗ ਪੂਰੀ ਕਰਦਿਆਂ ਇੱਕ ਰਿਕਸ਼ਾ ਚਾਲਕ ਹੱਥੋਂ ਕੰਮ ਸ਼ੁਰੂ ਕਰਵਾਇਆ ਗਿਆ। ਇਸ ਨਾਲ ਰਿਕਸ਼ਾ ਯੂਨੀਅਨ ਨੂੰ ਕਾਫੀ ਸਹੂਲਤ ਮਿਲੇਗੀ। ਇਸ ਉਪਰੰਤ ਵਿਧਾਇਕ ਸ਼ੈਰੀ ਕਲਸੀ ਨੇ ਕਿਲਾ ਮੰਡੀ ਜੋ ਕਿ ਸ਼ੇਰਾ ਵਾਲੇ ਦਰਵਾਜ਼ੇ ਦੇ ਅੰਦਰ ਹੈ, ਇਕ ਪੁਰਾਣੇ ਸਿਹਤ ਇਮਾਰਤ ਦਾ ਨਵੀਨੀਕਰਨ ਕੰਮ ਸ਼ੁਰੂ ਕਰਵਾਇਆ ਗਿਆ। ਉਨ੍ਹਾ ਕਿਹਾ ਕਿ 26 ਜਨਵਰੀ 2023 ਤੱਕ ਇਥੇ ਆਮ ਆਦਮੀ ਕਲੀਨਿਕ ਸ਼ੁਰੂ ਹੋ ਜਾਵੇਗਾ। ਲੋਕਾਂ ਨੂੰ ਇਥੇ ਮੁਫਤ ਦਵਾਈਆਂ, ਉਨ੍ਹਾਂ ਦੇ ਟੈਸਟ ਤੇ ਮਾਹਰ ਡਾਕਟਰਾਂ ਵੱਲੋਂ ਉਨ੍ਹਾਂ ਦਾ ਚੈੱਕਅਪ ਕੀਤਾ ਜਾਵੇਗਾ। ਉਨ੍ਹਾ ਦੱਸਿਆ ਕਿ ਉਨ੍ਹਾ ਦੇ ਧਿਆਨ ਵਿੱਚ ਲਿਆਂਦਾ ਗਿਆ ਸੀ ਕਿ ਸ਼ਹਿਰ ਵਿੱਚ ਕਿਲਾ ਮੰਡੀ ਵਿਖੇ ਹਸਪਤਾਲ ਦੇ ਨਵੀਨੀਕਰਨ ਦੀ ਲੋੜ ਹੈ, ਜਿਸ ਨੂੰ ਮੁੱਖ ਰੱਖਦਿਆਂ ਲੋਕਾਂ ਦੀ ਮੰਗ ਨੂੰ ਪੂਰਾ ਕਰਦਿਆਂ ਸ਼ਹਿਰ ਵਿੱਚ ਕਿਲਾ ਮੰਡੀ ਵਿਖੇ ਜਨਾਨਾ ਹਸਪਤਾਲ ਸੀ, ਜਿਸ ਦੀ ਇਮਾਰਤ ਖੰਡਰ ਹੋ ਚੁੱਕੀ ਸੀ, ਉਸ ਦਾ ਨਵੀਨੀਕਰਨ ਦਾ ਅੱਜ ਦੁਬਾਰਾ ਕੰਮ ਸ਼ੁਰੂ ਕਰਵਾਇਆ ਗਿਆ। ਇਸ ਉਪਰੰਤ ਵਿਧਾਇਕ ਸ਼ੈਰੀ ਕਲਸੀ ਵੱਲੋਂ ਕਾਹਨੂੰਵਾਨ ਰੋਡ 'ਤੇ ਵਾਰਡ ਨੰ. 5 ਸਾਗਰਪੁਰ ਵਿਖੇ ਵੱਖ-ਵੱਖ ਕੰਮਾਂ ਦੀ ਸ਼ੁਰੂਆਤ ਕੀਤੀ ਗਈ। ਉਨ੍ਹਾ ਕਿਹਾ ਕਿ ਵਾਰਡ ਵਾਸੀਆਂ ਦੀ ਹਰ ਮੁਸ਼ਕਲ ਪਹਿਲ ਦੇ ਅਧਾਰ 'ਤੇ ਪੂਰੀ ਕੀਤੀ ਜਾਵੇਗੀ।

ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਭਗਵੰਤ ਸਿੰਘ ਮਾਨ, ਮੁੱਖ ਮੰਤਰੀ ਪੰਜਾਬ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸਰਬਪੱਖੀ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ ਅਤੇ ਹਰ ਵਰਗ ਦੇ ਹਿੱਤ ਵਿੱਚ ਇਤਿਹਾਸਕ ਫੈਸਲੇ ਲਏ ਗਏ ਹਨ। ਇਸ ਮੌਕੇ ਨਾਇਬ ਤਹਿਸੀਲਦਾਰ ਲਖਵਿੰਦਰ ਸਿੰਘ, ਐਕਸੀਅਨ ਹਰਜੋਤ ਸਿੰਘ ਲੋਕ ਨਿਰਮਾਣ ਵਿਭਾਗ ਬਟਾਲਾ, ਸਿਟੀ ਪ੍ਰਧਾਨ ਆਪ ਪਾਰਟੀ ਰਾਜੇਸ਼ ਤੁਲੀ, ਦਿਨੇਸ਼ ਖੋਸਲਾ ਵਾਰਡ ਨੰ. 40 ਇੰਚਾਰਜ, ਅਤਰ ਸਿੰਘ ਜ਼ਿਲ੍ਹਾ ਮੀਤ ਪ੍ਰਧਾਨ, ਯਸਪਾਲ ਚੌਹਾਨ, ਗਗਨਦੀਪ, ਨਿੱਕੂ ਹੰਸਪਾਲ, ਮਾਣਕ ਮਹਿਤਾ, ਡਾ. ਤਜਿੰਦਰ ਕੌਰ ਡੀ ਐੱਫ ਪੀ ਓ, ਅਸ਼ੋਕ ਲੂਥਰਾ, ਮਨੀਸ਼ ਅਗਰਵਾਲ, ਮਨਜੀਤ ਸਿੰਘ ਭੁੱਲਰ, ਗੁਰਪ੍ਰੀਤ ਸਿੰਘ ਗਿੱਲ, ਸਵਰਨਕਾਰ ਸੰਘ ਨਰਿੰਦਰ ਕਰਵਲ, ਮਨੋਜ ਢਿੱਲਾ, ਲਾਲੀ ਕੰਸਰਾਜ, ਆਸ਼ੂ ਗੋਇਲ, ਵਿਨੋਦ ਬੇਦੀ, ਅੰਮ੍ਰਿਤ ਚੌਹਾਨ, ਅਨਿਲ ਵਰਮਾਂ, ਸਦੀਕ ਮਸੀਹ, ਗੋਰੀ ਪ੍ਰਧਾਨ ਰਿਕਸ਼ਾ ਯੂਨੀਆਨ, ਰਾਜੂ, ਕਾਕਾ, ਸੋਨੀ ਆਦਿ ਹਾਜਰ ਸਨ।


## ਅਨੁਸੂਚਿਤ ਕਬੀਲਿਆਂ ਲਈ ਵਿਸ਼ੇਸ਼ ਭਰਤੀ ਮੁਹਿੰਮ

ਐੱਨ ਟੀ ਪੀ ਸੀ ਲਿਮਟਿਡ ਭਾਰਤ ਦੀ 70, 824 ਮੈਗਾਵਾਟ ਦੀ ਸਮਰੱਥਾ ਵਾਲੀ ਸਭ ਤੋਂ ਵੱਡੀ ਏਕੀਕ੍ਰਿਤ ਪਾਵਰ ਕੰਪਨੀ ਹੈ ਅਤੇ ਬਿਜਲੀ ਪੈਦਾ ਕਰਨ ਦੇ ਬਿਜ਼ਨਸ ਦੀ ਸਮੁੱਚੀ ਕੜੀ 'ਚ ਸ਼ਾਮਲ ਹੈ। ਸਾਡੇ ਦੇਸ਼ ਦੀਆਂ ਵਿਕਾਸ ਚੁਣੌਤੀਆਂ ਦੇ ਅਨੁਰੂਪ, ਐੱਨ ਟੀ ਪੀ ਸੀ ਨੇ 2032 ਤੱਕ 130 ਜੀ ਡਬਲਯੂ ਕੁੱਲ ਸਮਰੱਥਾ ਹਾਸਲ ਕਰਨ ਲਈ ਅਭਿਲਾਸ਼ੀ ਯੋਜਨਾ ਸ਼ੁਰੂ ਕੀਤੀ ਹੈ।
ਐੱਨ ਟੀ ਪੀ ਸੀ ਹੇਠਾਂ ਦਰਸਾਏ ਵੇਰਵੇ ਅਨੁਸਾਰ ਤਜਰਬੇਕਾਰ ਅਨੁਸੂਚਿਤ ਕਬੀਲਿਆਂ ਦੇ ਉਮੀਦਵਾਰਾਂ ਲਈ ਵਿਸ਼ੇਸ਼ ਭਰਤੀ ਮੁਹਿੰਮ ਸ਼ੁਰੂ ਕਰ ਰਹੀ ਹੈ।

| ਅਸਾਮੀ ਦਾ ਨਾਂਅ | ਅਸਾਮੀਆਂ ਦੀ ਗਿਣਤੀ | ਲੋੜੀਂਦੀ ਯੋਗਤਾ |
|---|---|---|
| ਇੰਜੀਨੀਅਰ (ਅਪਰੇਸ਼ਨਜ਼) ਡਿਸਪਲਿਨ ਇਲੈਕਟ੍ਰੀਕਲ (ਗਰੇਡ ਈ2) | 3 | ਇਲੈਕਟ੍ਰੀਕਲ/ਇਲੈਕਟ੍ਰੀਕਲ ਅਤੇ ਇਲੈਕਟ੍ਰਾਨਿਕਸ/ਇਲੈਕਟ੍ਰੀਕਲ ਇਸਟਰੂ ਮੈਨਟੇਸ਼ਨ ਅਤੇ ਕੰਟਰੋਲ/ਪਾਵਰ ਸਿਸਟਮਜ਼ ਅਤੇ ਹਾਈ ਵੋਲਟੇਜ਼/ਪਾਵਰ ਇਲੈਕਟ੍ਰਾਨਿਕਸ/ਪਾਵਰ ਇੰਜੀਨੀਅਰਿੰਗ 'ਚ ਇੰਜੀਨੀਅਰਿੰਗ ਡਿਗਰੀ |
| ਅਸਿਸਟੈਂਟ ਕੈਮਿਸਟ (ਗਰੇਡ ਈ0) | 3 | ਐੱਮ ਐੱਸ ਸੀ ਕੈਮਿਸਟਰੀ |

ਯੋਗਤਾ ਪਾਤਰਤਾ, ਲੋੜੀਂਦਾ ਤਜਰਬਾ, ਉਪਰਲੀ ਉਮਰ ਦੀ ਹੱਦ, ਪੇ ਸਕੇਲ, ਹੋਰ ਸ਼ਰਤਾਂ ਅਤੇ ਨਿਯਮਾਂ ਅਤੇ ਬਿਨੈ ਕਰਨ ਦੇ ਵਿਸਥਾਰ ਬਾਰੇ ਸਾਡੀ ਵੈੱਬਸਾਈਟ careers.ntpc.co.in ਜਾਂ ਕੈਰੀਅਰਜ਼ ਸੈਕਸ਼ਨ www.ntpc.co.in ਵੇਖੇ ਜਾਣ। ਕੇਵਲ ਆਨਲਾਈਨ ਮੋਡ ਰਾਹੀਂ ਹੀ ਬਿਨੈਪੱਤਰ ਸਵੀਕਾਰ ਕੀਤਾ ਜਾਵੇਗਾ। ਆਨਲਾਈਨ ਬਿਨੈਪੱਤਰ ਪੋਟਰਲ 30.12.2022 ਤੋਂ 20.01.2023 ਤੱਕ ਖੁੱਲ੍ਹਾ ਰਹੇਗਾ। ਅੱਗੇ ਕੋਈ ਹੋਰ ਵਾਧਾ/ਸੋਧੀ ਅਪਡੇਟ ਸਿਰਫ ਸਾਡੀ ਵੈੱਬਸਾਈਟ 'ਤੇ ਪ੍ਰਕਾਸ਼ਤ ਕੀਤੀ ਜਾਵੇਗੀ।

Adv.No. 28/22

ਐਨਟੀਪੀਸੀ NTPC

www.ntpc.co.in /ntpc1 /ntpcltd1 /ntpclimited /Company/ntpc /ntpclimited

CBC 34126/12/0019/2023


ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Fatehpuri**

ਸੰਪਾਦਕ : **ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਮਾਨ ਸਰਕਾਰ ਨੇ ਸਾਲ 2022 ਦੌਰਾਨ ਕਿਸਾਨਾਂ ਦੀ ਭਲਾਈ ਲਈ ਕਿਸਾਨ ਪੱਖੀ ਫੈਸਲੇ ਕੀਤੇ : ਧਾਲੀਵਾਲ

**ਚੰਡੀਗੜ੍ਹ, ( ਗੁਰਜੀਤ ਬਿੱਲਾ )**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਸਾਲ 2022 ਦੌਰਾਨ ਸੂਬੇ ਦੇ ਕਿਸਾਨਾਂ ਦੀ ਭਲਾਈ ਲਈ ਕਿਸਾਨ ਪੱਖੀ ਫ਼ੈਸਲੇ ਕੀਤੇ ਹਨ। ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਹੁਣ ਤੱਕ ਕਿਸਾਨ ਸੰਘਰਸ਼ ਦੌਰਾਨ ਸ਼ਹੀਦ ਹੋਏ 634 ਕਿਸਾਨਾਂ ਦੇ ਵਾਰਿਸਾਂ ਨੂੰ 5 ਲੱਖ ਰੁਪਏ ਦੇ ਹਿਸਾਬ ਨਾਲ ਕੁੱਲ 31 ਕਰੋੜ 70 ਲੱਖ ਰੁਪਏ ਜਾਰੀ ਕੀਤੇ ਹਨ। ਇਸੇ ਤਰ੍ਹਾਂ ਕਿਸਾਨਾਂ ਦੇ 326 ਵਾਰਿਸਾਂ ਨੂੰ ਵੱਖ-ਵੱਖ ਵਿਭਾਗਾਂ ਵਿੱਚ ਸਰਕਾਰੀ ਨੌਕਰੀ ਦਿੱਤੀ ਜਾ ਚੁੱਕੀ ਹੈ, 98 ਨੂੰ ਨੌਕਰੀ ਦੇਣ ਲਈ ਵੈਰੀਫਿਕੇਸ਼ਨ ਮੁਕੰਮਲ ਹੋ ਗਈ ਹੈ ਜਦਕਿ 210 ਹੋਰਾਂ ਨੂੰ ਸਰਕਾਰੀ ਨੌਕਰੀ ਦੇਣ ਲਈ ਪ੍ਰਕਿਰਿਆ ਮੁਕੰਮਲ ਕੀਤੀ ਜਾ ਰਹੀ ਹੈ। ਮੰਤਰੀ ਨੇ ਦੱਸਿਆ ਕਿ ਸੂਬੇ ਵਿੱਚ ਫਸਲੀ ਵਿਭਿੰਨਤਾ ਨੂੰ ਹੁਲਾਰਾ ਦੇਣ ਲਈ ਮੂੰਗੀ ਦੀ ਫਸਲ ਦਾ ਘੱਟੋ-ਘੱਟ ਸਮਰਥਨ ਮੁੱਲ 7275 ਪ੍ਰਤੀ ਕੁਇੰਟਲ ਨਿਰਧਾਰਤ ਕੀਤਾ ਅਤੇ ਕੁੱਲ 61.85 ਕਰੋੜ ਰੁਪਏ 15,737 ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਸਿੱਧੇ ਟਰਾਂਸਫਰ ਕੀਤੇ ਹਨ। ਉਨ੍ਹਾਂ ਦੱਸਿਆ ਕਿ ਇਹ ਸੂਬਾ ਸਰਕਾਰ ਵੱਲੋਂ ਇਹ ਪਹਿਲ ਫਸਲੀ ਵਿਭਿੰਨਤਾ ਨੂੰ ਉਤਸਾਹਿਤ ਕਰਨ ਲਈ ਕੀਤੀ ਗਈ ਸੀ, ਜਿਸਨੂੰ ਚੰਗਾ ਹੁੰਗਾਰਾ ਵੀ ਮਿਲਿਆ ਸੀ। ਧਾਲੀਵਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਨ ਲਈ ਉਤਸ਼ਾਹਿਤ ਕੀਤਾ ਜਾ ਰਿਹਾ ਹੈ ਤਾਂ ਜੋ ਪਾਣੀ ਦੀ ਲਗਾਤਾਰ ਹੋ ਰਹੀ ਕਮੀ ਨੂੰ ਰੋਕਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਸਾਉਣੀ 2022 ਦੌਰਾਨ ਅਧੀਨ ਤਸਦੀਕ ਕੀਤੀ ਗਈ ਕੁੱਲ ਜ਼ਮੀਨ 169008 ਏਕੜ ਹੈ ਜਿਸ ਲਈ 1500 ਰੁਪਏ ਪ੍ਰਤੀ ਏਕੜ ਅਤੇ ਕੁੱਲ 25.06 ਕਰੋੜ ਰੁਪਏ ਦੀ ਰਾਸ਼ੀ ਕਿਸਾਨਾਂ ਨੂੰ ਜਾਰੀ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਰਾਹਤ ਦਿੰਦਿਆਂ ਗੰਨੇ ਦਾ ਭਾਅ 20 ਰੁਪਏ ਪ੍ਰਤੀ ਕੁਇੰਟਲ ਵਧਾਇਆ ਹੈ ਅਤੇ ਸਹਿਕਾਰੀ ਦੇ ਪ੍ਰਾਈਵੇਟ ਖੰਡ ਮਿੱਲਾਂ ਨੂੰ 492 ਕਰੋੜ ਰੁਪਏ ਜਾਰੀ ਕੀਤੇ ਹਨ ਤਾਂ ਜੋ ਕਿਸਾਨਾਂ ਨੂੰ ਲਾਭ ਦਿੱਤਾ ਜਾ ਸਕੇ। ਧਾਲੀਵਾਲ ਨੇ ਦੱਸਿਆ ਕਿ ਖੇਤੀਬਾੜੀ ਪੰਜਾਬ ਦੀ ਆਰਥਿਕਤਾ ਦਾ ਇੱਕ ਮਹੱਤਵਪੂਰਨ ਅੰਗ ਹੈ। ਪੰਜਾਬ ਨੇ ਪਿਛਲੇ ਪੰਜ ਦਹਾਕਿਆਂ ਤੋਂ ਦੇਸ਼ ਦੀ ਅਨਾਜ ਸੁਰੱਖਿਆ ਨੂੰ ਯਕੀਨੀ ਬਣਾਇਆ ਹੈ ਅਤੇ ਦੇਸ਼ ਲਈ ਲੋੜੀਂਦਾ ਫੂਡ ਸਟਾਕ ਬਣਾਈ ਰੱਖਿਆ ਹੈ। ਪੰਜਾਬ ਨੇ ਸਾਲ 2021-22 ਦੌਰਾਨ ਦੇਸ਼ ਦੇ ਅੰਨ ਭੰਡਾਰ ਦਾ 31 ਫੀਸਦੀ ਕਣਕ ਅਤੇ ਚਾਵਲ ਦਾ 21 ਫੀਸਦੀ ਯੋਗਦਾਨ ਪਾਇਆ ਹੈ। ਉਨ੍ਹਾਂ ਦੱਸਿਆ ਕਿ ਭੂਗੋਲਿਕ ਤੌਰ 'ਤੇ ਪੰਜਾਬ ਦਾ 50.33 ਲੱਖ ਹੈਕਟੇਅਰ ਰਕਬਾ ਹੈ, ਜਿਸ ਵਿੱਚੋਂ ਲਗਭਗ 41.27 ਲੱਖ ਹੈਕਟੇਅਰ ਖੇਤੀਬਾੜੀ ਲਈ ਵਰਤਿਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ 40.74 ਲੱਖ ਹੈਕਟੇਅਰ (98.9 ਫੀਸਦੀ) ਵਿੱਚ ਸਿੰਚਾਈ ਕੀਤੀ ਜਾਂਦੀ ਹੈ। ਸੂਬੇ ਦੀ ਫਸਲ ਦੀ ਤੀਬਰਤਾ 189 ਫੀਸਦੀ ਤੋਂ ਵੱਧ ਹੈ। ਇਹ ਦੇਸ਼ ਵਿੱਚ ਲਗਭਗ 18 ਫੀਸਦੀ ਕਣਕ, 11 ਫੀਸਦੀ ਚਾਵਲ ਅਤੇ 4 ਫੀਸਦੀ ਕਪਾਹ, 10 ਫੀਸਦੀ ਦੁੱਧ, 20 ਫੀਸਦੀ ਸ਼ਹਿਦ ਅਤੇ 48 ਫੀਸਦੀ ਖੁੰਬਾਂ ਦਾ ਉਤਪਾਦਨ ਕਰਦਾ ਹੈ।ਖੇਤੀਬਾੜੀ ਮੰਤਰੀ ਨੇ ਦੱਸਿਆ ਕਿ ਫਸਲੀ ਵਿਭਿੰਨਤਾ ਸੂਬਾ ਸਰਕਾਰ ਦਾ ਇੱਕ ਪ੍ਰਮੁੱਖ ਏਜੰਡਾ ਹੈ ਤਾਂ ਜੋ ਝੋਨੇ-ਕਣਕ ਦੀ ਫਸਲ ਪ੍ਰਣਾਲੀ ਹੇਠ ਰਕਬਾ ਘਟਾਇਆ ਜਾ ਸਕੇ ਅਤੇ ਧਰਤੀ ਹੇਠਲੇ ਪਾਣੀ ਨੂੰ ਬਚਾਇਆ ਜਾ ਸਕੇ। ਉਨ੍ਹਾਂ ਦੱਸਿਆ ਕਿ ਕਪਾਹ, ਮੱਕੀ, ਤੇਲ ਬੀਜਾਂ ਅਤੇ ਦਾਲਾਂ ਵਰਗੀਆਂ ਘੱਟ ਪਾਣੀ ਦੀ ਖਪਤ ਵਾਲੀਆਂ ਫਸਲਾਂ ਹੇਠ ਰਕਬਾ ਵਧਾਉਣ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਸਾਲ 2021 ਵਿੱਚ ਖਾਣ ਵਾਲੇ ਤੇਲ ਦੀ ਫਸਲ ਦਾ ਰਕਬਾ 31600 ਹੈਕਟੇਅਰ ਸੀ, ਪਰ ਸਾਲ 2022 ਵਿੱਚ ਇਹ ਵਧ ਕੇ 43900 ਹੈਕਟੇਅਰ ਹੋ ਗਿਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਦੇ ਯੰਤਰਾਂ 'ਤੇ ਸਬਸਿਡੀ ਉਪਲੱਬਧ ਕਰਵਾਉਣ ਤੋਂ ਇਲਾਵਾ ਕਿਸਾਨਾਂ ਨੂੰ ਤਕਨੀਕਾਂ ਅਪਣਾਉਣ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਨੇ ਫਸਲਾਂ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਉਪਲਬਧ ਤਕਨੀਕਾਂ ਬਾਰੇ ਜਾਣਕਾਰੀ ਸਾਂਝੀ ਕਰਨ ਲਈ ਵੱਖ-ਵੱਖ ਮਾਧਿਅਮਾਂ ਰਾਹੀਂ ਕਿਸਾਨਾਂ ਤੱਕ ਪਹੁੰਚ ਕੀਤੀ ਹੈ। ਧਾਲੀਵਾਲ ਨੇ ਅੱਗੇ ਦੱਸਿਆ ਕਿ ਸੂਬਾ ਸਰਕਾਰ ਪਰਾਲੀ ਦੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ ਗੰਭੀਰਤਾ ਨਾਲ ਯਤਨ ਕਰ ਰਹੀ ਹੈ। ਉਨ੍ਹਾਂ ਦੱਸਿਆ ਕਿ ਸਰਕਾਰ ਦੇ ਯਤਨਾਂ ਦੇ ਨਤੀਜੇ ਵਜੋਂ ਸਾਲ 2021 ਦੇ ਮੁਕਾਬਲੇ ਖੇਤਾਂ ਵਿੱਚ ਅੱਗ ਲੱਗਣ ਦੀ ਗਿਣਤੀ 71304 ਦੇ ਮੁਕਾਬਲੇ ਸਾਲ 2022 ਘੱਟ ਕੇ ਵਿੱਚ 49922 ਰਹਿ ਗਈ ਹੈ, ਜੋ ਕਿ ਲਗਭਗ 30 ਫੀਸਦੀ ਘੱਟ ਹੈ।

# ਖ਼ਾਲਸਾ ਕਾਲਜ ਗਵਰਨਿੰਗ ਕੌਂਸਲ ਨੇ ਪ੍ਰਕਾਸ਼ ਪੁਰਬ ਸ਼ਰਧਾ ਸਹਿਤ ਮਨਾਇਆ

**ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ)** : ਖਾਲਸਾ ਕਾਲਜ ਗਵਰਨਿੰਗ ਕੌਂਸਲ ਵੱਲੋਂ ਖਾਲਸਾ ਕਾਲਜ 'ਚ ਸਥਿਤ ਗੁਰਦੁਆਰਾ ਸਾਹਿਬ ਵਿਖੇ ਸਰਬੰਸਦਾਨੀ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਬੜੇ ਹੀ ਉਤਸ਼ਾਹ ਤੇ ਸ਼ਰਧਾ ਭਾਵਨਾ ਸਹਿਤ ਮਨਾਇਆ ਗਿਆ। ਗੁਰਦੁਆਰਾ ਸਾਹਿਬ ਵਿਖੇ ਰਖਾਏ ਗਏ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਉਪਰੰਤ ਖਾਲਸਾ ਕਾਲਜ ਇੰਸਟੀਚਿਊਟ ਆਫ਼ ਗੁਰਮਤਿ ਸਟੱਡੀਜ਼ ਦੇ ਵਿਦਿਆਰਥੀਆਂ ਵੱਲੋਂ 'ਵਾਹੁ ਵਾਹੁ ਗੋਬਿੰਦ ਸਿੰਘ ਆਪੇ ਗੁਰ ਚੇਲਾ', ਮਿੱਤਰੁ ਪਿਆਰੇ ਨੂੰ ਹਾਲੁ ਮੁਰੀਦਾਂ ਦਾ ਕਹਣਾ ਅਤੇ 'ਬੋਲੋ ਸੋ ਨਿਹਾਲ, ਸਤਿ ਸ੍ਰੀ ਅਕਾਲ' ਆਦਿ ਗੁਰ ਜਸ ਗਾਇਨ ਕਰਕੇ ਆਈ ਹੋਈ ਸੰਗਤ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਗੁਰੂ ਚਰਨਾਂ 'ਚ ਹਾਜ਼ਰੀ ਲਵਾਉਣ ਲਈ ਪੁੱਜੇ ਕੌਂਸਲ ਦੇ ਆਨਰੇਰੀ ਸਕੱਤਰ ਰਜਿੰਦਰ ਮੋਹਨ ਸਿੰਘ ਛੀਨਾ ਨੇ ਕਲਗੀਧਰ ਪਿਤਾ ਜੀ ਦੇ ਪ੍ਰਕਾਸ਼ ਪੁਰਬ ਦੀ ਦੇਸ਼-ਵਿਦੇਸ਼ 'ਚ ਵਸਦੀ ਸਮੂਹ ਸੰਗਤ ਨੂੰ ਵਧਾਈ ਦਿੰਦਿਆਂ ਕਿਹਾ ਕਿ ਗੁਰੂ ਸਾਹਿਬ ਜੀ ਵੱਲੋਂ ਦੇਸ਼ ਕੌਮ, ਮਜ਼ਲੂਮਾਂ ਦੀ ਰੱਖਿਆ ਅਤੇ ਧਰਮ ਖਾਤਰ ਦਿੱਤੀ ਗਈ ਕੁਰਬਾਨੀ ਅਭੁੱਲ ਹੈ। ਉਨ੍ਹਾ ਕਿਹਾ ਦਸਮ ਪਿਤਾ ਜੀ ਨੇ ਜ਼ੁਲਮ ਦੇ ਖਾਤਮੇ ਅਤੇ ਕੌਮ ਦੀ ਰੱਖਿਆ ਲਈ ਆਪਣਾ ਸਰਬੰਸ ਵਾਰ ਦਿੱਤਾ ਸੀ। ਇਸ ਮੌਕੇ ਛੀਨਾ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਗੁਰੂ ਸਾਹਿਬ ਜੀ ਦੇ ਉਪਦੇਸ਼ਾਂ ਨੂੰ ਅਪਣਾਉਂਦਿਆਂ ਉਨ੍ਹਾਂ ਦੁਆਰਾ ਵਿਖਾਏ ਗਏ ਸੱਚੇ ਮਾਰਗ 'ਤੇ ਚਲਦਿਆਂ ਦੇਸ਼, ਕੌਮ ਅਤੇ ਕਮਜ਼ੋਰਾਂ ਦੀ ਸਹਾਇਤਾ ਲਈ ਹਮੇਸ਼ਾ ਤੱਤਪਰ ਰਹਿਣਾ ਚਾਹੀਦਾ ਹੈ। ਇਸ ਮੌਕੇ ਸਿੱਖ ਇਤਿਹਾਸ ਵਿਦਵਾਨ ਅਤੇ ਖ਼ਾਲਸਾ ਕਾਲਜ ਸੀਨੀਅਰ ਸੈਕੰਡਰੀ ਸਕੂਲ ਦੇ ਪ੍ਰਿੰਸੀਪਲ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਬਾਦਸ਼ਾਹ ਦਰਵੇਸ਼ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਜੀਵਨ ਫ਼ਲਸਫ਼ੇ ਬਾਰੇ ਆਈ ਹੋਈ ਸੰਗਤ ਨੂੰ ਵਿਸਥਾਰ ਪੂਰਵਕ ਚਾਨਣਾ ਪਾਇਆ। ਉਪਰੰਤ ਗੁਰੂ ਕਾ ਲੰਗਰ ਵੀ ਵਰਤਾਇਆ ਗਿਆ। ਇਸ ਮੌਕੇ ਛੀਨਾ ਨੇ ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਡਾ. ਮਹਿਲ ਸਿੰਘ ਨਾਲ ਮਿਲ ਕੇ ਕੀਰਤਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ। ਇਸ ਮੌਕੇ ਕੌਂਸਲ ਦੇ ਜੁਆਇੰਟ ਸਕੱਤਰ ਅਜਮੇਰ ਸਿੰਘ ਹੇਰ, ਮੈਂਬਰ ਗੁਰਪ੍ਰੀਤ ਸਿੰਘ ਗਿੱਲ, ਖਾਲਸਾ



ਕਾਲਜ ਫ਼ਾਰ ਵੂਮੈਨ ਪ੍ਰਿੰਸੀਪਲ ਡਾ. ਸੁਰਿੰਦਰ ਕੌਰ, ਖ਼ਾਲਸਾ ਕਾਲਜ ਆਫ਼ ਲਾਅ ਪ੍ਰਿੰਸੀਪਲ ਡਾ. ਜਸਪਾਲ ਸਿੰਘ, ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ, ਰਣਜੀਤ ਐਵੀਨਿਊ ਪ੍ਰਿੰਸੀਪਲ ਡਾ. ਸੁਰਿੰਦਰਪਾਲ ਕੌਰ ਢਿੱਲੋਂ, ਖਾਲਸਾ ਕਾਲਜ ਆਫ਼ ਫ਼ਾਰਮੇਸੀ ਪ੍ਰਿੰਸੀਪਲ ਡਾ. ਆਰ ਕੇ ਧਵਨ, ਖ਼ਾਲਸਾ ਕਾਲਜ ਆਫ਼ ਵੈਟਰਨਰੀ ਐਂਡ ਐਨੀਮਲ ਸਾਇੰਸਸ ਪ੍ਰਿੰਸੀਪਲ ਡਾ. ਹਰੀਸ਼ ਕੁਮਾਰ ਵਰਮਾ, ਖ਼ਾਲਸਾ ਕਾਲਜ ਆਫ਼ ਫ਼ਿਜ਼ੀਕਲ ਐਜੂਕੇਸ਼ਨ ਪ੍ਰਿੰਸੀਪਲ ਡਾ. ਕੰਵਲਜੀਤ ਸਿੰਘ, ਖ਼ਾਲਸਾ ਕਾਲਜ ਆਫ਼ ਨਰਸਿੰਗ ਪ੍ਰਿੰਸੀਪਲ ਡਾ. ਅਮਨਪ੍ਰੀਤ ਕੌਰ, ਸ੍ਰੀ ਗੁਰੂ ਤੇਗ ਬਹਾਦਰ ਕਾਲਜ ਫ਼ਾਰ ਵੂਮੈਨ ਪ੍ਰਿੰਸੀਪਲ ਨਾਨਕ ਸਿੰਘ, ਖ਼ਾਲਸਾ ਕਾਲਜ ਚਵਿੰਡਾ ਦੇਵੀ ਪ੍ਰਿੰਸੀਪਲ ਪ੍ਰੋ: ਗੁਰਦੇਵ ਸਿੰਘ, ਖ਼ਾਲਸਾ ਕਾਲਜ ਪਬਲਿਕ ਸਕੂਲ ਪ੍ਰਿੰਸੀਪਲ ਸ: ਅਮਰਜੀਤ ਸਿੰਘ ਗਿੱਲ, ਖ਼ਾਲਸਾ ਕਾਲਜ ਪਬਲਿਕ ਸਕੂਲ, ਹੇਰ ਪ੍ਰਿੰਸੀਪਲ ਗੁਰਿੰਦਰਜੀਤ ਕੰਬੋਜ, ਖ਼ਾਲਸਾ ਕਾਲਜ ਇੰਟਰਨੈਸ਼ਨਲ ਪਬਲਿਕ ਸਕੂਲ, ਰਣਜੀਤ ਐਵੀਨਿਊ ਪ੍ਰਿੰਸੀਪਲ ਨਿਰਮਲਜੀਤ ਕੌਰ ਗਿੱਲ, ਕੌਂਸਲ ਦੇ ਅੰਡਰ ਸੈਕਟਰੀ ਡੀ ਐੱਸ ਰਟੌਲ, ਕਾਲਜ ਅਧਿਆਪਕ, ਸਟਾਫ ਮੈਂਬਰ ਅਤੇ ਵਿਦਿਆਰਥੀ ਹਾਜ਼ਰ ਸਨ।

# ਮੁੱਖ ਮੰਤਰੀ ਵੱਲੋਂ 'ਖੇਡਾਂ ਹਲਕਾ ਸੁਨਾਮ ਦੀਆਂ' ਦਾ ਪੋਸਟਰ ਰਿਲੀਜ਼

**ਚੰਡੀਗੜ੍ਹ, (ਗੁਰਜੀਤ ਬਿੱਲਾ)**— ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪੰਜਾਬ ਦੇ ਸੂਚਨਾ ਤੇ ਲੋਕ ਸੰਪਰਕ ਮੰਤਰੀ ਅਮਨ ਅਰੋੜਾ ਦੇ ਸਵਰਗੀ ਪਿਤਾ ਅਤੇ ਸਾਬਕਾ ਮੰਤਰੀ ਬਾਬੂ ਭਗਵਾਨ ਦਾਸ ਅਰੋੜਾ ਦੀ ਯਾਦ ਵਿੱਚ ਕਰਵਾਈਆਂ ਜਾ ਰਹੀਆਂ 'ਖੇਡਾਂ ਹਲਕਾ ਸੁਨਾਮ ਦੀਆਂ' ਦਾ ਪੋਸਟਰ ਰਿਲੀਜ ਕੀਤਾ ਗਿਆ ਹੈ। ਇੱਥੇ ਮੁੱਖ ਮੰਤਰੀ ਦੀ ਰਿਹਾਇਸ਼ ਵਿਖੇ ਪੋਸਟਰ ਰਿਲੀਜ ਹੋਣ ਉਪਰੰਤ ਅਮਨ ਅਰੋੜਾ ਨੇ ਦੱਸਿਆ ਕਿ ਬਾਬੂ ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸ਼ਨ ਵੱਲੋਂ ਸਪਾਂਸਰ 'ਖੇਡਾਂ ਹਲਕਾ ਸੁਨਾਮ ਦੀਆਂ' ਟੂਰਨਾਮੈਂਟ ਸ਼ਹੀਦ ਭਾਈ ਮਤੀ ਦਾਸ ਸੀਨੀਅਰ ਸੈਕੰਡਰੀ ਸਕੂਲ, ਲੌਂਗੋਵਾਲ ਵਿਖੇ 4 ਫਰਵਰੀ ਤੋਂ 5 ਫਰਵਰੀ, 2023 ਤੱਕ ਕਰਵਾਇਆ ਜਾਵੇਗਾ। ਜ਼ਿਕਰਯੋਗ ਹੈ ਕਿ ਬਾਬੂ ਭਗਵਾਨ ਦਾਸ ਅਰੋੜਾ ਮੈਮੋਰੀਅਲ ਫਾਊਂਡੇਸਨ ਪਿਛਲੇ ਇਕ ਦਹਾਕੇ ਤੋਂ ਹਲਕੇ ਵਿੱਚ ਮੈਡੀਕਲ ਕੈਂਪ ਲਗਾਉਣ ਦੇ ਨਾਲ ਨਾਲ ਲੋਕਾਂ ਦੀ ਭਲਾਈ




ਲਈ ਸਮਾਜ ਸੇਵਾ ਦੇ ਹੋਰ ਕਾਰਜ ਵੀ ਕਰ ਰਹੀ ਹੈ। 'ਖੇਡਾਂ ਹਲਕਾ ਸੁਨਾਮ ਦੀਆਂ' ਬਾਰੇ ਹੋਰ ਜਾਣਕਾਰੀ ਦਿੰਦਿਆਂ ਕੈਬਨਿਟ ਮੰਤਰੀ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਮਾਨ, ਜੋ ਕਿ ਖੇਡ ਪ੍ਰੇਮੀ ਹੋਣ ਦੇ ਨਾਲ ਨਾਲ ਵਾਲੀਬਾਲ ਸੂਟਿੰਗ ਦੇ ਖੁਦ ਵੀ ਚੰਗੇ ਖਿਡਾਰੀ ਹਨ, ਦੀ ਖੇਡਾਂ ਨੂੰ ਜਮੀਨੀ ਪੱਧਰ ਉਤੇ ਉਤਸਾਹਿਤ ਕਰਨ ਦੀ ਵਚਨਬੱਧਤਾ ਤਹਿਤ ਖੇਡ ਸੱਭਿਆਚਾਰ ਨੂੰ ਹੋਰ ਪ੍ਰਫੁੱਲਤ ਕਰਨ ਲਈ ਇਸ ਟੂਰਨਾਮੈਂਟ ਵਿੱਚ ਵਾਲੀਬਾਲ ਸੂਟਿੰਗ, ਵਾਲੀਬਾਲ ਸਮੈਸਿੰਗ ਅਤੇ ਰੱਸਾਕਸ਼ੀ ਦੇ ਮੁਕਾਬਲੇ ਕਰਵਾਏ ਜਾਣਗੇ। ਦੱਸਣਯੋਗ ਹੈ ਕਿ ਮਾਨ ਸਰਕਾਰ ਵੱਲੋਂ ਹਾਲ ਹੀ ਵਿੱਚ "ਖੇਡਾਂ ਵਤਨ ਪੰਜਾਬ ਦੀਆਂ" ਕਰਵਾਈਆਂ ਗਈਆਂ ਸਨ, ਜੋ ਤਿੰਨ ਮਹੀਨੇ ਚੱਲੀਆਂ ਸਨ, ਤਾਂ ਜੋ ਨੌਜਵਾਨਾਂ ਵਿੱਚ ਛੁਪੇ ਖੇਡ ਹੁਨਰ ਨੂੰ ਪਛਾਣ ਅਤੇ ਤਰਾਸ਼ ਕੇ ਕੌਮਾਂਤਰੀ ਪੱਧਰ ਦੇ ਖਿਡਾਰੀ ਪੈਦਾ ਕੀਤੇ ਜਾ ਸਕਣ।

# ਕੰਡਿਆਲੀ ਤਾਰ ਤੋਂ ਪਾਰ ਜ਼ਮੀਨਾਂ ਦੇ ਕਿਸਾਨਾਂ ਨੂੰ ਜਲਦ ਮਿਲੇਗਾ ਮੁਆਵਜ਼ਾ : ਡੀ ਸੀ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)** : ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਬੀ ਐੱਸ ਐੱਫ ਦੇ ਗੁਰਦਾਸਪੁਰ ਸੈਕਟਰ ਦੇ ਡੀ ਆਈ ਜੀ ਪ੍ਰਭਾਕਰ ਜੋਸ਼ੀ ਅਤੇ ਐੱਸ ਐੱਸ ਪੀ ਗੁਰਦਾਸਪੁਰ ਦੀਪਕ ਹਿਲੋਰੀ ਦੇ ਨਾਲ ਬੀਤੀ ਸ਼ਾਮ ਭਾਰਤ-ਪਾਕਿਸਤਾਨ ਸਰਹੱਦ ਨਾਲ ਲਗਦੇ ਸਰਹੱਦੀ ਖੇਤਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਡੇਰਾ ਬਾਬਾ ਨਾਨਕ ਸਥਿਤ ਦਰਸ਼ਨ ਸਥਲ ਵਿਖੇ ਸੰਗਤਾਂ ਦੀ ਸਹੂਲਤ ਦਾ ਜਾਇਜ਼ਾ ਲੈਣ ਉਪਰੰਤ ਕਲਾਨੌਰ ਨੇੜੇ ਸਰਹੱਦੀ ਪਿੰਡ ਰੋਸੇ ਵਿਖੇ ਸਥਾਨਕ ਨਿਵਾਸੀਆਂ ਨਾਲ ਮੀਟਿੰਗ ਕੀਤੀ ਗਈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਡੇਰਾ ਬਾਬਾ ਨਾਨਕ ਸਰਹੱਦ 'ਤੇ ਸਥਿਤ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਅਤੇ ਦਰਸ਼ਨ ਸਥਲ ਵਿਖੇ ਪਹੁੰਚ ਕੇ ਸੰਗਤਾਂ ਦੀ ਸਹੂਲਤ ਲਈ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਸਰਹੱਦ 'ਤੇ ਬਣੇ ਦਰਸ਼ਨ ਸਥਲ 'ਤੇ ਦੂਰਬੀਨ ਰਾਹੀਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਆਈਆਂ ਸੰਗਤਾਂ ਨਾਲ ਗੱਲਬਾਤ ਕੀਤੀ। ਇਸ ਮੌਕੇ ਸੰਗਤਾਂ ਵੱਲੋਂ ਦਰਸ਼ਨ ਸਥਲ ਦੇ ਸੁੰਦਰੀਕਰਨ ਦੀ ਮੰਗ ਕੀਤੀ ਗਈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸੰਗਤਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਇਸ ਮੰਗ ਨੂੰ ਪੂਰਾ ਕਰਨ ਲਈ ਪੰਜਾਬ ਸਰਕਾਰ ਵੱਲੋਂ ਜਲਦੀ ਹੀ ਦਰਸ਼ਨ ਸਥਲ ਦਾ ਸੁੰਦਰੀਕਰਨ ਕੀਤਾ ਜਾਵੇਗਾ ਅਤੇ ਨਾਲ ਹੀ ਇਥੇ ਇੱਕ ਨਵੀਂ ਦੂਰਬੀਨ ਸਥਾਪਤ ਕੀਤੀ ਜਾਵੇਗੀ ਤਾਂ ਜੋ ਜਿਹੜੀ ਸੰਗਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਨਹੀਂ ਜਾ ਸਕਦੀ, ਉਹ ਦਰਸ਼ਨ ਸਥਲ ਤੋਂ ਹੀ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰ ਸਕੇ।

ਉਨ੍ਹਾਂ ਕਿਹਾ ਕਿ ਦਰਸ਼ਨ ਸਥਲ 'ਤੇ ਸੰਗਤਾਂ ਦੀ ਹਰ ਸਹੂਲਤ ਦਾ ਖਿਆਲ ਰੱਖਿਆ ਜਾਵੇਗਾ। ਇਸ ਉਪਰੰਤ ਡਿਪਟੀ ਕਮਿਸ਼ਨਰ ਡਾ. ਹਿਮਾਸ਼ੂ ਅਗਰਵਾਲ ਵੱਲੋਂ ਬੀ ਐੱਸ ਐੱਫ ਅਤੇ ਪੁਲਸ ਅਧਿਕਾਰੀਆਂ ਨਾਲ ਕਲਾਨੌਰ ਨੇੜੇ ਸਰਹੱਦੀ ਪਿੰਡ ਰੋਸੇ ਵਿਖੇ ਪਕੀਵਾਂ, ਚੰਦੂ ਵਡਾਲਾ, ਮੋਮਨਪੁਰ, ਖੱਦਰ, ਲੋਪਾ, ਸਰਜੇਚੱਕ, ਭਗਠਾਣਾ, ਮੇਤਲਾ, ਅਗਵਾਨ ਅਤੇ ਸਾਧਾਂਵਾਲੀ ਦੀਆਂ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਅਤੇ ਮੁਹਤਬਰ ਵਿਅਕਤੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸਰਹੱਦੀ ਇਲਾਕੇ ਦੇ ਵਸਨੀਕਾਂ ਨੂੰ ਆਗਾਹ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਧੁੰਦ ਦਾ ਮੌਸਮ ਹੋਣ ਕਾਰਨ ਗੁਆਂਢੀ ਮੁਲਕ ਵੱਲੋਂ ਨਸ਼ੇ ਤੇ ਹਥਿਆਰਾਂ ਦੀ ਸਮਗਲਿੰਗ ਕਰਨ ਲਈ ਕੋਸ਼ਿਸ਼ਾਂ ਤੇਜ਼ ਕਰ ਦਿੱਤੀਆਂ ਗਈਆਂ ਹਨ, ਜਿਨ੍ਹਾਂ ਨੂੰ ਨਾਕਾਮ ਕਰਨ ਲਈ ਸੁਰੱਖਿਆ ਬਲਾਂ ਦੇ ਨਾਲ ਸਰਹੱਦੀ ਖੇਤਰ ਦੇ ਵਸਨੀਕਾਂ ਨੂੰ ਵੀ ਪੂਰੀ ਚੌਕਸੀ ਵਰਤਣੀ ਚਾਹੀਦੀ ਹੈ। ਉਨ੍ਹਾ ਕਿਹਾ ਕਿ ਸਰਹੱਦੀ ਲੋਕ ਡਰੋਨ ਦੀਆਂ ਗਤੀਵਿਧੀਆਂ ਪ੍ਰਤੀ ਪੂਰੀ ਤਰ੍ਹਾਂ ਚੌਕਸ ਰਹਿਣ ਅਤੇ ਜਦੋਂ ਵੀ ਉਨ੍ਹਾਂ ਨੂੰ ਸਰਹੱਦ ਨੇੜੇ ਕੋਈ ਸ਼ੱਕੀ ਗਤੀਵਿਧੀ ਦਿਖਾਈ ਦੇਵੇ ਤਾਂ ਉਹ ਤੁਰੰਤ ਇਸ ਦੀ ਜਾਣਕਾਰੀ ਬੀ ਐੱਸ ਐੱਫ ਤੇ ਪੁਲਸ ਨੂੰ ਦੇਣ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਲਦ ਹੀ ਇਸ ਸੰਬੰਧੀ ਇੱਕ ਹੈਲਪ ਲਾਈਨ ਨੰਬਰ ਵੀ ਜਾਰੀ ਕੀਤਾ ਜਾਵੇਗਾ, ਜਿਸ ਉੱਪਰ ਸਰਹੱਦੀ ਇਲਾਕੇ ਦੇ ਵਸਨੀਕ ਸੂਚਨਾ ਦੇ ਸਕਣਗੇ। ਉਨ੍ਹਾ ਕਿਹਾ ਕਿ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਂਅ ਤੇ ਪਤਾ ਪੂਰੀ ਤਰਾਂ ਗੁਪਤ ਰੱਖਿਆ ਜਾਵੇਗਾ। ਮੀਟਿੰਗ ਦੌਰਾਨ ਕੰਡਿਆਲੀ ਤਾਰ ਤੋਂ ਪਾਰ ਜ਼ਮੀਨ ਦੀ ਖੇਤੀ ਕਰਦੇ ਕਿਸਾਨਾਂ ਨੇ ਆਪਣੀਆਂ ਮੁਸ਼ਕਲਾਂ ਦੱਸੀਆਂ ਅਤੇ ਨਾਲ ਹੀ ਮੰਗ ਕੀਤੀ ਕਿ ਉਨ੍ਹਾਂ ਨੂੰ ਕੰਡਿਆਲੀ ਤਾਰ ਤੋਂ ਪਾਰ ਜ਼ਮੀਨ ਦਾ ਮੁਆਵਜ਼ਾ ਦਿੱਤਾ ਜਾਵੇ। ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਵੱਲੋਂ ਜਲਦੀ ਹੀ ਕਿਸਾਨਾਂ ਨੂੰ ਕੰਡਿਆਲੀ ਤਾਰ ਤੋਂ ਪਾਰ ਜ਼ਮੀਨ ਦਾ ਰਹਿੰਦਾ ਮੁਆਵਜ਼ਾ ਦੇ ਦਿੱਤਾ ਜਾਵੇਗਾ। ਇਸ ਮੌਕੇ ਬੀ ਐੱਸ ਐੱਫ ਦੇ ਡੀ ਆਈ ਜੀ ਪ੍ਰਭਾਕਰ ਜੋਸ਼ੀ ਨੇ ਵੀ ਸਰਹੱਦੀ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਹੱਦ ਪਾਰੋਂ ਦੁਸ਼ਮਣ ਦੇਸ਼ ਵੱਲੋਂ ਕੀਤੀਆਂ ਜਾਂਦੀਆਂ ਨਾਪਾਕ ਕੋਸ਼ਿਸ਼ਾਂ ਨੂੰ ਨਾਕਾਮ ਕਰਨ ਲਈ ਬੀ ਐੱਸ ਐੱਫ ਦਾ ਸਹਿਯੋਗ ਦੇਣ। ਉਨ੍ਹਾਂ ਕਿਹਾ ਕਿ ਸਹੀ ਸੂਚਨਾ ਦੇਣ ਵਾਲੇ ਨੂੰ ਬੀ ਐੱਸ ਐੱਫ ਵੱਲੋਂ ਇੱਕ ਲੱਖ ਰੁਪਏ ਦਾ ਇਨਾਮ ਵੀ ਦਿੱਤਾ ਜਾਵੇਗਾ। ਇਸ ਮੌਕੇ ਐੱਸ ਐੱਸ ਪੀ ਗੁਰਦਾਸਪੁਰ ਦੀਪਕ ਹਿਲੋਰੀ ਨੇ ਕਿਹਾ ਕਿ ਸਰਹੱਦੀ ਇਲਾਕੇ ਦੇ ਲੋਕ ਡਰੋਨ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣ ਦੇ ਨਾਲ ਇਲਾਕੇ ਵਿੱਚ ਘੁੰਮ ਰਹੇ ਵਿਅਕਤੀਆਂ 'ਤੇ ਵੀ ਨਜ਼ਰ ਰੱਖਣ ਅਤੇ ਇਸ ਦੀ ਸੂਚਨਾ ਬੀ ਐੱਸ ਐੱਫ ਦੇ ਨਾਲ ਪੁਲਸ ਨੂੰ ਵੀ ਦੇਣ। ਮੀਟਿੰਗ ਤੋਂ ਬਾਅਦ ਡਿਪਟੀ ਕਮਿਸ਼ਨਰ ਤੇ ਬੀ ਐੱਸ ਐੱਫ ਅਧਿਕਾਰੀਆਂ ਵੱਲੋਂ ਸਰਹੱਦ ਨੇੜੇ ਲੱਗੀ ਕੰਡਿਆਲੀ ਦਾ ਨਿਰੀਖਣ ਵੀ ਕੀਤਾ ਗਿਆ।

# ਅੰਮ੍ਰਿਤਸਰ ਵਿਖੇ 'ਐੱਨ ਆਰ ਆਈ ਪੰਜਾਬੀਆਂ ਨਾਲ ਮਿਲਣੀ' ਪ੍ਰੋਗਰਾਮ ਅੱਜ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਪ੍ਰਵਾਸੀ ਪੰਜਾਬੀਆਂ ਦੀਆਂ ਸ਼ਿਕਾਇਤਾਂ ਤੇ ਸਮੱਸਿਆਵਾਂ ਦਾ ਹੱਲ ਕਰਨ ਲਈ ਵਚਨਬੱਧ ਹੈ। ਇਸੇ ਦਿਸ਼ਾ ਵਿੱਚ ਅੱਗੇ ਵਧਦਿਆਂ ਸੂਬਾ ਸਰਕਾਰ 'ਐਨ.ਆਰ.ਆਈ. ਪੰਜਾਬੀਆਂ ਨਾਲ ਮਿਲਣੀ' ਸਮਾਗਮ ਕਰਵਾ ਰਹੀ ਹੈ ਤਾਂ ਜੋ ਪ੍ਰਵਾਸੀ ਪੰਜਾਬੀਆਂ ਨਾਲ ਸਬੰਧਤ ਮਾਮਲਿਆਂ ਨੂੰ ਛੇਤੀ ਤੇ ਤਸੱਲੀਬਖਸ਼ ਢੰਗ ਨਾਲ ਹੱਲ ਕੀਤਾ ਜਾ ਸਕੇ।ਇਹ ਜਾਣਕਾਰੀ ਦਿੰਦਿਆਂ ਪੰਜਾਬ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਨਾਲ ਸਬੰਧਤ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਅੰਮ੍ਰਿਤਸਰ ਵਿਖੇ 'ਐਨ.ਆਰ.ਆਈ. ਪੰਜਾਬੀਆਂ ਨਾਲ ਮਿਲਣੀ' ਪ੍ਰੋਗਰਾਮ ਕੱਲ੍ਹ 30 ਦਸਬੰਰ ਨੂੰ ਕਰਵਾਇਆ ਜਾ ਰਿਹਾ ਹੈ, ਜਿੱਥੇ ਅੰਮ੍ਰਿਸਰ, ਗੁਰਦਾਸਪੁਰ, ਪਠਾਨਕੋਟ ਅਤੇ ਤਰਨ ਤਾਰਨ ਆਦਿ ਜ਼ਿਲਿਆਂ ਨਾਲ ਸਬੰਧਤ ਪ੍ਰਵਾਸੀ ਪੰਜਾਬੀਆਂ ਦੇ ਮਾਮਲਿਆਂ ਦੀ ਸੁਣਵਾਈ ਕਰਕੇ ਉਨਾਂ ਦਾ ਹੱਲ ਕੀਤਾ ਜਾਵੇਗਾ ਉਨ੍ਹਾਂ ਦੱਸਿਆ ਕਿ ਪ੍ਰਵਾਸੀ ਪੰਜਾਬੀ ਆਨਲਾਈਨ ਜਾਂ ਮੌਕੇ 'ਤੇ ਰਜਿਸਟਰੇਸ਼ਨ ਕਰਵਾ ਵੀ ਸਕਦੇ ਹਨ। ਧਾਲੀਵਾਲ ਨੇ ਦੱਸਿਆ ਕਿ ਪ੍ਰਵਾਸੀ ਪੰਜਾਬੀਆਂ ਦੀਆਂ ਸਮਾਜਿਕ, ਆਰਥਿਕ ਅਤੇ ਸੱਭਿਆਚਾਰਕ ਮਾਮਲਿਆਂ ਨਾਲ ਜੁੜੀਆਂ ਸਾਰੀਆਂ ਸਮੱਸਿਆਵਾਂ ਦਾ ਮਿੱਥੇ ਸਮੇਂ ਵਿੱਚ ਨਿਪਟਾਰਾ ਕੀਤੇ ਜਾਣ ਲਈ ਪੰਜਾਬ ਸਰਕਾਰ ਵਿਸ਼ੇਸ਼ ਨੀਤੀ ਤਿਆਰ ਕਰ ਰਹੀ ਹੈ।

ਉਨਾਂ ਦੱਸਿਆ ਕਿ ਐਨ.ਆਰ.ਆਈ. ਪੰਜਾਬੀਆਂ ਦੀਆਂ ਸਮੱਸਿਆਵਾਂ ਨੂੰ ਸੁਣਨ ਤੇ ਉਨ੍ਹਾਂ ਦੇ ਹੱਲ ਲਈ ਪੰਜਾਬ ਸਰਕਾਰ ਹਰ ਸਾਲ ਦਸੰਬਰ ਤੇ ਅਪ੍ਰੈਲ ਦੇ ਮਹੀਨੇ ਵਿੱਚ ਦੋ ਵਾਰ ਐਨ.ਆਰ.ਆਈ. ਮਿਲਣੀ ਸਮਾਗਮ ਕਰਵਾਏਗੀ। ਧਾਲੀਵਾਲ ਨੇ ਅੱਗੇ ਦੱਸਿਆ ਕਿ ਕਿ ਪ੍ਰਵਾਸੀ ਪੰਜਾਬੀਆਂ ਨੂੰ ਸਰਕਾਰੀ ਦਫਤਰਾਂ, ਸਕੱਤਰੇਤਾਂ ਵਿੱਚ ਮੰਤਰੀਆਂ ਦੇ ਦਫ਼ਤਰਾਂ ਵਿੱਚ ਖੱਜਲ ਖੁਆਰ ਨਾ ਹੋਣਾ ਪਵੇ, ਇਸ ਲਈ ਸਰਕਾਰ ਨੇ ਫੈਸਲਾ ਕੀਤਾ ਕਿ ਸਰਕਾਰ ਖੁਦ ਪ੍ਰਵਾਸੀ ਪੰਜਾਬੀਆਂ ਦੇ ਜ਼ਿਲ੍ਹਿਆਂ ਵਿੱਚ ਜਾ ਕੇ ਉਨ੍ਹਾਂ ਦੇ ਮਸਲੇ ਹੱਲ ਕਰੇਗੀ।ਉਨ੍ਹਾਂ ਦੱਸਿਆ ਕਿ ਇਸ ਤਹਿਤ ਜ਼ਿਲ੍ਹਾ ਜਲੰਧਰ ਵਿੱਚ 16 ਦਸੰਬਰ ਨੂੰ ਕੀਤੇ ਗਏ ਪ੍ਰੋਗਰਾਮ ਵਿੱਚ 160 ਮਾਮਲੇ, 19 ਦਸੰਬਰ ਨੂੰ ਐਸ.ਏ.ਐਸ. ਨਗਰ (ਮੁਹਾਲੀ) ਵਿਖੇ 74 ਮਾਮਲੇ ਅਤੇ 23 ਦਸੰਬਰ ਨੂੰ ਲੁਧਿਆਣਾ ਵਿਖੇ 170 ਮਾਮਲੇ ਅਤੇ 26 ਦਸੰਬਰ ਨੂੰ ਮੋਗਾ ਵਿਖੇ 120 ਤੋਂ ਵੱਧ ਮਾਮਲਿਆਂ ਦੀ ਸੁਣਵਾਈ ਕੀਤੀ ਗਈ। ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਪਹਿਲੇ ਤਿੰਨ ਸਥਾਨਾਂ ਉਤੇ ਆਉਣ ਵਾਲੀਆਂ ਟੀਮਾਂ ਨੂੰ ਨਕਦ ਇਨਾਮ ਅਤੇ ਟਰਾਫੀਆਂ ਨਾਲ ਸਨਮਾਨਿਤ ਕੀਤਾ ਜਾਵੇਗਾ। ਅਮਨ ਅਰੋੜਾ ਨੇ ਦੱਸਿਆ ਕਿ ਇਸ ਟੂਰਨਾਮੈਂਟ ਵਿੱਚ ਪਦਮ ਸ੍ਰੀ ਹੈਵੀਵੇਟ ਇੰਟਰਨੈਸਨਲ ਮੁੱਕੇਬਾਜ ਕੌਰ ਸਿੰਘ (ਏਸੀਅਨ ਖੇਡਾਂ ਦੇ ਸੋਨ ਤਗਮਾ ਜੇਤੂ) ਅਤੇ ਪਦਮ ਸ੍ਰੀ ਅਥਲੀਟ ਸੁਨੀਤਾ ਰਾਣੀ (ਏਸੀਅਨ ਖੇਡਾਂ ਵਿੱਚੋ ਸੋਨ ਤਗਮਾ ਜੇਤੂ) ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ। ਇਸ ਟੂਰਨਾਮੈਂਟ ਵਿੱਚ ਹਿੱਸਾ ਲੈਣ ਵਾਲੀਆਂ ਸਾਰੀਆਂ ਟੀਮਾਂ ਨੂੰ ਖੇਡ ਕਿੱਟਾਂ ਵੀ ਵੰਡੀਆਂ ਜਾਣਗੀਆਂ। ਉਨ੍ਹਾਂ ਦੱਸਿਆ ਕਿ ਟੀਮਾਂ ਦੀ ਰਜਿਸਟ੍ਰੇਸ਼ਨ ਦੀ ਆਖਰੀ ਮਿਤੀ 20 ਜਨਵਰੀ, 2023 ਹੈ।

# ਗਾਜ਼ੀਕੋਟ ਦੇ ਸ਼ਮਸ਼ਾਨਘਾਟ 'ਚ ਭਗਵਾਨ ਸ਼ਿਵ ਦੀ ਮੂਰਤੀ ਦਾ ਕੰਮ ਸ਼ੁਰੂ



ਗੁਰਦਾਸਪੁਰ 28 ਦਸੰਬਰ (ਜਨਕ ਮਹਾਜਨ)-ਪਿੰਡ ਗਾਜ਼ੀਕੋਟ ਦੇ ਸ਼ਮਸ਼ਾਨਘਾਟ ਵਿਖੇ ਪਿੰਡ ਵਾਸੀਆਂ ਤੇ ਗ੍ਰਾਮ ਪੰਚਾਇਤ ਨੇ ਸ਼ਿਵਜੀ ਭਗਵਾਨ ਦੀ ਮੂਰਤੀ ਬਣਾਉਣ ਲਈ ਕੰਮ ਆਰੰਭ ਕਰ ਦਿੱਤਾ ਹੈ। ਸਰਪੰਚ ਰਮਨ ਕੁਮਾਰ, ਪ੍ਰਧਾਨ ਰਮੇਸ਼ ਕੁਮਾਰ, ਉਂਕਾਰ ਸਿੰਘ, ਬਨਾਰਸੀ ਦਾਸ, ਵਿਪਨ ਸਿੰਘ, ਅਜੀਤ ਸਿੰਘ, ਰਾਣੀ ਦੇਵੀ, ਮਨੀਸ਼ਾ, ਬਿੰਦਰ ਸਿੰਘ, ਦਲਜੀਤ ਸਿੰਘ, ਹਜਾਰਾ ਸਿੰਘ, ਵਿਪਨ ਸ਼ਰਮਾ, ਗੁਰਦਿਆਲ ਸਿੰਘ, ਰਤਨ ਸਿੰਘ, ਨੰਬਰਦਾਰ ਬਲਜੀਤ ਸਿੰਘ ਅਤੇ ਪ੍ਰਵਾਸੀ ਭਾਰਤੀ ਰਣਜੀਤ ਸਿੰਘ ਆਦਿ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਹ ਕਾਰਜ ਸਾਰਿਆਂ ਦੇ ਸਹਿਯੋਗ ਨਾਲ ਸੰਭਵ ਹੋਇਆ ਹੈ ਅਤੇ ਮੂਰਤੀ ਵਾਸਤੇ ਲੋਕਾਂ ਨੇ ਖੁੱਲ੍ਹ-ਦਿਲੀ ਨਾਲ ਦਾਨ ਕੀਤਾ ਹੈ ਅਤੇ ਸ਼ਮਸ਼ਾਨਘਾਟ 'ਚ ਜੋ ਹੋਰ ਬੁਨਿਆਦੀ ਸਹੂਲਤਾਂ ਪਹਿਲਾਂ ਨਹੀਂ ਸਨ, ਉਹ ਵੀ ਮੁਹੱਈਆ ਕਰਵਾਈਆਂ ਜਾਣਗੀਆਂ ਅਤੇ ਪਿੰਡ ਦੀ ਪੰਚਾਇਤ ਦਾ ਪੂਰਨ ਸਹਿਯੋਗ ਮਿਲ ਰਿਹਾ ਹੈ।

# ਨਸ਼ਾ, ਭ੍ਰਿਸ਼ਟਾਚਾਰ, ਬੇਰੁਜ਼ਗਾਰੀ ਵਿਰੁੱਧ ਜਥੇਬੰਦ ਹੋ ਕੇ ਸੰਘਰਸ਼ ਕੀਤਾ ਜਾਵੇ : ਸਿੱਧਵਾਂ

**ਝਬਾਲ (ਹਰਜਿੰਦਰ ਸਿੰਘ ਸੋਨੀ/ ਰੌਬਿਨ ਸਿੰਘ ਸੋਨੀ)** : ਅੱਜ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ (ਪੰਜਾਬ) ਵੱਲੋਂ ਤਰਨ ਤਾਰਨ ਡੀ ਸੀ ਦਫਤਰ ਅੱਗੇ ਲੱਗੇ ਮੋਰਚੇ 34ਵੇਂ ਦਿਨ ਵਿੱਚ ਅਤੇ ਟੋਲ ਪਲਾਜ਼ਾ ਮੰਨਣ 'ਤੇ ਧਰਨਾ 15ਵੇਂ ਦਿਨ ਵਿੱਚ ਚੜ੍ਹਦੀਕਲਾ ਨਾਲ ਜਾਰੀ ਹੈ। ਹੱਡ ਚੀਰਵੀਂ ਠੰਢ ਵਿੱਚ ਲੱਗੇ ਮੋਰਚਾ ਸ੍ਰੀ ਅੰਮ੍ਰਿਤਸਰ ਤੋਂ ਖੇਮਕਰਨ ਰੋਡ ਮੰਨਣ ਟੋਲ ਪਲਾਜ਼ਾ ਉੱਪਰ ਬਹੁਗਿਣਤੀ ਕਿਰਤੀ, ਕਿਸਾਨ ਤੇ ਮਜ਼ਦੂਰ ਭਰਾਵਾਂ ਨੂੰ ਸੰਬੋਧਨ ਕਰਦਿਆਂ ਸੂਬਾ ਆਗੂ ਹਰਪ੍ਰੀਤ ਸਿੰਘ ਸਿੱਧਵਾਂ,ਜ਼ਿਲ੍ਹਾ ਆਗੂ ਹਰਪਾਲ ਸਿੰਘ ਪੰਡੋਰੀ ਸਿੱਧਵਾਂ,ਜ਼ੋਨ ਪ੍ਰਧਾਨ ਮਨਜਿੰਦਰ ਸਿੰਘ ਗੋਹਲਵੜ, ਜ਼ੋਨ ਸਕੱਤਰ ਹਰਦੀਪ ਸਿੰਘ ਜੌਹਲ, ਜ਼ੋਨ ਮੀਤ ਪ੍ਰਧਾਨ ਅੰਗਰੇਜ਼ ਸਿੰਘ ਦਬੁਰਜੀ ਨੇ ਕਿਹਾ ਕਿ ਅੱਜ ਸਮਾਜ ਵਿੱਚ ਬਹੁਤ ਟੁੱਟ-ਭੱਜ, ਨਿਰਾਸ਼ਤਾ, ਵਹਿਮ-ਭਰਮ, ਉਚ- ਨੀਚ, ਭ੍ਰਿਸ਼ਟਾਚਾਰ, ਬੇਰੋਜ਼ਗਾਰੀ,ਜਾਤ-ਪਾਤ,ਕਰਮਕਾਂਡ,ਨਸ਼ੇ ਆਦਿ ਸਮਾਜਕ ਬੁਰਾਈਆਂ ਨੇ ਸਮਾਜ ਨੂੰ ਖੋਖਲਾ ਕਰ ਦਿੱਤਾ ਹੈ। ਇਨ੍ਹਾਂ ਸਭ ਬੁਰਾਈਆਂ ਦੀ ਜੜ੍ਹ ਪੁੱਟਣ ਲਈ ਸਮਾਜ ਅੰਦਰ ਵਸਦੇ ਹਰ ਇਕ ਸ਼੍ਰੇਣੀ ਦੇ ਨਾਗਰਿਕ ਨੂੰ ਜਥੇਬੰਦਕ ਹੋਣ ਦਾ



ਸੱਦਾ ਦਿੱਤਾ ਅਤੇ ਲੁਟੇਰੇ ਹਾਕਮਾਂ,ਕਾਰਪੋਰੇਟਾਂ, ਨਸ਼ਾ ਮਾਫੀਏ ਤੇ ਭ੍ਰਿਸ਼ਟ ਅਫਸਰਸ਼ਾਹੀ ਨੂੰ ਨਿਸ਼ਾਨਾ ਬਣਾਉਂਦਿਆਂ ਕਿਹਾ ਕਿ ਨਸ਼ਾ ਮਾਫੀਏ ਨੂੰ ਮੌਜੂਦਾ ਪੰਜਾਬ ਸਰਕਾਰ ਤੇ ਕੇਂਦਰ ਸਰਕਾਰ ਨੱਥ ਨਹੀਂ ਪਾਵੇਗੀ, ਕਿਉਂਕਿ ਉਨ੍ਹਾਂ ਦੇ ਗਠਜੋੜ ਕਾਰਨ ਤਾਂ ਨਸ਼ਾ ਵਿਕ ਰਿਹਾ ਹੈ ਤੇ ਨੌਜਵਾਨਾਂ ਦੀਆਂ ਜ਼ਿੰਦਗੀਆਂ ਨਾਲ ਖੇਡ ਕੇ ਕਰੋੜਾਂ ਕਮਾ ਰਹੇ ਹਨ। ਕਿਸਾਨ ਆਗੂਆਂ ਨੇ ਐਲਾਨ ਕੀਤਾ ਕਿ ਨਸ਼ੇ ਤੇ ਹੋਰ ਸਮਾਜਕ ਬੁਰਾਈਆਂ ਦਾ ਕੋਹੜ ਕੱਢਣ ਲਈ ਕਿਸਾਨਾਂ,ਮਜ਼ਦੂਰਾਂ, ਨੌਜਵਾਨਾਂ,ਬੀਬੀਆਂ ਆਦਿ ਵਰਗਾਂ ਨੂੰ ਸਾਰੇ ਪਿੰਡਾਂ ਵਿੱਚ ਜਥੇਬੰਦ ਕਰਕੇ ਇਨ੍ਹਾਂ ਵਿੱਚੋਂ ਉਸਾਰੂ ਸੋਚ ਵਾਲੇ ਆਗੂ ਪੈਦਾ ਕਰਕੇ ਪਿੰਡ-ਪਿੰਡ ਨਸ਼ਾ ਮਾਫੀਏ ਦੇ ਖਿਲਾਫ ਜੰਗ ਵਿੱਢੀ ਜਾਵੇਗੀ ਤੇ ਪਿੰਡ ਵਿੱਚੋਂ ਧੜੇਬੰਦੀ ਖਤਮ ਕਰਕੇ ਲੜਾਈ ਝਗੜੇ ਤੇ ਹੋਰ ਸਮਾਜਕ ਕੁਰੀਤੀਆਂ ਖਤਮ ਕੀਤੀਆਂ ਜਾਣਗੀਆਂ। ਪਿੰਡਾਂ ਦੇ ਲੋਕਾਂ ਦੀ ਆਪਸੀ ਸਾਂਝ ਦੀ ਤਾਕਤ ਨਵਾਂ ਇਤਿਹਾਸ ਲਿਖੇਗੀ। ਇਸ ਮੌਕੇ ਪ੍ਰਧਾਨ ਅਮਰੀਕ ਸਿੰਘ ਬਾਲਾਚੱਕ, ਜਗਦੀਸ਼ ਸਿੰਘ,ਹਰਦੇਵ ਸਿੰਘ,ਤਰਸੇਮ ਸਿੰਘ,ਸਕੱਤਰ ਸਿੰਘ,ਭਵਿੰਦਰ ਸਿੰਘ, ਗੁਰਮੀਤ ਸਿੰਘ,ਦਲਵੀਰ ਸਿੰਘ, ਰਘਬੀਰ ਸਿੰਘ ਆਦਿ ਹਾਜ਼ਰ ਸਨ।

# ਸਟੇਟ ਪੱਧਰੀ ਖੇਡਾਂ 'ਚ ਗੋਲਡ ਮੈਡਲ ਜਿੱਤਣ ਵਾਲੇ ਖਿਡਾਰੀ ਨੂੰ ਕੀਤਾ ਸਨਮਾਨਤ



ਹੈਵੀਵੇਟ ਵਿਚ ਖੇਡਣ ਵਾਲਾ ਸਾਡਾ ਨੌਜਵਾਨ ਵਾਲਮੀਕਿ ਸਮਾਜ ਵਿਚ ਗਰੀਬ ਪਰਵਾਰ ਦਾ ਹੋਣਹਾਰ ਖਿਡਾਰੀ ਹੈ ਅਤੇ ਪਰਵਾਰ ਬੱਚੇ ਦੀ ਖੇਡ ਜਾਰੀ ਰੱਖਣ ਲਈ ਪਿਤਾ ਵਿਪਨੇਸ ਸੰਗਰ ਕਾਫੀ ਮਿਹਨਤ ਕਰ ਰਹੇ ਹਨ। ਦੂਜਾ ਬੱਚਾ ਵੀ ਫੁੱਟਬਾਲ ਟੀਮ ਦਾ ਵਧੀਆ ਖਿਡਾਰੀ ਹੈ।

**ਹੁਸ਼ਿਆਰਪੁਰ (ਓ ਪੀ ਰਾਣਾ )**-ਸੂਬਾ ਪ੍ਰਧਾਨ ਲੇਬਰ ਵਿੰਗ ਸੰਯੁਕਤ ਸਮਾਜ ਮੋਰਚਾ ਪੰਜਾਬ ਪ੍ਰਸ਼ੋਤਮ ਰਾਜ ਅਹੀਰ ਨੇ ਬਾਕਸਿੰਗ ਖਿਡਾਰੀ ਦਾ ਸਨਮਾਨ ਕੀਤਾ। ਪੰਜਾਬ ਦਾ ਨੌਜਵਾਨ ਬਾਕਸਿੰਗ ਦਾ ਖਿਡਾਰੀ ਦਸਵੀਂ ਜਮਾਤ ਦਾ ਵਿਦਿਆਰਥੀ ਮਿਆਸ ਸੰਗਰ ਅੰਡਰ 19 ਸਾਲ ਖੇਡਾਂ ਵਿੱਚ ਸਟੇਟ ਪੱਧਰੀ ਗੋਲਡ ਮੈਡਲ ਜਿੱਤ ਕੇ ਲਿਆਇਆ ਹੈ।

ਇਸ ਤੋਂ ਪਹਿਲਾਂ ਵੀ ਮਿਆਸ ਜ਼ਿਲ੍ਹਾ ਪੱਧਰੀ ਗੋਲਡ ਮੈਡਲ ਤੇ ਸਿਲਵਰ ਮੈਡਲ ਲਿਆ ਚੁੱਕਾ ਹੈ, ਤੇ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਵੀ ਅੰਡਰ 21 ਸਾਲ ਚਾਰ ਮੁਕਾਬਲੇ ਉਚ ਕੋਟੀ ਦੇ ਖਿਡਾਰੀਆਂ ਨਾਲ ਕਰਕੇ ਬਰਾਊਨਜ਼ ਮੈਡਲ ਲਿਆ ਸੀ। ਅਹੀਰ ਨੇ ਕਿਹਾ ਕਿ ਸਰਕਾਰ ਨੂੰ ਖੇਡਾਂ ਨੂੰ ਉਤਸ਼ਾਹਿਤ ਕਰਨ ਲਈ ਵੱਡੇ ਪੱਧਰ ਤੇ ਉਪਰਾਲੇ ਕਰਨ ਦੀ ਜ਼ਰੂਰਤ ਹੈ ਤੇ ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਨੂੰ ਵੀ ਅਪੀਲ ਕੀਤੀ ਕੀ ਜਦੋਂ ਵੀ ਕੋਈ ਖੇਡ ਮੇਲਿਆਂ ਵਿੱਚ ਵੀ ਜਿੱਥੇ ਉਚ ਕੋਟੀ ਦੇ ਖਿਡਾਰੀਆਂ ਦੇ ਸਨਮਾਨ ਕੀਤੇ ਜਾਂਦੇ ਹਨ ਉਥੇ ਇਨ੍ਹਾਂ ਆਉਣ ਵਾਲੇ ਖਿਡਾਰੀਆਂ ਨੂੰ ਵੀ ਜਰੂਰ ਸਨਮਾਨ ਕਰਨਾ ਚਾਹੀਦਾ ਹੈ ਤਾਂ ਜੋ ਬਾਕੀ ਬੱਚਿਆਂ ਨੌਜਵਾਨਾਂ ਜੋ ਕਿ ਛੋਟੇ ਪੱਧਰ ਤੇ ਖੇਡ ਰਹੇ ਹਨ ਖੇਡਾਂ ਪ੍ਰਤੀ ਉਤਸ਼ਾਹਿਤ ਹੋਣ ਤੇ ਮਿਹਨਤ ਕਰਦੇ ਰਹਿਣ। ਇਵੇਂ ਦੇ ਉਪਰਾਲਿਆਂ ਨਾਲ ਪੰਜਾਬ ਦੀ ਨੌਜਵਾਨੀ ਦੀ ਤਸਵੀਰ ਬਦਲੀ ਜਾ ਸਕਦੀ ਹੈ।

# ਗੁ: ਸਿੰਘ ਸ਼ਹੀਦਾਂ ਸੋਹਾਣਾ ਤੋਂ ਸ੍ਰੀ ਫਤਹਿਗੜ੍ਹ ਸਾਹਿਬ ਤੱਕ ਵਿਸ਼ਾਲ ਨਗਰ ਕੀਰਤਨ ਸਜਾਇਆ

**ਮੋਹਾਲੀ ( ਗੁਰਜੀਤ ਬਿੱਲਾ)**— ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਤੋਂ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਦੀ ਮਿੱਠੀ ਯਾਦ ਵਿੱਚ ਵਿਸ਼ਾਲ ਨਗਰ ਕੀਰਤਨ ਦਾ ਆਯੋਜਨ ਗੁ: ਸ੍ਰੀ ਫਤਹਿਗੜ੍ਹ ਸਾਹਿਬ ਤੱਕ ਕੀਤਾ ਗਿਆ । ਇਹ ਵਿਸ਼ਾਲ ਨਗਰ ਕੀਰਤਨ ਸਵੇਰੇ 10:00 ਵਜੇ ਗੁਰਦੁਆਰਾ ਸਾਹਿਬ ਤੋਂ ਅਰੰਭ ਹੋਇਆ । ਨਗਰ ਕੀਰਤਨ ਦੀ ਅਗਵਾਈ ਪੰਜ ਪਿਆਰੇ ਅਤੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਮਹਾਰਾਜ ਕਰ ਰਹੇ ਸਨ । ਨਗਰ ਕੀਰਤਨ ਵਿੱਚ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪ ਫੁੱਲਾਂ ਨਾਲ ਬਹੁਤ ਹੀ ਵਧੀਆ ਢੰਗ ਨਾਲ ਸਜਾਈ ਗਈ ਪਾਲਕੀ ਸਾਹਿਬ ਵਿੱਚ ਸੁਸ਼ੋਭਿਤ ਸਨ । ਨਗਰ ਕੀਰਤਨ ਵਿੱਚ ਫੌਜੀ ਬੈਂਡ ਅਤੇ ਹੋਰ ਕਈ ਤਰ੍ਹਾਂ ਦੇ ਬੈਂਡ ਵਾਲੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਨ ਵਾਲੀਆਂ ਧੁੰਨਾਂ ਵਜਾ ਰਹੇ ਸਨ । ਇਸ ਮੌਕੇ ਗੱਤਕਾ ਪਾਰਟੀਆਂ ਵੱਲੋਂ ਗੱਤਕੇ ਦੇ ਜੌਹਰ ਵਿਖਾਏ ਗਏ । ਇਲਾਕਾ ਵਾਸੀਆਂ ਵੱਲੋਂ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ ਅਤੇ ਪੰਜ ਪਿਆਰਿਆਂ ਨੂੰ ਸਿਰੋਪੇ ਭੇਂਟ ਕੀਤੇ ਗਏ । ਇਸ ਦੌਰਾਨ ਰਾਗੀ, ਢਾਡੀ, ਕੀਰਤਨੀ ਜੱਥਿਆਂ ਨੇ ਸਿੱਖ ਇਤਿਹਾਸ ਅਤੇ ਸਾਹਿਬਜ਼ਾਦਿਆਂ ਦੀਆਂ ਕੁਰਬਾਨੀਆਂ ਦੇ ਇਤਿਹਾਸ ਦੀਆਂ ਵਾਰਾਂ ਗਾ ਕੇ ਸੰਗਤਾਂ ਨੂੰ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ। ਰਸਤੇ ਵਿੱਚ ਸੰਗਤਾਂ ਵੱਲੋਂ ਬ੍ਰੈੱਡ ਪਕੌੜਿਆਂ, ਬਿਸਕੁੱਟ, ਦੁੱਧ, ਕੜਾਹਿ ਪ੍ਰਸ਼ਾਦਿ ਦਾ ਅਤੁੱਟ ਲੰਗਰ ਵਰਤਾਇਆ ਗਿਆ । ਇਸ ਵਿਸ਼ਾਲ ਨਗਰ ਕੀਰਤਨ ਵਿੱਚ ਸੰਗਤਾਂ ਨੇ ਸਕੂਟਰਾਂ, ਮੋਟਰ ਸਾਈਕਲਾਂ,



ਕਾਰਾਂ, ਜੀਪਾਂ, ਟਰੈਕਟਰਾਂ, ਬੱਸਾਂ ਆਦਿ ਰਾਹੀਂ ਸ਼ਾਮਲ ਹੋ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਂਟ ਕੀਤੀ। ਇਸ ਮੌਕੇ ਗੁਰਦੁਆਰਾ ਸਿੰਘ ਸ਼ਹੀਦਾਂ ਸੋਹਾਣਾ ਦੇ ਬੁਲਾਰੇ ਨੇ ਦੱਸਿਆ ਕਿ ਬ੍ਰਹਮਲੀਨ ਬ੍ਰਹਮਗਿਆਨੀ ਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੀ ਪ੍ਰੇਰਨਾ ਸਦਕਾ ਹਰ ਸਾਲ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕਰਨ ਲਈ ਇਸ ਵਿਸ਼ਾਲ ਨਗਰ ਕੀਰਤਨ ਦਾ ਆਯੋਜਨ ਕੀਤਾ ਜਾਂਦਾ ਹੈ । ਉਨਾਂ ਅੱਗੇ ਦੱਸਿਆ ਕਿ ਆਉਣ ਵਾਲੀ ਮਿਤੀ 31 ਦਸੰਬਰ ਨੂੰ ਬਾਬਾ ਮੋਤੀ ਰਾਮ ਜੀਮਹਿਰਾ ਅਤੇ ਦੀਵਾਨ ਟੋਡਰ ਮੱਲ ਜੀ ਦੀ ਯਾਦ ਵਿੱਚ ਸਵੇਰੇ 10 ਵਜੇ ਤੋਂ ਲੈ ਕੇ ਰਾਤ 12:00 ਵਜੇ ਤੱਕ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਜਾ ਰਿਹਾ ਹੈ । ਜਿਸ ਵਿੱਚ ਉੱਚ ਕੋਟੀ ਦੇ ਰਾਗੀ, ਢਾਡੀ, ਕਵੀਸ਼ਰ, ਸੰਤ ਵਿਦਵਾਨ ਸੰਗਤਾਂ ਨੂੰ ਹਰਿ ਜਸ ਸੁਣਾ ਕੇ ਨਿਹਾਲ ਕਰਨਗੇ । ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

# ਰੈੱਡ ਕਰਾਸ ਨੇ ਬੇਸਹਾਰਾ ਲੋਕਾਂ ਨੂੰ ਕੰਬਲ ਵੰਡੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ )** : ਹਰਪ੍ਰੀਤ ਸਿੰਘ ਸੂਦਨ ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈਡ ਕਰਾਸ ਸੁਸਾਇਟੀ, ਅੰਮ੍ਰਿਤਸਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇਸ ਹੱਡ ਚੀਰਵੀਂ ਠੰਢ ਨੂੰ ਵੇਖਦੇ ਹੋਏ ਰਤਨ ਸਿੰਘ ਚੌਕ ਵਿਖੇ ਰਿਕਸ਼ਾ ਚਾਲਕ, ਲੇਬਰ ਅਤੇ ਫੁੱਟਪਾਥਾਂ 'ਤੇ ਬੈਠੇ ਹੋਏ ਬੇਸਹਾਰਾ ਬਜ਼ੁਰਗਾਂ, ਔਰਤਾਂ ਨੂੰ ਕੰਬਲਾਂ ਦੀ ਵੰਡ ਕੀਤੀ ਗਈ। ਇਸ ਮੌਕੇ ਸ੍ਰੀ ਅਸੀਸਇੰਦਰ ਸਿੰਘ, ਕਾਰਜਕਾਰੀ ਸਕੱਤਰ, ਰੈਡ ਕਰਾਸ, ਲੇਡੀ ਮੈਂਬਰਜ਼ ਅਤੇ ਸਮੂਹ ਰੈਡ ਕਰਾਸ ਸਟਾਫ ਮੌਜੂਦ ਸਨ। ਰੈਡ ਕਰਾਸ ਵੱਲੋਂ ਅੰਗਹੀਣ ਵਿਅਕਤੀਆਂ ਨੂੰ ਮੁਫ਼ਤ ਟਰਾਈਸਾਈਕਲ, ਵਹੀਲ ਚੇਅਰ, ਕੰਨਾਂ ਦੀਆਂ ਮਸ਼ੀਨਾਂ, ਭੋੜੀਆਂ, ਨਕਲੀ ਅੰਗ, ਵਿਧਵਾ ਔਰਤਾਂ ਨੂੰ ਸਿਲਾਈ ਮਸ਼ੀਨਾਂ ਦਿੱਤੀਆਂ ਜਾਂਦੀਆਂ ਹਨ ਅਤੇ ਸਾਂਝੀ ਰਸੋਈ ਰਾਹੀਂ 10/- ਰੁਪਏ ਵਿੱਚ ਖਾਣਾ ਵੀ ਉਪਲਬਧ ਕਰਵਾਇਆ ਜਾਂਦਾ ਹੈ। ਇਸ ਮੌਕੇ ਸਕੱਤਰ, ਰੈਡ ਕਰਾਸ ਸੁਸਾਇਟੀ ਅੰਮ੍ਰਿਤਸਰ ਵੱਲੋਂ ਆਮ ਪਬਲਿਕ ਨੂੰ ਅਪੀਲ ਕੀਤੀ ਗਈ ਹੈ ਕਿ ਲੋਕ ਭਲਾਈ ਦੇ ਕੰਮਾਂ ਨੂੰ ਜਾਰੀ ਰੱਖਣ ਲਈ ਰੈਡ ਕਰਾਸ ਦੇ ਵੱਧ ਤੋਂ ਵੱਧ ਮੈਂਬਰ ਬਣ ਕੇ ਇਸ ਭਲਾਈ ਦੇ ਕੰਮਾਂ ਵਿੱਚ ਆਪਣਾ ਯੋਗਦਾਨ ਪਾਉਣ।

# ਢੋਲ ਮਾਸਟਰ ਮਿਲਖੀ ਰਾਮ ਦੀ ਬਰਸੀ ਧੂਮਧਾਮ ਨਾਲ ਮਨਾਈ



**ਬਟਾਲਾ (ਤਰਲੋਕ ਬੱਗਾ)** : ਨੌਜਵਾਨ ਸੁਧਾਰ ਕਲੱਬ ਮੂਲਿਆਂ ਵਾਲ ਵੱਲੋਂ ਅੰਤਰਰਾਸ਼ਟਰੀ ਢੋਲ ਮਾਸਟਰ ਮਿਲਖੀ ਰਾਮ ਦੀ 22ਵੀਂ ਬਰਸੀ ਬੜੀ ਧੂਮਧਾਮ ਨਾਲ ਮਨਾਈ ਗਈ। ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਅੰਤਰਰਾਸ਼ਟਰੀ ਭੰਗੜਾ ਕੋਚ ਜਤਿੰਦਰ ਸਿੰਘ ਬਾਜਵਾ ਨੇ ਦੱਸਿਆ ਕਿ ਮਿਲਖੀ ਰਾਮ ਦਾ ਜਨਮ 1930 ਵਿੱਚ ਰੰਗਪੁਰਾ ਜੱਟਾਂ ਜ਼ਿਲ੍ਹਾ ਸਿਆਲਕੋਟ ਲਹਿੰਦੇ ਪੰਜਾਬ 'ਚ ਹੋਇਆ। 12 ਸਾਲ ਦੀ ਉਮਰ 'ਚ ਆਪ ਨੇ ਢੋਲ ਦੀ ਸਿੱਖਿਆ ਪ੍ਰਾਪਤ ਕੀਤੀ। ਅੰਤਰਰਾਸ਼ਟਰੀ ਕੋਚ ਹਰਭਜਨ ਸਿੰਘ ਦੇ ਸੰਪਰਕ ਵਿਚ ਆਉਣ ਤੋਂ ਬਾਅਦ ਮਿਲਖੀ ਰਾਮ ਨੇ ਗਣਤੰਤਰ ਦਿਵਸ 26 ਜਨਵਰੀ ਨੂੰ ਦਿੱਲੀ ਵਿਖੇ ਅਨੇਕਾਂ ਵਾਰ ਪੰਜਾਬ ਦੀ ਭੰਗੜਾ ਟੀਮ ਨਾਲ ਢੋਲ ਦਾ ਸਾਥ ਦਿੱਤਾ। ਸਾਬਕਾ ਰਾਸ਼ਟਰਪਤੀ ਗਿਆਨੀ ਜ਼ੈਲ ਸਿੰਘ ਵੱਲੋਂ 2 ਵਾਰ 26 ਜਨਵਰੀ ਨੂੰ ਗਣਤੰਤਰ ਦਿਵਸ ਦੇ ਮੌਕੇ 'ਤੇ ਇਨ੍ਹਾ ਨੂੰ ਸਨਮਾਨਤ ਕੀਤਾ ਗਿਆ। ਉਨ੍ਹਾਂ ਇਹ ਵੀ ਦੱਸਿਆ ਕਿ ਮਿਲਖੀ ਰਾਮ ਨੇ ਸੈਂਕੜੇ ਕਾਲਜਾਂ ਅਤੇ ਸਕੂਲਾਂ ਦੇ ਵਿਦਿਆਰਥੀਆਂ ਨੂੰ ਲੋਕ ਨਾਚ ਭੰਗੜਾ ਟੀਮ ਮੁਕਾਬਲਿਆਂ ਵਿੱਚ ਭਾਗ ਲੈਣ ਲਈ ਤਿਆਰ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕਲੱਬ ਪ੍ਰਧਾਨ ਤੇਜਿੰਦਰ ਸਿੰਘ ਰਾਂਦੇਵ ਹੈ ਅਤੇ ਗੀਤਕਾਰ ਰਜਿੰਦਰਪਾਲ ਸਿੰਘ ਪਾਲੀ ਵੱਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ।

# ਆਧੁਨਿਕ ਵੈਕਿਊਮ ਕਲੀਨਿੰਗ ਮਸ਼ੀਨ ਨਾਲ ਸ਼ਹਿਰ ਦੀ ਸਫ਼ਾਈ ਹੋਵੇਗੀ : ਜਿੰਪਾ

**ਹੁਸ਼ਿਆਰਪੁਰ (ਓ ਪੀ ਰਾਣਾ )** ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਦੀ ਦੂਰਦਰਸ਼ੀ ਸੋਚ ਅਤੇ ਨਗਰ ਨਿਗਮ ਹੁਸ਼ਿਆਰਪੁਰ ਦੀ ਪਹਿਲਕਦਮੀ ਨਾਲ ਸ਼ਹਿਰ ਵਿਚ ਅਤਿ-ਆਧੁਨਿਕ ਵੈਕਿਊਮ ਕਲੀਨਿੰਗ ਮਸ਼ੀਨ ਦਾ ਸਫਲ ਟ੍ਰਾਇਲ ਹੋਇਆ। ਲੋਕਾਂ ਦੀ ਸਿਹਤ ਨੂੰ ਧਿਆਨ ਵਿਚ ਰੱਖਦਿਆਂ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਲਈ ਇਸ ਪਹਿਲ ਨਾਲ ਹੁਸ਼ਿਆਰਪੁਰ ਹੁਣ ਵੱਡੇ ਸ਼ਹਿਰਾਂ ਦੀ ਸੂਚੀ ਵਿਚ ਸ਼ਾਮਿਲ ਹੋ ਜਾਵੇਗਾ, ਜਿਥੇ ਇਸ ਤਰ੍ਹਾਂ ਦੀ ਆਧੁਨਿਕ ਮਸ਼ੀਨ ਨਾਲ ਸ਼ਹਿਰ ਦੀ ਸਫ਼ਾਈ ਹੋਵੇਗੀ। ਬੱਸ ਸਟੈਂਡ ਚੌਕ ਹੁਸ਼ਿਆਰਪੁਰ ਤੋਂ ਅੱਜ ਵੈਕਿਊਮ ਕਲੀਨਿੰਗ ਮਸ਼ੀਨ ਦੇ ਟ੍ਰਾਇਲ ਦੀ ਸ਼ੁਰੂਆਤ ਕਰਦਿਆਂ ਕੈਬਨਿਟ ਮੰਤਰੀ ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਸੂਬੇ ਨੂੰ ਸਾਫ਼-ਸੁਥਰਾ ਤੇ ਸੁੰਦਰ ਬਣਾਉਣ ਦੇ ਮੁੱਖ ਮੰਤਰੀ ਭਗਵੰਤ ਮਾਨ ਦੇ ਸੁਪਨੇ ਨੂੰ ਸਾਕਾਰ ਕਰਨ ਦੀ ਦਿਸ਼ਾ ਵਿਚ ਕੰਮ ਕੀਤਾ ਜਾ ਰਿਹਾ ਹੈ। ਇਸੇ ਲੜੀ ਵਿਚ ਅੱਜ ਹੁਸ਼ਿਆਰਪੁਰ ਵਿਚ ਅਤਿ-ਆਧੁਨਿਕ ਸਫ਼ਾਈ ਮਸ਼ੀਨ ਦਾ ਟ੍ਰਾਇਲ ਕੀਤਾ ਗਿਆ ਹੈ, ਜੋ ਕਿ ਜਲਦ ਹੀ ਹੁਸ਼ਿਆਰਪੁਰ ਦੀ ਸਫ਼ਾਈ ਲਈ ਉਪਲਬੱਧ ਹੋਵੇਗੀ। ਇਸ ਮੌਕੇ ਮੇਅਰ ਸੁਰਿੰਦਰ ਕੁਮਾਰ ਅਤੇ ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ ਵੀ ਮੌਜੂਦ ਸਨ। ਉਨ੍ਹਾਂ ਦਸਿਆ ਕਿ ਅਤਿ-ਆਧੁਨਿਕ ਵੈਕਿਊਮ ਕਲੀਨਿੰਗ ਮਸ਼ੀਨ ਦੀ ਖ਼ਰੀਦ ਤੋਂ ਪਹਿਲਾਂ ਇਸ ਲਈ ਟ੍ਰਾਇਲ ਕਰਵਾਇਆ ਗਿਆ ਹੈ, ਤਾਂ ਜੋ ਇਸ ਦੀ ਕਾਰਗੁਜ਼ਾਰੀ ਨੂੰ ਪੂਰੀ ਤਰ੍ਹਾਂ ਨਾਲ ਚੈੱਕ ਕੀਤਾ ਜਾ ਸਕੇ। ਕੈਬਨਿਟ ਮੰਤਰੀ ਨੇ ਦੱਸਿਆ ਕਿ ਟਰੱਕ ਸਮੇਤ ਇਸ ਮਸ਼ੀਨ ਦੀ ਖ਼ਰੀਦ ਕਰੀਬ 55-60 ਲੱਖ ਰੁਪਏ ਹੋਵੇਗੀ ਅਤੇ ਤਿੰਨ ਸਾਲਾਂ ਦੇ ਸਾਲਾਨਾ ਰੱਖ-ਰਖਾਅ ਲਈ ਖ਼ਰਚਾ



ਕਰੀਬ 1 ਕਰੋੜ ਰੁਪਏ ਆਵੇਗਾ। ਉਨ੍ਹਾਂ ਦੱਸਿਆ ਕਿ ਨਵੇਂ ਸਾਲ ਦੇ ਆਗਮਨ 'ਤੇ ਸ਼ਹਿਰ ਵਾਸੀਆਂ ਨੂੰ ਇਹ ਤੋਹਫ਼ਾ ਦਿੱਤਾ ਗਿਆ ਹੈ ਤਾਂ ਕਿ ਬਿਨਾਂ ਮਿੱਟੀ-ਘੱਟਾ ਉਡੇ ਸ਼ਹਿਰ ਨੂੰ ਸਾਫ਼ ਕੀਤਾ ਜਾ ਸਕੇ। ਬ੍ਰਮ ਸ਼ੰਕਰ ਜਿੰਪਾ ਨੇ ਕਿਹਾ ਕਿ ਉਨ੍ਹਾਂ ਦੀ ਕੋਸ਼ਿਸ਼ ਹੈ ਕਿ ਜਲਦ ਤੋਂ ਜਲਦ ਹੁਸ਼ਿਆਰਪੁਰ ਨੂੰ ਡੰਪ ਫਰੀ ਸ਼ਹਿਰ ਬਣਾਇਆ ਜਾਵੇ ਅਤੇ ਇਸ ਦੇ ਲਈ ਵੀ ਯਤਨ ਸ਼ੁਰੂ ਹੋ ਚੁੱਕੇ ਹਨ। ਉਨ੍ਹਾਂ ਕਿਹਾ ਕਿ ਹਾਲ ਹੀ ਵਿਚ ਮੁੱਖ ਮੰਤਰੀ ਤੇ ਸਥਾਨਕ ਸਰਕਾਰਾਂ ਮੰਤਰੀ ਵੱਲੋਂ ਹੁਸ਼ਿਆਰਪੁਰ ਨੂੰ ਇਕ ਅਤਿ-ਆਧੁਨਿਕ ਫਾਇਰ ਟੈਂਡਰ ਸੌਂਪਿਆ ਗਿਆ ਹੈ। ਉਨ੍ਹਾਂ ਕਿਹਾ ਕਿ ਹੁਸ਼ਆਰਪੁਰ ਦੇ ਵਿਕਾਸ ਲਈ ਬੁਨਿਆਦੀ ਢਾਂਚੇ ਦੀ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਆਉਣ ਵਾਲੇ ਸਮੇਂ ਵਿਚ ਵਿਕਾਸ ਦੀ ਗਤੀ ਹੋਰ ਤੇਜ਼ ਕੀਤੀ ਜਾਵੇਗੀ। ਇਸ ਮੌਕੇ ਉਨ੍ਹਾਂ ਨਾਲ ਸਹਾਇਕ ਕਮਿਸ਼ਨਰ ਨਗਰ ਨਿਗਮ ਸੰਦੀਪ ਤਿਵਾੜੀ, ਆਮ ਆਦਮੀ ਪਾਰਟੀ ਦੇ ਜ਼ਿਲ੍ਹਾ ਸਕੱਤਰ ਜਸਪਾਲ ਸਿੰਘ ਚੇਚੀ, ਵਰਿੰਦਰ ਸ਼ਰਮਾ ਬਿੰਦੂ, ਸਤਵੰਤ ਸਿੰਘ ਸਿਆਣ, ਵਰਿੰਦਰ ਵੈਦ, ਸੁਮੇਸ਼ ਸੋਨੀ, ਅਮਰਜੀਤ ਸ਼ਰਮਾ ਤੋਂ ਇਲਾਵਾ ਹੋਰ ਪਤਵੰਤੇ ਮੌਜੂਦ ਸਨ।

# 50,000 ਰੁਪਏ ਰਿਸ਼ਵਤ ਲੈਣ ਦੇ ਦੋਸ਼ 'ਚ ਸਬ ਇੰਸਪੈਕਟਰ ਗ੍ਰਿਫ਼ਤਾਰ

**ਚੰਡੀਗੜ੍ਹ, ( ਗੁਰਜੀਤ ਬਿੱਲਾ )**—ਪੰਜਾਬ ਵਿਜੀਲੈਂਸ ਬਿਊਰੋ ਨੇ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਮੁਹਿੰਮ ਦੌਰਾਨ ਥਾਣਾ ਮੌੜ, ਜ਼ਿਲ੍ਹਾ ਬਠਿੰਡਾ ਵਿਖੇ ਤਾਇਨਾਤ ਸਬ-ਇੰਸਪੈਕਟਰ (ਐਸਆਈ) ਬਲਜੀਤਪਾਲ ਸਿੰਘ ਨੂੰ 50,000 ਰੁਪਏ ਰਿਸ਼ਵਤ ਲੈਣ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਸ਼ੀ ਮੁਲਾਜਮ ਨੂੰ ਸ਼ਿਕਾਇਤਕਰਤਾ ਰਾਕੇਸ਼ ਕੁਮਾਰ ਵਾਸੀ ਪ੍ਰਤਾਪ ਨਗਰ, ਬਠਿੰਡਾ ਸ਼ਹਿਰ ਦੀ ਸ਼ਿਕਾਇਤ ਤੋਂ ਬਾਅਦ ਗ੍ਰਿਫ਼ਤਾਰ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੋਸ਼ ਲਾਇਆ ਕਿ ਉਕਤ ਪੁਲਸ ਮੁਲਾਜਮ ਨੇ ਉਸ ਨੂੰ ਇੱਕ ਪੁਲਸ ਸ਼ਿਕਾਇਤ ਦੀ ਜਾਂਚ ਦੇ ਮਾਮਲੇ ਵਿੱਚ ਨਾਮਜਦ ਕਰਨ ਦੀ ਧਮਕੀ ਦੇ ਕੇ 50,000 ਰੁਪਏ ਰਿਸ਼ਵਤ ਦੀ ਮੰਗ ਕੀਤੀ ਹੈ। ਸ਼ਿਕਾਇਤਕਰਤਾ ਨੇ ਅੱਗੇ ਦੱਸਿਆ ਕਿ ਦੋਸ਼ੀ ਪੁਲਸ ਮੁਲਾਜਮ ਨੇ ਸਵੇਰੇ ਉਸ ਤੋਂ 20 ਹਜਾਰ ਰੁਪਏ ਲੈ ਲਏ ਅਤੇ ਹੋਰ ਪੈਸਿਆਂ ਦੀ ਮੰਗ ਕਰ ਰਿਹਾ ਹੈ। ਰਾਕੇਸ਼ ਕੁਮਾਰ ਨੇ ਰਿਸ਼ਵਤ ਦੀ ਇਹ ਰਕਮ ਦੇਣ ਵੇਲੇ ਸਬੂਤ ਵਜੋਂ ਸਾਰੀ ਗੱਲਬਾਤ ਨੂੰ ਰਿਕਾਰਡ ਕਰ ਲਿਆ। ਉਕਤ ਦੋਸ਼ੀ ਪੁਲਸ ਮੁਲਾਜਮ ਨੇ ਸ਼ਿਕਾਇਤਕਰਤਾ ਨੂੰ ਧਮਕੀ ਦੇ ਕੇ ਕਿਹਾ ਕਿ ਉਸ ਦਾ ਤਬਾਦਲਾ ਕਿਸੇ ਹੋਰ ਥਾਣੇ ਵਿੱਚ ਹੋ ਚੁੱਕਾ ਹੈ ਪਰ ਜਾਣ ਤੋਂ ਪਹਿਲਾਂ ਉਸ ਵੱਲੋਂ ਰਿਸ਼ਵਤ ਦੀ ਰਕਮ ਨਾ ਦੇਣ ਦੀ ਸੂਰਤ ਵਿੱਚ ਸ਼ਿਕਾਇਤਕਰਤਾ ਅਤੇ ਉਸਦੇ ਰਿਸ਼ਤੇਦਾਰਾਂ ਨੂੰ ਪੁਲਸ ਕੇਸ ਵਿੱਚ ਨਾਮਜ਼ਦ ਕਰਕੇ ਜਾਵਾਂਗਾ। ਬੁਲਾਰੇ ਨੇ ਅੱਗੇ ਕਿਹਾ ਕਿ ਬਿਊਰੋ ਨੇ ਦੋਸ਼ਾਂ ਦੀ ਪੜਤਾਲ ਉਪਰੰਤ ਦੋਸ਼ੀ ਨੂੰ ਫੜਨ ਲਈ ਜਾਲ ਵਿਛਾਇਆ। ਉਕਤ ਦੋਸ਼ੀ ਪੁਲਸ ਮੁਲਾਜਮ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਰਿਸ਼ਵਤ ਦੀ ਦੂਜੀ ਕਿਸ਼ਤ ਵਜੋਂ 30,000 ਰੁਪਏ ਲੈਂਦਿਆਂ ਰੰਗੇ ਹੱਥੀਂ ਕਾਬੂ ਕਰ ਲਿਆ ਗਿਆ। ਬਿਊਰੋ ਦੀ ਟੀਮ ਨੇ ਪੁਲਸ ਕਰਮਚਾਰੀ ਦੇ ਕਬਜੇ 'ਚੋਂ 50 ਹਜਾਰ ਰੁਪਏ ਬਰਾਮਦ ਕਰ ਲਏ ਜੋ ਉਸ ਨੇ ਰਿਸ਼ਵਤ ਵਜੋਂ ਦੋ ਵਾਰ ਲਏ ਸਨ। ਇਸ ਸੰਬੰਧੀ ਉਕਤ ਪੁਲਸ ਮੁਲਾਜ਼ਮ ਖਿਲਾਫ ਭ੍ਰਿਸ਼ਟਾਚਾਰ ਰੋਕਥਾਮ ਕਾਨੂੰਨ ਤਹਿਤ ਵਿਜੀਲੈਂਸ ਦੇ ਥਾਣਾ ਬਠਿੰਡਾ ਵਿਖੇ ਮਾਮਲਾ ਦਰਜ ਕਰ ਲਿਆ ਹੈ ਅਤੇ ਅਗਲੇਰੀ ਜਾਂਚ ਜਾਰੀ ਹੈ।

ਨਵਾਂ ਜ਼ਮਾਨਾ

ਸ਼ੁੱਕਰਵਾਰ, 30 ਦਸੰਬਰ 2022

# ਨੋਟਬੰਦੀ ਸਹੀ ਸੀ ਜਾਂ ਗਲਤ ?

*ਨੋਟਬੰਦੀ ਦੇ ਮੁੱਦੇ ’ਤੇ ਸੁਪਰੀਮ ਕੋਰਟ ਦੀ ਸੰਵਿਧਾਨਕ ਬੈਂਚ ਦੇ ਫੈਸਲੇ ਦਾ ਆਉਂਦੀ 2 ਜਨਵਰੀ ਨੂੰ ਪਤਾ ਲੱਗੇਗਾ, ਪਰ ਸਰਕਰਦਾ ਅੰਗਰੇਜ਼ੀ ਅਖਬਾਰ ‘ਦੀ ਇੰਡੀਅਨ ਐੱਕਸਪ੍ਰੈੱਸ’ ਵਿਚ ਬੁੱਧਵਾਰ ਛਪੀ ਖਾਸ ਰਿਪੋਰਟ ਨੇ ਕਈ ਉਹ ਤੱਥ ਸਾਹਮਣੇ ਲਿਆਂਦੇ ਹਨ, ਜਿਹੜੇ ਸਰਕਾਰ ਤੇ ਭਾਰਤੀ ਰਿਜ਼ਰਵ ਬੈਂਕ ਨੇ ਆਪਣੇ ਹਲਫਨਾਮਿਆਂ ’ਚ ਸੁਪਰੀਮ ਕੋਰਟ ਨੂੰ ਨਹੀਂ ਦੱਸੇ। ਦੋਹਾਂ ਨੇ ਇਸ ਗੱਲ ’ਤੇ ਹੀ ਜ਼ੋਰ ਦਿੱਤਾ ਕਿ ਨੋਟਬੰਦੀ ਦਾ ਫੈਸਲਾ ਸੋਚ-ਸਮਝ ਕੇ ਕੀਤਾ ਗਿਆ ਸੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 8 ਨਵੰਬਰ 2016 ਨੂੰ ਟੀ ਵੀ ’ਤੇ ਕੌਮ ਨੂੰ ਸੰਬੋਧਨ ਕਰਦਿਆਂ ਨੋਟਬੰਦੀ ਦਾ ਐਲਾਨ ਕੀਤਾ ਸੀ। ਸਰਕਾਰ ਤੇ ਰਿਜ਼ਰਵ ਬੈਂਕ ਨੇ ਸੁਪਰੀਮ ਕੋਰਟ ਨੂੰ ਦੱਸਿਆ ਕਿ ਫਰਵਰੀ 2016 ਤੋਂ ਇਸ ’ਤੇ ਗੱਲਬਾਤ ਸ਼ੁਰੂ ਹੋ ਗਈ ਸੀ ਤੇ 9 ਮਹੀਨੇ ਬਾਅਦ ਰਿਜ਼ਰਵ ਬੈਂਕ ਨੇ ਨੋਟਬੰਦੀ ਦੀ ਆਗਿਆ ਦਿੱਤੀ ਸੀ। ਸਰਕਾਰ ਤੇ ਰਿਜ਼ਰਵ ਬੈਂਕ ਨੇ ਇਹ ਨਹੀਂ ਦੱਸਿਆ ਕਿ ਰਿਜ਼ਰਵ ਬੈਂਕ ਦੀ ਆਗਿਆ ਇਕ ਪ੍ਰਕਿਰਿਆ ਸੀ ਜਾਂ ਇਕ ਲੋੜ ਸੀ, ਜਿਸ ਨੂੰ ਪੂਰਾ ਕੀਤਾ ਗਿਆ। ਆਸਾਨ ਸ਼ਬਦਾਂ ’ਚ ਕਹੀਏ ਤਾਂ ਆਗਿਆ ਲੈਣਾ ਪ੍ਰਕਿਰਿਆ ਦਾ ਇਕ ਹਿੱਸਾ ਸੀ। ਉਸ ਨੂੰ ਬਸ ਸੂਚਨਾ ਦਿੱਤੀ ਗਈ ਕਿ 8 ਨਵੰਬਰ 2016 ਨੂੰ ਨੋਟਬੰਦੀ ਹੋਣ ਜਾ ਰਹੀ ਹੈ। ਜੇ ਉਸ ਸਮੇਂ ਦੇ ਘਟਨਾਕ੍ਰਮ ਨੂੰ ਵੇਖੀਏ ਤਾਂ ਕੇਂਦਰ ਸਰਕਾਰ ਲਗਾਤਾਰ ਖੁੱਲ੍ਹ ਕੇ ਰਿਜ਼ਰਵ ਬੈਂਕ ਦੀ ਅਲੋਚਨਾ ਕਰ ਰਹੀ ਸੀ। ਮੋਦੀ ਨੇ ਆਪਣੇ ਸੰਬੋਧਨ ਵਿਚ ਕਿਹਾ ਸੀ ਕਿ ਦੇਸ਼ ’ਚ ਜਿੰਨਾ ਜ਼ਿਆਦਾ ਕੈਸ਼ ਸਰਕੂਲੇਸ਼ਨ ਵਿਚ ਹੈ, ਉਸ ਦਾ ਸਿੱਧਾ ਸੰਬੰਧ ਭ੍ਰਿਸ਼ਟਾਚਾਰ ਨਾਲ ਹੈ। ਹਾਲਾਂਕਿ ਜੀ ਡੀ ਪੀ (ਕੁਲ ਘਰੇਲੂ ਉਤਪਾਦਨ) ਦੇ ਪ੍ਰਤੀਸ਼ਤ ਦੇ ਮੁਤਾਬਕ ਹੀ ਕੈਸ਼ ਦਾ ਸਰਕੂਲੇਸ਼ਨ ਹੋਣਾ ਚਾਹੀਦਾ ਹੈ। ਉਸ ਸਮੇਂ 2016 ਤੱਕ ਪਿਛਲੇ ਪੰਜ ਸਾਲਾਂ ਵਿਚ ਕੈਸ਼ ਦਾ ਪ੍ਰਵਾਹ ਤੇ ਜੀ ਡੀ ਪੀ ਪ੍ਰਤੀਸ਼ਤ 11 ਫੀਸਦੀ ਦੇ ਨੇੜੇ-ਤੇੜੇ ਜਾਂ ਕੁਝ ਵੱਧ ਸੀ। ਸਰਕਾਰ ਨੇ ਅਮਰੀਕਾ ਦਾ ਹਵਾਲਾ ਦਿੰਦਿਆਂ ਕਿਹਾ ਕਿ ਉਥੇ ਇਹ 7.7 ਪ੍ਰਤੀਸ਼ਤ ਸੀ ਤੇ ਭਾਰਤ ਵਿਚ ਇਸ ਦਾ ਪੱਧਰ 11.5 ਪ੍ਰਤੀਸ਼ਤ ਸੀ। ਸਰਕਾਰ ਨੇ ਸੁਪਰੀਮ ਕੋਰਟ ਨੂੰ ਇਹ ਨਹੀਂ ਦੱਸਿਆ ਕਿ ਨੋਟਬੰਦੀ ਦੇ ਤਿੰਨ ਸਾਲ ਬਾਅਦ ਕੈਸ਼ ਸਰਕੂਲੇਸ਼ਨ ਤੇ ਜੀ ਡੀ ਪੀ ਫਿਰ ਤੋਂ ਉਸੇ ਪੱਧਰ ’ਤੇ ਆ ਗਏ। ਰਿਜ਼ਰਵ ਬੈਂਕ ਦੀ 2019-20 ਦੀ ਸਾਲਾਨਾ ਰਿਪੋਰਟ ’ਚ ਕਿਹਾ ਗਿਆ ਸੀ ਕਿ ਕਰੰਸੀ ਤੇ ਜੀ ਡੀ ਪੀ ਅਨੁਪਾਤ 2019-20 ਵਿਚ 11.3 ਪ੍ਰਤੀਸ਼ਤ ਤੋਂ ਵਧ ਕੇ ਨੋਟਬੰਦੀ ਤੋਂ ਪਹਿਲਾਂ ਦੇ 12 ਪ੍ਰਤੀਸ਼ਤ ਦੇ ਪੱਧਰ ’ਤੇ ਆ ਗਿਆ। 2021-22 ਵਿਚ ਇਹ 14.4 ਪ੍ਰਤੀਸ਼ਤ ਹੋ ਗਿਆ। ਹੁਣ ਸਰਕਾਰ ਨੂੰ ਅਮਰੀਕਾ ਦੇ ਕੈਸ਼ ਸਰਕੂਲੇਸ਼ਨ ਤੇ ਜੀ ਡੀ ਪੀ ਦਾ ਖਿਆਲ ਨਹੀਂ ਆਇਆ। ਸਰਕਾਰ ਤੇ ਰਿਜ਼ਰਵ ਬੈਂਕ ਨੇ ਸੁਪਰੀਮ ਕੋਰਟ ਨੂੰ 500 ਰੁਪਏ ਤੇ 1000 ਰੁਪਏ ਦੇ ਨੋਟਾਂ ਦੇ ਚਲਨ ਬਾਰੇ ਵੀ ਹਨੇਰੇ ’ਚ ਰੱਖਿਆ। ਸਰਕਾਰ ਨੇ ਕਿਹਾ ਸੀ ਕਿ 500 ਤੇ 1000 ਰੁਪਏ ਦੇ ਨੋਟਾਂ ਦਾ ਚਲਨ ਏਨਾ ਵਧ ਗਿਆ ਹੈ ਕਿ ਇਸ ਨਾਲ ਬਲੈਕ ਮਨੀ ਵਧ ਰਹੀ ਹੈ। 2016 ਤੋਂ ਪਹਿਲਾਂ ਦੇ ਪੰਜ ਸਾਲਾਂ ਦੇ ਹਵਾਲੇ ਨਾਲ ਦੱਸਿਆ ਕਿ 500 ਰੁਪਏ ਦੇ ਨੋਟਾਂ ਦਾ ਚਲਨ 76.38 ਪ੍ਰਤੀਸ਼ਤ ਤੇ 1000 ਰੁਪਏ ਦੇ ਨੋਟਾਂ ਦਾ ਚਲਨ 108.98 ਪ੍ਰਤੀਸ਼ਤ ਤੱਕ ਪੁੱਜ ਗਿਆ ਸੀ, ਪਰ ਜੇ ਉਸੇ ਸਮੇਂ ਦੇ ਆਰਥਕ ਸਰਵੇਖਣ ਦੇ ਅੰਕੜਿਆਂ ਦਾ ਅਧਿਐਨ ਕੀਤਾ ਜਾਵੇ ਤਾਂ ਪਤਾ ਲੱਗਦਾ ਹੈ ਕਿ 2011-12 ਤੇ 2015-16 ਤੱਕ ਅਰਥ ਵਿਵਸਥਾ ਦਾ ਆਕਾਰ 30 ਪ੍ਰਤੀਸ਼ਤ ਤਕ ਘਟ ਗਿਆ ਸੀ। ਸਰਕਾਰ ਤੇ ਰਿਜ਼ਰਵ ਬੈਂਕ ਦਾ ਇਹ ਦਾਅਵਾ ਵਿਰੋਧਾਭਾਸੀ ਹੈ ਕਿ ਕੈਸ਼ ਸਰਕੂਲੇਸ਼ਨ ਤੇ ਜੀ ਡੀ ਪੀ ਵਧ ਰਹੇ ਸਨ ਤੇ ਅਰਥਵਿਵਸਥਾ ਘਟ ਰਹੀ ਸੀ। ਨੋਟਬੰਦੀ ਕਰਦਿਆਂ ਸਰਕਾਰ ਨੇ 500 ਰੁਪਏ ਤੇ 1000 ਰੁਪਏ ਦੇ ਪੁਰਾਣੇ ਨੋਟਾਂ ਦੀ 500 ਰੁਪਏ ਤੇ 2000 ਰੁਪਏ ਦੇ ਨਵੇਂ ਨੋਟ ਪੇਸ਼ ਕੀਤੇ। ਬਹੁਤੇ ਲੋਕਾਂ ਨੇ ਆਪਣੇ ਪੁਰਾਣੇ ਨੋਟਾਂ ਦੇ ਬਦਲੇ ਦੋ ਹਜ਼ਾਰ ਦੇ ਨੋਟਾਂ ਨਾਲ ਕਾਲਾ ਧਨ ਚਿੱਟਾ ਕਰ ਲਿਆ। ਇਹ ਸਭ ਸਰਕਾਰ ਤੇ ਰਿਜ਼ਰਵ ਬੈਂਕ ਦੇ ਸਾਹਮਣੇ ਹੋਇਆ। ਰਿਜ਼ਰਵ ਬੈਂਕ ਤੇ ਸਰਕਾਰ ਨੇ 500 ਰੁਪਏ ਤੇ 1000 ਰੁਪਏ ਦੇ ਪੁਰਾਣੇ ਨੋਟਾਂ ਕਾਰਨ ਕਾਲਾ ਧਨ ਪੈਦਾ ਹੋਣ ਦੀ ਗੱਲ ਕਹੀ ਸੀ, ਪਰ ਰਿਜ਼ਰਵ ਬੈਂਕ ਦੇ ਕੇਂਦਰੀ ਬੋਰਡ ਦਾ ਕਹਿਣਾ ਹੈ ਕਿ ਲੋਕ ਕੈਸ਼ ਦੇ ਰੂਪ ਵਿਚ ਕਾਲਾ ਧਨ ਨਹੀਂ ਰੱਖਦੇ, ਸੋਨੇ ਤੇ ਅਚੱਲ ਸੰਪਤੀ ਦੇ ਰੂਪ ਵਿਚ ਰੱਖਦੇ ਹਨ। ਸਰਕਾਰ ਦੀ ਨੋਟਬੰਦੀ ਦਾ ਅਸਰ ਸੋਨੇ ਤੇ ਅਚੱਲ ਸੰਪਤੀਆਂ ’ਤੇ ਜ਼ਰਾ ਵੀ ਨਹੀਂ ਪਿਆ। ਅਖਬਾਰ ਦੀ ਰਿਪੋਰਟ ਨੇ ਤੱਥਾਂ ਨਾਲ ਸਾਬਤ ਕੀਤਾ ਹੈ ਕਿ ਨੋਟਬੰਦੀ ਆਪਣੇ ਮਕਸਦ ਵਿਚ ਸਫਲ ਨਹੀਂ ਹੋਈ।*

# ਔਹ ਗਏ ਸੱਜਣ, ਔਹ ਗਏ...

## ਗਿਆਨ ਸੈਦਪੁਰੀ

ਉਸ ਦਿਨ ਵੀਹ ਤਰੀਕ ਸੀ। ਅੱਲਾਪੂਜਾ (ਕੇਰਲਾ) ਵਿੱਚ ਏਟਕ ਦੀ ਨੈਸ਼ਨਲ ਕਾਨਫਰੰਸ ਦਾ ਆਖਰੀ ਦਿਨ। ਇਸ ਵਿੱਚ ਸ਼ਾਮਲ ਹੋਣ ਲਈ ਪੰਜਾਬ ਤੋਂ ਗਏ ਡੈਲੀਗੇਟਾਂ ਵਿੱਚੋਂ ਬਹੁਤੇ ਇੱਕੋ ਥਾਂ (ਰਾਇਲ ਹੋਮਜ਼) ਵਿੱਚ ਹੀ ਠਹਿਰੇ ਹੋਏ ਸਨ। ਮੇਰੇ ਨਾਲ ਦਾ ਮੰਜਾ ਕਾਮਰੇਡ ਸੰਤੋਖ ਸਿੰਘ ਸੰਘੇੜਾ ਦਾ ਸੀ। ਉਹ ਤੜਕੇ ਸਾਢੇ ਤਿੰਨ ਵਜੇ ਉੱਠ ਗਏ। ਉੱਥੇ ਦਸੰਬਰ ਵਿੱਚ ਪੰਜਾਬ ਦੇ ਅਪ੍ਰੈਲ ਮਹੀਨੇ ਵਰਗਾ ਮੌਸਮ ਹੈ। ਕਾਮਰੇਡ ਸੰਘੇੜਾ ਨੇ ਤੜਕੇ ਹੀ ਕੇਸੀਂ ਇਸ਼ਨਾਨ ਕਰ ਲਿਆ। ਪੰਜ ਵਜੇ ਸਾਨੂੰ ਲੰਬੀ ਸੈਰ ਲਈ ਤੋਰ ਲਿਆ। ਰਸਤੇ ਵਿੱਚ ਢੇਰ ਸਾਰੀਆਂ ਗੱਲਾਂ ਕੀਤੀਆਂ। ਕਾਮਰੇਡਾਂ ਦੀਆਂ ਕਿਤਾਬਾਂ ਦੀਆਂ ਤੇ ਕੇਰਲਾ ਦੀਆਂ। ਸੈਰ ਤੋਂ ਵਾਪਸ ਆਉਂਦਿਆਂ ਦੌੜੇ ਆਉਂਦੇ ਇੱਕ ਨੌਜਵਾਨ ਨੇ ਸਾਨੂੰ ਸਤਿ ਸ੍ਰੀ ਅਕਾਲ ਆਣ ਬੁਲਾਈ। ਦਰਅਸਲ ਉਹ ਕਾਮਰੇਡ ਸੰਘੇੜਾ ਦੀ ਪੋਚਵੀਂ ਪੱਗ ’ਤੇ ਖੁੱਲ੍ਹੀ ਸਫੈਦ ਦਾੜ੍ਹੀ ਵੇਖ ਕੇ ਸਾਡੇ ਵੱਲ ਭੱਜਾ ਆਇਆ ਸੀ। ਸਵਾ ਛੇ ਫੁੱਟ ਉੱਚੇ ਉਸ ਸਿੱਖ ਫੌਜੀ ਜਵਾਨ ਨੇ ਮਿਲਣ ਦੀ ਖੁਸ਼ੀ ਜ਼ਾਹਰ ਕਰਦਿਆਂ ਦੱਸਿਆ ਕਿ ਉਹ ਹਰਿਆਣੇ ਤੋਂ ਹੈ ਤੇ ਪਿਛਲੇ ਦੋ ਸਾਲ ਤੋਂ ਇੱਥੇ ਤੈਨਾਤ ਹੈ। ਉਸ ਫ਼ੌਜੀ ਜਵਾਨ ਦੇ ਜਾਣ ਤੋਂ ਬਾਅਦ ਕਾਮਰੇਡ ਸੰਘੇੜਾ ਪਗੜੀ ਦੀ ਮਹੱਤਤਾ ਦੱਸਣ ਲੱਗ ਪਏ। ਰਸਤੇ ਵਿੱਚ ਅਸੀਂ ਇੱਕ ਵਾਰ ਚਾਹ ਪੀਤੀ। ਪੌਣੇ ਸੱਤ ਵਜੇ ਅਸੀਂ ਆਪਣੇ ਟਿਕਾਣੇ ਰਾਇਲ ਹੋਮਜ਼ ਪਹੁੰਚ ਗਏ।

ਇੱਥੇ ਆ ਕੇ ਕਾਮਰੇਡ ਸੰਘੇੜਾ ਦੂਸਰੇ ਸਾਥੀਆਂ ਨੂੰ ਜਲਦੀ ਤਿਆਰ ਹੋਣ ਲਈ ਹੱਲਾਸ਼ੇਰੀ ਦੇਣ ਲੱਗੇ। ਅਸੀਂ ਸਮੇਂ ਸਿਰ ਕਾਨਫਰੰਸ ਹਾਲ ਪਹੁੰਚ ਗਏ। ਦੁਪਹਿਰ ਦੇ ਖਾਣੇ ਦੇ ਨਾਲ ਹੀ ਕਾਨਫਰੰਸ ਸਮਾਪਤ ਹੋ ਗਈ। ਕਮਰਿਆਂ ਵਿੱਚ ਆ ਕੇ ਕਿਸ ਨੇ ਕੋਕੋਨਟ ਦਾ ਤੇਲ ਖਰੀਦਣਾ ਹੈ, ਤੇ ਕਿਸ ਨੇ ਇਲਾਚੀਆਂ ਜਾਂ ਕਾਲੀਆਂ ਮਿਰਚਾਂ, ਦੀ ਚਰਚਾ ਚੱਲ ਪਈ, ਕਾਮਰੇਡ ਸੰਘੇੜਾ ਨੇ ਕਿਹਾ ਸੀ ਕਿ ਉਨ੍ਹਾਂ ਨੇ ਤਾਂ ਸਿਰਫ ਤੇਲ ਖਰੀਦਣਾ ਤੇ ਉਹ ਵੀ ਘੱਟੋ-ਘੱਟ 5 ਕਿੱਲੋ, ਉਨ੍ਹਾਂ ਦੀ ਧੀ ਨਿਸ਼ਾ ਤੇ ਨੂੰਹਾਂ ਦੀ ਇਹੀ ਡੀਮਾਂਡ ਹੈ।

ਸ਼ਾਮ ਨੂੰ ਪੰਜ ਵਜੇ ਅੱਲਾਪੂਜਾ ਬੀਚ ’ਤੇ ਜਨਤਕ ਰੈਲੀ ਹੋਈ, ਜਿਸ ਨੂੰ ਏਟਕ ਦੇ ਜਨਰਲ ਸਕੱਤਰ ਕਾਮਰੇਡ ਅਮਰਜੀਤ ਕੌਰ ਨੇ ਸੰਬੋਧਨ ਕੀਤਾ। ਇੱਥੇ ਡੂੰਘੀਆਂ ਸ਼ਾਮਾਂ ਪੈ ਗਈਆਂ। ਵਾਪਸੀ ਲਈ ਸ਼ਾਰਟ ਕੱਟ ਰਸਤਾ ਚੁਣ ਲਿਆ, ਰੇਲਵੇ ਲਾਈਨ ਨੂੰ ਪਾਰ ਕਰਕੇ ਜਾਣ ਵਾਲਾ।। ਹਨੇਰਾ ਸੀ, ਮੋੜ ਸੀ ਤੇ ਕਾਹਲ ਵੀ। ਕੁਝ ਸਾਥੀ ਲਾਈਨ ਪਾਰ ਕਰ ਗਏ। ਕੁਝ ਦੂਸਰੇ ਪਾਸੇ ਰਹਿ ਗਏ। ਸਾਥੀ ਸੰਘੇੜਾ ਲਾਈਨ ਪਾਰ ਕਰਨ ਲੱਗੇ ਤਾਂ ਗੱਡੀ ਨੇ ਚੀਕ ਮਾਰੀ। ਉਹ ਤ੍ਰਬਕ ਕੇ ਪਟੜੀ ਵਿੱਚ ਹੀ ਡਿੱਗ ਪਏ। ਉੱਠਣ ਦੀ ਕੋਸ਼ਿਸ਼ ਕੀਤੀ, ਪਰ ਅਸਫਲ। ਦੇਖਦਿਆਂ-ਦੇਖਦਿਆਂ ਹੀ ਔਹ ਗਏ ਸੱਜਣ ਔਹ ਗਏ, ਲੰਘ ਗਏ ਦਰਿਆ ਵਾਲੀ ਗੱਲ ਹੋ ਗਈ। ਉਸ ਦਿਨ ਤੋਂ ਅੱਜ ਤੱਕ ਜਦੋਂ ਵੀ ਗੱਡੀ ਦੀ ਚੀਕ ਸੁਣੀ ਹੈ, ਉਹ ਕਾਤਲ ਲੱਗੀ ਹੈ ਤੇ ਮਨ ਦਾ ਵਿਹੜਾ ਪਛਤਾਵੇ ਨਾਲ ਭਰ ਕੇ ਸੋਗੀ ਹੋ ਜਾਂਦਾ ਹੈ।

# ਸੰਪਰਕ : 98725-40447

# ਨਵੀਂ ਰਾਸ਼ਟਰੀ ਸਿੱਖਿਆ ਨੀਤੀ—ਦਾਅਵੇ ਤੇ ਅਸਲੀਅਤ



ਡਾ. ਅਰੁਣ ਮਿੱਤਰਾ

ਕੁਝ ਦਿਨ ਪਹਿਲਾਂ ਸਵਾਮੀ ਨਾਰਾਇਣ ਗੁਰੂਕੁਲ ਸੰਸਥਾਨ ਦੇ 75ਵੇਂ ਅੰਮ੍ਰਿਤ ਉਤਸਵ ਨੂੰ ਸੰਬੋਧਨ ਕਰਦੇ ਹੋਏ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਿਹਾ ਸੀ ਕਿ ਅਜ਼ਾਦੀ ਉਪਰੰਤ ਸਿੱਖਿਆ ਦੀ ਪੂਰੀ ਤਰ੍ਹਾਂ ਅਣਦੇਖੀ ਕੀਤੀ ਗਈ ਹੈ। ਇਸ ਲਈ ਇਹ ਜ਼ਰੂਰੀ ਹੋ ਗਿਆ ਹੈ ਕਿ ਸਰਕਾਰ ਪੁਰਾਤਨ ਸਮੇਂ ਦੀ ਸਿੱਖਿਆ ਪੱਧਤੀ ਦੇ ਮਹੱਤਵ ਨੂੰ ਅੱਗੇ ਲੈ ਕੇ ਆਏ, ਜਦੋਂ ਕਿ ਪਿਛਲੀਆਂ ਸਰਕਾਰਾਂ ਫੇਲ੍ਹ ਹੋ ਗਈਆਂ ਤਾਂ ਸੰਤ ਲੋਕ ਅੱਗੇ ਆਏ, ਜਿਵੇਂ ਕਿ ਸੁਆਮੀ ਨਰਾਇਣ ਸੰਸਥਾਨ ਇਸ ਦੀ ਇਕ ਮਿਸਾਲ ਹੈ। ਉਨ੍ਹਾਂ ਕਿਹਾ ਕਿ ਪੁਰਾਤਨ ਸਮੇਂ ਵਿੱਚ ਸਾਡੀ ਸਿੱਖਿਆ ਪ੍ਰਣਾਲੀ ਲਾਮਿਸਾਲ ਸੀ, ਜਿਸ ਨੇ ਕਿ ਗਿਆਨ ਦੀ ਮਹੱਤਤਾ ਨੂੰ ਅੱਗੇ ਲੈ ਕੇ ਆਂਦਾ। ਗੁਰੂਕੁਲ ਦੇ ਵਿਚ ਬਰਾਬਰੀ ਅਤੇ ਸੇਵਾ ਭਾਵਨਾ ਨੂੰ ਮਹੱਤਵ ਦਿੱਤਾ ਗਿਆ। ਇਹ ਮਿਸਾਲ ਮੈਂ ਇਸ ਲਈ ਦਿੱਤੀ ਹੈ ਕਿ ਜਦੋਂ ਸੱਤਾ ’ਤੇ ਬੈਠੇ ਲੋਕ ਆਮ ਜਨਤਾ ਦੇ ਹਿੱਤਾਂ ਵਿਚ ਕੰਮ ਕਰਨ ਤੋਂ ਅਸਫ਼ਲ ਹੋ ਜਾਂਦੇ ਹਨ ਤਾਂ ਫਿਰ ਉਹ ਸਮਾਜ ਦੇ ਪੁਰਾਤਨ ਸਮੇਂ ਦੀਆਂ ਪ੍ਰਾਪਤੀਆਂ ਨੂੰ ਇਸ ਤਰੀਕੇ ਨਾਲ ਉਜਾਗਰ ਕਰਨ ਦੀ ਕੋਸ਼ਿਸ਼ ਕਰਦੇ ਹਨ ਕਿ ਅਜੋਕੇ ਸਮੇਂ ਵਿਚ ਲੋਕ ਉਨ੍ਹਾਂ ਦੀਆਂ ਅਸਫਲਤਾਵਾਂ ਨੂੰ ਭੁੱਲ ਜਾਣ ਅਤੇ ਪੁਰਾਤਨ ਸਮੇਂ ਦੀਆਂ ਪ੍ਰਾਪਤੀਆਂ ਦੇ ਗੁਣਗਾਨ ਵਿੱਚ ਗੁਆਚੇ ਰਹਿਣ। ਫ਼ਾਸ਼ੀਵਾਦੀ ਸ਼ਕਤੀਆਂ ਇਸ ਕਿਸਮ ਦੀਆਂ ਚਾਲਾਂ ਹੀ ਚਲਦੀਆਂ ਹਨ। ਕੋਈ ਵੀ ਸਿੱਖਿਆ ਪਦਤੀ ਸਮਕਾਲੀ ਸਮੇਂ ਦੀਆਂ ਸਮਾਜਕ ਤੇ ਆਰਥਕ ਪ੍ਰਸਥਿਤੀਆਂ ’ਤੇ ਨਿਰਭਰ ਹੁੰਦੀ ਹੈ। ਇਹ ਗੱਲ ਸਭ ਨੂੰ ਪਤਾ ਹੈ ਕਿ ਪੁਰਾਤਨ ਸਮੇਂ ਵਿਚ ਸਿੱਖਿਆ ਇੱਕ ਵਿਸ਼ੇਸ਼ ਕਿਸਮ ਦੀ ਜਾਤੀ ਅਤੇ ਅਖੌਤੀ ਉੱਚ ਵਰਗ ਲਈ ਰਾਖਵੀਂ ਸੀ। ਸਮਾਜ ਦੇ ਵੱਡੇ ਹਿੱਸੇ ਨੂੰ ਸਿੱਖਿਆ ਪ੍ਰਾਪਤ ਕਰਨ ਦਾ ਅਧਿਕਾਰ ਨਹੀਂ ਸੀ। ਮਿਸਾਲ ਵਜੋਂ ਜਦੋਂ ਏਕਲਵਿਆ ਨੇ ਧਨੁਸ਼ ਵਿੱਦਿਆ ਵਿਚ ਆਪ ਹੀ ਮੁਹਾਰਤ ਹਾਸਲ ਕਰ ਲਈ ਤਾਂ ਅਖੌਤੀ ਨੀਵੀਂ ਜਾਤੀ ਦਾ ਹੋਣ ਦੇ ਕਾਰਨ ਗੁਰੂ ਦ੍ਰੋਣਾਚਾਰਿਆ ਨੇ ਦਕਸ਼ਿਣਾ ਵਿਚ ਉਸਦਾ ਅੰਗੂਠਾ ਮੰਗ ਲਿਆ, ਕਿਉਂਕਿ ਉਸਦੀ ਜਾਤੀ ਨੂੰ ਸਿੱਖਿਆ ਦਾ ਹੱਕ ਨਹੀਂ ਸੀ। ਇਹ ਵੀ ਮਿਸਾਲਾਂ ਹਨ ਕਿ ਜੇ ਕੋਈ ਅਖੌਤੀ ਨੀਵੀਂ ਜਾਤੀ ਦਾ ਵਿਅਕਤੀ ਸਿੱਖਿਆ ਹਾਸਲ ਕਰਨ ਦੀ ਕੋਸ਼ਿਸ਼ ਕਰਦਾ ਸੀ ਤਾਂ ਉਸਦੇ ਕੰਨਾਂ ਵਿਚ ਸਿੱਕਾ ਪਾ ਦਿੱਤਾ ਜਾਂਦਾ ਸੀ।

ਆਧੁਨਿਕ ਸਮਾਜ ਨੇ ਇਨ੍ਹਾਂ ਗੱਲਾਂ ਨੂੰ ਤੋੜ ਕੇ, ਧਰਮ-ਜਾਤ ਦੇ ਬੰਧਨਾਂ ਨੂੰ ਤੋੜ ਕੇ ਸਮਾਜ ਦੇ ਆਰਥਕ ਤੇ ਸਮਾਜਕ ਤੌਰ ’ਤੇ ਪਛੜੇ ਵਰਗਾਂ ਵਿੱਚ ਵੀ ਸਿੱਖਿਆ ਦਾ ਪ੍ਰਸਾਰ ਕੀਤਾ। ਹਾਲਾਂਕਿ ਸਾਡੇ ਦੇਸ਼ ਦੇ ਸਿੱਖਿਆ ਪ੍ਰਬੰਧ ਵਿਚ ਬਹੁਤ ਕਮਜ਼ੋਰੀਆਂ ਤੇ ਕਮੀਆਂ ਹਨ, ਪਰ ਇੱਕ ਗੱਲ ਸਾਫ ਹੈ ਕਿ ਆਜ਼ਾਦੀ ਉਪਰੰਤ ਅਗਾਂਹਵਧੂ ਮੁਹਿੰਮ ਦੇ ਦਬਾਅ ਕਾਰਨ ਦੇਸ਼ ਵਿੱਚ ਵੱਡੇ ਪੱਧਰ ’ਤੇ ਅਨੇਕਾਂ ਪਿੰਡਾਂ ਵਿੱਚ ਸਰਕਾਰੀ ਹਾਈ ਸਕੂਲ ਖੋਲ੍ਹੇ ਗਏ, ਜਿਥੇ ਕਿ ਆਮ ਵਿਅਕਤੀ ਨੂੰ ਸਿੱਖਿਆ ਲੈਣਾ ਸੌਖਾ ਹੋ ਗਿਆ। ਇਸ ਨਾਲ ਸਕੂਲਾਂ ਵਿਚ ਸਭ ਨੂੰ ਇੱਕੋ ਛੱਤ ਥੱਲੇ ਸਿੱਖਿਆ ਲੈਣ ਦੇ ਹਾਲਾਤ ਬਣੇ। ਕੋਠਾਰੀ ਕਮਿਸ਼ਨ ਨੇ 1968 ਵਿਚ ਇੱਕ ਬੜੀ ਇਨਕਲਾਬੀ ਤਬਦੀਲੀ ਦੀ ਗੱਲ ਕੀਤੀ ਕਿ ਦੇਸ਼ ਵਿਚ ਕਾਮਨ ਸਕੂਲ ਸਿਸਟਮ ਲਾਗੂ ਹੋਣਾ ਚਾਹੀਦਾ ਹੈ, ਜਿਸ ਨਾਲ ਸਿੱਖਿਆ ਦੇ ਵਿਚ ਵਖਰੇਵਾਂ ਸਮਾਪਤ ਹੋ ਜਾਏਗਾ।

ਇਸੇ ਸਮੇਂ ਵਿਚ ਹੀ ਇਸਤਰੀ ਸਿੱਖਿਆ ਨੂੰ ਬਲ ਮਿਲਿਆ। ਇੱਥੇ ਇਹ ਦੱਸਣਾ ਜ਼ਰੂਰੀ ਹੈ ਕਿ ਪੁਰਾਤਨ ਸਮਿਆਂ ਵਿਚ ਔਰਤਾਂ ਲਈ ਵਿੱਦਿਆ ਲੈਣਾ ਕੇਵਲ ਇੱਕ ਸੁਪਨਾ ਸੀ। ਇੱਥੇ ਸਵਿਤ੍ਰੀ ਬਾਈ ਫੂਲੇ ਬਾਰੇ ਚਰਚਾ ਕਰਨਾ ਲਾਜ਼ਮੀ ਹੈ, ਜੋ ਕਿ 1931 ਵਿਚ ਪੈਦਾ ਹੋਏ ਤੇ ਜਿਹਨਾਂ ਨੂੰ ਉਹਨਾਂ ਦੇ ਪਤੀ ਜਿਓਤੀ ਰਾਓ ਫੂਲੇ ਨੇ ਪੜ੍ਹਾਈ ਕਰਨ ਦੀ ਪ੍ਰੇਰਨਾ ਦਿੱਤੀ ਤਾਂ ਉਹਨਾਂ ਨੂੰ ਅਨੇਕਾਂ ਔਕੜਾਂ ਦਾ ਸਾਹਮਣਾ ਕਰਨਾ ਪਿਆ ਤੇ ਉਹਨਾਂ ’ਤੇ ਪੱਥਰ ਤੱਕ ਵੀ ਮਾਰੇ ਗਏ। ਬਾਅਦ ਵਿਚ ਸਮਾਜ ਸੁਧਾਰਕਾਂ; ਰਾਜਾ ਰਾਮ ਮੋਹਨ ਰਾਏ ਤੇ ਸਵਾਮੀ ਦਿਆਨੰਦ ਸਰਸਵਤੀ ਆਦਿ ਨੇ ਔਰਤਾਂ ਦੀ ਸਿੱਖਿਆ ਲਈ ਬਹੁਤ ਕੰਮ ਕੀਤਾ। ਅਜ਼ਾਦੀ ਉਪਰੰਤ ਔਰਤਾਂ ਦੀ ਸਿੱਖਿਆ ਦੇ ਸੁਧਾਰ ਲਈ ਅਨੇਕਾਂ ਲੜਕੀਆਂ ਦੇ ਸਕੂਲ ਅਤੇ ਕਾਲਜ ਸਰਕਾਰੀ ਖੇਤਰ ਵਿਚ ਖੁੱਲ੍ਹੇ।

ਉਸੇ ਭਾਸ਼ਣ ਵਿਚ ਹੀ ਪ੍ਰਧਾਨ ਮੰਤਰੀ ਅੱਗੇ ਕਹਿੰਦੇ ਹਨ ਕਿ ਨਵੀਂ ਸਿੱਖਿਆ ਨੀਤੀ ਨਵੇਂ ਕਿਸਮ ਦੇ ਆਦਰਸ਼ ਨਾਗਰਿਕ ਤਿਆਰ ਕਰੇਗੀ, ਪਰ ਜਦੋਂ ਅਸੀਂ ਨਵੀਂ ਸਿੱਖਿਆ ਨੀਤੀ ’ਤੇ ਝਾਤ ਮਾਰਦੇ ਹਾਂ ਤਾਂ ਸਾਨੂੰ ਪਤਾ ਲਗਦਾ ਹੈ ਕਿ ਨਵੀਂ ਸਿੱਖਿਆ ਦੀਆਂ ਮੱਦਾਂ ਦੇ ਮੁਤਾਬਕ ਸਿੱਖਿਆ ਦਾ ਨਿਜੀਕਰਨ ਹੋਵੇਗਾ ਅਤੇ ਸਿੱਖਿਆ ਵਿੱਚ ਮੁਕੰਮਲ ਨਾ-ਬਰਾਬਰੀ ਆ ਜਾਏਗੀ ਤੇ ਸਮਾਜ ਦਾ ਇਕ ਵੱਡਾ ਹਿੱਸਾ ਗੁਣਵੱਤਕ ਸਿੱਖਿਆ ਤੋਂ ਵਾਂਝਾ ਹੋ ਜਾਏਗਾ। ਹੁਣ ਵੀ ਸਿਖਿਆ ਦੇ ਉਪਰ ਜੀ ਡੀ ਪੀ ਦਾ ਕੇਵਲ 2 ਪ੍ਰਤੀਸ਼ਤ ਖਰਚ ਕੀਤਾ ਜਾਂਦਾ ਹੈ, ਜਦੋਂ ਕਿ ਲੋੜ ਕੇਂਦਰ ਸਰਕਾਰ ਵੱਲੋਂ 10 ਪ੍ਰਤੀਸ਼ਤ ਖਰਚ ਕਰਨ ਦੀ ਹੈ। ਇਸ ਨਿਜੀਕਰਨ ਤਹਿਤ ਸਿੱਖਿਆ ਨਾਲ ਪ੍ਰਧਾਨ ਮੰਤਰੀ ਦੀ ਭਦਰ ਲੋਕ ਤਿਆਰ ਕਰਨ ਦੀ ਮਨਸ਼ਾ ਹੈ ਜਿਵੇਂ ਕਿ ਬਰਤਾਨਵੀ ਸ਼ਾਸਨ ਦੌਰਾਨ ਉਹਨਾਂ ਦੀ ਸੇਵਾ ਲਈ ਪੜ੍ਹੇ ਲਿਖੇ ਤਿਆਰ ਕਰਨ ਲਈ ਸਿੱਖਿਆ ਨੀਤੀ ਬਣਾਈ ਗਈ ਸੀ। ਨਵੀਂ ਸਿੱਖਿਆ ਨੀਤੀ ਕਾਰਪੋਰੇਟ ਖੇਤਰ ਦੇ ਸੇਵਾਦਾਰਾਂ ਦੀ ਫ਼ੌਜ ਤਿਆਰ ਕਰਨ ਨੂੰ ਪਹਿਲ ਦੇਵੇਗੀ।

ਜੇਕਰ ਸਿਹਤ ਸੇਵਾਵਾਂ ਦੀ ਗੱਲ ਵੀ ਕਰੀਏ ਤਾਂ ਮਹਿੰਗੀਆਂ ਹੋਣ ਕਰਕੇ ਇਹ ਵੀ ਲੋਕਾਂ ਦੀ ਪਹੁੰਚ ਤੋਂ ਬਾਹਰ ਹੁੰਦੀਆਂ ਜਾ ਰਹੀਆਂ ਹਨ। ਸਿਹਤ ’ਤੇ ਤਾਂ ਸਰਕਾਰੀ ਖਰਚ ਜੀ ਡੀ ਪੀ ਦਾ ਕੇਵਲ 1.28 ਪ੍ਰਤੀਸ਼ਤ ਹੈ, ਜਦੋਂ ਕਿ ਵਿਸ਼ਵ ਸਿਹਤ ਸੰਗਠਨ ਦੇ ਮੁਤਾਬਕ 5 ਪ੍ਰਤੀਸ਼ਤ ਹੋਣਾ ਚਾਹੀਦਾ ਹੈ। ਇਹ ਦੋ ਖਿੱਤੇ ਆਮ ਨਾਗਰਿਕ ਦਾ ਮੌਲਿਕ ਅਧਿਕਾਰ ਹੋਣਾ ਚਾਹੀਦੇ ਹਨ, ਪਰ ਨੀਤੀਆਂ ਇਸ ਦੇ ਉਲਟ ਹਨ।

ਇਹ ਦੋ ਮਿਸਾਲਾਂ ਮੈਂ ਇਸ ਲਈ ਦਿੱਤੀਆਂ ਹਨ, ਕਿਉਂਕਿ ਫਾਸ਼ੀਵਾਦੀ ਸ਼ਕਤੀਆਂ ਕੇਵਲ ਰਾਜਨੀਤਕ ਤੇ ਆਰਥਕ ਖੇਤਰ ’ਤੇ ਹੀ ਹਮਲੇ ਨਹੀਂ ਕਰਦੀਆਂ, ਬਲਕਿ ਉਹ ਹਰ ਖੇਤਰ ਵਿਚ ਨਾਂਹ ਪੱਖੀ ਕਦਮ ਪੁੱਟਦੇ ਹਨ। ਫਾਸ਼ੀਵਾਦ, ਕੱਟੜਪੰਥੀ ਸ਼ਕਤੀਆਂ ਅਤੇ ਕਾਰਪੋਰੇਟ ਖੇਤਰ ਦਾ ਗੱਠ-ਜੋੜ ਬਣ ਜਾਂਦਾ ਹੈ, ਜੋ ਕਿ ਸਾਰੀ ਧਨ ਸੰਪਤੀ ਨੂੰ ਕੇਂਦਰਤ ਕਰਕੇ ਆਮ ਜਨਤਾ ਨੂੰ ਇਸ ਤੋਂ ਵਾਂਝੇ ਕਰ ਦਿੰਦਾ ਹੈ। ਇਸ ਲਈ ਉਹ ਜ਼ੋਰ-ਜਬਰ ਦੀ ਵਰਤੋਂ ਕਰਦਾ ਹੈ, ਲੋਕਾਂ ਉੱਪਰ ਜ਼ੁਲਮ ਢਾਹੁੰਦਾ ਹੈ, ਆਪਣੀਆਂ ਗੱਲਾਂ ਨੂੰ ਮਨਵਾਉਣ ਲਈ ਝੂਠ ਦਾ ਸਹਾਰਾ ਲੈ ਕੇ ਪ੍ਰਚਾਰ ਸਾਧਨਾਂ ’ਤੇ ਕਬਜ਼ਾ ਕਰਕੇ ਸਮਾਜ ਨੂੰ ਝੂਠ ਮੂਠ ਦੇ ਪ੍ਰਚਾਰ ਨਾਲ ਆਪਸ ਵਿਚ ਵੰਡਣ ਦੀਆਂ ਕੋਝੀਆਂ ਸਾਜਿਸ਼ਾਂ ਰਚ ਕੇ ਲੋਕਾਂ ਨੂੰ ਵਰਗਲਾਉਣ ਦੀ ਕੋਸ਼ਿਸ਼ ਕਰਦਾ ਹੈ। ਇਸ ਲਈ ਉਹ ਵਿਗਿਆਨ ਦੀ ਵੀ ਗਲਤ ਵਰਤੋਂ ਕਰਦਾ ਹੈ ਤੇ ਗੈਰ-ਵਿਗਿਆਨਕ ਮਨ-ਘੜਤ ਗੱਲਾਂ ਨੂੰ ਵਿਗਿਆਨਕ ਆਖ ਕੇ ਪਰਚਾਰਦਾ ਹੈ ਤੇ ਲੋਕਾਂ ਦੀ ਹਮਦਰਦੀ ਜਿੱਤਣ ਦੀ ਕੋਸ਼ਿਸ਼ ਕਰਦਾ ਹੈ। ਇਸੇ ਲੜੀ ਵਿੱਚ ਦੇਖੀਏ ਤਾਂ ਪ੍ਰਧਾਨ ਮੰਤਰੀ ਨੇ 2014 ਵਿੱਚ ਕਿਹਾ ਸੀ ਕਿ ਸਾਡੇ ਦੇਸ਼ ਵਿਚ ਵਿਗਿਆਨ ਏਨੀ ਤਰੱਕੀ ’ਤੇ ਸੀ ਕਿ ਹਾਥੀ ਦਾ ਸਿਰ ਬੰਦੇ ਦੇ ਸਿਰ ’ਤੇ ਲਾ ਸਕਦੇ ਸੀ ਤੇ ਇਹ ਵੀ ਕਿ ਸਾਡੇ ਦੇਸ਼ ਵਿਚ ਜੈਨੇਟਿਕ ਵਿਗਿਆਨ ਏਨਾ ਵਿਕਸਤ ਸੀ ਕਿ ਕਰਨ ਮਾਂ ਦੀ ਕੁੱਖ ਤੋਂ ਬਿਨਾਂ ਪੈਦਾ ਹੋਇਆ। ਉਨ੍ਹਾ ਦੇ ਇਸ ਕਥਨ ਤੋਂ ਬਾਅਦ ਦੁੱਖ ਦੀ ਗੱਲ ਹੈ ਕਿ ਅਨੇਕਾਂ ਵਿਗਿਆਨੀ ਵੀ ਇਹੋ ਜਿਹੀਆਂ ਗੱਲਾਂ ਆਖਣ ਲੱਗ ਪਏ, ਏਥੋਂ ਤਕ ਕਿ ਆਂਧਰਾ ਪ੍ਰਦੇਸ਼ ਯੂਨੀਵਰਸਿਟੀ ਦੇ ਉਪ ਕੁਲਪਤੀ ਜੀ ਨਾਗੇਸ਼ਵਰ ਰਾਓ ਨੇ ਜਲੰਧਰ ਵਿਖੇ ਇੰਡੀਅਨ ਸਾਇੰਸ ਕਾਂਗਰਸ ਵਿਚ ਇਹ ਵੀ ਕਹਿ ਦਿੱਤਾ ਕਿ ਕੌਰਵ ਜਿਹਨਾਂ ਦੀ ਗਿਣਤੀ 100 ਸੀ, ਉਹ ਸਾਡੇ ਦੇਸ਼ ਵਿਚ ਉੱਨਤ ਸਟੈਮ ਸੈੱਲ ਦੀ ਖੋਜ ਤੇ ਤਕਨੀਕ ਦੇ ਕਾਰਨ ਪੈਦਾ ਹੋਏ ਸਨ। ਹੁਣੇ-ਹੁਣੇ ਹੀ ਭਾਰਤੀ ਪੁਲਾੜ ਖੋਜ ਸੰਸਥਾ-ਇਸਰੋ ਤੇ ਭਾਰਤੀ ਇਤਿਹਾਸ ਖੋਜ ਸੰਸਥਾ - ਆਈ ਸੀ ਐੱਚ ਆਰ ਮਿਲ ਕੇ ਕੰਮ ਵਿੱਚ ਲੱਗ ਗਈਆਂ ਹਨ ਕਿ ਪੁਰਾਤਨ ਵਿਗਿਆਨ ਨੂੰ ਕਿਵੇਂ ਆਧੁਨਿਕ ਵਿਗਿਆਨ ਦੇ ਨਾਲ ਜੋੜਿਆ ਜਾਏ।

ਫਾਸ਼ਿਜ਼ਮ ਇਸ ਢੰਗ ਦੀਆਂ ਬੇਤੁਕੀਆਂ ਗੱਲਾਂ ’ਤੇ ਪ੍ਰਚਾਰ ਕਰਕੇ ਪ੍ਰਫੁੱਲਤ ਹੁੰਦਾ ਹੈ। ਉਹ ਏਨਾ ਝੂਠ ਬੋਲਦੇ ਹਨ ਤੇ ਪਰਚਾਰਦੇ ਹਨ ਕਿ ਉਹ ਸੱਚ ਲੱਗਣ ਲੱਗ ਪਏ ਤੇ ਲੋਕਾਂ ਦੀ ਮਾਨਸਿਕਤਾ ਦਾ ਇੱਕ ਹਿੱਸਾ ਬਣ ਜਾਏ। ਇਸ ਲਈ ਉਹ ਮੁਢਲੀ ਸਿੱਖਿਆ ਤੋਂ ਹੀ ਮਾਨਸਿਕਤਾ ਵਿਚ ਪਰਿਵਰਤਨ ਲਈ ਨੀਤੀਆਂ ਘੜਦੇ ਹਨ। ਫਾਸ਼ੀਵਾਦ ਦੇ ਖਿਲਾਫ ਸੰਘਰਸ਼ ਕੇਵਲ ਰਾਜਨੀਤਕ ਜਾਂ ਆਰਥਕ ਨਹੀਂ, ਬਲਕਿ ਹਰ ਪੱਧਰ ’ਤੇ ਇਸ ਦੇ ਵਿਰੁੱਧ ਸੰਘਰਸ਼ ਕਰਨ ਦੀ ਲੋੜ ਹੈ। ਇਸ ਲਈ ਇਸ ਸੰਘਰਸ਼ ਨੂੰ ਇੱਕ ਵਿਸ਼ਾਲ ਏਕਤਾ ਦੇ ਨਾਲ ਹੀ ਜਿੱਤਿਆ ਜਾ ਸਕਦਾ ਹੈ ਜਿਸ ਵਿਚ ਕਿ ਪਹਿਲਾ ਕੰਮ ਤਾਂ ਇਨ੍ਹਾਂ ਨੂੰ ਸੱਤਾ ਤੋਂ ਹਟਾਉਣਾ ਹੈ ਤੇ ਬਾਅਦ ਵਿਚ ਜੋ ਨੁਕਸਾਨ ਕੀਤਾ ਗਿਆ ਹੈ ਉਸ ਦੀ ਭਰਪਾਈ ਨੂੰ ਵੀ ਬੜਾ ਸਮਾਂ ਲੱਗੇਗਾ।

ਖੱਬੀ ਧਿਰ ਇਸ ਵਿੱਚ ਬਹੁਤ ਵੱਡੀ ਭੂਮਿਕਾ ਨਿਭਾ ਸਕਦੀ ਹੈ। ਇਸ ਲਈ ਖੱਬੀ ਧਿਰ ਦੀ ਸਿਧਾਂਤਕ ਏਕਤਾ ਬੜੀ ਜ਼ਰੂਰੀ ਹੈ। ਪਹਿਲਾਂ 1964 ਵਿਚ ਹੋਈ ਦੋਫਾੜ ਤੇ ਉਸ ਤੋਂ ਬਾਅਦ ਹੋਈ ਪਾਟੋਧਾੜ ਨੇ ਬਹੁਤ ਨੁਕਸਾਨ ਕੀਤਾ ਹੈ। ਅੱਜ ਵੀ ਸਮਾਂ ਹੈ ਕਿ ਉਸ ਸਾਰੀ ਗੱਲ ਨੂੰ ਮੁੜ ਘੋਖ ਕੇ ਉਸ ਦੀ ਦਰੁਸਤੀ ਕੀਤੀ ਜਾਏ। ਇਸ ਲਈ ਇਹ ਜ਼ਰੂਰੀ ਹੈ ਕਿ ਖੱਬੀਆਂ ਧਿਰਾਂ ਮਿਲ-ਬੈਠ ਕੇ ਇਸ ਗੱਲ ’ਤੇ ਵਿਚਾਰ ਕਰਨ ਤੇ ਸਿਧਾਂਤਕ ਏਕਤਾ ਵੱਲ ਕਦਮ ਪੁੱਟਣ। ਬੰਦ ਮੁੱਠੀ ਵਿੱਚ ਹਮੇਸ਼ਾ ਤਾਕਤ ਹੁੰਦੀ ਹੈ, ਇਹ ਤਾਂ ਇਕ ਆਮ ਗੱਲ ਹੈ।



ਖੱਬੀ ਧਿਰ ਇਕੱਲੀ ਬਹੁਤ ਵੱਡੀ ਲੜਾਈ ਦੇ ਪਾਏਗੀ, ਇਸ ਗੱਲ ਦੀ ਨੇੜਲੇ ਭਵਿੱਖ ਵਿੱਚ ਤਾਂ ਕੋਈ ਸੰਭਾਵਨਾ ਨਹੀਂ ਜਾਪਦੀ। ਦੇਸ਼ ਵਿੱਚ ਹੋਰ ਜਮਹੂਰੀ ਸ਼ਕਤੀਆਂ, ਬਾਵਜੂਦ ਉਹਨਾਂ ਵਿਚ ਕਮਜ਼ੋਰੀਆਂ ਦੇ, ਉਨ੍ਹਾਂ ਨੂੰ ਨਾਲ ਲੈਣਾ ਅਤਿ ਜ਼ਰੂਰੀ ਹੈ। ਅੱਜ ਦੀ ਸਭ ਤੋ ਵੱਡੀ ਪ੍ਰਮੁੱਖ ਪਾਰਟੀ ਕਾਂਗਰਸ ਤੋਂ ਬਿਨਾਂ ਇਸ ਦਾ ਕੋਈ ਬਦਲ ਬਣੇਗਾ, ਇੰਝ ਦਿਖਾਈ ਨਹੀਂ ਦੇ ਰਿਹਾ। ਕਾਂਗਰਸ ਨੂੰ ਆਪਣੀ ਆਰਥਕ ਨੀਤੀ ਸਾਫ ਕਰਨੀ ਪਏਗੀ। ਭਾਵੇਂ ਰਾਹੁਲ ਗਾਂਧੀ ਨੇ ਕਾਰਪੋਰੇਟ ਖੇਤਰ ਬਾਰੇ ਅਲੋਚਨਾਤਮਕ ਵਿਚਾਰ ਰੱਖੇ ਹਨ, ਪਰ ਉਹ ਹਾਲੇ ਵੀ ਜਵਾਹਰ ਲਾਲ ਨਹਿਰੂ ਦੇ ਆਰਥਕ ਮਾਡਲ ਦੀਆਂ ਗੱਲਾਂ ਕਰਨ ਤੱਕ ਨਹੀਂ ਪਹੁੰਚੇ। ਭਾਰਤ ਜੋੜੋ ਯਾਤਰਾ ਵਿੱਚ ਉਨ੍ਹਾ ਨੇ ਦੇਸ਼ ਦੀ ਏਕਤਾ ਤੇ ਗਰੀਬਾਂ ਦੇ ਵਿਕਾਸ ਦੀਆਂ ਗੱਲਾਂ ਕੀਤੀਆਂ ਹਨ। ਅੱਜ ਪ੍ਰਮੁੱਖ ਮੁੱਦਾ ਸਮਾਜਕ ਸਦਭਾਵਨਾ ਨੂੰ ਅੱਗੇ ਵਧਾਉਣ ਦਾ ਹੈ, ਜਿਸ ਨੂੰ ਕਿ ਭਾਜਪਾ ਅਤੇ ਆਰ ਐੱਸ ਐੱਸ ਖੇਰੂੰ-ਖੇਰੂੰ ਕਰਨ ’ਤੇ ਤੁਲੇ ਹੋਏ ਹਨ। ਇਸ ਮੁੱਦੇ ਤੇ ਤਾਂ ਰਾਹੁਲ ਗਾਂਧੀ ਨੇ ਕਈ ਗੱਲਾਂ ਸਪੱਸ਼ਟ ਤੌਰ ’ਤੇ ਆਖੀਆਂ ਹਨ। ਬਹੁਤ ਸਾਰੀਆਂ ਇਲਾਕਾਈ ਪਾਰਟੀਆਂ ਵੀ ਇਸ ਗਲ ਤੇ ਸਹਿਮਤ ਹਨ ਭਾਵੇਂ ਉਨ੍ਹਾਂ ਦੀ ਆਰਥਿਕ ਨੀਤੀ ਪੂਰੀ ਤਰ੍ਹਾਂ ਸਰਮਾਏਦਾਰ ਪੱਖੀ ਹੈ ਤੇ ਅਜਾਰੇਦਾਰੀ ਨੂੰ ਵੀ ਕੋਈ ਬੁਰਾ ਨਹੀਂ ਆਖਦੀ, ਪਰ ਇਸ ਅਤਿ ਗੰਭੀਰ ਘੜੀ ਵਿਚ ਉਨ੍ਹਾਂ ਨੂੰ ਨਾਲ ਲੈਣਾ ਪਵੇਗਾ।

ਸਾਡੀਆਂ ਗੱਲਾਂ ਨਾਲ ਤਾਂ ਇੰਜ ਹੋਣਾ ਨਹੀਂ। ਜਦੋਂ ਤੱਕ ਖੱਬੀ ਧਿਰ ਆਪਣੀ ਏਕਤਾ ਬਣਾ ਕੇ ਲੋਕਾਂ ਵਿੱਚ ਆਪਣੀ ਸਾਖ ਨਹੀਂ ਵਧਾਉਂਦੀ ਹੈ, ਤਾਂ ਇਹ ਸੋਚਣਾ ਕਿ ਕੋਈ ਵੀ ਬੁਰਜੂਆ ਪਾਰਟੀ ਸਾਡੇ ਨਾਲ ਚੋਣ ਸਮਝੌਤੇ ਕਰਨ ਲਈ ਤੱਤਪਰ ਹੋਏਗੀ, ਗਲਤ ਹੈ। ਸਾਨੂੰ ਮਿਹਨਤਕਸ਼ ਲੋਕਾਂ ਲਈ ਕੰਮ ਕਰਨਾ ਪਏਗਾ, ਨਵੀਂ ਪੀੜ੍ਹੀ ਨੂੰ ਨਾਲ ਜੋੜਨਾ ਪਵੇਗਾ ਅਤੇ ਅਜੋਕੇ ਹਾਲਾਤ ਦੇ ਮੁਤਾਬਕ ਇਕ ਵੱਖਰਾ ਬਦਲਵਾਂ ਸਮਾਜਕ, ਆਰਥਕ ਤੇ ਰਾਜਨੀਤਕ ਮਾਡਲ ਲੋਕਾਂ ਵਿੱਚ ਲਿਜਾਣਾ ਪਵੇਗਾ। ਭਾਰਤੀ ਕਮਿਊਨਿਸਟ ਪਾਰਟੀ ਦੀ ਪਿਛੇ ਜਿਹੇ ਵਿਜੈਵਾੜਾ ਵਿਖੇ ਹੋਈ 24ਵੀਂ ਪਾਰਟੀ ਕਾਂਗਰਸ ਨੇ ਇਸ ਮੁੱਦੇ ’ਤੇ ਗੰਭੀਰਤਾ ਨਾਲ ਵਿਚਾਰ ਕਰ ਕੇ ਆਰਥਿਕ ਮਾਡਲ ਦੇ ਸੁਝਾਅ ਦਿੱਤੇ ਹਨ ਤੇ ਖੱਬੀਆਂ ਧਿਰਾਂ ਵਿਚ ਸਿਧਾਂਤਕ ਅਮਲੀ ਏਕਤਾ ਨੂੰ ਬਣਾਉਣ ਤੇ ਬਲ ਦਿੱਤਾ ਹੈ।

*# ਸੰਪਰਕ : 94170-00360*

# ਕਾਮਰੇਡ ਸੰਘੇੜਾ ਦਾ ਦੁਖਦਾਈ ਵਿਛੋੜਾ



ਗੁਲਜ਼ਾਰ ਗੋਰੀਆ

ਕਾਮਰੇਡ ਸੰਤੋਖ ਸਿੰਘ ਸੰਘੇੜਾ ਪ੍ਰਧਾਨ ਪੰਜਾਬ ਖੇਤ ਮਜ਼ਦੂਰ ਸਭਾ 20 ਦਸੰਬਰ ਨੂੰ ਇਕ ਰੇਲ ਹਾਦਸੇ ਦੌਰਾਨ ਸਾਨੂੰ ਸਦੀਵੀ ਵਿਛੋੜਾ ਦੇ ਗਏ । ਇਹ ਦੁਖਦਾਈ ਹਾਦਸਾ ਭਾਰਤ ਦੇ ਦੱਖਣ ਵਿੱਚ ਕੇਰਲਾ ਰਾਜ ਦੇ ਅਲਾਪੁਜਾ ਸ਼ਹਿਰ ਵਿੱਚ ਆਲ ਇੰਡੀਆ ਟਰੇਡ ਯੂਨੀਅਨ ਕਾਂਗਰਸ ਦੀ 42ਵੀਂ ਕੌਮੀ ਕਾਨਫਰੰਸ ਦੀ ਸਮਾਪਤੀ ਸਮੇਂ ਵਾਪਰਿਆ। ਪੰਜਾਬ ਦੇ ਸਾਥੀ ਰੈਲੀ ਤੋਂ ਵਾਪਸ ਮੁੜ ਰਹੇ ਸੀ ਤੇ ਰਸਤੇ ਵਿੱਚ ਰੇਲ ਲਾਈਨ ਪਾਰ ਕਰਨੀ ਸੀ ਤਾਂ ਦੂਜੇ ਪਾਸਿਓਂ ਤੇਜ਼ ਰਫਤਾਰ ਆਉਂਦੀ ਗੱਡੀ ਦੇਵੀ ਕੁਮਾਰੀ ਨੇ ਦੇਖ ਲਈ ਤੇ ਜ਼ੋਰ ਨਾਲ ਕਿਹਾ ਕਿ ਅੰਕਲ ਸੰਤੋਖ ਤੁਸੀਂ ਰੁਕ ਜਾਓ, ਟਰੇਨ ਆ ਰਹੀ ਹੈ। ਇੱਥੇ ਹੀ ਇਨਾਂ ਦਾ ਪੈਰ ਫਸ ਗਿਆ ਤੇ ਲਾਈਨ ਪਾਰ ਨਹੀਂ ਕਰ ਸਕੇ ਤੇ ਦੁਖਦਾਈ ਘਟਨਾ ਵਾਪਰ ਗਈ । ਪੰਜਾਬ ਦੇ ਡੈਲੀਗੇਟਾਂ ਦੇ ਸਾਹਮਣੇ ਇਹ ਸਭ ਕੁਝ ਵਾਪਰਿਆ, ਜੋ ਇਹਨਾਂ ਲਈ ਦੱਸਣਾ ਵੀ ਨਾਮੁਮਕਿਨ ਹੈ । ਏਟਕ ਨੇ ਅਤੇ ਕੇਰਲਾ ਦੀ ਕਮਿਊਨਿਸਟ ਪਾਰਟੀ ਖਾਸ ਤੌਰ ’ਤੇ ਮੈਂਬਰ ਪਾਰਲੀਮੈਂਟ ਬਿਨੋਏ ਵਿਸਵਮ ਅਤੇ ਪੰਜਾਬ ਖੇਤ ਮਜ਼ਦੂਰ ਸਭਾ ਨੇ ਮਿਲ ਕੇ ਇਹਨਾਂ ਦਾ ਪਾਰਥਿਕ ਸਰੀਰ ਲੈ ਕੇ ਆਉਣ ਦੀ ਜ਼ਿੰਮੇਵਾਰੀ ਨਿਭਾਈ । ਇਸ ਵਿੱਚ ਸੀਨੀਅਰ ਸਾਥੀ ਅਮਰਜੀਤ ਆਸਲ ਕੁਚੀਨ ਤੋਂ ਰਾਜਾਸਾਂਸੀ ਹਵਾਈ ਅੱਡੇ ਤੱਕ ਹਵਾਈ ਜਹਾਜ਼ ਵਿੱਚ ਪਾਰਥਿਕ ਸਰੀਰ ਦੇ ਨਾਲ ਆਏ ਅਤੇ ਉਨ੍ਹਾ ਦਾ ਅੰਤਮ ਸੰਸਕਾਰ ਉਨ੍ਹਾ ਦੇ ਜੱਦੀ ਪਿੰਡ ਕੋਟਲੀ ਸੂਰਤ ਮੱਲ੍ਹੀ ਤਹਿ: ਬਟਾਲਾ, ਜਿਲ੍ਹਾ ਗੁਰਦਾਸਪੁਰ ਵਿਖੇ ਕੀਤਾ ਗਿਆ।

ਸੱਚਮੁੱਚ ਹੀ ਇਸ ਘਟਨਾ ਦੀ ਖਬਰ ਇਲਾਕੇ ਵਿੱਚ ਬੜੀ ਤੇਜੀ ਨਾਲ ਫੈਲੀ । ਇਹਨਾਂ ਦੇ ਅੰਤਿਮ ਦਰਸ਼ਨ ਲਈ ਬਹੁਤ ਸਾਰੇ ਕਮਿਊਨਿਸਟ ਲੀਡਰ ਅਤੇ ਹੋਰ ਸਾਥੀ ਆਏ । ਇਹਨਾਂ ਦੀਆਂ ਬੇਟੀਆਂ ਰੋ ਕੇ ਮੈਨੂੰ ਕਹਿ ਰਹੀਆਂ ਸਨ ਕਿ ਅੰਕਲ ਤੁਸੀਂ ਪਾਪਾ ਨੂੰ ਨਾਲ ਲੈ ਕੇ ਗਏ ਸੀ, ਉਸਨੂੰ ਵਾਪਸ ਕਿਉਂ ਨਹੀਂ ਲੈ ਕੇ ਆਏ । ਮੇਰੇ ਕੋਲ ਇਸ ਪਹਾੜ ਜਿੱਡੇ ਸਵਾਲ ਦਾ ਕੋਈ ਜਵਾਬ ਨਹੀਂ ਸੀ।

ਪਿੰਡ ਸੰਘੇੜਾ ਦੇ ਖੇਤ ਮਜ਼ਦੂਰ ਪਰਵਾਰ ਵਿੱਚ ਜਨਮ ਲੈ ਕੇ ਆਪਣੇ ਕੰਮਾਂ ਸਦਕਾ ਕਾਮਰੇਡ ਸੰਤੋਖ ਸਿੰਘ ਪੰਜਾਬ ਖੇਤ ਮਜ਼ਦੂਰ ਸਭਾ ਦੇ ਪ੍ਰਧਾਨ ਬਣੇ ਅਤੇ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਜਨਰਲ ਕੌਂਸਲ ਮੈਂਬਰ ਵੀ ਬਣੇ। ਉਹਨਾ ਦੀ ਉਮਰ 76 ਸਾਲ ਸੀ । ਉਨ੍ਹਾ ਨੇ ਆਪਣਾ ਜੀਵਨ ਪੜ੍ਹ-ਲਿਖ ਕੇ ਇਕ ਅਧਿਆਪਕ ਦੇ ਤੌਰ ’ਤੇ ਸ਼ੁਰੂ ਕੀਤਾ । ਫਿਰ ਉਹ ਇਲਾਕੇ ਦੇ ਇਕ ਪ੍ਰਮੁੱਖ ਕਮਿਊਨਿਸਟ ਆਗੂ ਕਾਮਰੇਡ ਗੁਰਬਖਸ਼ ਸਿੰਘ ਕਾਲਾ ਅਫਗਾਨਾ ਦੇ ਸੰਪਰਕ ਵਿਚ ਆ ਗਏ । ਇਸ ਇਲਾਕੇ ਵਿੱਚ ਇਕ ਨੌਜਵਾਨਾਂ ਦੀ ਟੀਮ ਤਿਆਰ ਹੋਈ, ਜਿਹਨਾਂ ਵਿਚ ਮਹਿੰਦਰ ਸਿੰਘ ਅਤੇ ਗੁਲਜ਼ਾਰ ਸਿੰਘ ਬਸੰਤ ਕੋਟ ਆਦਿ ਪ੍ਰਮੁੱਖ ਸਨ । ਬਾਅਦ ਵਿੱਚ ਅਧਿਆਪਕ ਦੀ ਨੌਕਰੀ ਛੱਡ ਕੇ ਲਗਾਤਾਰ ਆਪਣੀ ਜ਼ਿੰਦਗੀ ਪਿੰਡਾਂ ਦੇ ਖੇਤ ਮਜ਼ਦੂਰਾਂ ਦੀ ਸਮਾਜੀ ਅਤੇ ਆਰਥਿਕ ਹਾਲਤ ਸੁਧਾਰਨ ਲਈ ਲਗਾ ਦਿੱਤੀ। ਜਵਾਨੀ ਤੋਂ ਹੀ ਆਪਣੇ ਆਖਰੀ ਸਵਾਸਾਂ ਤੱਕ ਇਹ ਕਦੀ ਵੀ ਅੱਕੇ ਨਹੀਂ, ਕਦੇ ਥੱਕੇ ਨਹੀਂ, ਕਦੀ ਆਪਣੇ ਕੰਮਾਂ ਵਾਸਤੇ ਛੁੱਟੀ ਵੀ ਨਹੀਂ ਮੰਗੀ, ਸਿਰਫ ਰਾਤ ਦਾ ਵਿਹਲਾ ਸਮਾਂ ਹੀ ਨਹੀਂ, ਬਲਕਿ ਤਾਅ ਜ਼ਿੰਦਗੀ ਪਿੰਡਾਂ ਦੇ ਕਿਰਤੀਆਂ ਦੀ ਭਲਾਈ ਲਈ ਸਮਰਪਿਤ ਕਰ ਦੇਣੀ ਇਹ ਕੋਈ ਮਾਮੂਲੀ ਗਾਥਾ ਨਹੀਂ। ਪਿੰਡਾਂ ਦੀ ਖੇਤ ਮਜ਼ਦੂਰ ਜੱਥੇਬੰਦੀ ਦੀ ਮਜ਼ਬੂਤੀ ਨੂੰ ਇਹਨਾ ਆਪਣੀ ਇਕ ਲੋੜ ਸਮਝਿਆ। ਇਹ ਉੱਚ ਵਿੱਦਿਆ ਪ੍ਰਾਪਤ ਕਰਨ ਲਈ ਵਿਦੇਸ਼ ਗਏ । ਵਾਪਸ ਆ ਕੇ ਪ੍ਰਸਿੱਧ ਖੇਤ ਮਜ਼ਦੂਰ ਆਗੂਆਂ, ਜਿਹਨਾਂ ਵਿਚ ਮਾਸਟਰ ਹਰੀ ਸਿੰਘ, ਰੁਲਦੂ ਖਾਨ, ਭਾਨ ਸਿੰਘ ਭੌਰਾ, ਕਾ. ਸਵਰਨ ਸਿੰਘ ਨਾਗੋਕੇ ਅਤੇ ਲਗਭਗ ਪਿਛਲੇ 40 ਸਾਲਾਂ ਤੋਂ ਮੇਰੇ ਆਪਣੇ ਸੰਪਰਕ ਵਿੱਚ ਵੀ ਰਹੇ ।

ਕਾਮਰੇਡ ਸੰਤੋਖ ਸਿੰਘ ਬਹੁਤ ਸਬਰ ਅਤੇ ਸੰਤੋਖ ਨਾਲ ਕੰਮ ਕਰਨ ਵਾਲੇ ਸਾਥੀ ਸਨ, ਜਿਵੇਂ ਕਿ ਇਹਨਾਂ ਦੇ ਨਾਂਅ ਤੋਂ ਹੀ ਪਤਾ ਲਗਦਾ ਹੈ । ਜਥੇਬੰਦੀ ਦੀਆਂ ਹੋਰ ਸਰਗਰਮੀਆਂ ਤੋਂ ਇਲਾਵਾ ਇਹਨਾਂ ਵਿਚ ਜਥੇਬੰਦੀ ਲਈ ਫੰਡ ਇੱਕਠਾ ਕਰਨ ਦੀ ਚੰਗੀ ਸਮੱਰਥਾ ਸੀ । ਇਹ ਲੋਕਾਂ ਵਿੱਚ ਹਰਮਨ-ਪਿਆਰੇ ਅਤੇ ਵਿਸ਼ਵਾਸਪਾਤਰ ਸਾਥੀ ਸਨ । ਮੌਤ ਤੋਂ ਇਕ ਦਿਨ ਪਹਿਲਾਂ ਹੀ ਕੇਰਲਾ ਵਿਖੇ ਜਥੇਬੰਦੀ ਦੀ ਮਾਲੀ ਹਾਲਤ ਬਾਰੇ ਮੇਰੇ ਨਾਲ ਗੱਲ ਕਰਦੇ ਸਨ ਅਤੇ ਇਸ ਦੀ ਹੋਰ ਸਰਗਰਮੀ ਬਾਰੇ ਵੀ ਇਹਨਾਂ ਕੋਲ ਪੂਰਾ ਖਾਕਾ ਤਿਆਰ ਸੀ । ਇਹ ਪਿੰਡਾਂ ਦੇ ਖੇਤ ਮਜ਼ਦੂਰਾਂ ਦੀ ਪੀੜ ਨੂੰ ਨੇੜਿਓਂ ਜਾਣਦੇ ਸਨ । ਇਹਨਾਂ ਦੇ ਮਨ ਵਿੱਚ ਕਾਮੇਂ ਲੋਕਾਂ ਨੂੰ ਇੱਕਠਿਆਂ ਕਰਨਾ, ਜਾਗ੍ਰਤਿ ਕਰਨਾ ਅਤੇ ਸੰਘਰਸ਼ਾਂ ਦੇ ਰਾਹ ਪਾਉਣ ਦਾ ਇੱਕ ਵੱਡਾ ਉਦੇਸ਼ ਸੀ । ਇਹ ਜਾਤ-ਪਾਤ ਦੀ ਸਮਾਜਕ ਬੁਰਾਈ ਦੇ ਸਖਤ ਖਿਲਾਫ ਸਨ। ਉਹ ਮਿਹਨਤ ਨੂੰ ਸਤਿਕਾਰ ਅਤੇ ਪਿਆਰ ਕਰਨ ਵਾਲੇ ਸਾਥੀ ਸਨ । ਉਨ੍ਹਾ ਦਾ ਕਹਿਣਾ ਸੀ ਕਿ ਰਾਜਨੀਤੀ ਵਿੱਚ ਸੂਝਵਾਨ ਹੋਣ ਦੇ ਨਾਲ-ਨਾਲ ਆਪਣੀਆਂ ਮੰਗਾਂ ਲਈ ਸਰਗਰਮ ਹੋਣਾ ਅਤਿਅੰਤ ਜ਼ਰੂਰੀ ਹੈ। ਚੰਗੇ ਰਾਜਨੀਤੀਵਾਨ ਦੀ ਸਫਲਤਾ ਲੋਕਾਂ ਨੂੰ ਜੋੜਨ ਦੀ ਹੈ ਨਾ ਕਿ ਤੋੜਨ ਦੀ । ਇਹ ਸਮਾਜਕ ਬੁਰਾਈਆਂ ਤੋਂ ਕੋਹਾਂ ਦੂਰ ਸਨ। ਪੂੰਜੀਵਾਦੀ ਢਾਂਚੇ ਅਧੀਨ ਗਰੀਬੀ, ਬੇਕਾਰੀ ਅਤੇ ਫਿਰਕਾਪ੍ਰਸਤੀ ਅਤੇ ਜਾਤ-ਪਾਤ ਦੇ ਕੋਹੜ ਦੇ ਖਿਲਾਫ ਲੜਨਾ ਤੇ ਇਸ ਦੇ ਇਲਾਵਾ ਚੱਲ ਰਹੀਆਂ ਲਹਿਰਾਂ, ਜਿਵੇਂ ਕਿਸਾਨ ਅੰਦੋਲਨ ਵਿੱਚ ਵਧ-ਚੜ੍ਹ ਕੇ ਸਾਥ ਦੇਣ ਦਾ ਕੰਮ ਇਹਨਾਂ ਦਾ ਇਕ ਰਾਜਨੀਤਿਕ ਧਰਮ ਸੀ । ਉਹ ਰਾਜਨੀਤਕ ਤੌਰ ’ਤੇ ਚੰਗੀ ਸਮਝ ਰੱਖਣ ਵਾਲੇ ਸਾਥੀਆਂ ਵਿੱਚੋ ਸਨ, ਜਿਹਨਾਂ ਦੀ ਜ਼ਿੰਦਗੀ ਵਿੱਚ ਕਦੇ ਵੀ ਰਾਜਨੀਤਕ ਥਿੜਕਾਓਪਣ ਨਹੀਂ ਦੇਖਿਆ ਗਿਆ।

ਕਾਮਰੇਡ ਸੰਤੋਖ ਸਿੰਘ ਨੇ ਆਪਣੀ ਸਿਹਤ ਦਾ ਖਾਸ ਖਿਆਲ ਰੱਖਿਆ। ਇਹਨਾ ਨੂੰ ਕੋਈ ਵੀ ਬਿਮਾਰੀ ਨਹੀਂ ਸੀ । ਸਵੇਰੇ 4 ਵਜੇ ਦਾ ਅਲਾਰਮ ਇਹਨਾਂ ਦੇ ਦਿਮਾਗ ਵਿੱਚ ਹੀ ਫਿੱਟ ਸੀ । ਨਹਾ-ਧੋ ਕੇ ਸਵੇਰੇ ਸੈਰ ਕਰਨੀ, ਜਿੱਥੇ ਮਰਜ਼ੀ ਹੋਣ ਕਦੇ ਨਾਗਾ ਨਹੀਂ ਸੀ ਪਾਉਂਦੇ । ਅਜਿਹਾ ਹੀ ਕੇਰਲਾ ਵਿਖੇ ਕਾਨਫਰੰਸ ਵਿਖੇ ਸਾਡੇ ਸਾਰਿਆਂ ਨਾਲ ਲੰਮੀ ਸੈਰ ਕਰਕੇ ਕੀਤਾ। ਇਹਨਾਂ ਦਾ ਕਹਿਣਾ ਸੀ ਕਿ ਸਾਡੇ ਲਈ ਚੰਗੀ ਸਿਹਤ ਹੀ ਸਾਡੀ ਅਸਲ ਦੌਲਤ ਹੈ । ਜੇਕਰ ਪੈਸਾ ਚਲਾ ਜਾਏ ਤਾਂ ਵਾਪਸ ਆ ਜਾਂਦਾ ਹੈ, ਜੇਕਰ ਸਿਹਤ ਵਿੱਚ ਵਿਗਾੜ ਆ ਜਾਵੇ ਤਾਂ ਇਹ ਮੁਸ਼ਕਲ ਨਾਲ ਹੀ ਠੀਕ ਹੁੰਦੀ ਹੈ। ਉਨ੍ਹਾ ਦਾ ਕਹਿਣਾ ਸੀ ਕਿ ਉਹ ਵਿਅਕਤੀ ਖੁਸ਼ਕਿਸਮਤ ਹੈ, ਜਿਸ ਨੂੰ ਸਮੇਂ ਸਿਰ ਸਮਝ ਅਤੇ ਚੰਗੀ ਸਿਹਤ ਮਿਲ ਜਾਵੇ। ਸਾਨੂੰ ਆਪਣੀਆਂ ਖਾਣ-ਪੀਣ ਦੀਆਂ ਆਦਤਾਂ ਬਦਲਣੀਆਂ ਚਾਹੀਦੀਆਂ ਹਨ, ਜੋ ਕਿ ਕਾਫੀ ਕੁਝ ਆਪਣੇ ਵੱਸ ਵਿੱਚ ਹੈ । ਸਮਾਜ ਵਿੱਚ ਵਿਚਰਨ ਲਈ ਸਾਨੂੰ ਗਿਆਨਵਾਨ ਹੋਣਾ ਜ਼ਰੂਰੀ ਹੈ ਅਤੇ ਸਾਨੂੰ ਆਪਣੀ ਉਦੇਸ਼ਪੂਰਵਕ ਜ਼ਿੰਦਗੀ ਜਿਊਣੀ ਚਾਹੀਦੀ ਹੈ।

ਉਨ੍ਹਾ ਆਪਣੀ ਪਰਿਵਾਰਕ ਜ਼ਿੰਮੇਵਾਰੀ ਸੁੱਚਜੇ ਤਰੀਕੇ ਨਾਲ ਨਿਭਾਈ, ਬੱਚਿਆਂ ਨੂੰ ਚੰਗੇ ਸੰਸਕਾਰ ਦਿੱਤੇ । ਦੋ ਬੇਟੀਆਂ ਟੀਚਰ ਹਨ । ਇਕ ਬੇਟਾ ਲਾਅ ਕਰਕੇ ਵਕਾਲਤ ਕਰ ਰਿਹਾ ਹੈ। ਇਕ ਬੇਟਾ ਫੁੱਟਬਾਲ ਦਾ ਨਾਮਵਰ ਖਿਡਾਰੀ ਹੈ ਅਤੇ ਪੁਰਤਗਾਲ ਵਿਖੇ ਖੇਡਾਂ ’ਤੇ ਆਧਾਰਤ ਕੰਮ ਕਰ ਰਿਹਾ ਹੈ। ਉਨ੍ਹਾ ਦੀ ਧਰਮ ਪਤਨੀ ਪਹਿਲਾਂ ਹੀ ਗੁਜ਼ਰ ਚੁੱਕੀ ਸੀ । ਫਿਰ ਵੀ ਉਨ੍ਹਾ ਦੀ ਮਿਹਨਤ ਨਾਲ ਪਰਵਾਰ ਤਰੱਕੀ ਕਰ ਸਕਿਆ ਅਤੇ ਪਰਿਵਾਰ ਇਸ ਗੱਲ ਤੋਂ ਦੁਖੀ ਹੈ ਕਿ ਇਸ ਦੁੱਖ ਦੇ ਸਮੇਂ ਵਿੱਚ ਇਕ ਬਾਪ ਉਨ੍ਹਾ ਨੂੰ ਦਿਲਾਸਾ ਦੇਣ ਵਾਲਾ ਨਹੀਂ ਰਿਹਾ। ਇਹਨਾਂ ਦੀ ਰਾਜਨੀਤਿਕ ਸਰਗਰਮੀ ਵਿੱਚ ਪਰਿਵਾਰ ਨੇ ਬਹੁਤ ਸਾਥ ਦਿੱਤਾ। ਪੰਜਾਬ ਖੇਤ ਮਜ਼ਦੂਰ ਸਭਾ ਇਸ ਪਰਿਵਾਰ ਦੀ ਹਮੇਸ਼ਾ ਰਿਣੀ ਹੈ ਜਿਸਨੇ ਮਿਹਨਤੀ ਪਰਿਵਾਰ ਵਿੱਚੋਂ ਇਕ ਬੇਹਤਰੀਨ ਸਪੂਤ ਖੇਤ ਮਜ਼ਦੂਰ ਲਹਿਰ ਲਈ ਸਮਰਪਿਤ ਕੀਤਾ। ਇਸੇ ਕਰਕੇ ਹੀ ਪਰਿਵਾਰ ਅਤੇ ਸਾਡੀ ਲਹਿਰ ਲਈ ਇਹ ਨਾ ਪੂਰਾ ਹੋਣ ਵਾਲਾ ਘਾਟਾ ਹੈ।

ਅੱਜ ਜਦੋਂ ਪੰਜਾਬ ਵਿੱਚ ਖੇਤ ਮਜ਼ਦੂਰ ਇਕ ਵਿਸ਼ਾਲ ਪਲੇਟਫਾਰਮ ਬਣਾ ਕੇ ਆਪਣੀਆਂ ਮੰਗਾਂ ਲਈ ਸੰਘਰਸ਼ ਕਰ ਰਹੇ ਹਨ ਤਾਂ ਉਸ ਸਮੇਂ ਇਕ ਸੂਝਵਾਨ ਅਤੇ ਲੋਕਾਂ ਦੇ ਪਰਖੇ ਹੋਏ ਆਗੂ ਦੀ ਘਾਟ ਹਮੇਸ਼ਾ ਰੜਕਦੀ ਰਹੇਗੀ । ਉਹਨਾਂ ਦੇ ਅਧੂਰੇ ਕਾਰਜ ਨੂੰ ਪੂਰਾ ਕਰਨ ਲਈ ਸਾਨੂੰ ਵਧੇਰੇ ਹੌਸਲੇ ਅਤੇ ਦ੍ਰਿੜ੍ਹਤਾ ਨਾਲ ਕੰਮ ਕਰਨਾ ਹੋਵੇਗਾ । ਉਹਨਾ ਦਾ ਸਮੁੱਚਾ ਜੀਵਨ ਸਾਡੇ ਲਈ ਇਕ ਖੁੱਲੀ ਕਿਤਾਬ ਦੀ ਤਰ੍ਹਾਂ ਹੈ, ਜਿਹੜਾ ਸੱਚ ਅਤੇ ਨਿਆਂ ਆਧਾਰਤ ਸਮਾਜ ਦੀ ਸਿਰਜਨਾ ਲਈ ਸਾਨੂੰ ਹਮੇਸ਼ਾ ਪ੍ਰੇਰਨਾ ਅਤੇ ਅਗਵਾਈ ਦਿੰਦਾ ਰਹੇਗਾ। ਉਨ੍ਹਾ ਦੇ ਕੀਤੇ ਕੰਮ ਅਤੇ ਸਾਥੀਆਂ ਵਿੱਚ ਬਣਾਇਆ ਆਪਣਾ ਦਾਇਰਾ ਹੋਰ ਵਧੇਰੇ ਜ਼ੋਰ ਨਾਲ ਅੱਜ ਦੀਆਂ ਚੁਣੌਤੀਆਂ ਦਾ ਮੁਕਾਬਲਾ ਕਰਨ ਲਈ ਬਲ ਬਖਸ਼ੇਗਾ।

*# ਸੰਪਰਕ : 94638-09002*

30-DEC-PAGE-5.qxd 12/29/2022 10:40 PM Page 1



# ਓਵਰ ਬਰਿਜ ਦੀਆਂ ਅੱਧੀਆਂ-ਅਧੂਰੀਆਂ ਸਰਵਿਸ ਰੋਡਾਂ ਬਣੀਆਂ ਪ੍ਰੇਸ਼ਾਨੀ ਦਾ ਕਾਰਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ, ਕੁਲਭੂਸ਼ਣ)**

ਮੁਕਤਸਰ ਜਲਾਲਾਬਾਦ ਰੋਡ ਫਾਟਕ ਨੰਬਰ ਬੀ-30 ਤੇ ਰੋਡ ਓਵਰ ਬ੍ਰਿਜ ਦੇ ਨਾਲ-ਨਾਲ ਸਰਵਿਸ ਰੋਡ ਵਾਹਨ ਚਾਲਕਾਂ ਲਈ ਮੁਸੀਬਤ ਬਣੀਆਂ ਹੋਈਆਂ ਹਨ। ਸਰਵਿਸ ਰੋਡ ਦੀ ਚੌੜਾਈ 20 ਫੁੱਟ ਦੀ ਬਜਾਏ 10-12 ਫੁੱਟ ਹੀ ਰਹਿ ਗਈ ਹੈ। ਬ੍ਰਿਜ ਦੇ ਹੇਠਾਂ ਦੋਨਾਂ ਪਾਸੇ ਸਰਵਿਸ ਰੋਡ ਦਾ ਹੋਣਾ ਜ਼ਰੂਰੀ ਹੈ ਅਤੇ ਜਿਸਦੀ ਚੌੜਾਈ 20 ਫੁੱਟ ਹੋਣੀ ਚਾਹੀਦੀ ਹੈ। ਪਰ ਮੁਕਤਸਰ ਜਲਾਲਾਬਾਦ ਰੋਡ 'ਤੇ ਬ੍ਰਿਜ ਦੇ ਹੇਠ ਬਣਾਈ ਗਈ ਅਧੂਰੀ ਸਰਵਿਸ ਰੋਡ ਪ੍ਰੇਸ਼ਾਨੀ ਦਾ ਕਾਰਨ ਬਣ ਗਈ ਹੈ।

ਨਿਯਮਾਂ ਅਨੁਸਾਰ 7.5 ਮੀਟਰ ਚੌੜੇ ਪੁਲ਼ ਲਈ 20 ਫੁੱਟ ਚੌੜੀ ਸਰਵਿਸ ਰੋਡ ਹੋਣੀ ਚਾਹੀਦੀ ਹੈ, ਪਰ ਜਲਾਲਾਬਾਦ ਰੋਡ ਦੇ ਦੋਹਾਂ ਪਾਸੇ 3.5 ਮੀਟਰ ਚੌੜੀ ਸਰਵਿਸ ਰੋਡ ਹੀ ਬਚੀ ਹੈ। ਦੂਜੇ ਪਾਸੇ ਪ੍ਰਸ਼ਾਸਨ ਨੇ ਕਰਾਸਿੰਗ ਨੰਬਰ: ਬੀ-30 ਵੀ ਪੱਕੇ ਤੌਰ 'ਤੇ ਬੰਦ ਕਰ ਦਿੱਤੀ ਹੈ, ਜਿਸ ਕਰਕੇ ਫਾਟਕ ਦੇ ਦੋਹਾਂ ਪਾਸੇ ਆਉਣਾ ਅਤੇ ਜਾਣਾ ਬੰਦ ਹੋ ਗਿਆ ਹੈ। ਨਿਯਮਾਂ ਅਨੁਸਾਰ ਰੋਡ ਓਵਰਬ੍ਰਿਜ ਦੇ ਨਾਲ ਅੰਡਰ ਬ੍ਰਿਜ ਬਣਨਾ ਜ਼ਰੂਰੀ ਹੁੰਦਾ ਹੈ, ਪਰ ਜਗ੍ਹਾ ਦੀ ਘਾਟ ਕਾਰਨ ਅਜਿਹਾ ਨਹੀਂ ਹੋ ਸਕਿਆ। ਤੁਲਸੀ ਰਾਮ ਬਜ਼ਾਰ ਦੇ ਵਪਾਰੀ ਰਾਜੇਸ਼ ਕਟਾਰੀਆ ਦਾ ਕਹਿਣਾ ਹੈ ਕਿ ਪੁਲ਼ ਦੇ ਹੇਠਾਂ ਰੇਲਵੇ ਨੇ 19 ਫੁੱਟ ਚੌੜੀ ਸੜਕ ਦੇ ਵਿਚਕਾਰ ਪਿੱਲਰ ਬਣਾ ਦਿੱਤਾ ਤੇ ਦੂਜੇ ਪਾਸੇ ਰੇਲਵੇ ਨੇ ਦੀਵਾਰ ਕੱਢ ਦਿੱਤੀ।

ਰਹਿੰਦੀ ਕਸਰ ਪਾਵਰਕਾਮ ਨੇ ਸੜਕ ਦੇ ਵਿਚਾਲੇ ਬਿਜਲੀ ਦਾ ਖੰਭਾ ਲਾ ਕੇ ਪੂਰੀ ਕਰ ਦਿੱਤੀ, ਜਿਸ ਨਾਲ ਇਹ ਹੋਲਸੇਲ ਮਾਰਕਿਟ ਫੇਲ੍ਹ ਹੋ ਗਈ ਅਤੇ ਆਵਾਜਾਈ ਬਿਲਕੁਲ ਬੰਦ ਹੋ ਗਈ। ਸੰਜੀਵ ਖੇੜਾ ਜੋ ਰਾਮ ਭਗਤੀ ਮਾਰਗ ਤੇ ਸੀਮਿੰਟ ਦਾ ਵਪਾਰੀ ਹੈ, ਦਾ ਕਹਿਣਾ ਹੈ ਕਿ ਰਾਮ ਭਗਤੀ ਮਾਰਗ ਦਾ ਰਸਤਾ ਰੇਲਵੇ ਵੱਲੋਂ ਦੀਵਾਰ ਬਣਾਉਣ ਕਾਰਨ ਘਟ ਗਿਆ ਹੈ, ਇਸ ਲਈ ਉਨ੍ਹਾਂ ਦਾ ਕਾਰੋਬਾਰ ਬਿਲਕੁਲ ਬੰਦ ਹੋ ਗਿਆ ਹੈ। ਪੁਰਾਣੀ ਦਾਣਾ ਮੰਡੀ, ਜਲਾਲਾਬਾਦ ਰੋਡ ਕਰਿਆਣਾ ਯੂਨੀਅਨ ਅਤੇ ਗਊਸ਼ਾਲਾ ਦੇ ਪ੍ਰਧਾਨ ਅਮ੍ਰਿਤਪਾਲ ਖੁਰਾਣਾ ਦਾ ਕਹਿਣਾ ਹੈ ਕਿ ਪੁਲ਼ ਦੇ ਦੋਨਾਂ ਪਾਸੇ ਸਰਵਿਸ ਰੋਡ ਦੀ ਚੌੜਾਈ 10-12 ਫੁੱਟ ਰਹਿ ਗਈ ਹੈ ਅਤੇ ਬਾਕੀ ਕਸਰ ਬਿਜਲੀ ਦੇ ਖੰਭਿਆਂ ਨੇ ਪੂਰੀ ਕਰ ਦਿੱਤੀ ਹੈ। ਅਸੀਂ ਪ੍ਰਸ਼ਾਸਨ ਤੋਂ ਮੰਗ ਕਰਦੇ ਹਾਂ ਕਿ ਸਾਡੀਆਂ ਦੁਕਾਨਾਂ ਦੇ ਦਰਵਾਜ਼ੇ ਪੁਰਾਣੀ ਦਾਣਾ ਮੰਡੀ ਵੱਲ ਵੀ ਹਨ।

ਪ੍ਰਸ਼ਾਸਨ ਸਾਨੂੰ ਬਿਜਲੀ ਦੇ ਕੁਨੈਕਸ਼ਨ ਪੁਰਾਣੀ ਦਾਣਾ ਮੰਡੀ ਵਿੱਚੋਂ ਸ਼ਿਫ਼ਟ ਕਰਕੇ ਦੇ ਦੇਣ। ਇਸੇ ਤਰ੍ਹਾਂ ਪੁਲ਼ ਦੇ ਸੱਜੇ ਪਾਸੇ ਬਦਰਾਓ ਰੋਡ ਤੋਂ ਦੁਕਾਨਾਂ ਨੂੰ ਕੁਨੈਕਸ਼ਨ ਦਿੱਤੇ ਜਾਣ ਤਾਂ ਦੋਹਾਂ ਪਾਸੇ ਦੇ ਅੜਿੱਕਾ ਬਣੇ ਖੰਭੇ ਦੂਰ ਹੋ ਜਾਣਗੇ।

# ਵਿਜੀਲੈਂਸ ਵੱਲੋਂ ਥਾਣੇਦਾਰ 30,000 ਰੁਪਏ ਰਿਸ਼ਵਤ ਲੈਂਦਿਆਂ ਰੰਗੇ-ਹੱਥੀਂ ਕਾਬੂ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

ਇਸ ਸਬੰਧੀ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਥਾਣੇਦਾਰ ਬਲਜੀਤਪਾਲ ਨੂੰ ਰਾਕੇਸ਼ ਕੁਮਾਰ ਪੁੱਤਰ ਸ੍ਰੀ ਹੰਸ ਰਾਜ ਵਾਸੀ ਪ੍ਰਤਾਪ ਨਗਰ ਜ਼ਿਲ੍ਹਾ ਬਠਿੰਡਾ ਦੀ ਸ਼ਿਕਾਇਤ 'ਤੇ ਗ੍ਰਿਫ਼ਤਾਰ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਉਨ੍ਹਾਂ ਦਾ ਜੀਜਾ ਅੰਮ੍ਰਿਤਪਾਲ ਜੋ ਮੌੜ ਮੰਡੀ ਵਿਖੇ ਰਹਿੰਦੇ ਹਨ, ਜਿਨ੍ਹਾਂ ਦੇ ਪਰਵਾਰ ਦਾ ਕਮਿਸ਼ਨ ਏਜੰਟ/ਆੜ੍ਹਤ ਦਾ ਕੰਮ ਹੈ, ਜੋ ਕੰਮ ਕਾਜ ਉਨ੍ਹਾਂ ਦਾ ਬੇਟਾ ਜੀਵਨ ਕੁਮਾਰ (ਭਾਣਜਾ) ਹੀ ਦੇਖਦਾ ਸੀ, ਜਿਸਦੀ ਮੌਤ ਹੋ ਜਾਣ ਉਪਰੰਤ ਉਨ੍ਹਾਂ ਦੀ ਆੜ੍ਹਤ ਦਾ ਕੰਮ ਬੰਦ ਹੋ ਗਿਆ ਹੈ। ਇਸੇ ਕਰਕੇ ਉਨ੍ਹਾਂ ਦੀ ਆੜ੍ਹਤ ਨਾਲ ਸਬੰਧਤ ਜ਼ਿਮੀਦਾਰਾਂ ਦੇ ਪੈਸੇ ਸਬੰਧੀਲੈਣ/ਦੇਣ ਦਾ ਰੌਲਾ ਪੈ ਗਿਆ। ਸੋ ਉਨ੍ਹਾਂ ਜ਼ਿਮੀਦਾਰਾਂ ਵੱਲੋਂ ਇਸਦੇ ਜੀਜੇ ਅੰਮ੍ਰਿਤਪਾਲ ਅਤੇ ਰੇਵਤੀ ਕੁਮਾਰ (ਇਸਦੇ ਭਰਾ), ਰਾਜਨ ਬਾਸਲ (ਵੱਡਾ ਭਾਣਜਾ) ਅਤੇ ਮੁਦਈ ਰਾਕੇਸ਼ ਕੁਮਾਰ ਤੇ ਮੁਕੱਦਮਾ ਨੰਬਰ 105 ਮਿਤੀ 26.09.2022 ਥਾਣਾ ਮੌੜ ਮੰਡੀ ਜ਼ਿਲ੍ਹਾ ਬਠਿੰਡਾ ਦਰਜ ਹੋ ਗਿਆ ਹੈ, ਜਿਸ ਮੁਕੱਦਮੇ ਵਿੱਚ ਮੁਦਈ ਦੀ ਜ਼ਮਾਨਤ ਨਵੰਬਰ ਮਹੀਨੇ ਵਿੱਚ ਹੋ ਗਈ ਸੀ ਅਤੇ ਸੋ ਇਸ ਉਪਰੰਤ ਹਰਬੰਸ ਲਾਲ ਪੁੱਤਰ ਸ੍ਰੀ ਰੁਲਦੂ ਰਾਮ ਵਾਸੀ ਮੌੜ ਮੰਡੀ, ਜ਼ਿਲ੍ਹਾ ਬਠਿੰਡਾ ਵੱਲੋਂ ਮੁਦਈ ਦੇ ਜੀਜੇ ਅੰਮ੍ਰਿਤਪਾਲ ਅਤੇ ਮੁਦਈ ਦੇ ਭਰਾ ਰੇਵਤੀ ਕੁਮਾਰ, ਮੁਦਈ ਦੀ ਭੈਣ ਮੰਜੂ ਰਾਣੀ ਅਤੇ ਮੁਦਈ ਦੇ ਖਿਲਾਫ਼ ਐਸ.ਐਸ.ਪੀ. ਬਠਿੰਡਾ ਜੀ ਦੇ ਦਫ਼ਤਰ ਵਿਖੇ ਇਕ ਦਰਖਾਸਤ ਦਿੱਤੀ ਸੀ, ਜਿਸ ਦੀ ਪੜਤਾਲ ਉਪ ਕਪਤਾਨ ਪੁਲਿਸ, ਪੀ.ਬੀ.ਆਈ.ਬਠਿੰਡਾ ਵੱਲੋਂ ਕਰਨ ਤੇ ਡੀ.ਏ.ਲੀਗਲ ਦੀ ਰਾਇ ਲੈਣ ਉਪਰੰਤ ਮੁਦਈ ਦੇ ਜੀਜੇ ਅੰਮ੍ਰਿਤਪਾਲ ਅਤੇ ਮੁਦਈ ਦੇ ਭਰਾ ਰੇਵਤੀ ਕੁਮਾਰ ਖਿਲਾਫ ਮੁਕੱਦਮਾ 133 ਮਿਤੀ 20.12.2022 ਥਾਣਾ ਮੌੜ ਮੰਡੀ ਜ਼ਿਲ੍ਹਾ ਬਠਿੰਡਾ ਦਰਜ ਹੋ ਗਿਆ ਹੈ, ਜਿਸ ਦੀ ਤਫ਼ਤੀਸ਼ ਥਾਣੇਦਾਰ ਬਲਜੀਤਪਾਲ ਥਾਣਾ ਮੌੜ ਮੰਡੀ ਜ਼ਿਲ੍ਹਾ ਬਠਿੰਡਾ ਕਰ ਰਿਹਾ ਸੀ, ਜਿਸ ਨੇ ਮੁੱਦਈ ਨੂੰ ਅਤੇ ਉਸਦੀ ਭੈਣ ਮੰਜੂ ਰਾਣੀ ਨੂੰ ਪਰਚੇ ਵਿੱਚ ਨਾਮਜ਼ਦ ਕਰਨ ਦਾ ਡਰਾਵਾ ਦੇ ਕੇ 2 ਲੱਖ ਰੁਪਏ ਦੀ ਮੰਗ ਕੀਤੀ। ਇਸ ਉਪਰੰਤ ਉਸ ਨੇ ਮੁੱਦਈ ਉਕਤ ਨੂੰ ਭੁੱਚੋ ਮੰਡੀ ਜ਼ਿਲ੍ਹਾ ਬਠਿੰਡਾ ਦੇ ਟੋਲ ਪਲਾਜ਼ਾ ਵਿਖੇ ਬੁਲਾਇਆ ਅਤੇ ਕਿਹਾ ਕਿ ਮੇਰੀ ਬਦਲੀ ਥਾਣਾ ਮੌੜ ਤੋਂ ਥਾਣਾ ਸਦਰ ਰਾਮਪੁਰਾ ਦੀ ਹੋਈ ਹੈ ਅਤੇ ਮੈਂ ਜਾਂਦਾ ਜਾਂਦਾ ਤੁਹਾਨੂੰ ਇਸ ਪਰਚੇ ਵਿੱਚ ਨਾਮਜ਼ਦ ਕਰ ਦੇਵਾਂਗਾਂ ਨਹੀਂ ਤਾ ਮੈਨੂੰ 50,000/ਰੁਪਏ ਰਿਸ਼ਵਤ ਦਿਉ ਅਤੇ ਕਿਹਾ ਕਿ ਜੇਕਰ ਤੂੰ ਇਹ ਪੈਸੇ ਅੱਜ ਮੈਨੂੰ ਨਾ ਦਿੱਤੇ ਤਾਂ ਮੈਂ ਤੈਨੂੰ ਇਸ ਪਰਚੇ ਵਿੱਚ ਨਾਮਜ਼ਦ ਕਰ ਦੇਵਾਂਗਾ। ਜਿਸ ਡਰ ਦੇ ਮਾਰੇ ਮੁੱਦਈ ਨੇ ਉਸ ਪਾਸ ਜੋ 20,000/ ਰੁਪਏ ਮੌਜੂਦ ਸੀ, ਉਹ ਥਾਣੇਦਾਰ ਬਲਜੀਤਪਾਲ ਥਾਣਾ ਮੌੜ ਮੰਡੀ ਜ਼ਿਲ੍ਹਾ ਬਠਿੰਡਾ ਨੂੰ ਦੇ ਦਿੱਤੇ ਅਤੇ ਬਾਕੀ ਰਹਿੰਦੀ ਰਕਮ 30,000/ ਰੁਪਏ ਸ਼ਾਮ ਨੂੰ ਦੇਣ ਦਾ ਝੂਠਾ ਵਾਅਦਾ ਕਰ ਲਿਆ ਸੀ।

ਬੁਲਾਰੇ ਨੇ ਦੱਸਿਆ ਕਿ ਇਸ ਸੰਬੰਧੀ ਸਿਕਾਇਤ ਦੀ ਪੜਤਾਲ ਉਪਰੰਤ ਵਿਜੀਲੈਂਸ ਬਿਊਰੋ ਯੂਨਿਟ ਬਠਿੰਡਾ ਦੀ ਟੀਮ ਨੇ ਦੋਸ਼ੀ ਥਾਣੇਦਾਰ ਬਲਜੀਤਪਾਲ ਥਾਣਾ ਮੌੜ, ਜ਼ਿਲ੍ਹਾ ਬਠਿੰਡਾ ਨੂੰ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ 30,000/ ਰੁਪਏ ਰਿਸ਼ਵਤ ਲੈਂਦਿਆਂ ਗ੍ਰਿਫ਼ਤਾਰ ਕੀਤਾ ਗਿਆ। ਇਸ ਉਪਰੰਤ ਦੋਸ਼ੀ ਉਕਤ ਦੀ ਜਾਮਾਤਲਾਸ਼ੀ ਸਮੇਂ ਸਵੇਰੇ ਦਿੱਤੇ ਗਏ 20,000/ਰੁਪਏ ਦੋਸ਼ੀ ਥਾਣੇਦਾਰ ਬਲਜੀਤਪਾਲ ਦੀ ਕੋਟ ਦੀ ਜੇਬ ਵਿੱਚੋਂ ਬਰਾਮਦ ਕੀਤੇ ਗਏ। ਇਸ ਸਬੰਧੀ ਉਕਤ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਥਾਣਾ ਵਿਜੀਲੈਂਸ ਬਿਊਰੋ ਰੇਂਜ ਬਠਿੰਡਾ ਵਿਖੇ ਮੁਕੱਦਮਾ ਦਰਜ ਕਰਕੇ ਅਗਲੀ ਕਾਰਵਾਈ ਆਰੰਭ ਦਿੱਤੀ ਹੈ।

# ਪ੍ਰਕਾਸ਼ ਪੁਰਬ 'ਤੇ ਵਿਸ਼ਾਲ ਗੁਰਮਤਿ ਸਮਾਗਮ



**ਸੰਗਰੂਰ (ਪ੍ਰਵੀਨ ਸਿੰਘ)**-ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ 'ਤੇ ਗੁਰਦੁਆਰਾ ਸਾਹਿਬ ਗੁਰੂ ਨਾਨਕਪੁਰਾ ਵਿਖੇ ਵਿਸ਼ਾਲ ਗੁਰਮਤਿ ਸਮਾਗਮ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਸਵਿੰਦਰ ਸਿੰਘ ਪ੍ਰਿੰਸ, ਗੁਰਵਿੰਦਰ ਸਿੰਘ ਸਰਨਾ, ਪਰਮਿੰਦਰ ਸਿੰਘ ਸੋਬਤੀ, ਗੁਰਜੰਟ ਸਿੰਘ ਦੀ ਦੇਖ-ਰੇਖ ਹੇਠ ਹੋਇਆ। ਸ੍ਰੀ ਆਖੰਡ ਪਾਠ ਅਤੇ ਸ੍ਰੀ ਸਹਿਜ ਪਾਠਾਂ ਦੇ ਭੋਗ ਭਾਈ ਸੁੰਦਰ ਸਿੰਘ ਹੈੱਡ ਗ੍ਰੰਥੀ ਦੀ ਨਿਗਰਾਨੀ ਵਿੱਚ ਪਾਏ ਗਏ। ਗੁਰਮੀਤ ਸਿੰਘ ਸਾਹਨੀ ਜਨਰਲ ਸਕੱਤਰ ਦੇ ਸਟੇਜ ਸੰਚਾਲਨ ਅਧੀਨ ਹੋਏ ਕੀਰਤਨ ਦਰਬਾਰ ਦੀ ਆਰੰਭਤਾ ਗੁਰਦੁਆਰਾ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਮਨਵੀਰ ਸਿੰਘ ਕੋਹਾੜਕਾ ਨੇ ਕੀਤੀ। ਉਪਰੰਤ ਭਾਈ ਰਘਬੀਰ ਸਿੰਘ ਪਟਿਆਲਾ, ਭਾਈ ਮਨਪ੍ਰੀਤ ਸਿੰਘ ਅੰਮ੍ਰਿਤਸਰ, ਗਿਆਨੀ ਗੁਰਦੇਵ ਸਿੰਘ ਆਸਟ੍ਰੇਲੀਆ ਵਾਲਿਆਂ ਨੇ ਗੁਰਬਾਣੀ ਦੇ ਰਸਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਸਰਸਾਰ ਕੀਤਾ। ਸੁਰਿੰਦਰ ਪਾਲ ਸਿੰਘ ਸਿਦਕੀ ਨੇ ਸਟੱਡੀ ਸਰਕਲ ਵੱਲੋਂ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਤੇ ਗੁਰਬਾਣੀ ਦੇ ਸਤਿਕਾਰ ਸਬੰਧੀ ਵਿਚਾਰ ਕੀਤੀ। ਬਲਜੀਤ ਸਿੰਘ ਸਰਨਾ, ਹਰਿੰਦਰ ਪਾਲ ਸਿੰਘ ਕੋਹਲੀ, ਮਨਵਿੰਦਰ ਸਿੰਘ ਸੋਬਤੀ, ਹਰਿੰਦਰ ਵੀਰ ਸਿੰਘ, ਬਲਜਿੰਦਰ ਸਿੰਘ, ਗਗਨਦੀਪ ਸਿੰਘ ਨੇ ਵੱਖ-ਵੱਖ ਪ੍ਰਬੰਧਾਂ ਦੀ ਨਿਗਰਾਨੀ ਕੀਤੀ।

ਹਰੀਸ਼ ਅਰੋੜਾ ਦੀ ਅਗਵਾਈ ਵਿੱਚ ਨਗਨ ਬਾਬਾ ਸਾਹਿਬ ਦਾਸ ਸੇਵਾ ਦਲ, ਭਾਈ ਘਨ੍ਹਈਆ ਜੀ ਸੇਵਾ ਦਲ, ਸੀ ਸੁਖਮਨੀ ਸਾਹਿਬ ਸੇਵਾ ਸੁਸਾਇਟੀ, ਸਹੀਦ ਬਾਬਾ ਦੀਪ ਸਿੰਘ ਸੇਵਾ ਸੁਸਾਇਟੀ, ਇਸਤਰੀ ਸਤਿਸੰਗ ਸਭਾ ਨੇ ਵੱਖ-ਵੱਖ ਸੇਵਾਵਾਂ ਨਿਭਾਈਆਂ। ਜਥਿਆਂ ਨੂੰ ਗੁਰਦੁਆਰਾ ਸਾਹਿਬ ਵੱਲੋਂ ਜਸਵਿੰਦਰ ਸਿੰਘ ਪ੍ਰਿੰਸ, ਗੁਰਵਿੰਦਰ ਸਿੰਘ ਸਰਨਾ, ਨਰਿੰਦਰ ਪਾਲ ਸਿੰਘ ਸਾਹਨੀ, ਦਲਵੀਰ ਸਿੰਘ ਬਾਬਾ, ਸੁਰਿੰਦਰ ਪਾਲ ਸਿੰਘ ਸਿਦਕੀ, ਜਸਵੀਰ ਸਿੰਘ ਪਿੰਕਾ, ਮਾਤਾ ਸਵਰਨ ਕੌਰ ਨੇ ਸਿਰੋਪਾਓ ਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ। ਸਮਾਗਮ ਦੌਰਾਨ ਗੁਰੂ ਕੇ ਲੰਗਰ ਅਤੁੱਟ ਵਰਤਾਏ ਗਏ।

# ਨਗਰ ਕੌਂਸਲ ਪ੍ਰਧਾਨ ਦੀ ਕੁਰਸੀ ਦਾ ਫ਼ੈਸਲਾ ਅੱਜ

**ਜਗਰਾਉਂ (ਅਮਿਤ ਖੰਨਾ)**

ਨਗਰ ਕੌਂਸਲ ਪ੍ਰਧਾਨ ਜਤਿੰਦਰ ਪਾਲ ਰਾਣਾ ਨੂੰ ਪ੍ਰਧਾਨਗੀ ਤੋਂ ਹਟਾਉਣ ਲਈ ਨਾਰਾਜ਼ ਕਾਂਗਰਸੀ ਤੇ ਵਿਰੋਧੀ ਕੌਂਸਲਰਾਂ 'ਚ ਚੱਲ ਰਹੀ ਲੜਾਈ-ਝਗੜੇ ਦੀ ਸਿਆਸੀ ਖੇਡ ਆਪਣੇ ਆਖਰੀ ਪੜਾਅ 'ਤੇ ਪਹੁੰਚ ਗਈ ਹੈ। ਇਸ ਸਿਆਸੀ ਖੇਡ ਦਾ ਨਤੀਜਾ 30 ਦਸੰਬਰ ਨੂੰ ਨਗਰ ਕੌਂਸਲ ਦੇ ਟਾਊਨ ਹਾਲ ਵਿਖੇ ਹੋਣ ਵਾਲੀ ਹਾਊਸ ਮੀਟਿੰਗ ਦੌਰਾਨ ਵੀ ਸਾਹਮਣੇ ਆਉਣ ਵਾਲਾ ਹੈ। ਨਗਰ ਕੌਂਸਲ ਪ੍ਰਧਾਨ ਰਾਣਾ ਤੋਂ ਨਾਰਾਜ਼ ਕੁੱਲ 15 ਕੌਂਸਲਰਾਂ ਨੇ ਕੌਂਸਲ ਪ੍ਰਧਾਨ ਰਾਣਾ ਵਿਰੁੱਧ ਵਿਕਾਸ ਨਾ ਹੋਣ ਦਾ ਹਵਾਲਾ ਦਿੰਦੇ ਹੋਏ ਨਗਰ ਕੌਂਸਲ ਦੇ ਈਓ ਮਨੋਹਰ ਸਿੰਘ ਨੂੰ ਬੇਭਰੋਸਗੀ ਮਤਾ ਸੌਂਪਿਆ।

ਕੌਂਸਲਰਾਂ ਵੱਲੋਂ ਪ੍ਰਸ਼ਾਸਨ ਨੂੰ ਬੇਭਰੋਸਗੀ ਮਤੇ ਦਿੱਤੇ ਜਾਣ ਤੋਂ ਬਾਅਦ ਈਓ ਮਨੋਹਰ ਸਿੰਘ ਨੇ ਕੌਂਸਲ ਪ੍ਰਧਾਨ ਰਾਣਾ ਨੂੰ ਪੱਤਰ ਲਿਖ ਕੇ ਹਾਊਸ ਦੀ ਮੀਟਿੰਗ ਬੁਲਾਉਣ ਲਈ ਕਿਹਾ, ਜਿਸ ਕਾਰਨ ਕੌਂਸਲ ਪ੍ਰਧਾਨ ਰਾਣਾ ਵੱਲੋਂ 30 ਦਸੰਬਰ ਨੂੰ ਹਾਊਸ ਦੀ ਮੀਟਿੰਗ ਸੱਦਣ ਦਾ ਫੈਸਲਾ ਕੀਤਾ ਗਿਆ। 30 ਦਸੰਬਰ ਨੂੰ ਹੋਣ ਜਾ ਰਹੀ ਸਦਨ ਦੀ ਬੈਠਕ ਦੌਰਾਨ ਸਥਿਤੀ ਸਪੱਸ਼ਟ ਹੋ ਜਾਵੇਗੀ ਕਿ ਕੌਂਸਲ ਪ੍ਰਧਾਨ ਆਪਣੀ ਕੁਰਸੀ ਬਚਾ ਸਕਦੇ ਹਨ ਜਾਂ ਉਨ੍ਹਾਂ ਦੇ ਵਿਰੋਧੀ ਉਨ੍ਹਾਂ ਨੂੰ ਪ੍ਰਧਾਨ ਦੀ ਕੁਰਸੀ ਤੋਂ ਹਟਾ ਸਕਣਗੇ। ਕੌਂਸਲਰ ਰਮੇਸ਼ ਸਹੋਤਾ ਨੇ ਸੋਸ਼ਲ ਮੀਡੀਆ 'ਤੇ ਵੀਡੀਓ ਜਾਰੀ ਕਰਕੇ ਪ੍ਰਧਾਨ ਰਾਣਾ ਦੇ ਹੱਕ ਵਿੱਚ ਵੋਟ ਪਾਈ।

ਵੀਡੀਓ ਵਿੱਚ ਕੌਂਸਲਰ ਸਹੋਤਾ ਨੇ ਕਿਹਾ ਕਿ ਅਦਾਲਤ ਵਿੱਚ ਕਿਸੇ ਵੀ ਤਰ੍ਹਾਂ ਦਾ ਆਡੀਓ ਬਿਆਨ ਜਾਇਜ਼ ਨਹੀਂ ਮੰਨਿਆ ਜਾਂਦਾ, ਜਿਸ ਕਾਰਨ ਉਹ ਜਾਰੀ ਕਰਨਾ ਚਾਹੁੰਦੇ ਹਨ। ਇੱਕ ਵੀਡੀਓ ਬਿਆਨ ਰਾਹੀਂ ਸਪੱਸ਼ਟ ਕਿਹਾ ਕਿ ਜੇਕਰ ਸਿਆਸੀ ਦਬਾਅ ਕਾਰਨ ਉਨ੍ਹਾਂ ਨੂੰ ਸਦਨ ਦੀ ਮੀਟਿੰਗ ਵਿੱਚ ਸ਼ਾਮਲ ਨਹੀਂ ਹੋਣ ਦਿੱਤਾ ਗਿਆ, ਇਸ ਲਈ ਉਨ੍ਹਾਂ ਦੀ ਵੋਟ ਕੌਂਸਲ ਪ੍ਰਧਾਨ ਰਾਣਾ ਦੇ ਹੱਕ ਵਿੱਚ ਮੰਨੀ ਜਾਵੇ, ਜਿਸ ਲਈ ਉਹ ਹਲਫ਼ਨਾਮਾ ਲਿਖਣ ਲਈ ਵੀ ਤਿਆਰ ਹਨ। ਕੌਂਸਲਰ ਰਮੇਸ਼ ਕੁਮਾਰ ਸਹੋਤਾ ਵੱਲੋਂ ਸੋਸ਼ਲ ਮੀਡੀਆ 'ਤੇ ਪਾਈ ਗਈ ਵੀਡੀਓ ਸਬੰਧੀ ਜਾਣਕਾਰੀ ਲੈਣ ਲਈ ਜਦੋਂ ਉਨ੍ਹਾਂ ਦੇ ਫੋਨ ਨੰਬਰ 'ਤੇ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਦਾ ਮੋਬਾਈਲ ਨੰਬਰ ਬੰਦ ਹੋਣ ਕਾਰਨ ਸੰਪਰਕ ਨਹੀਂ ਹੋ ਸਕਿਆ। ਦੂਜੇ ਪਾਸੇ ਥਾਣਾ ਸਿਟੀ ਦੇ ਇੰਚਾਰਜ ਇੰਸਪੈਕਟਰ ਇੰਦਰਜੀਤ ਸਿੰਘ ਨਾਲ ਫੋਨ 'ਤੇ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਕੌਂਸਲਰ ਰਮੇਸ਼ ਕੁਮਾਰ ਸਹੋਤਾ, ਜਿਨ੍ਹਾਂ ਨੇ ਇਸ ਸਬੰਧੀ ਆਪਣੀ ਵੀਡੀਓ ਸੋਸ਼ਲ ਮੀਡੀਆ 'ਤੇ ਜਾਰੀ ਕੀਤੀ ਹੈ, ਉਹ ਖੁਦ ਦੱਸ ਸਕਦੇ ਹਨ ਕਿ ਉਨ੍ਹਾਂ ਨੂੰ ਅਜਿਹੀ ਕੋਈ ਜਾਣਕਾਰੀ ਨਹੀਂ ਹੈ।

# ਰੋਡੇ ਦੇ ਪ੍ਰਵਾਸੀ ਪੰਜਾਬੀ ਪਰਵਾਰ ਦੀ ਨਜਾਇਜ਼ ਕਬਜ਼ੇ ਹੇਠ ਜ਼ਮੀਨ ਨੂੰ ਛੁਡਾਏਗੀ ਪੰਜਾਬ ਸਰਕਾਰ

**ਬਾਘਾ ਪੁਰਾਣਾ/ਮੋਗਾ (ਮਨੀ ਸਿੰਗਲਾ/ ਅਮਰਜੀਤ ਬੱਬਰੀ)**



ਪਿੰਡ ਰੋਡੇ ਦੇ ਯੂ ਕੇ ਵਸਦੇ ਪ੍ਰਵਾਸੀ ਪੰਜਾਬੀ ਪਰਵਾਰ ਨੂੰ ਹੁਣ ਆਸ ਬੱਝ ਗਈ ਹੈ ਕਿ ਉਨ੍ਹਾਂ ਦੀ ਨਜਾਇਜ਼ ਕਬਜ਼ੇ ਹੇਠ ਜ਼ਮੀਨ ਨੂੰ ਛੁਡਾ ਕੇ ਜਲਦ ਹੀ ਉਨ੍ਹਾਂ ਦੇ ਸਪੁਰਦ ਕਰ ਦਿੱਤਾ ਜਾਵੇਗਾ। ਇਸ ਮਾਮਲੇ ਵਿੱਚ ਪੰਜਾਬ ਦੇ ਪ੍ਰਵਾਸੀ ਪੰਜਾਬੀ ਮਾਮਲੇ ਵਿਭਾਗ ਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਪਿੰਡ ਰੋਡੇ ਪਹੁੰਚ ਕੇ ਪੀੜਤ ਪਰਵਾਰ ਨੂੰ ਭਰੋਸਾ ਦਿਵਾਇਆ ਹੈ ਕਿ ਇਸ ਮਾਮਲੇ ਵਿੱਚ ਪੰਜਾਬ ਸਰਕਾਰ ਹਰ ਸੰਭਵ ਕਾਨੂੰਨੀ ਚਾਰਾਜੋਈ ਕਰੇਗੀ। ਇਸ ਤੋਂ ਇਲਾਵਾ ਇਸ ਮਾਮਲੇ ਵਿੱਚ ਦੋਸ਼ੀ ਪਾਏ ਜਾਣ ਵਾਲੇ ਹਰੇਕ ਅਧਿਕਾਰੀ ਤੇ ਵਿਅਕਤੀ ਖ਼ਿਲਾਫ਼ ਸਖਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

ਪਿੰਡ ਰੋਡੇ ਵਿਖੇ ਸਬੰਧਤ ਜ਼ਮੀਨ ਅਤੇ ਮਕਾਨ ਦਾ ਮੌਕਾ ਦੇਖਣ ਤੋਂ ਬਾਅਦ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਦੱਸਿਆ ਕਿ ਯੂ ਕੇ ਵਾਸੀ ਸਵ: ਹਰਨਾਮ ਸਿੰਘ ਤੇ ਉਨ੍ਹਾਂ ਦੀ ਪਤਨੀ ਜਸਪਾਲ ਕੌਰ ਦੀ 17.5 ਏਕੜ ਜ਼ਮੀਨ ਤੇ ਜੱਦੀ ਘਰ ਉੱਤੇ ਪਿੰਡ ਦੇ ਹੀ ਇੱਕ ਰਸੂਖਦਾਰ ਪਰਵਾਰ ਵੱਲੋਂ ਕਥਿਤ ਤੌਰ ਉੱਤੇ ਨਜਾਇਜ਼ ਕਬਜ਼ਾ ਕੀਤਾ ਹੋਇਆ ਹੈ। ਇਹ ਕਬਜ਼ਾ ਕਰਾਉਣ ਵਿੱਚ ਸਾਲ 2019 ਵਿੱਚ ਤਹਿਸੀਲ ਬਾਘਾਪੁਰਾਣਾ ਵਿਖੇ ਤਾਇਨਾਤ ਰਹੇ ਕੁਝ ਸਰਕਾਰੀ ਅਧਿਕਾਰੀ ਵੀ ਸ਼ਾਮਲ ਰਹੇ ਹਨ।

ਉਨ੍ਹਾਂ ਕਿਹਾ ਕਿ ਪੀੜਤ ਪਰਵਾਰ ਆਪਣੀ ਜ਼ਮੀਨ ਛੁਡਵਾਉਣ ਲਈ ਪਿਛਲੀ ਸਰਕਾਰ ਦੌਰਾਨ ਦਰ-ਦਰ ਭਟਕਦਾ ਰਿਹਾ, ਪਰ ਉਸਦੀ ਬਾਂਹ ਕਿਸੇ ਨੇ ਵੀ ਨਹੀਂ ਫੜੀ। ਅੰਤ ਯੂ ਕੇ ਵਾਸੀ ਹਰਨਾਮ ਸਿੰਘ ਜਹਾਨੋਂ ਰੁਖਸਤ ਹੋ ਗਿਆ। ਹੁਣ ਉਨ੍ਹਾਂ ਦੇ ਰਿਸ਼ਤੇਦਾਰ ਸੁਰਜੀਤ ਸਿੰਘ ਵੱਲੋਂ ਇਹ ਲੜਾਈ ਲੜੀ ਜਾ ਰਹੀ ਹੈ।

ਉਨ੍ਹਾਂ ਐਲਾਨ ਕੀਤਾ ਕਿ ਪੰਜਾਬ ਸਰਕਾਰ ਵੱਲੋਂ ਇਸ ਮਾਮਲੇ ਵਿੱਚ ਕਾਨੂੰਨੀ ਚਾਰਾਜੋਈ ਕਰਕੇ ਹਰ ਸੰਭਵ ਕੋਸ਼ਿਸ਼ ਕੀਤੀ ਜਾਵੇਗੀ ਕਿ ਪੀੜਤ ਪਰਵਾਰ ਨੂੰ ਆਪਣੀ ਜ਼ਮੀਨ ਅਤੇ ਘਰ ਵਾਪਸ ਮਿਲ ਜਾਣ। ਇਸ ਤੋਂ ਇਲਾਵਾ ਇਸ ਮਾਮਲੇ ਵਿੱਚ ਸ਼ਾਮਲ ਹਰੇਕ ਅਧਿਕਾਰੀ ਖ਼ਿਲਾਫ਼ ਹੋਵੇਗੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ, ਭਾਵੇਂ ਉਨ੍ਹਾਂ ਵਿਚੋਂ ਕੁਝ ਸੇਵਾਮੁਕਤ ਹੀ ਕਿਉਂ ਨਾ ਹੋ ਗਏ ਹੋਣ। ਉਨ੍ਹਾਂ ਇਸ ਮੌਕੇ ਹਾਜ਼ਰ ਡਿਪਟੀ ਕਮਿਸ਼ਨਰ ਸ੍ਰੀਮਤੀ ਪੂਨਮਦੀਪ ਕੌਰ ਨੂੰ ਹਦਾਇਤ ਕੀਤੀ ਕਿ ਪੀੜਤ ਪਰਵਾਰ ਨੂੰ ਉਨ੍ਹਾਂ ਦੇ ਘਰ ਦਾ ਕਬਜ਼ਾ ਅਗਲੇ ਦੋ ਦਿਨਾਂ ਵਿੱਚ ਦਿਵਾਇਆ ਜਾਵੇ।

ਉਨ੍ਹਾਂ ਕਾਂਗਰਸੀ ਆਗੂ ਪ੍ਰਤਾਪ ਸਿੰਘ ਬਾਜਵਾ ਨੂੰ ਤਕੜੇ ਹੱਥੀਂ ਲੈਂਦਿਆਂ ਕਿਹਾ ਕਿ ਉਨ੍ਹਾਂ ਦੇ ਸਰਕਾਰ ਨੇ ਪ੍ਰਵਾਸੀ ਪੰਜਾਬੀ ਪਰਿਵਾਰਾਂ ਦੀਆਂ ਜ਼ਮੀਨਾਂ ਨੂੰ ਨਜਾਇਜ਼ ਕਬਜ਼ਿਆਂ ਤੋਂ ਮੁਕਤ ਕਰਾਉਣ ਦੀ ਬਜਾਏ ਚੋਰਾਂ ਦਾ ਸਾਥ ਦਿੱਤਾ। ਹੁਣ ਇਨ੍ਹਾਂ ਨੂੰ 'ਆਪ' ਸਰਕਾਰ ਦੀ ਨੁਕਤਾਚੀਨੀ ਕਰਨ ਦੀ ਬਜਾਏ ਪੀੜਤ ਲੋਕਾਂ ਤੋਂ ਮੁਆਫ਼ੀ ਮੰਗਣੀ ਚਾਹੀਦੀ ਹੈ। ਇਸ ਮੌਕੇ ਉਨ੍ਹਾਂ ਨਾਲ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ, ਵਧੀਕ ਪੁਲਿਸ ਮੁਖੀ ਸ੍ਰੀ ਪੀ ਕੇ ਸਿਨਹਾ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਸੁਭਾਸ ਚੰਦਰ, ਐੱਸ ਡੀ ਐੱਮ ਰਾਮ ਸਿੰਘ, ਨਗਰ ਸੁਧਾਰ ਟਰੱਸਟ ਮੋਗਾ ਦੇ ਚੇਅਰਮੈਨ ਸ੍ਰੀ ਦੀਪਕ ਅਰੋੜਾ ਤੇ ਹੋਰ ਹਾਜ਼ਰ ਸਨ।

# ਬਲਾਕ ਕਾਂਗਰਸ ਪ੍ਰਧਾਨ ਸਣੇ 3 ਕੌਂਸਲਰਾਂ ਦੇ ਪਤੀਆਂ ਖ਼ਿਲਾਫ਼ ਮਾਮਲਾ ਦਰਜ



**ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)**

ਨਗਰ ਕੌਂਸਲ ਪਾਰਕ ਵਿਖੇ ਰਾਤੋ ਰਾਤ ਬਣਾਏ ਗਏ ਬਿਜਲੀ ਕੰਪਲੇਟ ਸੈਂਟਰ ਦੇ ਸਰਕਾਰੀ ਕੰਮ ਵਿੱਚ ਵਿਘਨ ਪਾਉਣ ਤੇ ਉੱਥੇ ਉਸਾਰੀ ਦਾ ਕੰਮ ਕਰਾ ਰਹੇ ਪੀਐਸਪੀਸੀਐਲ ਦੇ ਜੇਈ ਤੇ ਹੋਰ ਮੁਲਾਜ਼ਮਾਂ ਅਤੇ ਮਜ਼ਦੂਰਾਂ ਨੂੰ ਡਰਾਉਣ, ਧਮਕਾਉਣ ਤੇ ਜਾਨੋਂ ਮਾਰਨ ਦੀਆਂ ਧਮਕੀਆਂ ਦੇਣ ਦੇ ਦੋਸ਼ ਤਹਿਤ ਸਮਾਣਾ ਪੁਲਸ ਨੇ ਬਲਾਕ ਕਾਂਗਰਸ ਦੇ ਪ੍ਰਧਾਨ ਮੰਗਤ ਮਵੀ ਸਣੇ ਪਰਮਜੀਤ ਸਿੰਘ ਬੱਬੂ, ਜਸਵਿੰਦਰ ਸਿੰਘ ਬੱਬੂ ਤੇ ਕੁਲਵਿੰਦਰ ਸਿੰਘ (ਚਾਰੋਂ ਮੌਜੂਦਾ ਮਹਿਲਾ ਕੌਂਲਰਾਂ ਦੇ ਪਤੀ) ਖ਼ਿਲਾਫ਼ ਆਈਪੀਸੀ ਦੀ ਧਾਰਾ 353, 186, 506, 148, 149 ਤਹਿਤ ਮਾਮਲਾ ਦਰਜ ਕਰਕੇ ਉਨ੍ਹਾਂ ਨੂੰ ਅਦਾਲਤ ਵਿੱਚ ਪੇਸ਼ ਕੀਤਾ ਗਿਆ, ਜਿੱਥੇ ਪੁਲਸ ਵੱਲੋਂ ਇੱਕ ਦਿਨ ਦੇ ਰਿਮਾਂਡ ਦੀ ਮੰਗ ਕੀਤੀ ਗਈ। ਕਥਿਤ ਦੋਸ਼ੀਆਂ ਦੇ ਵਕੀਲ ਸੰਦੀਪ ਜਿੰਦਲ ਅਤੇ ਸ਼ਲੇਂਦਰ ਗੋਇਲ ਨੇ ਪੁਲਸ ਰਿਮਾਂਡ ਦਾ ਵਿਰੋਧ ਕੀਤਾ। ਕਿਹਾ ਕਿ ਉਕਤ ਚਾਰੋਂ ਵਿਅਕਤੀ ਸ਼ਹਿਰ ਦੇ ਮੋਹਤਬਰ ਵਿਅਕਤੀ ਹਨ। ਇਹ ਸ਼ਹਿਰ ਦੇ ਭਲੇ ਲਈ ਕੰਮ ਕਰ ਰਹੇ ਹਨ। ਇਨ੍ਹਾਂ ਦਾ ਪੁਲਸ ਰਿਮਾਂਡ ਨਹੀਂ ਦਿੱਤਾ ਜਾਣਾ ਚਾਹੀਦਾ। ਡਿਊਟੀ ਮੈਜਿਸਟ੍ਰੇਟ ਆਸ਼ੀਆ ਜਿੰਦਲ ਨੇ ਬਚਾਅ ਪੱਖ ਦੇ ਵਕੀਲਾਂ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਸਾਰੇ ਦੋਸ਼ੀਆਂ ਨੂੰ 14 ਦਿਨਾਂ ਦੀ ਨਿਆਇਕ ਹਿਰਾਸਤ ਵਿੱਚ ਭੇਜ ਦਿੱਤਾ। ਹਲਕੇ ਦੇ ਸਾਬਕਾ ਕਾਂਗਰਸੀ ਵਿਧਾਇਕ ਰਜਿੰਦਰ ਸਿੰਘ ਨੇ ਕਿਹਾ ਕਿ ਮਾਮਲਾ ਕਾਂਗਰਸ ਹਾਈਕਮਾਂਡ ਦੇ ਧਿਆਨ ਵਿਚ ਲਿਆ ਦਿੱਤਾ ਹੈ। ਕਾਂਗਰਸੀ ਹਾਈਕਮਾਂਡ ਨੂੰ ਨਾਲ ਲੈ ਕੇ ਉਹ ਅਜਿਹੇ ਜੰਗਲ ਰਾਜ ਖ਼ਿਲਾਫ਼ ਬਹੁਤ ਜਲਦ ਵੱਡਾ ਧਰਨਾ ਲਾਉਣਗੇ।

# ਕੁਸ਼ਲਦੀਪ ਢਿੱਲੋਂ ਨੇ 'ਭਾਰਤ ਜੋੜੋ ਯਾਤਰਾ' ਸੰਬੰਧੀ ਵਰਕਰਾਂ ਨਾਲ ਕੀਤੀ ਮੀਟਿੰਗ



**ਸਰਦੂਲਗੜ੍ਹ (ਅਵਤਾਰ ਜਟਾਣਾ)**

ਕਾਂਗਰਸ ਪਾਰਟੀ ਦੇ ਸੀਨੀਅਰ ਲੀਡਰ ਰਾਹੁਲ ਗਾਂਧੀ ਵੱਲੋਂ ਵੱਖ-ਵੱਖ ਸੂਬਿਆਂ ਵਿੱਚ ਭਾਰਤ ਜੋੜੋ ਯਾਤਰਾ ਕੱਢੀ ਜਾ ਰਹੀ ਹੈ, ਜੋ ਜਨਵਰੀ ਦੇ ਪਹਿਲੇ ਹਫ਼ਤੇ ਪੰਜਾਬ ਪਹੁੰਚੇਗੀ, ਜਿਸ ਦਾ ਪੰਜਾਬ ਕਾਂਗਰਸ ਵੱਲੋਂ ਗਰਮਜੋਸ਼ੀ ਨਾਲ ਸਵਾਗਤ ਕਰਨ ਲਈ ਤਿਆਰੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਤਹਿਤ ਕਾਂਗਰਸ ਪਾਰਟੀ ਵੱਲੋਂ ਲਾਏ ਗਏ ਜ਼ਿਲ੍ਹਾ ਇੰਚਾਰਜ ਕੁਸ਼ਲਦੀਪ ਸਿੰਘ ਕਿਕੀ ਢਿੱਲੋਂ, ਹਲਕਾ ਕੁਆਡੀਨੇਟਰ ਜਸਪਾਲ ਸਿੰਘ ਔਲਖ ਤੇ ਜ਼ਿਲ੍ਹਾ ਪ੍ਰੀਸ਼ਦ ਮਾਨਸਾ ਦੇ ਚੇਅਰਮੈਨ ਬਿਕਰਮ ਸਿੰਘ ਮੋਫਰ ਤੇ ਜ਼ਿਲ੍ਹਾ ਪ੍ਰਧਾਨ ਮਾਇਕਲ ਗਾਗੋਵਾਲ ਦੀ ਅਗਵਾਈ ਵਿੱਚ ਪਾਰਟੀ ਦੇ ਅਹੁਦੇਦਾਰਾਂ ਅਤੇ ਵਰਕਰਾਂ ਦੀ ਇੱਕ ਭਰਵੀਂ ਮੀਟਿੰਗ ਅਨਾਜ ਮੰਡੀ ਸਰਦੂਲਗੜ੍ਹ ਵਿਖੇ ਹੋਈ।

ਕੁਸ਼ਲਦੀਪ ਸਿੰਘ ਕਿੱਕੀ ਢਿੱਲੋਂ ਸਾਬਕਾ ਵਿਧਾਇਕ ਨੇ ਕਿਹਾ ਕਿ ਕਾਂਗਰਸ ਪਾਰਟੀ ਦੇ ਸੀਨੀਅਰ ਨੇਤਾ ਰਾਹੁਲ ਗਾਂਧੀ ਵੱਲੋਂ ਏਕਤਾ ਦਾ ਸੁਨੇਹਾ ਲੈ ਕੇ ਭਾਰਤ ਜੋੜੋ ਯਾਤਰਾ ਪੈਦਲ ਚੱਲ ਕੇ ਕੱਢੀ ਜਾ ਰਹੀ ਹੈ, ਜੋ 10 ਦਸੰਬਰ ਤੱਕ ਪੰਜਾਬ ਵਿੱਚ ਦਾਖਲ ਹੋਵੇਗੀ ਅਤੇ ਉਸ ਦਾ ਸਵਾਗਤ ਕਰਨ ਲਈ ਦੇਸ ਅਤੇ ਪੰਜਾਬ ਨੂੰ ਬਚਾਉਣ ਲਈ ਅਤੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਰਾਹੁਲ ਗਾਂਧੀ ਦੀ ਇਸ ਯਾਤਰਾ ਵਿੱਚ ਆਪਣਾ ਬਣਦਾ ਯੋਗਦਾਨ ਪਾਉਣ ਦੀ ਅਪੀਲ ਕੀਤੀ।

ਚੇਅਰਮੈਨ ਬਿਕਰਮ ਸਿੰਘ ਮੋਫਰ ਨੇ ਭਾਰਤ ਜੋੜੋ ਯਾਤਰਾ ਦੇ ਸਵਾਗਤ ਲਈ ਹਲਕਾ ਸਰਦੂਲਗੜ੍ਹ ਤੋਂ ਵੱਡੀ ਗਿਣਤੀ ਵਿੱਚ ਵਰਕਰਾਂ ਦੇ ਸਾਮਿਲ ਹੋਣ ਸਬੰਧੀ ਡਿਊਟੀਆਂ ਲਾਈਆ। ਬਿਕਰਮ ਮੋਫਰ ਨੇ ਕਿਹਾ ਕਿ ਭਾਰਤ ਜੋੜੋ ਯਾਤਰਾ ਪੰਜਾਬ ਅੰਦਰ ਕਾਂਗਰਸ ਪਾਰਟੀ ਨੂੰ ਮਜਬੂਤ ਕਰਨ ਲਈ ਆਪਣਾ ਅਹਿਮ ਰੋਲ ਨਿਭਾਵੇਗੀ ਤੇ ਯਾਤਰਾ ਦਾ ਪੂਰੀ ਗਰਮਜੋਸ਼ੀ ਨਾਲ ਸਵਾਗਤ ਕੀਤਾ ਜਾਵੇਗਾ ਅਤੇ ਇਸ ਯਾਤਰਾ ਵਿੱਚ ਹਲਕਾ ਸਰਦੂਲਗੜ੍ਹ ਤੋਂ ਵੱਡੀ ਗਿਣਤੀ ਵਿੱਚ ਵਰਕਰ ਅਤੇ ਆਗੂ ਸ਼ਾਮਲ ਹੋਣਗੇ।

# ਗੋਲਡ ਮੈਡਲ ਜਿੱਤਣ 'ਤੇ ਧਰਮਿੰਦਰ ਸਹਿਗਲ ਸਨਮਾਨਤ



**ਸੰਗਰੂਰ (ਪ੍ਰਵੀਨ ਸਿੰਘ)**-ਭਾਰਤੀਯ ਅੰਬੇਡਕਰ ਮਿਸਨ ਵੱਲੋਂ ਮਿਸ਼ਨ ਸੁੰਦਰ ਬਸਤੀ ਵਿਖੇ ਕੌਮੀ ਪ੍ਰਧਾਨ ਸ੍ਰੀ ਦਰਸਨ ਸਿੰਘ ਕਾਂਗੜਾ ਦੀ ਅਗਵਾਈ ਹੇਠ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ, ਜਿਸ ਦੇ ਚੱਲਦਿਆਂ ਵਾਰ ਹਿਰੋਜ ਸਟੇਡੀਅਮ ਦੇ ਇੰਡੋਰ ਵਿਖੇ ਕਰਵਾਏ ਰਾਜ ਪੱਧਰੀ 66ਵਾਂ ਖੇਡਾਂ ਦੌਰਾਨ ਕਿੱਕ ਬਾਕਸਿੰਗ ਵਿੱਚ ਐਸ ਐਸ ਪਬਲਿਕ ਸਕੂਲ ਵਿੱਚ ਪੜ੍ਹਦੇ ਅੱਠਵੀਂ ਕਲਾਸ ਦੇ ਵਿਦਿਆਰਥੀ ਧਰਮਿੰਦਰ ਕੁਮਾਰ ਸਹਿਗਲ ਨੂੰ ਗੋਲਡ ਮੈਡਲ ਹਾਸਲ ਕਰਨ ਤੇ ਭਾਰਤੀਯ ਅੰਬੇਡਕਰ ਮਿਸ਼ਨ ਵੱਲੋਂ ਵਿਸੇਸ ਸਨਮਾਨ ਕੀਤਾ ਗਿਆ।

ਇਸ ਮੌਕੇ ਸੰਬੋਧਨ ਕਰਦਿਆਂ ਸ੍ਰੀ ਦਰਸ਼ਨ ਕਾਂਗੜਾ ਨੇ ਕਿਹਾ ਕਿ ਬੱਚੇ ਸਾਡੇ ਦੇਸ ਦਾ ਉੱਜਵਲ ਭਵਿੱਖ ਹਨ, ਜਿਨ੍ਹਾਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੱਲ ਵੀ ਵਿਸ਼ੇਸ਼ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਧਰਮਿੰਦਰ ਸਹਿਗਲ ਦੀ ਇਸ ਉਪਲਬਧੀ ਲਈ ਧਰਮਿੰਦਰ ਦੇ ਪਿਤਾ ਸ੍ਰੀ ਭੁਪਿੰਦਰ ਕੁਮਾਰ ਸਹਿਗਲ, ਮਾਤਾ ਸ੍ਰੀਮਤੀ ਗੁਰਪ੍ਰੀਤ ਕੌਰ ਸਣੇ ਕੋਚ ਅਰਸ਼ਦੀਪ ਮਰਵਾਹਾ ਤੇ ਐਸ ਐਸ ਪਬਲਿਕ ਸਕੂਲ ਦੇ ਸਮੁੱਚੇ ਅਧਿਆਪਕਾ ਦੀ ਵੀ ਸ਼ਲਾਘਾ ਕੀਤੀ। ਇਸ ਮੌਕੇ ਭਾਰਤੀਯ ਅੰਬੇਡਕਰ ਮਿਸ਼ਨ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਸੁਖਪਾਲ ਸਿੰਘ ਭੰਮਾਬੱਦੀ, ਬਲਵੀਰ ਸਿੰਘ, ਮੈਡਮ ਸੁਰਿੰਦਰ ਕੌਰ ਬੁਗਰਾ, ਸਾਜਨ ਕਾਂਗੜਾ, ਰਣਜੀਤ ਸਿੰਘ ਹੈਪੀ, ਅਮਨ ਸਿ?ਕਨ, ਰਾਣਾ ਬਾਲੂ, ਜਗਸੀਰ ਸਿੰਘ ਜੱਗਾ, ਜਰਨੈਲ ਸਿੰਘ, ਕਰਮ ਸਿੰਘ, ਸ਼ਸ਼ੀ ਚਾਵਰੀਆ, ਰਾਜੇਸ਼ ਲੋਟ ਆਦਿ ਹਾਜ਼ਰ ਸਨ।

# ਮਾਣੂੰਕੇ ਸਦਕਾ ਸਿਵਲ ਹਸਪਤਾਲ ਨੂੰ ਪੰਜ ਵੈਂਟੀਲੇਟਰ ਭੇਟ

**ਜਗਰਾਉਂ (ਅਮਿਤ ਖੰਨਾ)**



ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਮੌਕੇ ਵਿਧਾਇਕਾ ਬੀਬੀ ਸਰਵਜੀਤ ਕੌਰ ਮਾਣੂੰਕੇ ਦੇ ਯਤਨਾਂ ਸਦਕਾ ਇੰਡੀਆ ਕੋਵਿਡ ਐੱਸ.ਓ.ਐੱਸ. ਸੰਸਥਾ ਵੱਲੋਂ ਜੱਚਾ-ਬੱਚਾ ਸਿਵਲ ਹਸਪਤਾਲ ਨੂੰ ਪੰਜ ਨਾਨ ਇਨਵੈਂਸ ਵੈਂਟੀਲੇਟਰ ਕਿੱਟ ਸੀ-ਪਾਈਪ ਸੈੱਟ ਭੇਟ ਕੀਤੇ ਗਏ ਹਨ, ਜੋ ਵੈਂਟੀਲੇਟਰ ਦੀ ਤਰ੍ਹਾਂ ਹੀ ਕੰਮ ਕਰਦੇ ਹਨ ਤੇ ਐਮਰਜੈਂਸੀ ਮੌਕੇ ਬੱਚਿਆਂ ਨੂੰ ਵੱਡੀ ਰਾਹਤ ਪ੍ਰਦਾਨ ਕਰਨਗੇ।

ਵਿਧਾਇਕਾ ਮਾਣੂੰਕੇ ਨੇ ਸੰਸਥਾ ਦੇ ਪ੍ਰਬੰਧਕ ਹਰਪ੍ਰੀਤ ਸਿੰਘ ਉਬਰਾਏ ਤੇ ਰਵਿੰਦਰ ਸਿੰਘ ਉਬਰਾਏ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਿਵਲ ਹਸਪਤਾਲ ਤੇ ਜੱਚਾ-ਬੱਚਾ ਹਸਪਤਾਲ ਵਿੱਚ ਲੋਕਾਂ ਨੂੰ ਅਤਿ ਆਧੁਨਿਕ ਅਤੇ ਬਿਹਤਰ ਸਹੂਲਤਾਂ ਮੁਹੱਈਆ ਕਰਾਉਣ ਲਈ ਉਹ ਹਮੇਸ਼ਾ ਯਤਨਸ਼ੀਲ ਰਹਿੰਦੇ ਹਨ ਅਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਮਿਆਰੀ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ।

ਇਸ ਮੌਕੇ ਸਿਵਲ ਹਸਪਤਾਲ ਦੇ ਐੱਸ.ਐੱਮ.ਓ ਡਾ. ਪੁਨੀਤ ਸਿੱਧੂ ਨੇ ਵਿਧਾਇਕਾ ਦੇ ਯਤਨਾਂ ਦੀ ਸ਼ਲਾਘਾ ਕਰਦੇ ਹੋਏ ਆਖਿਆ ਕਿ ਹਾਰਟ ਦੇ ਮਰੀਜ਼ਾਂ ਨੂੰ ਐਮਰਜੈਂਸੀ ਮੌਕੇ ਲੱਗਣ ਵਾਲਾ 28 ਹਜ਼ਾਰ ਰੁਪਏ ਦੀ ਕੀਮਤ ਵਾਲਾ ਟੀਕਾ ਸਿਵਲ ਹਸਪਤਾਲ ਵਿਖੇ ਮੁਫ਼ਤ ਲਾਇਆ ਜਾਂਦਾ ਹੈ। ਇਸ ਮੌਕੇ ਹਰਪ੍ਰੀਤ ਸਿੰਘ ਉਬਰਾਏ ਨੇ ਆਖਿਆ ਕਿ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਵਸ ਮੌਕੇ ਨਿੱਕੇ ਬੱਚਿਆਂ ਲਈ ਪੰਜ ਨਾਨ ਇਨਵੈਂਸ ਵੈਂਟੀਲੇਟਰ ਸੈੱਟ ਦਾਨ ਕਰਕੇ ਮਾਨਸਿਕ ਸਕੂਨ ਮਿਲਿਆ ਹੈ। ਇਨ੍ਹਾਂ ਸੀ-ਪਾਈਪ ਵੈਂਟੀਲੇਟਰਾਂ ਨਾਲ ਬਹੁਤ ਸਾਰੀਆਂ ਕੀਮਤੀ ਜਾਨਾਂ ਬਚਾਈਆਂ ਜਾ ਸਕਦੀਆਂ ਹਨ। ਇਸ ਮੌਕੇ ਸਾਬਕਾ ਕੌਂਸਲਰ ਕੁਲਵਿੰਦਰ ਸਿੰਘ ਕਾਲਾ, ਡਾ. ਈਸਾ ਢੀਂਗਰਾ, ਗੁਰਪ੍ਰੀਤ ਸਿੰਘ, ਸੁਖਵਿੰਦਰ ਸਿੰਘ, ਕੌਂਸਲਰ ਜਗਜੀਤ ਸਿੰਘ ਜੱਗੀ, ਕੌਂਸਲਰ ਰਾਜ ਭਾਰਦਵਾਜ, ਸਾਜਨ ਮਲਹੋਤਰਾ, ਡਾ. ਅਸ਼ਵਨੀ ਸ਼ਰਮਾ, ਡਾ. ਮਨਦੀਪ ਸਿੰਘ ਸਰਾਂ, ਐਡਵੋਕੇਟ ਕਰਮ ਸਿੰਘ ਸਿੱਧੂ ਆਦਿ ਵੀ ਹਾਜ਼ਰ ਸਨ।

# ਆਪ ਨੇ ਪੰਜਾਬ ਦੇ ਲੋਕਾਂ ਨਾਲ ਕੀਤਾ ਧੋਖਾ : ਕੁਸ਼ਲਦੀਪ ਢਿੱਲੋਂ

**ਮਾਨਸਾ (ਰੀਤਵਾਲ)**-ਰਾਹੁਲ ਗਾਂਧੀ ਵੱਲੋਂ ਸ਼ੁਰੂ ਕੀਤੀ ਭਾਰਤ ਜੋੜੋ ਯਾਤਰਾ ਜਨਵਰੀ ਦੇ ਮਹੀਨੇ ਵਿੱਚ ਪੰਜਾਬ ਅੰਦਰ ਦਾਖਲ ਹੋ ਰਹੀ ਹੈ ਅਤੇ ਇਸ ਯਾਤਰਾ ਲਈ ਜਿਲ੍ਹੇ ਦੇ ਇੰਚਾਰਜ ਨਿਯੁਕਤ ਕੀਤੇ ਸਾਬਕਾ ਵਿਧਾਇਕ ਕੁਸ਼ਲਦੀਪ ਸਿੰਘ ਕਿੱਕੀ ਢਿੱਲੋਂ ਨੇ ਇਸ ਯਾਤਰਾ ਦੀਆਂ ਤਿਆਰੀਆਂ ਨੂੰ ਲੈ ਕੇ ਮਾਨਸਾ ਵਿੱਚ ਪਾਰਟੀ ਵਰਕਰਾਂ ਨਾਲ ਮੀਟਿੰਗ ਕੀਤੀ ਤੇ ਉਨ੍ਹਾਂ ਨੂੰ ਯਾਤਰਾ ਵਿੱਚ ਸ਼ਾਮਲ ਹੋਣ ਲਈ ਲਾਮਬੰਦ ਕੀਤਾ।

ਇਸ ਮੌਕੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤੰਜ ਕੱਸਦਿਆਂ ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਆਮ ਆਦਮੀ ਪਾਰਟੀ ਦੀਆਂ ਗੱਲਾਂ 'ਤੇ ਵਿਸ਼ਵਾਸ ਕੀਤਾ ਸੀ, ਪਰ ਇਨ੍ਹਾਂ ਨੇ ਲੋਕਾਂ ਨੂੰ ਠੱਗਿਆ ਹੈ। ਉਨ੍ਹਾਂ ਕਿਹਾ ਕਿ ਭਾਰਤ ਜੋੜੋ ਯਾਤਰਾ 10 ਜਨਵਰੀ ਦੇ ਕਰੀਬ ਪੰਜਾਬ ਵਿੱਚ ਪਹੁੰਚੇਗੀ। ਉਨ੍ਹਾਂ ਕਿਹਾ ਕਿ ਮੈਂ ਜ਼ਿਲ੍ਹੇ ਵਿੱਚ ਪਾਰਟੀ ਵਰਕਰਾਂ ਨੂੰ ਬੇਨਤੀ ਕਰਨ ਲਈ ਆਇਆ ਹਾਂ ਕਿ ਹਰ ਹਲਕੇ ਤੋਂ ਲੋਕਾਂ ਨੇ ਇਸ ਯਾਤਰਾ ਵਿੱਚ ਜਾ ਕੇ ਆਪਣਾ ਹਿੱਸਾ ਪਾਉਣਾ ਹੈ।



# ਬੀਬੀ ਕਰਮਜੀਤ ਕੌਰ ਮਣਕੂ ਨੂੰ ਸ਼ਰਧਾਂਜਲੀਆਂ ਭੇਟ



**ਜਗਰਾਉਂ (ਅਮਿਤ ਖੰਨਾ)**

ਪ੍ਰਸਿੱਧ ਸਮਾਜ ਸੇਵੀ ਤੇ ਵਿਸ਼ਵਕਰਮਾ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਮਣਕੂ ਦੀ ਧਰਮ ਪਤਨੀ ਬੀਬੀ ਕਰਮਜੀਤ ਕੌਰ ਨਮਿਤ ਅੰਤਮ ਅਰਦਾਸ ਮੌਕੇ ਵੱਡੀ ਗਿਣਤੀ 'ਚ ਪਰਵਾਰ ਨਾਲ ਦੁੱਖ ਸਾਂਝਾ ਕਰਨ ਸੰਗਤਾਂ ਗੁਰਦੁਆਰਾ ਸਾਹਿਬ ਵਿਖੇ ਪੁੱਜੀਆਂ।

ਗੁਰਦੁਆਰਾ ਸਿੰਘ ਸਭਾ ਵਿਖੇ ਹੋਏ ਸ਼ਰਧਾਂਜਲੀ ਸਮਾਗਮ ਮੌਕੇ ਰਾਗੀ ਸਿੰਘਾਂ ਵੱਲੋਂ ਵੈਰਾਗਮਈ ਕੀਰਤਨ ਕੀਤਾ ਗਿਆ। ਪਰਵਾਰ ਵੱਲੋਂ ਸਾਬਕਾ ਵਿਧਾਇਕ ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਐਸ ਆਰ ਕਲੇਰ ਨੇ ਸਮੂਹ ਸੰਗਤਾਂ ਦਾ ਧੰਨਵਾਦ ਕਰਦਿਆਂ ਆਖਿਆ ਕਿ ਭੈਣ ਕਰਮਜੀਤ ਕੌਰ ਦਾ ਅਚਾਨਕ ਅਕਾਲ ਚਲਾਣੇ ਨੇ ਸਿਰਫ਼ ਪਰਵਾਰ ਨੂੰ ਵੀ ਨਹੀਂ, ਸਮਾਜ ਨੂੰ ਵੀ ਝੰਜੋੜ ਕੇ ਰੱਖ ਦਿੱਤਾ ਹੈ। ਸੇਵਾ, ਸਿਮਰਨ, ਸਾਦਗੀ ਤੇ ਪਰਉਪਕਾਰੀ ਭੈਣ ਦੇ ਜਾਣ ਨਾਲ ਮੈਨੂੰ ਨਿੱਜੀ ਘਾਟਾ ਪਿਆ ਹੈ। ਅਜਿਹੀ ਪਤਨੀ ਮਾਂ ਤੇ ਦਾਦੀ ਦਾ ਘਾਟਾ ਕਦੇ ਪੂਰਾ ਨਹੀਂ ਹੋ ਸਕਦਾ। ਗੁਰਦੁਆਰਾ ਸਾਹਿਬ ਵੱਲੋਂ ਪ੍ਰਿਤਪਾਲ ਸਿੰਘ ਮਣਕੂ ਨੂੰ ਦਸਤਾਰ ਭੇਟ ਕੀਤੀ ਗਈ। ਬੀਬੀ ਕਰਮਜੀਤ ਕੌਰ ਨੂੰ ਸਰਧਾ ਦੇ ਫੁੱਲ ਭੇਟ ਕਰਨ ਆਈਆਂ ਸੰਗਤਾਂ ਵਿੱਚ ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਦੇ ਪ੍ਰਧਾਨ ਜਿੰਦਰਪਾਲ ਸਿੰਘ ਧੀਮਾਨ, ਹਰਨੇਕ ਸਿੰਘ ਸੋਈ, ਬਾਬਾ ਮੋਹਨ ਸਿੰਘ ਸੱਗੂ, ਜਸਪਾਲ ਸਿੰਘ ਚੀਮਾ, ਕਰਨੈਲ ਸਿੰਘ ਧੰਜਲ, ਅਜੀਤ ਸਿੰਘ ਠੁਕਰਾਲ, ਸੁਖਵਿੰਦਰ ਸਿੰਘ ਆਸੂ, ਦਵਿੰਦਰਜੀਤ ਸਿੰਘ ਸਿੱਧੂ, ਅਵਤਾਰ ਸਿੰਘ ਮਿਗਲਾਨੀ, ਪ੍ਰਦੀਪ ਸਿੰਘ ਨਾਗੀ, ਹਰਿੰਦਰਪਾਲ ਸਿੰਘ ਕਾਲਾ, ਬਲਵਿੰਦਰ ਸਿੰਘ ਪਲਾਹਾ, ਈਸ਼ਰ ਸਿੰਘ, ਕਰਮ ਸਿੰਘ ਜਗਦੇ, ਮੈਨੇਜਰ ਕਰਮ ਸਿੰਘ, ਹਰਮੀਤ ਸਿੰਘ ਬਜਾਜ, ਅਮਰੀਕ ਸਿੰਘ ਤੇ ਅਜੀਤ ਸਿੰਘ ਮਿਗਲਾਨੀ ਆਦਿ ਹਾਜ਼ਰ ਸਨ।

# ਵਿਧਾਇਕਾ ਵੱਲੋਂ ਸੰਗਤਾਂ ਦੇ ਸਹਿਯੋਗ ਨਾਲ ਸ਼ਹੀਦੀ ਸਮਾਗਮ ਆਯੋਜਿਤ

**ਮੋਗਾ (ਅਮਰਜੀਤ ਬੱਬਰੀ)**



ਵਿਸ਼ਵਕਰਮਾ ਭਵਨ ਵਿਖੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੀ ਮਾਤਾ ਗੁਜਰ ਕੌਰ ਤੇ ਚਾਰ ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਧਾਰਮਿਕ ਸਮਾਗਮ ਕਰਾਇਆ ਗਿਆ। ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੀ ਪਹਿਲਕਦਮੀ 'ਤੇ ਕਰਾਏ ਸ਼ਹੀਦੀ ਸਮਾਗਮ ਦੌਰਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕੀਤੇ ਗਏ ਅਤੇ ਰਾਗੀ ਜਥਿਆਂ ਨੇ ਵੈਰਾਗਮਈ ਕੀਰਤਨ ਕਰਦਿਆਂ ਗੁਰਬਾਣੀ ਗਾਇਨ ਕੀਤਾ। ਇਸ ਮੌਕੇ ਨੌਜਵਾਨਾਂ ਨੇ ਕਵੀਸ਼ਰੀਆਂ ਤੇ ਗਾਇਕ ਕਲਾਕਾਰਾਂ ਨੇ ਸਿੱਖ ਇਤਿਹਾਸ ਵਿੱਚੋਂ ਬੀਰ ਰਸੀ ਰਚਨਾਵਾਂ ਨਾਲ ਸੰਗਤਾਂ ਨੂੰ ਪ੍ਰਭਾਵਤ ਕੀਤਾ।

ਕਥਾਵਾਚਕ ਵੱਲੋਂ ਸਰਬੰਸ ਦਾਨੀ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਸਮੁੱਚੇ ਪਰਵਾਰ ਦੇ ਖੇਰੂੰ-ਖੇਰੂੰ ਹੋਣ ਅਤੇ ਅਨੇਕਾਂ ਸਿੰਘਾਂ ਦੀਆਂ ਕੁਰਬਾਨੀਆਂ ਦਾ ਇਤਿਹਾਸ ਸੰਗਤਾਂ ਨੂੰ ਸਰਵਣ ਕਰਾਇਆ ਗਿਆ।

ਸ਼ਾਮ 5 ਵਜੇ ਆਰੰਭ ਹੋ ਕੇ ਰਾਤ 9 ਵਜੇ ਸੰਪੂਰਨ ਹੋਏ ਇਸ ਸਮਾਗਮ ਦੌਰਾਨ ਆਮ ਆਦਮੀ ਪਾਰਟੀ ਦੇ ਆਗੂਆਂ ਅਤੇ ਵਰਕਰਾਂ ਤੋਂ ਇਲਾਵਾ ਸ਼ਹਿਰ ਵਾਸੀ ਪਾਰਟੀ ਪੱਧਰ ਤੋਂ ਉੱਪਰ ਉੱਠ ਕੇ ਸਮਾਗਮ ਵਿੱਚ ਸ਼ਾਮਲ ਹੋਏ ਅਤੇ ਗੁਰੂ ਚਰਨਾਂ ਵਿਚ ਨਤਮਸਤਕ ਹੋ ਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਆਸ਼ੀਰਵਾਦ ਲੈਂਦਿਆਂ ਮਹਾਨ ਸ਼ਹੀਦਾਂ ਨੂੰ ਕੋਟਿ-ਕੋਟਿ ਪ੍ਰਣਾਮ ਕੀਤਾ। ਸਮਾਗਮ ਦੇ ਅੰਤ ਵਿੱਚ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਦੇ ਪਤੀ ਡਾ. ਰਾਕੇਸ਼ ਅਰੋੜਾ ਨੇ ਸਿੱਖ ਜਥੇਬੰਦੀਆਂ ਦੇ ਸਹਿਯੋਗ ਨਾਲ ਲੰਗਰ ਦੀ ਸੇਵਾ ਨਿਭਾਉਂਦਿਆਂ ਆਖਿਆ ਕਿ ਛੋਟੇ ਸਾਹਿਬਜ਼ਾਦਿਆਂ ਦੀ ਕੌਮ ਪ੍ਰਤੀ ਸ਼ਹਾਦਤ ਦੀ ਮਿਸਾਲ ਕਿਧਰੇ ਨਹੀਂ ਮਿਲਦੀ ਤੇ ਜਿਸ ਸ਼ਿੱਦਤ ਨਾਲ ਉਨ੍ਹਾਂ ਖਾਲਸਾ ਪੰਥ ਪ੍ਰਤੀ ਆਪਣਾ ਫ਼ਰਜ਼ ਨਿਭਾਇਆ ਹੈ, ਉਸ ਲਈ ਸਿੱਖ ਕੌਮ ਉਨ੍ਹਾਂ ਦੀ ਸਦਾ ਰਿਣੀ ਰਹੇਗੀ ਅਤੇ ਸਾਡਾ ਫ਼ਰਜ਼ ਬਣਦਾ ਹੈ ਕਿ ਗੁਰੂ ਸਾਹਿਬਾਨ ਵੱਲੋਂ ਬਖ਼ਸ਼ੀ ਜੀਵਨ ਸ਼ੈਲੀ ਮੁਤਾਬਕ ਜੀਵਨ ਬਤੀਤ ਕਰਨ ਦੀ ਕੋਸ਼ਿਸ਼ ਕਰੀਏ। ਸਮਾਗਮ ਦੌਰਾਨ ਨਗਰ ਨਿਗਮ ਦੇ ਕਮਿਸ਼ਨਰ ਸ੍ਰੀਮਤੀ ਜੋਤੀ ਬਾਲਾ ਮੱਟੂ, ਸਮੂਹ ਕੌਂਸਲਰ ਤੇ ਉੱਚ ਅਧਿਕਾਰੀ ਹਾਜ਼ਰ ਸਨ।

# ਸਮਾਜਕ ਤਾਣੇ-ਬਾਣੇ 'ਚ ਨਿਘਾਰ ਬਾਰੇ ਗੋਸ਼ਟੀ ਤੇ ਕਵੀ ਦਰਬਾਰ 8 ਨੂੰ

**ਸਮਰਾਲਾ (ਸੁਰਜੀਤ ਸਿੰਘ)**



ਮਾਲਵਾ ਸੱਭਿਆਚਾਰ ਮੰਚ ਵੱਲੋਂ ਸਮਾਜਿਕ ਤਾਣੇ ਬਾਣੇ ਵਿੱਚ ਆ ਰਹੇ ਨਿਘਾਰ ਨੂੰ ਰੋਕਣ ਲਈ ਵਿਚਾਰ ਗੋਸ਼ਟੀ ਤੇ ਕਵੀ ਦਰਬਾਰ 8 ਜਨਵਰੀ ਨੂੰ ਪੰਜਾਬੀ ਭਵਨ 'ਚ ਹੋਵੇਗਾ। ਮੰਚ ਦੇ ਚੇਅਰਮੈਨ ਕ੍ਰਿਸ਼ਨ ਕੁਮਾਰ ਬਾਵਾ ਨੇ ਦੱਸਿਆ ਕਿ ਮੁੱਖ ਬੁਲਾਰੇ ਉੱਘੇ ਲੇਖਕ ਤੇ ਸਾਬਕਾ ਪੁਲਿਸ ਕਮਿਸ਼ਨਰ (ਰੀਟ) ਗੁਰਪ੍ਰੀਤ ਸਿੰਘ ਤੂਰ ਅਤੇ ਇਸ ਸਾਲ ਦੇ ਪੰਜਾਬੀ ਵਿੱਚ ਭਾਰਤੀ ਸਾਹਿਤ ਅਕਾਡਮੀ ਪੁਰਸਕਾਰ ਵਿਜੇਤਾ ਸ੍ਰੀ ਸੁਖਜੀਤ ਸਿੰਘ ਮਾਛੀਵਾੜਾ ਹੋਣਗੇ। ਸਮਾਗਮ ਦੀ ਪ੍ਰਧਾਨਗੀ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਸਾਬਕਾ ਵਾਈਸ ਚਾਂਸਲਰ ਡਾ. ਐੱਸ ਪੀ ਸਿੰਘ ਕਰਨਗੇ, ਜਦਕਿ ਮੁੱਖ ਮਹਿਮਾਨ ਵਜੋਂ ਫ਼ਰੀਦਕੋਟ ਹਲਕੇ ਦੇ ਮੈਂਬਰ ਪਾਰਲੀਮੈਂਟ ਜਨਾਬ ਮੁਹੰਮਦ ਸਦੀਕ ਪੁੱਜਣਗੇ।

ਮਾਲਵਾ ਸੱਭਿਆਚਾਰ ਮੰਚ ਦੀ ਇਸ ਸਬੰਧੀ ਹੋਈ ਇਕੱਤਰਤਾ ਵਿੱਚ ਸਰਪ੍ਰਸਤ ਪ੍ਰੋ. ਗੁਰਭਜਨ ਸਿੰਘ ਗਿੱਲ ਚੇਅਰਮੈਨ ਕ੍ਰਿਸ਼ਨ ਕੁਮਾਰ ਬਾਵਾ ਤੇ ਜਨਰਲ ਸਕੱਤਰ ਜਸਬੀਰ ਸਿੰਘ ਰਾਣਾ ਝਾਂਡੇ ਸ਼ਾਮਲ ਹੋਏ। ਇਹ ਵੀ ਫ਼ੈਸਲਾ ਕੀਤਾ ਗਿਆ ਕਿ ਇਸ ਸਾਲ ਦੇ ਭਾਰਤੀ ਸਾਹਿਤ ਅਕਾਡਮੀ ਪੁਰਸਕਾਰ ਵਿਜੇਤਾ ਕਹਾਣੀਕਾਰ ਸੁਖਜੀਤ ਨੂੰ ਮਾਲਵਾ ਸੱਭਿਆਚਾਰ ਮੰਚ ਵੱਲੋਂ ਸਨਮਾਨਤ ਕੀਤਾ ਜਾਵੇਗਾ।

ਕਵੀ ਦਰਬਾਰ ਦੇ ਕਨਵੀਨਰ ਤ੍ਰੈਲੋਚਨ ਲੋਚੀ ਤੇ ਡਾ. ਗੁਰਇਕਬਾਲ ਸਿੰਘ ਜਨਰਲ ਸਕੱਤਰ ਪੰਜਾਬੀ ਸਾਹਿਤ ਅਕਾਡਮੀ ਲੁਧਿਆਣਾ ਨੇ ਦੱਸਿਆ ਕਿ ਇਸ ਮੌਕੇ ਕਰਾਏ ਜਾਣ ਵਾਲੇ ਕਵੀ ਦਰਬਾਰ ਵਿੱਚ ਪ੍ਰੋ. ਰਵਿੰਦਰ ਭੱਠਲ, ਸਵਰਨਜੀਤ ਸਵੀ, ਜਸਵੀਰ ਝੱਜ, ਪ੍ਰਭਜੋਤ ਸੋਹੀ, ਮਨਜਿੰਦਰ ਧਨੋਆ, ਰਾਜਦੀਪ ਤੂਰ, ਦਵਿੰਦਰ ਕੌਰ ਗਿੱਲ ਕਲਕੱਤਾ, ਗੁਰਦਿਆਲ ਸੌਂਕੀ, ਜਸਵਿੰਦਰ ਧਨਾਨਸੂ, ਗੁਰਚਰਨ ਕੌਰ ਕੋਚਰ, ਹਰਬੰਸ ਮਾਲਵਾ, ਹਰਸਿਮਰਤ ਕੌਰ, ਅਮਰਜੀਤ ਸ਼ੇਰਪੁਰੀ, ਕਰਮਜੀਤ ਗਰੇਵਾਲ ਤੇ ਬਲਦੇਵ ਸਿੰਘ ਝੱਜ ਸ਼ਾਮਲ ਹੋਣਗੇ।

# ਪੁਰਾਣੀ ਪੈਨਸ਼ਨ ਬਹਾਲ ਕਰਨ ਖ਼ਿਲਾਫ਼ ਦਿੱਤੇ ਬਿਆਨ ਦੀ ਕਰੜੇ ਸ਼ਬਦਾਂ 'ਚ ਨਿਖੇਧੀ

**ਮੋਗਾ (ਅਮਰਜੀਤ ਬੱਬਰੀ)**



ਸਿਹਤ ਵਿਭਾਗ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ ਮੌਕੇ ਹਾਜ਼ਰ ਪੈਨਸ਼ਨਰ।

ਸਿਹਤ ਵਿਭਾਗ ਪੈਨਸ਼ਨਰਜ ਐਸੋਸੀਏਸ਼ਨ ਦੀ ਅਹਿਮ ਮੀਟਿੰਗ ਸ਼ਹੀਦ ਕਾਮਰੇਡ ਨਛੱਤਰ ਸਿੰਘ ਯਾਦਗਾਰੀ ਹਾਲ ਬੱਸ ਸਟੈਂਡ ਵਿਖੇ ਚਮਕੌਰ ਸਿੰਘ ਸਰਾਂ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਨੂੰ ਨਾਇਬ ਸਿੰਘ ਤੇ ਮਨਜੀਤ ਸਿੰਘ ਨੇ ਸੰਬੋਧਨ ਕੀਤਾ। ਬੁਲਾਰਿਆ ਨੇ ਪ੍ਰਧਾਨ ਮੰਤਰੀ ਦੇ ਆਰਥਿਕ ਸਲਾਹਕਾਰ ਸੰਜੀਵ ਸਨਿਆਲ ਦੇ ਪੁਰਾਣੀ ਪੈਨਸ਼ਨ ਬਹਾਲ ਕਰਨ ਖ਼ਿਲਾਫ਼ ਦਿੱਤੇ ਗਏ ਬੇਤੁਕੇ ਬਿਆਨ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ ਤੇ ਪੰਜਾਬ ਸਰਕਾਰ ਪਾਸੋਂ ਪੁਰਾਣੀ ਪੈਨਸ਼ਨ ਬਹਾਲ ਕਰਨ, ਸਾਰੇ ਪੈਨਸ਼ਨਰਾਂ ਨੂੰ 2.59 ਦੇ ਗੁਣਾਕ ਦਾ ਲਾਭ ਦੇਣ, ਜੁਲਾਈ 2015 ਤੋਂ ਹੁਣ ਤੱਕ ਦਾ ਬਣਦਾ ਬਕਾਇਆ ਨਕਦ ਦੇਣ ਅਤੇ ਏ ਜੀ ਪਾਸ ਗਏ ਪੈਨਸ਼ਨ ਰਿਵੀਜ਼ਨ ਦੇ ਕੇਸਾਂ ਦਾ ਨਿਪਟਾਰਾ ਜਲਦੀ ਕਰਨ ਦੀ ਮੰਗ ਕੀਤੀ।

ਮੀਟਿੰਗ ਵਿੱਚ ਮੈਡਮ ਕ੍ਰਿਸ਼ਨਾ ਸ਼ਰਮਾ, ਵਿਜੇ ਸਾਹਨੀ, ਹਰਭਜਨ ਭੱਟੀ, ਹਰਦੀਸ਼ ਕੌਰ, ਸ਼ਸ਼ੀ ਕਲਾ, ਸਰਬਜੀਤ ਕੌਰ, ਹਰਮੇਸ਼ ਕੁਮਾਰੀ, ਨਛੱਤਰ ਕੌਰ, ਸ਼ਿੰਦਰਪਾਲ ਕੌਰ, ਅਜਮੇਰ ਕੌਰ, ਬੇਅੰਤ ਕੌਰ, ਕਰਮਜੀਤ ਕੌਰ, ਗਿਆਨ ਸਿੰਘ, ਬੰਤਾ ਸਿੰਘ, ਸ਼ਾਮ ਸੁੰਦਰ, ਰਾਜਵਿੰਦਰਪਾਲ ਸਿੰਘ, ਮੋਹਿੰਦਰ ਸਿੰਘ, ਮਲਕੀਤ ਸਿੰਘ, ਮਲਕੀਤ ਸਿੰਘ ਡਗਰੂ, ਅਮਰ ਸਿੰਘ, ਅਵਤਾਰ ਸਿੰਘ, ਅਮਰਜੀਤ ਸਿੰਘ, ਹਰਦੁਆਰੀ ਲਾਲ, ਮਨਮੋਹਨ ਰਾਏ, ਬਲਵਿੰਦਰ ਗਿੱਲ, ਬ੍ਰਿਜ਼ ਲਾਲ, ਬਿੱਕਰ ਸਿੰਘ, ਦਰਸ਼ਨ ਸਿੰਘ, ਬਲੌਰ ਸਿੰਘ, ਨੰਦ ਲਾਲ ਕੁਮਾਰ, ਰਣਜੀਤ ਸਿੰਘ ਵਾਲੀਆ, ਜੋਗਿੰਦਰਪਾਲ, ਦਰਸ਼ਨ ਲਾਲ, ਬਲਵਿੰਦਰ ਸ਼ਰਮਾ ਤੇ ਬਲਵਿੰਦਰ ਧੂਰੀਆ ਆਦਿ ਸਾਥੀ ਸ਼ਾਮਲ ਹੋਏ।

# ਸ਼ਹੀਦ ਊਧਮ ਸਿੰਘ ਦੇ ਜਨਮ ਦਿਹਾੜੇ ਨੂੰ ਸਮਰਪਤ ਇਨਕਲਾਬੀ ਸਮਾਗਮ ਭਲਕੇ

**ਫ਼ਾਜ਼ਿਲਕਾ (ਕ੍ਰਿਸ਼ਨ ਸਿੰਘ)**

ਸਰਬ ਭਾਰਤ ਨੌਜਵਾਨ ਸਭਾ ਤੇ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਵੱਲੋਂ ਸ਼ਹੀਦ ਊਧਮ ਸਿੰਘ ਸੁਨਾਮ ਦੇ ਜਨਮ ਦਿਹਾੜੇ ਨੂੰ ਸਮਰਪਤ ਵਿਸ਼ਾਲ ਇਨਕਲਾਬੀ ਸੱਭਿਆਚਾਰਕ ਸਮਾਗਮ 31 ਦਸੰਬਰ ਨੂੰ ਸਥਾਨਕ ਓਰਬਿਟ ਪੈਲੇਸ ਵਿੱਚ 11 ਸਵੇਰੇ ਕੀਤਾ ਜਾ ਰਿਹਾ ਹੈ, ਜਿਸ ਦੀਆਂ ਤਿਆਰੀਆਂ ਵੱਖ-ਵੱਖ ਪਿੰਡਾਂ ਵਿੱਚ ਜੰਗੀ ਪੱਧਰ 'ਤੇ ਚੱਲ ਰਹੀਆਂ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਰਬ ਭਾਰਤ ਨੌਜਵਾਨ ਸਭਾ ਦੇ ਪ੍ਰਧਾਨ ਹਰਭਜਨ ਛਪੜੀ ਵਾਲਾ ਅਤੇ ਸੂਬਾ ਪ੍ਰਧਾਨ ਪਰਮਜੀਤ ਸਿੰਘ ਢਾਬਾਂ ਨੇ ਤਿਆਰੀਆਂ ਦਾ ਜਾਇਜ਼ਾ ਲੈਣ ਉਪਰੰਤ ਕੀਤਾ।

ਉਨ੍ਹਾਂ ਅੱਗੇ ਕਿਹਾ ਕਿ ਰੁਜ਼ਗਾਰ ਪ੍ਰਾਪਤੀ ਮੁਹਿੰਮ ਆਪਣੀ ਪਾਈ ਪਿਰਤ ਨੂੰ ਜਾਰੀ ਰੱਖਦਿਆਂ ਇਹ ਇਨਕਲਾਬੀ ਸੱਭਿਆਚਾਰਕ ਸਮਾਗਮ ਕਰਾਇਆ ਜਾ ਰਿਹਾ ਹੈ ਤਾਂ ਜੁ ਜਵਾਨੀ ਨੂੰ ਆਪਣੇ ਇਨਕਲਾਬੀ ਵਿਰਸੇ ਨਾਲ ਜੋੜਿਆ ਜਾ ਸਕੇ ਤੇ ਉਨ੍ਹਾਂ ਨੂੰ ਆਪਣੇ ਹੱਕਾਂ ਪ੍ਰਤੀ ਜਾਗਰੂਕ ਕੀਤਾ ਜਾ ਸਕੇ। ਆਗੂਆਂ ਨੇ ਅੱਗੇ ਇਹ ਵੀ ਕਿਹਾ ਕਿ ਰੁਜ਼ਗਾਰ ਪ੍ਰਾਪਤੀ ਮੁਹਿੰਮ ਵਲੋਂ ਸ਼ਹੀਦਾਂ ਦੇ ਜਨਮ ਦਿਹਾੜੇ ਅਤੇ ਸ਼ਹੀਦੀ ਦਿਹਾੜੇ ਮਨਾ ਕੇ ਬੇਰੁਜ਼ਗਾਰੀ ਦੇ ਖਿਲਾਫ ਇਕਜੁਟ ਹੋਣ ਦਾ ਇਹ ਹੋਕਾ ਹਰ ਸਾਲ ਹੀ ਦਿੱਤਾ ਜਾਂਦਾ ਹੈ ਅਤੇ ਇਸ ਵਾਰ ਵੀ ਉਕਤ ਸਮਾਗਮ ਕਰਾ ਕੇ ਦੇਸ ਦੀ ਪਾਰਲੀਮੈਂਟ ਵਿੱਚੋਂ ਭਗਤ ਸਿੰਘ ਕੌਮੀ ਰੁਜ਼ਗਾਰ ਗਰੰਟੀ ਕਾਨੂੰਨ ਬਣਵਾਉਣ ਲਈ ਆਵਾਜ਼ ਬੁਲੰਦ ਕੀਤੀ ਜਾਵੇਗੀ।

ਸਮਾਗਮ ਵਿੱਚ ਜ਼ਿਲ੍ਹੇ ਭਰ ਦੀਆਂ ਵੱਖ-ਵੱਖ ਵਿੱਦਿਅਕ ਸੰਸਥਾਵਾਂ ਦੇ ਵਿਦਿਆਰਥੀਆਂ ਅਤੇ ਵੱਖ-ਵੱਖ ਪਿੰਡਾਂ ਦੇ ਨੌਜਵਾਨਾਂ ਵੱਲੋਂ ਇਨਕਲਾਬੀ ਜੋਸ਼ੋ ਖਰੋਸ਼ ਨਾਲ ਹਿੱਸਾ ਲਿਆ ਜਾਵੇਗਾ। ਇਸ ਇਨਕਲਾਬੀ ਸਮਾਗਮ ਨੂੰ ਰੁਜ਼ਗਾਰ ਪ੍ਰਾਪਤੀ ਮੁਹਿੰਮ ਦੇ ਕੇਂਦਰੀ ਅਤੇ ਸੂਬਾਈ ਆਗੂ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਨਗੇ। ਇਸ ਮੌਕੇ ਉਨ੍ਹਾਂ ਨਾਲ ਹੋਰਾਂ ਤੋਂ ਇਲਾਵਾ ਏ.ਆਈ.ਐਸ.ਐਫ਼ ਦੇ ਆਗੂ ਗੁਰਪ੍ਰੀਤ ਜੰਡਵਾਲਾ, ਅਰਸ਼ਦੀਪ ਸਿੰਘ, ਸੁਖਦੇਵ ਬੱਗੇਕੇ, ਆਗੂ ਕ੍ਰਿਸ਼ਨ ਧਰਮੂਵਾਲਾ, ਰਮੇਸ਼ ਪੀਰਮੁਹੰਮਦ, ਗੁਰਦਿਆਲ ਸਿੰਘ ਤੇ ਸੂਬਾ ਸਿੰਘ ਹਾਜ਼ਰ ਸਨ।

# ਬਾਬਾ ਕਸ਼ਮੀਰਾ ਸਿੰਘ ਦੇ ਜਥੇ ਨੇ ਸਫ਼ਾਈ ਮੁਹਿੰਮ ਚਲਾਈ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**



ਸੰਤ ਬਾਬਾ ਕਸ਼ਮੀਰਾ ਸਿੰਘ ਭੂਰੀ ਵਾਲਿਆਂ ਦੇ ਜਥੇ ਅਤੇ ਵਲੰਟੀਅਰਾਂ ਵੱਲੋਂ ਸ਼ਹੀਦੀ ਸਭਾ ਦੌਰਾਨ ਤੇ ਉਸ ਤੋਂ ਪਹਿਲਾਂ ਤਿਆਰੀਆਂ ਸਬੰਧੀ 24 ਘੰਟੇ ਲਗਾਤਾਰ ਸਫ਼ਾਈ ਮੁਹਿੰਮ ਚਲਾਈ ਗਈ। ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਜਥੇ ਦੇ ਮੈਂਬਰਾਂ ਤੇ ਵਲੰਟੀਅਰਾਂ ਦਾ ਹਲਕਾ ਵਿਧਾਇਕ ਲਖਬੀਰ ਸਿੰਘ ਰਾਏ ਨੇ ਸਨਮਾਨ ਤੇ ਧੰਨਵਾਦ ਕੀਤਾ, ਜਿਨ੍ਹਾਂ ਵਿੱਚ ਬਾਬਾ ਆਤਮਾ ਸਿੰਘ, ਬਾਬਾ ਅਮਰਜੀਤ ਸਿੰਘ, ਵਲੰਟੀਅਰ ਇੰਚਾਰਜ ਬਲਵਿੰਦਰ ਸਿੰਘ, ਸੇਵਾਦਾਰ ਹਰਦੇਵ ਸਿੰਘ ਸਮੇਤ ਹੋਰ ਵਲੰਟੀਅਰ ਸ਼ਾਮਲ ਸਨ।

ਰਾਏ ਨੇ ਕਿਹਾ ਕਿ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਹੋਈ ਸ਼ਹੀਦੀ ਸਭਾ ਮੌਕੇ ਦੇਸ਼-ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿੱਚ ਨਤਮਸਤਕ ਹੋਣ ਲਈ ਆਏ ਸ਼ਰਧਾਲੂਆਂ ਦੀ ਸਹੂਲਤ ਨੂੰ ਮੁੱਖ ਰੱਖਦੇ ਹੋਏ ਪੰਜਾਬ ਸਰਕਾਰ ਵੱਲੋਂ ਪੁਖਤਾ ਪ੍ਰਬੰਧ ਕੀਤੇ ਗਏ, ਜਿਨ੍ਹਾਂ ਸਬੰਧੀ ਵੱਖੋ-ਵੱਖ ਸੰਸਥਾਵਾਂ ਵੱਲੋਂ ਉਚੇਚਾ ਸਹਿਯੋਗ ਦਿੱਤਾ ਗਿਆ।

ਸੰਤ ਬਾਬਾ ਕਸ਼ਮੀਰਾ ਸਿੰਘ ਭੂਰੀ ਵਾਲਿਆਂ ਵੱਲੋਂ ਭੇਜੀਆਂ ਗਈਆਂ ਮਸ਼ੀਨਾਂ ਨਾਲ ਸਫ਼ਾਈ ਦੀ ਮੁਹਿੰਮ ਜੰਗੀ ਪੱਧਰ ਉੱਤੇ ਚਲਦੀ ਰਹੀ। ਸੰਤ ਭੂਰੀ ਵਾਲਿਆਂ ਵੱਲੋਂ ਦਿੱਤੇ ਸਹਿਯੋਗ ਦੀ ਜਿੰਨੀ ਸ਼ਲਾਘਾ ਕੀਤੀ ਜਾਵੇ, ਥੋੜ੍ਹੀ ਹੈ।

ਵਿਧਾਇਕ ਨੇ ਕਿਹਾ ਕਿ ਸ਼ਹੀਦਾਂ ਦੀ ਧਰਤੀ ਫ਼ਤਹਿਗੜ੍ਹ ਸਾਹਿਬ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਨਾਲ ਦੁਨੀਆਂ ਭਰ ਵਿੱਚ ਸਤਿਕਾਰੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸੰਗਤ ਦੀ ਸੁਰੱਖਿਆ ਤੇ ਸਹੂਲਤ ਲਈ ਕੀਤੇ ਗਏ ਪ੍ਰਬੰਧਾਂ ਕਾਰਨ ਸੰਗਤ ਨੂੰ ਕੋਈ ਪ੍ਰੇਸ਼ਾਨੀ ਪੇਸ਼ ਨਹੀਂ ਆਈ। ਉਨ੍ਹਾਂ ਹੋਰ ਕਿਹਾ ਕਿ ਪੰਜਾਬ ਸਰਕਾਰ ਭਵਿੱਖ ਵਿੱਚ ਵੀ ਸੰਗਤ ਨੂੰ ਹਰੇਕ ਤਰ੍ਹਾਂ ਦੀ ਸਹੂਲਤ ਦੇਣ ਲਈ ਵਚਨਬੱਧ ਹੈ।

## ਕਾਤਰਾਂ

### ਸੁਖਵਿੰਦਰ ਸਿੰਘ ਸੰਘਾ ਨੇ ਥਾਣਾ ਮੁਖੀ ਵਜੋਂ ਅਹੁਦਾ ਸੰਭਾਲਿਆ

**ਮਹਿਲ ਕਲਾਂ (ਬਲਵਿੰਦਰ ਵਜੀਦਕੇ)**-ਐਂਟੀ ਨਾਰਕੋਟਿਕਸ



ਕੰਟਰੋਲ ਸੈੱਲ ਬਰਨਾਲਾ ਤੋਂ ਨਵੇਂ ਬਦਲ ਕੇ ਆਏ ਸਬ ਇੰਸਪੈਕਟਰ ਸੁਖਵਿੰਦਰ ਸਿੰਘ ਸੰਘਾ ਨੇ ਥਾਣਾ ਮਹਿਲ ਕਲਾਂ ਵਿਖੇ ਸਮੂਹ ਸਟਾਫ਼ ਦੀ ਹਾਜ਼ਰੀ ਵਿੱਚ ਆਪਣੇ ਅਹੁਦੇ ਦਾ ਚਾਰਜ ਨਵੇਂ ਥਾਣਾ ਮੁਖੀ ਵਜੋਂ ਸੰਭਾਲ ਲਿਆ ਹੈ। ਨਵੇਂ ਥਾਣਾ ਮੁਖੀ ਸੁਖਵਿੰਦਰ ਸਿੰਘ ਸੰਘਾ ਨੇ ਚਾਰਜ ਸੰਭਾਲਣ ਉਪਰੰਤ ਕਿਹਾ ਕਿ ਪੰਜਾਬ ਸਰਕਾਰ ਨੇ ਜੋ ਜ਼ਿੰਮੇਵਾਰੀ ਮੈਨੂੰ ਥਾਣਾ ਮਹਿਲ ਕਲਾਂ ਵਿਖੇ ਥਾਣਾ ਮੁਖੀ ਵਜੋਂ ਸੌਂਪੀ ਗਈ ਹੈ, ਉਸ ਨੂੰ ਮੈਂ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗਾ। ਉਨ੍ਹਾਂ ਕਿਹਾ ਕਿ ਪੁਲਸ ਥਾਣਾ ਮਹਿਲ ਕਲਾਂ ਦੇ ਅਧਿਕਾਰ ਖੇਤਰ ਅਧੀਨ ਪੈਂਦੇ ਪਿੰਡਾਂ ਦੇ ਚੁਣੇ ਹੋਏ ਸਰਪੰਚਾਂ ਪੰਚਾਂ ਤੇ ਹੋਰ ਮੋਹਤਬਰ ਵਿਅਕਤੀਆਂ ਨੂੰ ਪੂਰਾ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ ਅਤੇ ਇਨਸਾਫ਼ ਲੈਣ ਲਈ ਆਏ ਲੋਕਾਂ ਨਾਲ ਕਿਸੇ ਵੀ ਪ੍ਰਕਾਰ ਦੀ ਕੋਈ ਵਧੀਕੀ ਨਹੀਂ ਹੋਣ ਦਿੱਤੀ ਜਾਵੇਗੀ ਅਤੇ ਬਣਦਾ ਇਨਸਾਫ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਲਾਕੇ ਵਿੱਚ ਅਮਨ ਕਾਨੂੰਨ ਦੀ ਸਥਿਤੀ ਨੂੰ ਹਰ ਹੀਲੇ ਬਰਕਰਾਰ ਰੱਖਿਆ ਜਾਵੇ ਤੇ ਅਮਨ ਕਾਨੂੰਨ ਦੀ ਸਥਿਤੀ ਨਾਲ ਛੇੜਛਾੜ ਕਰਨ ਵਾਲੇ ਲੋਕਾਂ ਨਾਲ ਸਖਤੀ ਨਾਲ ਨਜਿੱਠਿਆ ਜਾਵੇਗਾ। ਉਨ੍ਹਾਂ ਕਿਹਾ ਕਿ ਐਸ.ਐਸ.ਪੀ ਬਰਨਾਲਾ ਸ੍ਰੀ ਸੰਦੀਪ ਮਾਲਿਕ ਦੀ ਅਗਵਾਈ ਹੇਠ ਨਸ਼ਿਆਂ ਖਿਲਾਫ਼ ਵਿੱਢੀ ਮੁਹਿੰਮ ਤਹਿਤ ਸਬ-ਡਵੀਜ਼ਨ ਮਹਿਲ ਕਲਾਂ ਦੇ ਡੀਐਸਪੀ ਗਮਦੂਰ ਸਿੰਘ ਚਹਿਲ ਦੀ ਅਗਵਾਈ ਹੇਠ ਨਸ਼ਿਆਂ ਦਾ ਕਾਰੋਬਾਰ ਕਰਨ ਵਾਲਿਆਂ ਦੀ ਸ਼ਿਕਾਇਤ ਮਿਲਣ ਤੇ ਉਨ੍ਹਾਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ ਅਤੇ ਨਸ਼ਿਆਂ ਦੀ ਕਾਰੋਬਾਰ ਕਰਨ ਵਾਲਿਆਂ ਇਸ ਦੀ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਂਅ ਗੁਪਤ ਰੱਖਿਆ ਜਾਵੇਗਾ।

### ਦੋ ਗੈਂਗਸਟਰ ਗ੍ਰਿਫ਼ਤਾਰ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਪੰਜਾਬ ਪੁਲਸ ਦੇ ਸਟੇਟ ਸਪੈਸ਼ਲ ਅਪ੍ਰੇਸ਼ਨ ਸੈੱਲ ਨੇ ਹਰਿਆਣਾ ਦੇ ਲਾਰੈਂਸ ਗੈਂਗ ਤੇ ਦਵਿੰਦਰ ਬੰਬੀਹਾ ਗੈਂਗ ਦੇ ਦੋ ਨੌਜਵਾਨਾਂ ਨੂੰ ਗ੍ਰਿਫਤਾਰ ਕੀਤਾ ਹੈ।ਇਨ੍ਹਾਂ ਵਿੱਚੋਂ 24 ਸਾਲਾ ਮੁਲਜ਼ਮ ਨੂੰ 3 ਦਿਨਾਂ ਲਈ ਪੁਲਸ ਰਿਮਾਂਡ 'ਤੇ ਲਿਆ ਗਿਆ ਤੇ ਉਸਦੀ ਉਮਰ ਸਿਰਫ਼ 13 ਸਾਲ ਹੈ, ਦੋਵਾਂ ਮੁਲਜ਼ਮਾਂ ਨੂੰ ਬੰਬੀਹਾ ਗਰੋਹ ਨੂੰ ਹਥਿਆਰ ਸਪਲਾਈ ਕਰਨ ਅਤੇ ਚੰਡੀਗੜ੍ਹ ਦੇ ਇੱਕ ਨਾਈਟ ਕਲੱਬ ਤੋਂ 1 ਕਰੋੜ ਰੁਪਏ ਦੀ ਵਸੂਲੀ ਕਰਨ ਦੇ ਦੋਸ਼ ਹੇਠ ਗ੍ਰਿਫ਼ਤਾਰ ਕੀਤਾ ਗਿਆ ਹੈ। ਪੰਜਾਬ ਪੁਲਿਸ ਦਾ ਕਹਿਣਾ ਹੈ ਕਿ ਮੁਲਜ਼ਮਾਂ ਨੇ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਬੰਬੀਹਾ ਗਰੁੱਪ ਨੂੰ 10 ਪਿਸਤੌਲ ਅਤੇ ਕਾਰਤੂਸ ਪੁਚਾਏ ਸਨ।ਪੁਲਸ ਨੇ ਮੁਲਜ਼ਮਾਂ ਦੇ ਕਬਜ਼ੇ 'ਚੋਂ 2 ਪਿਸਤੌਲ ਤੇ 13 ਕਾਰਤੂਸ ਬਰਾਮਦ ਕੀਤੇ ਹਨ।ਪੁਲਸ ਸੂਤਰਾਂ ਅਨੁਸਾਰ ਸਿਰਸਾ ਵਿੱਚ ਨਾਬਾਲਗ ਦੋਸ਼ੀ ਖ਼ਿਲਾਫ਼ ਗੰਭੀਰ ਅਪਰਾਧ ਦਾ ਕੇਸ ਦਰਜ਼ ਕੀਤਾ ਗਿਆ ਹੈ।ਪੁਲਸ ਅਨੁਸਾਰ ਫੜੇ ਗਏ ਮੁਲਜ਼ਮ ਆਪਣੇ ਗਰੋਹ ਦੇ ਸੀਨੀਅਰ ਮੈਂਬਰਾਂ ਦੇ ਇਸ਼ਾਰੇ 'ਤੇ ਹਥਿਆਰਾਂ ਦੀ ਸਪਲਾਈ ਕਰਦੇ ਸਨ।

### ਐੱਲ ਈ ਡੀਆਂ ਚੋਰੀ ਕਰਨ ਦੇ ਦੋਸ਼ ਹੇਠ ਮਾਮਲਾ ਦਰਜ

**ਮਲੋਟ (ਗੁਰਮੀਤ ਸਿੰਘ ਮੱਕੜ)**-ਥਾਣਾ ਸਦਰ ਪੁਲਸ ਨੇ ਗੋਦਾਮ ਵਿਚੋਂ ਐਲ.ਈ.ਡੀਆਂ ਚੋਰੀ ਕਰਨ ਦੇ ਦੋਸ਼ ਹੇਠ ਅਣਪਛਾਤੇ ਵਿਅਕਤੀਆਂ 'ਤੇ ਮਾਮਲਾ ਦਰਜ ਕੀਤਾ ਹੈ। ਪੁਲਸ ਨੂੰ ਦਿੱਤੇ ਆਪਣੇ ਬਿਆਨਾਂ ਵਿਚ ਸੱਤਪਾਲ ਸਿੰਘ ਅਗਰਵਾਲ ਵਾਸੀ ਪੁੱਡਾ ਕਲੋਨੀ ਮਲੋਟ ਨੇ ਦੱਸਿਆ ਕਿ ਉਹ ਡੈਫੋਡੀਲਸ ਮੋਬਾਈਲਸ ਮਾਰਕੀਟਿੰਗ, ਪ੍ਰਾਈਵੇਟ ਲਿਮਟਿਡ ਦਾ ਮਾਲਕ ਹੈ ਤੇ ਜਦੋਂ ਉਹ ਸਵੇਰ ਸਮੇਂ ਪਿੰਡ ਮਲੋਟ ਸਥਿਤ ਆਪਣੇ ਗੋਦਾਮ 'ਤੇ ਗਿਆ ਤਾਂ ਦੇਖਿਆ ਕਿ ਗੋਦਾਮ ਦੇ ਸ਼ਟਰ ਦੇ ਦੋਨੋਂ ਤਾਲੇ ਟੁੱਟੇ ਹੋਏ ਹਨ ਅਤੇ ਗੋਦਾਮ ਦਾ ਸ਼ਟਰ ਅੱਧਾ ਖੁੱਲ੍ਹਿਆ ਹੋਇਆ ਸੀ। ਜਦੋਂ ਉਸ ਵੱਲੋਂ ਅੰਦਰ ਜਾ ਕੇ ਦੇਖਿਆ ਗਿਆ ਤਾਂ 25 ਪੀਸ 43 ਇੰਚ ਤੇ 1 ਪੀਸ 50 ਇੰਚ ਮਾਰਕਾ ਸੈਮਸੰਗ ਕੁੱਲ 26 ਐਲ.ਈ.ਡੀ. ਅਣਪਛਾਤੇ ਵਿਅਕਤੀ 27-28 ਦੀ ਦਰਮਿਆਨੀ ਰਾਤ ਨੂੰ ਚੋਰੀ ਕਰਕੇ ਲੈ ਗਏ। ਪੁਲਸ ਨੇ ਬਿਆਨਾਂ ਦੇ ਆਧਾਰ 'ਤੇ ਮੁਕੱਦਮਾ ਨੰਂ: 209 ਧਾਰਾ 457, 380 ਆਈ.ਪੀ.ਸੀ. ਤਹਿਤ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਗੁਰਦੁਆਰਾ ਮੋਰੀ ਗੇਟ ਵਿਖੇ ਸਾਹਿਬਜ਼ਾਦਿਆਂ ਦੀ ਯਾਦ 'ਚ ਹੋਏ ਸਮਾਗਮ



**ਜਗਰਾਉਂ (ਅਮਿਤ ਖੰਨਾ)**

ਧੰਨ-ਧੰਨ ਬਾਬਾ ਨੰਦ ਸਿੰਘ ਜੀ ਕਲੱਬ ਵੱਲੋਂ ਦਸਮੇਸ਼ ਪਿਤਾ ਦੇ ਚਾਰ ਸਾਹਿਬਜ਼ਾਦੇ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸਹਾਦਤ ਨੂੰ ਸਮਰਪਤ ਗੁਰਦੁਆਰਾ ਗੁਰੂ ਨਾਨਕਪੁਰਾ ਮੋਰੀ ਗੇਟ ਵਿਖੇ ਸਮਾਗਮ ਕਰਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਸੰਗਤਾਂ ਪੁੱਜੀਆਂ ਪ੍ਰਸਿੱਧ ਰਾਗੀ ਬਾਬਾ ਰਵਿੰਦਰ ਸਿੰਘ ਜੋਨੀ ਨੇ ਜਿਥੇ ਗੁਰਬਾਣੀ ਕੀਰਤਨ ਕਵਿਤਾਵਾਂ ਸਰਵਣ ਕਰਾਈਆਂ, ਉਥੇ ਉਨ੍ਹਾਂ ਨੇ ਸਾਹਿਬਜ਼ਾਦਿਆਂ ਦੇ ਇਤਿਹਾਸ ਨੂੰ ਵੀ ਕਰੁਣਾਮਈ ਢੰਗ ਨਾਲ ਪੇਸ਼ ਕੀਤਾ। ਉਨ੍ਹਾਂ ਆਖਿਆ ਕਿ ਦਸਮੇਸ਼ ਪਿਤਾ ਜੀ ਵਰਗਾ ਦੁਨੀਆ 'ਤੇ ਨਾ ਕੋਈ ਹੋਇਆ ਹੈ ਅਤੇ ਨਾ ਹੀ ਹੋਵੇਗਾ। ਦੁਨੀਆ 'ਤੇ ਐਸਾ ਕੋਈ ਪੀਰ ਪੈਗੰਬਰ ਬਾਦਸ਼ਾਹ ਨਹੀਂ ਹੋਇਆ, ਜਿਸ ਨੇ ਮਨੁੱਖਤਾ ਖਾਤਰ ਆਪਣਾ ਸਰਬੰਸ ਵਾਰਿਆ ਹੋਵੇ। ਗੁਰਦੁਆਰਾ ਮੋਰੀ ਗੇਟ ਦੀ ਪ੍ਰਬੰਧਕ ਕਮੇਟੀ ਤੇ ਕਲੱਬ ਦੇ ਮੈਂਬਰਾਂ ਵੱਲੋਂ ਬਾਬਾ ਰਵਿੰਦਰ ਸਿੰਘ ਜੋਨੀ ਸਨਮਾਨ ਚਿੰਨ੍ਹ ਭੇਟ ਕੀਤੇ ਗਏ। ਸੰਗਤਾਂ ਵਿੱਚ ਕਮਲਜੀਤ ਸਿੰਘ ਮੱਲਾ, ਦੀਪਇੰਦਰ ਸਿੰਘ ਭੰਡਾਰੀ, ਤਰਲੋਕ ਸਿੰਘ ਸਿਧਾਨਾ, ਸਿਮਰਨਜੀਤ ਸਿੰਘ ਕੋਹਲੀ, ਰਣਜੀਤ ਸਿੰਘ ਹੈਪੀ, ਹਰਦੇਵ ਸਿੰਘ ਬੌਬੀ, ਇੰਦਰਪਾਲ ਸਿੰਘ ਤੇ ਪ੍ਰੀਤ ਸਿੰਘ ਆਦਿ ਹਾਜ਼ਰ ਸਨ।

# ਲਾਰਡ ਬੁੱਧਾ ਟਰੱਸਟ ਵੱਲੋਂ ਲੋਕ ਮੁਸ਼ਕਲਾਂ ਦੇ ਹੱਲ ਲਈ ਕਮੇਟੀ ਬਣਾਈ ਜਾਵੇਗੀ : ਢੋਸੀਵਾਲ

**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ)**



ਲਾਰਡ ਬੁੱਧਾ ਟਰੱਸਟ ਦੇ ਸੰਸਥਾਪਕ ਚੇਅਰਮੈਨ ਜਗਦੀਸ਼ ਰਾਏ ਢੋਸੀਵਾਲ ਦੀ ਅਗਵਾਈ ਹੇਠ ਪ੍ਰਮੁੱਖ ਗੈਰ ਸਰਕਾਰੀ ਸਮਾਜ ਸੇਵੀ ਸੰਸਥਾ ਲਾਰਡ ਬੁੱਧਾ ਚੈਰੀਟੇਬਲ ਟਰੱਸਟ ਕਰੀਬ ਪਿਛਲੇ ਤਿੰਨ ਦਹਾਕਿਆਂ ਤੋਂ ਸਮਾਜ ਸੇਵਾ ਦੇ ਕਾਰਜ ਕਰਦੀ ਆ ਰਹੀ ਹੈ। ਸੰਸਥਾ 'ਮਾਨਵ ਸੇਵਾ ਹੀ ਸਭ ਤੋਂ ਉੱਤਮ ਸੇਵਾ ਹੈ' ਦੇ ਸਿਧਾਂਤ 'ਤੇ ਕਾਰਜ ਕਰਦੀ ਹੈ। ਜ਼ਿਲ੍ਹਾ ਫ਼ਰੀਦਕੋਟ ਅੰਦਰ ਕਰੀਬ ਪਿਛਲੇ ਸੱਤ ਸਾਲ ਤੋਂ ਜ਼ਿਲ੍ਹਾ ਪ੍ਰਧਾਨ ਜਗਦੀਸ਼ ਰਾਜ ਭਾਰਤੀ ਤੇ ਸਮੁੱਚੀ ਟੀਮ ਦੇ ਸਹਿਯੋਗ ਨਾਲ ਸਮਾਜ ਸੇਵਾ ਦੇ ਵਧੀਆ ਕਾਰਜ ਕੀਤੇ ਜਾ ਰਹੇ ਹਨ। ਚੇਅਰਮੈਨ ਢੋਸੀਵਾਲ ਨੇ ਦੱਸਿਆ ਹੈ ਕਿ ਉਨ੍ਹਾਂ ਦੀ ਜ਼ਿਲ੍ਹਾ ਫ਼ਰੀਦਕੋਟ ਇਕਾਈ ਕੋਲ ਬਹੁਤ ਸਾਰੇ ਮੁਲਾਜ਼ਮ, ਪੈਨਸ਼ਨਰ ਤੇ ਆਮ ਲੋਕ ਆਪਣੀਆਂ ਮੁਸ਼ਕਲਾਂ ਲੈ ਕੇ ਆਉਂਦੇ ਹਨ ਅਤੇ ਆਪਣੇ ਨਾਲ ਹੁੰਦੀਆਂ ਜ਼ਿਆਦਤੀਆਂ ਬਾਰੇ ਦੱਸਦੇ ਹਨ। ਆਪਣੇ ਨਾਲ ਹੁੰਦੀ ਬੇਇਨਸਾਫ਼ੀ ਨੂੰ ਦੂਰ ਕਰਾਉਣ ਦੀ ਅਰਜ਼ੋਈ ਕਰਦੇ ਹਨ। ਸ੍ਰੀ ਢੋਸੀਵਾਲ ਨੇ ਦੱਸਿਆ ਹੈ ਕਿ ਟਰੱਸਟ ਵੱਲੋਂ ਜਲਦੀ ਹੀ ਮੁਲਾਜ਼ਮ ਅਤੇ ਪੈਨਸ਼ਨਰ ਆਗੂਆਂ ਸਮੇਤ ਸੂਝਵਾਨ ਲੋਕਾਂ 'ਤੇ ਆਧਾਰਤ ਕਮੇਟੀ ਬਣਾਈ ਜਾਵੇਗੀ। ਇਹ ਕਮੇਟੀ ਜਾਇਜ਼ ਮੁਸ਼ਕਲਾਂ ਨੂੰ ਸੁਣਨ ਉਪਰੰਤ ਉਨ੍ਹਾਂ 'ਤੇ ਵਿਚਾਰ ਕਰੇਗੀ। ਜਾਇਜ਼ ਤੇ ਸਹੀ ਸ਼ਿਕਾਇਤਾਂ ਨੂੰ ਸਬੰਧਤ ਵਿਭਾਗ ਕੋਲ ਪੁਚਾ ਕੇ ਉਨ੍ਹਾਂ ਦਾ ਹੱਲ ਕਰਾਇਆ ਜਾਵੇਗਾ। ਢੋਸੀਵਾਲ ਨੇ ਕਿਹਾ ਕਿ ਉਕਤ ਕਮੇਟੀ ਟਰੱਸਟ ਦੇ ਜ਼ਿਲ੍ਹਾ ਪ੍ਰਧਾਨ ਸੇਵਾਮੁਕਤ ਬੈਂਕ ਮੈਨੇਜਰ ਜਗਦੀਸ਼ ਰਾਜ ਭਾਰਤੀ ਦੀ ਪ੍ਰਧਾਨਗੀ ਹੇਠ ਗਠਿਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਕਮੇਟੀ ਬਿਲਕੁਲ ਗੈਰ ਰਾਜਨੀਤਕ ਹੋਵੇਗੀ। ਕਮੇਟੀ ਕਿਸੇ ਵੀ ਰਾਜਨੀਤਕ ਪਾਰਟੀ ਦੀ ਹਮਾਇਤ ਜਾਂ ਵਿਰੋਧਤਾ ਨਹੀਂ ਕਰੇਗੀ। ਕਮੇਟੀ ਦਾ ਮੰਤਵ ਸਿਰਫ਼ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਉਨ੍ਹਾਂ ਦੇ ਪਰਵਾਰਾਂ ਸਮੇਤ ਆਮ ਲੋਕਾਂ ਨੂੰ ਦਫ਼ਤਰਾਂ ਵਿੱਚ ਹੋ ਰਹੀ ਖੱਜਲ ਖੁਆਰੀ ਅਤੇ ਪ੍ਰੇਸ਼ਾਨੀ ਤੋਂ ਬਚਾਉਣਾ ਹੋਵੇਗਾ। ਚੇਅਰਮੈਨ ਨੇ ਕਿਹਾ ਕਿ ਜਲਦੀ ਹੀ ਟਰੱਸਟ ਵਿੱਚ ਕੁੱਝ ਨਵੇਂ ਮੈਂਬਰ ਸ਼ਾਮਲ ਹੋਣਗੇ ਤੇ ਨਵੇਂ ਅਹੁਦੇਦਾਰਾਂ ਦੀਆਂ ਨਿਯੁਕਤੀਆਂ ਵੀ ਕੀਤੀਆਂ ਜਾਣਗੀਆਂ।

# ਛੋਟੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਦੇਸ਼ ਵਾਸੀ ਅਨੰਤ ਕਾਲ ਤੱਕ ਯਾਦ ਰੱਖਣਗੇ : ਰਾਜਪਾਲ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਾਹਿਬ-ਏ-ਕਮਾਲ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਅਤੇ ਮਾਤਾ ਗੁਜਰੀ ਜੀ ਦੀ ਲਾਸਾਨੀ ਸ਼ਹਾਦਤ ਦੀ ਯਾਦ ਵਿੱਚ ਆਯੋਜਿਤ ਕੀਤੀ ਗਈ ਸ਼ਹੀਦੀ ਸਭਾ ਦੇ ਅੰਤਿਮ ਦਿਨ ਪੰਜਾਬ ਦੇ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ ਨਤਮਸਤਕ ਹੋਏ। ਉਨ੍ਹਾ ਭੋਰਾ ਸਾਹਿਬ ਦੇ ਦਰਸ਼ਨ ਵੀ ਕੀਤੇ।

ਮੀਡੀਆ ਨਾਲ ਗੱਲਬਾਤ ਕਰਦਿਆਂ ਰਾਜਪਾਲ ਨੇ ਕਿਹਾ ਕਿ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਤੇ ਮਾਤਾ ਗੁਜਰੀ ਜੀ ਦੀ ਅਦੁੱਤੀ ਸ਼ਹਾਦਤ ਦੀ ਮਿਸਾਲ ਦੁਨੀਆ ਵਿੱਚ ਕਿਧਰੇ ਨਹੀਂ ਮਿਲਦੀ। ਉਨ੍ਹਾ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਬਾਬਾ ਜ਼ੋਰਾਵਰ ਸਿੰਘ, ਬਾਬਾ ਫ਼ਤਹਿ ਸਿੰਘ ਨੇ 9 ਸਾਲ ਤੇ 7 ਸਾਲ ਦੀ ਉਮਰ ਵਿੱਚ ਜਿਸ ਬਹਾਦਰੀ ਨਾਲ ਜ਼ਾਲਮ ਮੁਗਲ ਹਕੂਮਤ ਦਾ ਟਾਕਰਾ ਕੀਤਾ ਅਤੇ ਨਿਡਰਤਾ ਤੇ ਦ੍ਰਿੜ੍ਹਤਾ ਨਾਲ ਧਰਮ 'ਤੇ ਅਡੋਲ ਰਹੇ ਤੇ ਮਹਾਨ ਸ਼ਹਾਦਤ ਦੇ ਕੇ ਇੱਕ ਵਿਲੱਖਣ ਮਿਸਾਲ ਕਾਇਮ ਕੀਤੀ। ਉਨ੍ਹਾ ਹੋਰ ਕਿਹਾ ਕਿ ਛੋਟੇ ਸਾਹਿਬਜ਼ਾਦਿਆਂ ਦੀ ਮਹਾਨ ਸ਼ਹਾਦਤ ਕਾਰਨ ਉਨ੍ਹਾਂ ਦਾ ਨਾਮ ਇਤਿਹਾਸ ਦੇ ਪੰਨਿਆਂ 'ਤੇ ਸੁਨਹਿਰੀ ਅੱਖਰਾਂ ਨਾਲ ਲਿਖਿਆ ਜਾਵੇਗਾ ਅਤੇ ਇਸ ਮਹਾਨ ਸ਼ਹਾਦਤ ਨੂੰ ਦੇਸ਼ ਵਾਸੀ ਅਨੰਤ ਕਾਲ ਤੱਕ ਯਾਦ ਰੱਖਣਗੇ। ਇਸ ਮੌਕੇ ਰਾਜਪਾਲ ਪੰਜਾਬ ਦੀ ਪ੍ਰਮੁੱਖ ਸਕੱਤਰ ਰਾਖੀ ਗੁਪਤਾ ਭੰਡਾਰੀ, ਰਾਜਪਾਲ ਦੇ ਏ.ਡੀ.ਸੀ. ਪੀ.ਐਸ. ਪਰਮਾਰ, ਡਿਪਟੀ ਕਮਿਸ਼ਨਰ ਪਰਨੀਤ ਸ਼ੇਰਗਿੱਲ, ਜ਼ਿਲ੍ਹਾ ਪੁਲਸ ਮੁਖੀ ਡਾ: ਰਵਜੋਤ ਗਰੇਵਾਲ, ਵਧੀਕ ਡਿਪਟੀ ਕਮਿਸ਼ਨਰ (ਜ) ਅਨੁਪ੍ਰਿਤਾ ਜੌਹਲ ਤੋਂ ਇਲਾਵਾ ਹੋਰ ਅਧਿਕਾਰੀ ਵੀ ਮੌਜੂਦ ਸਨ।

# ਜੀਵਨ ਆਸ਼ਾ ਵੈੱਲਫੇਅਰ ਕਲੱਬ ਵੱਲੋਂ ਖ਼ੂਨ ਦਾਨ ਕੈਂਪ ਦਾ ਆਯੋਜਨ

**ਸੰਗਰੂਰ (ਪ੍ਰਵੀਨ ਸਿੰਘ)**



ਕਿਸ਼ਨਪੁਰਾ ਆਸਾ ਵੈਲਫੇਅਰ ਕਲੱਬ ਵੱਲੋਂ ਬਲੱਡ ਬੈਂਕ ਸਿਵਲ ਹਸਪਤਾਲ ਦੇ ਸਹਿਯੋਗ ਨਾਲ ਸਾਹਿਬਜ਼ਾਦਿਆਂ ਦੀ ਯਾਦ ਨੂੰ ਸਮਰਪਤ ਖ਼ੂਨਦਾਨ ਕੈਂਪ ਦਾ ਆਯੋਜਨ ਰਾਜਵੀਰ ਸਿੰਘ, ਜੱਗੀ ਸੈਨੀ ਤੇ ਹਰੀਸ਼ ਕੁਮਾਰ ਦੀ ਦੇਖ-ਰੇਖ ਹੇਠ ਕੀਤਾ। ਕੈਂਪ ਦਾ ਉਦਘਾਟਨ ਡਾ. ਕਿਰਪਾਲ ਸਿੰਘ ਸੀਨੀਅਰ ਮੈਡੀਕਲ ਅਫ਼ਸਰ ਨੇ ਕੀਤਾ। ਉਨ੍ਹਾਂ ਨਾਲ ਸਰਬਜੀਤ ਸਿੰਘ ਰੇਖੀ ਚੇਅਰਮੈਨ ਸਹਾਰਾ ਫਾਊਂਡੇਸ਼ਨ, ਸੁਰਿੰਦਰ ਪਾਲ ਸਿੰਘ ਸਿਦਕੀ ਕੋਆਰਡੀਨੇਟਰ, ਡਾਕਟਰ ਦਿਨੇਸ਼ ਗਰੋਵਰ ਡਾਇਰੈਕਟਰ ਮੈਡੀਕਲ ਵਿੰਗ, ਅਸ਼ੋਕ ਕੁਮਾਰ ਸਕੱਤਰ ਅਤੇ ਸੁਭਾਸ਼ ਕਰਾੜੀਆ ਕਨਵੀਨਰ ਖ਼ੂਨਦਾਨ ਅਭਿਆਨ ਨੇ ਸ਼ਮੂਲੀਅਤ ਕੀਤੀ। ਜਗਜੀਵਨ ਸਿੰਘ ਪ੍ਰਧਾਨ ਤੇ ਧਨਵੰਤ ਕੁਮਾਰ ਨੇ ਦੱਸਿਆ ਕਿ ਕਲੱਬ ਵੱਲੋਂ ਇਹ 13ਵਾਂ ਖ਼ੂਨਦਾਨ ਕੈਂਪ ਹੈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਨੌਜਵਾਨਾਂ ਤੋਂ ਬਿਨਾਂ ਬਜ਼ੁਰਗਾਂ ਨੇ ਵੀ ਖ਼ੂਨਦਾਨ ਕੀਤਾ ਹੈ। ਡਾ. ਕਿਰਪਾਲ ਸਿੰਘ ਨੇ ਕਲੱਬ ਦੇ ਇਸ ਉੱਦਮ ਦੀ ਸ਼ਲਾਘਾ ਕੀਤੀ ਅਤੇ ਸਿਵਲ ਹਸਪਤਾਲ ਸੰਗਰੂਰ ਵਿਖੇ ਖ਼ੂਨਦਾਨ ਦਾਨੀਆਂ ਨੂੰ ਪਹਿਲ ਦੇ ਆਧਾਰ 'ਤੇ ਇਲਾਜ ਤੇ ਹੋਰ ਸਹੂਲਤਾਂ ਦੇਣ ਦਾ ਭਰੋਸਾ ਦਿੱਤਾ। ਸਰਬਜੀਤ ਸਿੰਘ ਰੇਖੀ ਨੇ ਨਸ਼ਿਆਂ ਵਿੱਚ ਗਲਤਾਨ ਹੋ ਕੇ ਲੜਾਈ ਝਗੜਿਆਂ ਵਿੱਚ ਆਪਣਾ ਖ਼ੂਨ ਡੋਲ੍ਹ ਰਹੇ ਨੌਜਵਾਨਾਂ ਨੂੰ ਖ਼ੂਨਦਾਨ ਕਰਕੇ ਇਸ ਪਰਉਪਕਾਰੀ ਕਾਰਜ ਵਿੱਚ ਯੋਗਦਾਨ ਪਾਉਣ ਲਈ ਕਿਹਾ, ਜਦੋਂਕਿ ਸੁਰਿੰਦਰ ਪਾਲ ਸਿੰਘ ਸਿਦਕੀ ਨੇ ਕਲੱਬ ਵੱਲੋਂ ਸਾਹਿਬਜ਼ਾਦਿਆਂ ਨੂੰ ਸਿਜਦਾ ਕਰਨ ਲਈ ਕੀਤਾ ਇਹ ਉਪਰਾਲਾ ਸਲਾਹੁੰਦੇ ਹੋਏ ਸਿਹਤ ਵਿਭਾਗ ਨੂੰ ਖ਼ੂਨਦਾਨੀਆਂ ਨੂੰ ਉਤਸ਼ਾਹਤ ਕਰਨ ਹਿਤ ਸਿਹਤ ਬੀਮਾ, ਬੱਸ ਰੇਲਵੇ ਸਫ਼ਰ ਦੌਰਾਨ ਵਿਸ਼ੇਸ਼ ਛੋਟ ਦੇਣ ਦੀ ਬੇਨਤੀ ਕੀਤੀ। ਇਸ ਮੌਕੇ ਯੂਥ ਪਾਵਰ ਗਰੁੱਪ ਦੇ ਪ੍ਰਧਾਨ ਵਿਕ੍ਰਮਜੀਤ ਸਿੰਘ ਸਿੱਧੂ ਆਪਣੇ ਸਾਥੀਆਂ ਤੇ ਮੈਡਮ ਪਾਰੁਲ ਸੁਨਾਮ ਨਾਲ ਪਹੁੰਚ ਕੇ ਜਿਥੇ ਆਪ ਖ਼ੂਨਦਾਨੀਆਂ ਵਿੱਚ ਸ਼ਾਮਲ ਹੋਏ ਉਥੇ ਕਲੱਬ ਨੂੰ ਯੂਥ ਪਾਵਰ ਵੱਲੋਂ ਸਹਿਯੋਗ ਦੇਣ ਦਾ ਐਲਾਨ ਕੀਤਾ। ਖ਼ੂਨਦਾਨੀਆਂ ਨੂੰ ਮੈਡਲ ਤੇ ਸਰਟੀਫਿਕੇਟ, ਡਾਕਟਰ ਕਿਰਪਾਲ ਸਿੰਘ ਦੇ ਨਾਲ ਕਲੱਬ ਦੇ ਮੈਂਬਰਾਂ, ਵਿਕਰਮਜੀਤ ਸਿੰਘ, ਰਾਜਵੀਰ ਸੈਣੀ, ਜਗਜੀਤ ਸਿੰਘ, ਜਸਪਾਲ ਸਿੰਘ, ਬੱਬੂ ਅੱਤਰੀ, ਠੇਕੇਦਾਰ ਹੰਸ ਰਾਜ ਅਤੇ ਸਹਾਰਾ ਟੀਮ ਨੇ ਦਿੱਤੇ। ਬਲੱਡ ਬੈਂਕ ਵੱਲੋਂ ਡਾਕਟਰ ਦੀਪਤੀ ਗੋਇਲ ਤੇ ਡਾਕਟਰ ਸਬਨਮ ਨੇ ਮੈਡੀਕਲ ਡਿਊਟੀ ਨਿਭਾਈ।

# ਕਾਮਰੇਡ ਪ੍ਰਕਾਸ਼ ਰਾਏਸਰੀ ਦੀ ਪਲੇਠੀ ਬਰਸੀ ਮਨਾਈ

**ਸਿਰਸਾ (ਸੁਰਿੰਦਰ ਪਾਲ ਸਿੰਘ)**

ਭਾਰਤੀ ਕਮਿਊਨਿਸਟ ਪਾਰਟੀ ਦਾ 98ਵਾਂ ਸਥਾਪਨਾ ਦਿਵਸ ਤੇ ਜ਼ਿਲ੍ਹੇ ਦੇ ਪ੍ਰਸਿੱਧ ਖੇਤ ਮਜ਼ਦੂਰ ਅਤੇ ਕਮਿਊਨਿਸਟ ਆਗੂ ਪ੍ਰਕਾਸ਼ ਸਿੰਘ ਰਾਏਸਰੀ ਦੀ ਪਹਿਲੀ ਬਰਸੀ ਮੌਕੇ ਉਨ੍ਹਾਂ ਦੇ ਪਿੰਡ ਸੰਤਨਗਰ ਵਿੱਚ ਸਵਰਨ ਸਿੰਘ ਵਿਰਕ ਦੀ ਪ੍ਰਧਾਨਗੀ ਹੇਠ ਸਭਾ ਦਾ ਆਯੋਜਿਨ ਕੀਤਾ ਗਿਆ।

ਇਸ ਪ੍ਰੋਗਰਾਮ ਵਿੱਚ ਇਕਬਾਲ ਉਦਾਸੀ, ਡਾਕਟਰ ਸੁਖਦੇਵ ਜੰਮੂ, ਲਕਸ਼ਮਣ ਸਿੰਘ ਸ਼ੇਖਾਵਤ, ਜੋਗਿੰਦਰ ਸਿੰਘ ਦਮਦਮਾ, ਹਰਜਿੰਦਰ ਸਿੰਘ ਭੰਗੂ ਵੀ ਹਾਜ਼ਰ ਹੋਏ।ਅਸ਼ਵਨੀ ਬਖ਼ਸ਼ੀ ਨੇ ਭਾਰਤੀ ਕਮਿਊਨਿਸਟ ਪਾਰਟੀ ਦੇ ਇਤਿਹਾਸ 'ਤੇ ਨਜ਼ਰ ਮਾਰਦਿਆਂ ਅਜ਼ਾਦੀ ਤੋਂ ਪਹਿਲਾ ਅਤੇ ਬਾਅਦ ਦੇ ਯੋਗਦਾਨ ਦਾ ਵਰਣਨ ਕੀਤਾ। ਉਨ੍ਹਾਂ ਕਿਹਾ ਕਿ ਆਜ਼ਾਦੀ ਸੰਗਰਾਮ ਦੀਆਂ ਵੱਖ-ਵੱਖ ਧਾਰਾਵਾਂ ਦੇ ਆਗੂ ਲੋਕ ਇਸ ਪਾਰਟੀ ਵਿੱਚ ਲਾਮਬੰਦ ਹੋਏ ਸਨ।

ਉਨ੍ਹਾਂ ਕਿਹਾ ਕਿ ਦੇਸ਼ ਅੱਜ ਜਿਸ ਸੰਕਟ ਵਿੱਚੋਂ ਗੁਜ਼ਰ ਰਿਹਾ ਹੈ, ਉਸ ਵਿੱਚੋਂ ਨਿਕਲਣ ਲਈ ਸਾਰੀਆਂ ਖੱਬੀਆਂ, ਜਮਹੂਰੀ ਅਤੇ ਧਰਮ ਨਿਰਪੱਖ ਤਾਕਤਾਂ ਦੀ ਏਕਤਾ ਜ਼ਰੂਰੀ ਹੈ।ਉਨ੍ਹਾਂ ਆਖਿਆ ਕਿ ਮੌਜੂਦਾ ਕੇਂਦਰ ਸਰਕਾਰ ਆਜ਼ਾਦੀ ਤੋਂ ਬਾਅਦ ਬਣੇ ਸਾਰੇ ਅਦਾਰਿਆਂ ਨੂੰ ਤਬਾਹ ਕਰ ਰਹੀ ਹੈ।ਇੱਕ ਮਜ਼ਬੂਤ ਕਮਿਊਨਿਸਟ ਪਾਰਟੀ ਤੇ ਖੱਬੀਆਂ ਧਿਰਾਂ ਦੀ ਏਕਤਾ ਹੀ ਦੇਸ਼ ਦੀਆਂ ਸਮੱਸਿਆਵਾਂ ਦਾ ਇੱਕੋ-ਇੱਕ ਹੱਲ ਹੈ।

ਉਨ੍ਹਾਂ ਨੌਜਵਾਨਾਂ ਨੂੰ ਪ੍ਰਕਾਸ਼ ਸਿੰਘ ਰਾਏਸਰੀ ਦੇ ਜੀਵਨ ਤੋਂ ਪ੍ਰੇਰਨਾ ਲੈਣ ਲਈ ਪ੍ਰੇਰਤ ਕੀਤਾ। ਇਸ ਮੌਕੇ ਸਵਰਨ ਸਿੰਘ ਵਿਰਕ, ਬਲਰਾਜ ਸਿੰਘ ਬਣੀ, ਇਕਬਾਲ ਉਦਾਸੀ, ਰਘੁਬੀਰ ਸਿੰਘ ਨਕੌੜਾ, ਹਰਦੇਵ ਸਿੰਘ, ਡਾਕਟਰ ਸੁਖਦੇਵ ਜੰਮੂ, ਗੁਰਚਰਨ ਸਿੰਘ ਦਮਦਮਾ, ਸੁਰਜੀਤ ਸਿੰਘ, ਡਾ. ਕਸ਼ਮੀਰ ਸਿੰਘ ਹਾਂਡਾ, ਗੁਰਤੇਜ ਸਿੰਘ ਬਰਾੜ ਆਦਿ ਨੇ ਵੀ ਪ੍ਰਕਾਸ਼ ਸਿੰਘ ਰਾਏਸਰੀ ਦੇ ਜੀਵਨ ਬਾਰੇ ਆਪਣੇ ਵਿਚਾਰ ਰੱਖੇ।

ਕੁਲਦੀਪ ਸਿੰਘ, ਇਕਬਾਲ ਉਦਾਸੀ ਤੇ ਸਰਬਜੀਤ ਸਿੰਘ ਨੇ ਗੀਤ ਅਤੇ ਕਵਿਤਾਵਾਂ ਪੇਸ਼ ਕੀਤੀਆਂ।ਰਾਏਸਰੀ ਦੇ ਪਰਵਾਰ ਵੱਲੋਂ ਸਾਰੇ ਬੁਲਾਰਿਆਂ ਨੂੰ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਿਤ ਕੀਤਾ ਗਿਆ।

# ਸ੍ਰੀ ਹੇਮਕੁੰਟ ਸਕੂਲ 'ਚ ਸੱਤ ਰੋਜ਼ਾ ਐੱਨ ਐੱਸ ਐੱਸ ਕੈਂਪ ਸਫ਼ਲਤਾਪੂਰਵਕ ਸੰਪੰਨ

**ਕੋਟ ਈਸੇ ਖਾਂ (ਅਰੋੜਾ)**



ਸਹਾਇਕ ਡਾਇਰੈਕਟਰ ਦਵਿੰਦਰ ਸਿੰਘ ਲੋਟੇ ਦੀ ਯੋਗ ਅਗਵਾਈ ਹੇਠ ਆਯੋਜਤ 7 ਰੋਜ਼ਾ ਐੱਨ. ਐੱਸ. ਐੱਸ. ਕੈਂਪ ਸ੍ਰੀ ਹੇਮਕੁੰਟ ਸੀਨੀ. ਸੈਕੰ. ਸਕੂਲ ਵਿਖੇ ਸਫ਼ਲਤਾਪੂਰਵਕ ਸਮਾਪਤ ਹੋਇਆ। ਕੈਂਪ ਦੇ ਸਮਾਪਤੀ ਸਮਾਰੋਹ ਦੇ ਮੁੱਖ ਮਹਿਮਾਨ ਸਹਾਇਕ ਡਾਇਰੈਕਟਰ ਦਵਿੰਦਰ ਸਿੰਘ ਲੋਟੇ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ। ਮੁੱਖ ਮਹਿਮਾਨਾਂ ਨੂੰ ਗੁਲਦਸਤਾ ਦੇ ਕੇ ਨਿੱਘਾ ਸਵਾਗਤ ਕੀਤਾ ਗਿਆ।

ਪ੍ਰੋਗਰਾਮ ਵਿੱਚ ਵਲੰਟੀਅਰਜ਼ ਦੁਆਰਾ ਸ਼ਬਦ, ਕਵਿਸ਼ਰੀ (ਛੋਟੇ ਸਾਹਿਬਜ਼ਾਦਿਆਂ ਦੀ ਸ਼ਹੀਦੀ ਨਾਲ ਸਬੰਧਤ), ਗੀਤ, ਕਵਿਤਾਵਾਂ, ਨਾਟਕ (ਨਸ਼ਿਆਂ ਨਾਲ ਸੰਬੰਧ) ਆਦਿ ਪੇਸ਼ ਕੀਤਾ ਗਿਆ। ਸਹਾਇਕ ਡਾਇਰੈਕਟਰ ਦਵਿੰਦਰ ਸਿੰਘ ਲੋਟੇ ਨੇ ਵਲੰਟੀਅਰਜ਼ ਨਾਲ ਅਪਣੇ ਵਿਚਾਰ ਸਾਂਝੇ ਕਰਦੇ ਹੋਏ ਦੱਸਿਆ ਕਿ ਐੱਨ.ਐੱਸ.ਐੱਸ. ਵਿੱਚ ਕਰਾਈਆਂ ਜਾਂਦੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਨਾਲ ਕਿਸ ਤਰ੍ਹਾ ਵਲੰਟੀਅਰਜ਼ ਦੀ ਪ੍ਰਤਿਭਾ ਨਿੱਖਰ ਕੇ ਬਾਹਰ ਆਉਂਦੀ ਹੈ। ਉਨ੍ਹਾਂ ਕਿਹਾ ਕਿ ਹਰੇਕ ਵਿਦਿਆਰਥੀ ਵਿੱਚ ਕੋਈ ਨਾ ਕੋਈ ਗੁਣ ਜ਼ਰੂਰ ਹੁੰਦਾ ਹੈ। ਉਨ੍ਹਾਂ ਨੂੰ ਨਿਯਮਾਂ ਦੀ ਪਾਲਣਾ ਕਰਨ, ਅਨੁਸ਼ਾਸਨ ਵਿੱਚ ਰਹਿਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਤ ਕੀਤਾ ਅਤੇ 7 ਰੋਜ਼ਾ ਐੱਨ. ਐੱਸ. ਐੱਸ. ਕੈਂਪ ਸਫ਼ਲਤਾਪੂਰਵਕ ਸੰਪੰਨ ਹੋਣ 'ਤੇ ਪ੍ਰੋਗਰਾਮ ਅਫ਼ਸਰਾਂ ਅਤੇ ਵਲੰਟੀਅਰਜ਼ ਨੂੰ ਵਧਾਈ ਦਿੱਤੀ। ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ, ਐੱਮ.ਡੀ. ਮੈਡਮ ਰਣਜੀਤ ਕੌਰ ਸੰਧੂ ਨੇ ਵਲੰਟੀਅਰਜ਼ ਨਾਲ ਆਪਣੇ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਚੰਗੀ ਖੁਰਾਕ, ਸ਼ੁੱਧ ਹਵਾ, ਸ਼ੁੱਧ ਪਾਣੀ ਦੀ ਵਰਤੋਂ ਨਾਲ ਹੀ ਬਿਮਾਰੀਆਂ ਤੋਂ ਛੁਟਕਾਰਾ ਪਾਇਆ ਜਾ ਸਕਦਾ ਹੈ। ਇਸ ਸਮੇਂ ਪ੍ਰੋਗਰਾਮ ਅਫ਼ਸਰ ਅਮੀਰ ਸਿੰਘ ਅਤੇ ਸੁਰਿੰਦਰ ਕੌਰ ਦੁਆਰਾ 7 ਰੋਜ਼ਾ ਐੱਨ. ਐੱਸ. ਐੱਸ. ਕੈਂਪ ਵਿੱਚ ਕੀਤੇ ਗਏ ਕੰਮਾਂ ਬਾਰੇ ਭਰਪੂਰ ਸ਼ਲਾਘਾ ਕੀਤੀ ਗਈ। ਅਖੀਰ ਆਏ ਹੋਏ ਮਹਿਮਾਨਾਂ ਨੇ ਬੈਸਟ ਕੈਂਪਰ, ਬੈਸਟ ਲੀਡਰ ਤੇ ਵਲੰਟੀਅਰਜ਼ ਨੂੰ ਸ਼ੀਲਡਾਂ ਅਤੇ ਮੈਡਲ ਦੇ ਕੇ ਸਨਮਾਨਤ ਕੀਤਾ। ਆਏ ਮਹਿਮਾਨਾਂ ਦਾ ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਸੰਧੂ, ਐੱਮ.ਡੀ. ਮੈਡਮ ਰਣਜੀਤ ਕੌਰ ਸੰਧੂ ਤੇ ਪ੍ਰਿੰਸੀਪਲ ਰਮਨਜੀਤ ਕੌਰ ਵੱਲੋਂ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰਿੰਸੀਪਲ ਰਮਨਜੀਤ ਕੌਰ ਨੇ ਵਲੰਟੀਅਰਜ਼ ਨਾਲ ਵਿਚਾਰ ਸਾਂਝੇ ਕਰਦੇ ਹੋਏ ਕਿਹਾ ਕਿ ਜੀਵਨ ਵਿੱਚ ਸਾਨੂੰ ਸਮੇਂ ਦੀ ਸਹੀ ਵਰਤੋਂ ਕਰਦੇ ਹੋਏ ਚੰਗੇ ਕੰਮ ਕਰਨੇ ਚਾਹੀਦੇ ਹਨ।

# ਧੁੰਦ ਦੇ ਮੱਦੇਨਜ਼ਰ ਵਹੀਕਲਾਂ 'ਤੇ ਰਿਫਲੈਕਟਰ ਲਾਏ

**ਧੂਰੀ (ਰਾਜੇਸ਼ਵਰ ਪਿੰਟੂ/ ਬਿੰਨੀ ਗਰਗ)**



ਪੰਜਾਬ ਪੁਲਸ ਵੱਲੋਂ ਮਨਾਏ ਜਾ ਰਹੇ ਟ੍ਰੈਫ਼ਿਕ ਜਾਗਰੂਕਤਾ ਹਫ਼ਤੇ ਦੇ ਮੱਦੇਨਜ਼ਰ ਡੀ.ਐੱਸ.ਪੀ. ਯੋਗੇਸ਼ ਸ਼ਰਮਾ ਵੱਲੋਂ ਸਿਟੀ ਪੁਲਿਸ ਦੇ ਐਸ.ਐਚ.ਓ ਰਮਨਦੀਪ ਸਿੰਘ ਬਾਵਾ ਦੀ ਹਾਜ਼ਰੀ ਵਿੱਚ ਸੰਗਰੂਰ ਚੈਂਬਰ ਆਫ਼ ਕਾਮਰਸ ਦੇ ਸਹਿਯੋਗ ਨਾਲ ਵਾਹਨਾਂ 'ਤੇ ਰਿਫਲੈਕਟਰ ਲਾਏ ਗਏ।

ਸ਼ਹਿਰ ਦੇ ਮਾਲੇਰਕੋਟਲਾ ਬਾਈਪਾਸ ਚੌਂਕ ਵਿਖੇ ਇਸ ਮੁਹਿੰਮ ਦਾ ਆਗਾਜ਼ ਕਰਦਿਆਂ ਡੀ.ਐੱਸ.ਪੀ. ਯੋਗੇਸ਼ ਸ਼ਰਮਾ ਨੇ ਜਿੱਥੇ ਵਾਹਨਾਂ ਤੇ ਰਿਫਲੈਕਟਰ ਲਾਏ, ਉਥੇ ਵਾਹਨ ਚਾਲਕਾਂ ਨੂੰ ਧੁੰਦ ਦੇ ਮੌਸਮ ਵਿੱਚ ਵਿਸ਼ੇਸ਼ ਸਾਵਧਾਨੀਆਂ ਵਰਤਣ ਦੀ ਅਪੀਲ ਕਰਦਿਆਂ ਸੁਚੇਤ ਹੋ ਕੇ ਡਰਾਈਵਿੰਗ ਕਰਨ ਦੀ ਲੋੜ 'ਤੇ ਜ਼ੋਰ ਦਿੱਤਾ। ਉਨ੍ਹਾਂ ਕਿਹਾ ਕਿ ਧੁੰਦ ਦੇ ਮੌਸਮ ਵਿੱਚ ਜਿੱਥੇ ਲਾਈਟਾਂ ਨੂੰ ਦਰੁਸਤ ਰੱਖਣਾ ਚਾਹੀਦਾ ਹੈ, ਉਥੇ ਓਵਰਟੇਕ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ। ਉਨ੍ਹਾਂ ਲੋਕਾਂ ਨੂੰ ਟ੍ਰੈਫਿਕ ਨਿਯਮਾਂ ਦੀ ਅਪੀਲ ਕਰਦਿਆਂ ਵਹੀਕਲਾਂ ਦੇ ਕਾਗ਼ਜ਼ਾਤ ਪੂਰੇ ਰੱਖਣ ਦੀ ਗੱਲ ਕਹਿੰਦਿਆਂ ਵਿਸ਼ੇਸ਼ ਤੌਰ 'ਤੇ ਮਾਪਿਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਨਬਾਲਗ ਬੱਚਿਆਂ ਨੂੰ ਵਾਹਨ ਚਲਾਉਣ ਨਾ ਦੇਣ, ਉਥੇ ਵਿਸ਼ੇਸ਼ ਕਰ ਸਕੂਲਾਂ ਤੇ ਟਿਊਸ਼ਨ ਕੇਂਦਰਾਂ ਤੇ ਵਹੀਕਲਾਂ 'ਤੇ ਨਾ ਭੇਜਣ। ਇਸ ਮੌਕੇ ਥਾਣਾ ਸਿਟੀ ਧੂਰੀ ਦੇ ਐਸ.ਐਚ.ਓ ਰਮਨਦੀਪ ਸਿੰਘ ਬਾਵਾ, ਟ੍ਰੈਫ਼ਿਕ ਪੁਲਿਸ ਦੇ ਸੰਜੇ ਕੁਮਾਰ, ਮਿੱਠੂ ਸਿੰਘ ਤੋ ਇਲਾਵਾ ਚੈਂਬਰ ਦੇ ਪ੍ਰਧਾਨ ਦਰਸ਼ਨ ਸਿੰਘ, ਸੈਕਟਰੀ ਅੰਮ੍ਰਿਤ ਰਿੰਕੂ ਗਰਗ, ਸੁਨੀਲ ਕੁਮਾਰ ਬਬਲਾ, ਚੇਅਰਮੈਨ ਜੀਵਨ ਜੈਨ, ਬਲਵਿੰਦਰ ਜਿੰਦਲ, ਗੁਰਮੁੱਖ ਸਿੰਘ ਰਾਜੂ, ਅਮਿਤ ਜੰਦਲ, ਅਰੁਣ ਗੋਇਲ ਤੇ ਰਾਜੀਵ ਗੋਇਲ ਆਦਿ ਵੀ ਹਾਜ਼ਰ ਸਨ।

# ਅਲੌਕਿਕ ਨਗਰ ਕੀਰਤਨ ਦਾ ਮਾਛੀਵਾੜਾ ਪੁੱਜਣ 'ਤੇ ਸੰਗਤਾਂ ਵੱਲੋਂ ਨਿੱਘਾ ਸਵਾਗਤ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਗੁਰਦੁਆਰਾ ਮੈਹਿਦੀਆਣਾ ਸਾਹਿਬ ਵੱਲੋਂ ਸਵ. ਬਾਬਾ ਜ਼ੋਰਾ ਸਿੰਘ ਲੱਖਾ ਦੇ ਉਪਰਾਲੇ ਸਦਕਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਾਰਗ 'ਤੇ ਸ੍ਰੀ ਆਨੰਦਪੁਰ ਸਾਹਿਬ ਤੋਂ ਚੱਲੇ ਅਲੌਕਿਕ ਨਗਰ ਕੀਰਤਨ ਦਾ ਮਾਛੀਵਾੜਾ ਸਾਹਿਬ ਪੁੱਜਣ 'ਤੇ ਸੰਗਤਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ। ਪ੍ਰਾਪਤ ਜਾਣਕਾਰੀ ਅਨੁਸਾਰ ਇਹ ਨਗਰ ਕੀਰਤਨ ਸਵ. ਬਾਬਾ ਜ਼ੋਰਾ ਸਿੰਘ ਲੱਖਾ ਨੇ ਕਰੀਬ ਢਾਈ ਦਹਾਕੇ ਪਹਿਲਾਂ ਸ਼ੁਰੂ ਕੀਤਾ ਸੀ ਅਤੇ ਅੱਜ ਇਹ ਸਾਲਾਨਾ 28ਵਾਂ ਨਗਰ ਕੀਰਤਨ ਉਨ੍ਹਾਂ ਦੇ ਗੱਦੀਨਸ਼ੀਨ ਬਾਬਾ ਕੁਲਵੰਤ ਸਿੰਘ, ਸੁਖਦੇਵ ਸਿੰਘ ਦੈਹੜਿਕਾ, ਰਾਗੀ ਹਰਜਿੰਦਰ ਸਿੰਘ ਰਾਜਾ ਦੇ ਯਤਨਾਂ ਸਦਕਾ 6-7 ਪੋਹ ਦੀ ਰਾਤ ਨੂੰ ਸ੍ਰੀ ਆਨੰਦਪੁਰ ਸਾਹਿਬ ਤੋਂ ਰਵਾਨਾ ਹੋਇਆ। ਇਹ ਨਗਰ ਕੀਰਤਨ ਉਹ ਸਫ਼ਰ ਤੈਅ ਕਰਦਾ ਹੈ ਜਿੱਥੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹੱਕ-ਸੱਚ ਦੀ ਲੜਾਈ ਲੜਦੇ ਮੁਕਤਸਰ ਪਹੁੰਚੇ ਸਨ। ਇਹ ਨਗਰ ਕੀਰਤਨ ਸ੍ਰੀ ਪਰਿਵਾਰ ਵਿਛੋੜਾ ਸਾਹਿਬ, ਸ੍ਰੀ ਭੱਠਾ ਸਾਹਿਬ ਰੋਪੜ, ਦੁੱਗਰੀ, ਚਮਕੌਰ ਸਾਹਿਬ, ਕੀੜੀ ਅਫਗਾਨਾ, ਝਾੜ ਸਾਹਿਬ, ਪਵਾਤ ਤੋਂ ਹੋ ਕੇ ਮਾਛੀਵਾੜਾ ਸਾਹਿਬ ਪੁੱਜਿਆ ਜਿੱਥੇ ਗੁਰਦੁਆਰਾ ਸ੍ਰੀ ਚਰਨ ਕੰਵਲ ਸਾਹਿਬ ਦੇ ਮੈਨੇਜਰ ਮਲਕੀਤ ਸਿੰਘ, ਬਾਬਾ ਮੋਹਣ ਸਿੰਘ, ਹੈੱਡ ਗ੍ਰੰਥੀ ਹਰਪਾਲ ਸਿੰਘ ਗੁਰਮੁਖ, ਕਥਾਵਾਚਕ ਭਾਈ ਇਕਨਾਮ ਸਿੰਘ ਨੇ ਸੰਗਤਾਂ ਸਮੇਤ ਸਵਾਗਤ ਕੀਤਾ। ਅੱਜ ਇਹ ਨਗਰ ਕੀਰਤਨ ਆਪਣੀ ਅਗਲੀ ਮੰਜ਼ਲ ਕਟਾਣਾ ਸਾਹਿਬ ਵੱਲ ਨੂੰ ਰਵਾਨਾ ਹੋ ਗਿਆ, ਜਿਸ 'ਚ ਜਿੱਥੇ ਹਾਥੀ, ਘੋੜੇ, ਊਠ ਆਦਿ ਚੱਲ ਰਹੇ ਹਨ, ਉੱਥੇ ਨਾਲ ਵਾਹਨਾਂ 'ਤੇ ਗੁਰੂ ਸਾਹਿਬ ਜੀ ਦੀ ਜੀਵਨੀ ਨਾਲ ਸੰਬੰਧਤ ਵੱਡ ਅਕਾਰੀ ਚਿੱਤਰ ਵੀ ਲਗਾਏ ਹੋਏ ਹਨ, ਜਿਹੜੇ ਕਿ ਸੰਗਤਾਂ ਦੀ ਖਿੱਚ ਦਾ ਕੇਂਦਰ ਬਣੇ ਹੋਏ ਹਨ। ਇਸ ਨਗਰ ਕੀਰਤਨ ਦਾ ਸੰਗਤਾਂ ਵੱਲੋਂ ਜਿੱਥੇ ਥਾਂ-ਥਾਂ 'ਤੇ ਸਿਰੋਪੇ ਆਦਿ ਭੇਟ ਕਰਕੇ ਸਵਾਗਤ ਕੀਤਾ ਜਾ ਰਿਹਾ ਹੈ, ਉੱਥੇ ਚਾਹ, ਦੁੱਧ ਅਤੇ ਹੋਰ ਵਸਤਾਂ ਦਾ ਵੀ ਲੰਗਰ ਵੰਡਿਆ ਜਾ ਰਿਹਾ ਹੈ। ਨਗਰ ਕੀਰਤਨ ਦਾ ਸਵਾਗਤ ਕਰਨ ਵਾਲਿਆਂ ਵਿਚ ਸਾਬਕਾ ਪ੍ਰਧਾਨ ਮਾ. ਉਜਾਗਰ ਸਿੰਘ ਬੈਨੀਪਾਲ, ਹਰਜਿੰਦਰ ਸਿੰਘ ਗਿੱਲ, ਗੁਰਮੀਤ ਸਿੰਘ ਕਾਹਲੋਂ, ਜਸਵੀਰ ਸਿੰਘ ਗਿੱਲ, ਪਰਮਜੀਤ ਸਿੰਘ, ਜਗਦੀਪ ਸਿੰਘ, ਜਸਪਾਲ ਸਿੰਘ, ਬਲਜੀਤ ਸਿੰਘ, ਰਵਿੰਦਰ ਸਿੰਘ ਚੀਮਾ, ਨਰੇਸ਼ ਕੁਮਾਰ ਟਕਿਆਰ, ਸੁਖਦਰਸ਼ਨ ਸਿੰਘ ਸੋਢੀ, ਸਿਮਰਨਜੀਤ ਗੋਗੀਆ ਵੀ ਮੌਜੂਦ ਸਨ।



# ਨਹਿਰੂ ਯੁਵਾ ਕੇਂਦਰ ਮਾਨਸਾ ਵੱਲੋਂ ਅਹਿਮਦਪੁਰ 'ਚ ਕਲੱਸਟਰ ਪੱਧਰੀ ਖੇਡ ਮੇਲਾ

**ਬੁਢਲਾਡਾ/ਮਾਨਸਾ (ਅਸ਼ੋਕ ਲਾਕੜਾ/ ਆਤਮਾ ਸਿੰਘ ਪਮਾਰ)**



ਡਾਇਟ ਅਹਿਮਦਪੁਰ ਵਿਖੇ ਨਹਿਰੂ ਯੁਵਾ ਕੇਂਦਰ ਮਾਨਸਾ ਵੱਲੋਂ ਕਰਵਾਏ ਗਏ ਦੋ ਰੋਜ਼ਾ ਖੇਡ ਮੇਲੇ ਦੇ ਜੇਤੂਆਂ ਨੂੰ ਇਨਾਮ ਤਕਸੀਮ ਕਰਦਿਆਂ ਜ਼ਿਲ੍ਹਾ ਪਲਾਨਿੰਗ ਬੋਰਡ ਦੇ ਚੇਅਰਮੈਨ ਚਰਨਜੀਤ ਸਿੰਘ ਅੱਕਾਂਵਾਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਖੇਡਾਂ ਨੂੰ ਉਤਸ਼ਾਹਤ ਕਰਨ ਹਿੱਤ ਪਿਛਲੇ ਦਿਨੀਂ ਜ਼ਿਲ੍ਹਾ ਅਤੇ ਰਾਜ ਪੱਧਰੀ ਖੇਡ ਮੇਲੇ ਕਰਵਾਏ ਜਾ ਰਹੇ ਹਨ। ਅੱਕਾਂਵਾਲੀ ਨੇ ਦੱਸਿਆ ਕਿ ਜਲਦੀ ਹੀ ਪਿੰਡਾਂ ਦੇ ਪਾਰਕਾਂ ਵਿੱਚ ਖੁੱਲ੍ਹੇ ਜਿੰਮ ਲਗਾਏ ਜਾਣਗੇ ਅਤੇ ਯੂਥ ਕਲੱਬਾਂ ਨੂੰ ਖੇਡਾਂ ਲਈ ਵਿੱਤੀ ਮਦਦ ਦਿੱਤੀ ਜਾਵੇਗੀ। ਡਾ: ਬੂਟਾ ਸਿੰਘ ਪ੍ਰਿੰਸੀਪਲ ਡਾਇਟ ਦੀ ਅਗਵਾਈ ਅਤੇ ਦੇਖ ਰੇਖ ਹੇਠ ਕਰਵਾਏ ਗਏ ਇਸ ਕਲੱਸਟਰ ਪੱਧਰੀ ਖੇਡ ਮੁਕਾਬਲੇ ਵਿੱਚ 220 ਦੇ ਕਰੀਬ ਖਿਡਾਰੀਆਂ ਨੇ ਭਾਗ ਲਿਆ। ਨਹਿਰੂ ਯੁਵਾ ਕੇਂਦਰ ਮਾਨਸਾ ਦੇ ਲੇਖਾ ਅਤੇ ਪ੍ਰੋਗਰਾਮ ਸੁਪਰਵਾਈਜ਼ਰ ਡਾ.ਸੰਦੀਪ ਘੰਡ ਨੇ ਦੱਸਿਆ ਕਿ ਤਿੰਨ ਕਲੱਸਟਰ ਪੱਧਰੀ ਮੁਕਾਬਲੇ ਤੋਂ ਬਾਅਦ ਜ਼ਿਲ੍ਹਾ ਪੱਧਰੀ ਮੁਕਾਬਲੇ ਵੀ ਕਰਵਾਏ ਜਾਣਗੇ ਅਤੇ ਜਲਦੀ ਹੀ ਯੂਥ ਕਲੱਬਾਂ ਨੂੰ ਖੇਡ ਕਿੱਟਾਂ ਵੀ ਦਿੱਤੀਆਂ ਜਾ ਰਹੀਆਂ ਹਨ। ਡਾ.ਘੰਡ ਨੇ ਦੱਸਿਆ ਕਿ ਜਨਵਰੀ ਮਹੀਨੇ ਵਿੱਚ ਨੌਜਵਾਨਾਂ ਦੀ ਸ਼ਖ਼ਸੀਅਤ ਉਸਾਰੀ ਹਿੱਤ ਯੂਥ ਲੀਡਰਸ਼ਿਪ ਟਰੇਨਿੰਗ ਕੈਂਪ ਅਤੇ ਲੜਕੀਆਂ ਨੂੰ ਕਿੱਤਾਮੁਖੀ ਟਰੇਨਿੰਗ ਦੇਣ ਹਿੱਤ ਸਿਲਾਈ ਸੈਂਟਰ ਵੀ ਖੋਲ੍ਹੇ ਜਾਣਗੇ। ਸਿੱਖਿਆ ਵਿਭਾਗ ਮਾਨਸਾ ਦੇ ਮੀਡੀਆ ਕੋਆਰਡੀਨੇਟਰ ਹਰਦੀਪ ਸਿੱਧੂ ਨੇ ਸਮੂਹ ਜੇਤੂਆਂ ਨੂੰ ਵਧਾਈ ਦਿੰਦਿਆਂ ਪ੍ਰਸੰਨਤਾ ਜ਼ਾਹਰ ਕੀਤੀ ਕਿ ਡਾਇਟ ਅਹਿਮਦਪੁਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਨਿਵੇਕਲੀ ਪਹਿਚਾਣ ਬਣਾਈ ਹੈ ਅਤੇ ਉਨ੍ਹਾ ਨੂੰ ਮਾਣ ਹੈ ਕਿ ਉਹ ਵੀ ਇਸ ਡਾਇਟ ਵਿੱਚ ਬਤੌਰ ਵਿਦਿਆਰਥੀ ਪੜ੍ਹਦੇ ਰਹੇ ਹਨ। ਸਤਨਾਮ ਸਿੰਘ ਡੀ ਪੀ ਈ ਡਾਇਟ ਅਹਿਮਦਪੁਰ ਨੇ ਕਰਵਾਏ ਗਏ ਮੁਕਾਬਲਿਆਂ ਦੇ ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੜਕੀਆਂ ਦੀ 100 ਮੀਟਰ ਦੌੜ ਵਿੱਚ ਅਰਸ਼ਪ੍ਰੀਤ ਕੌਰ ਨੇ ਪਹਿਲਾ, ਜਸਦੀਪ ਕੌਰ ਨੇ ਦੂਸਰਾ ਅਤੇ ਰਿੰਪੀ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ। ਲੜਕਿਆਂ ਦੀ 100 ਮੀਟਰ ਦੌੜ ਵਿੱਚ ਸੰਦੀਪ ਸਿੰਘ ਨੇ ਪਹਿਲੇ ਸਥਾਨ ਦੀ ਬਾਜ਼ੀ ਮਾਰੀ ਜਦੋਂ ਕਿ ਮਨਦੀਪ ਸਿੰਘ ਅਤੇ ਹਰਦੀਪ ਸਿੰਘ ਨੂੰ ਦੂਸਰੇ ਅਤੇ ਤੀਸਰੇ ਸਥਾਨ ਨਾਲ ਹੀ ਸਬਰ ਕਰਨਾ ਪਿਆ। ਸ਼ਾਟਪੁੱਟ ਲੜਕਿਆਂ ਵਿੱਚ ਹਰਦੀਪ ਸਿੰਘ ਪਹਿਲੇ, ਸੰਦੀਪ ਸਿੰਘ ਦੂਸਰੇ ਅਤੇ ਅਰਵਿੰਦਰ ਸਿੰਘ ਤੀਸਰੇ ਸਥਾਨ 'ਤੇ ਰਹੇ। ਲੜਕੀਆਂ ਦੇ ਸ਼ਾਟਪੁੱਟ ਮੁਕਾਬਲਿਆਂ ਵਿੱਚ ਗੀਤਨਪ੍ਰੀਤ ਕੌਰ ਨੇ ਪਹਿਲੇ ਸਥਾਨ ਦੀ ਬਾਜ਼ੀ ਮਾਰੀ, ਵੀਰਪਾਲ ਕੌਰ ਨੂੰ ਦੂਜਾ ਅਤੇ ਰੇਖਾ ਨੂੰ ਤੀਸਰਾ ਸਥਾਨ ਮਿਲਿਆ। ਲੜਕੀਆਂ ਦੀ ਲੰਮੀ ਛਾਲ ਵਿੱਚ ਰਿੰਪੀ ਕੌਰ ਨੇ ਪਹਿਲਾ, ਜਸ਼ਨਦੀਪ ਕੌਰ ਨੇ ਦੂਸਰਾ ਅਤੇ ਹਰਵੀਰ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ ਅਤੇ ਲੜਕਿਆਂ ਦੀ ਲੰਬੀ ਛਾਲ ਵਿੱਚ ਜਗਜੀਤ ਸਿੰਘ ਨੇ ਪਹਿਲਾ, ਲਵਪ੍ਰੀਤ ਨੇ ਦੂਸਰਾ ਅਤੇ ਹਰਵੀਰ ਕੌਰ ਨੇ ਤੀਸਰਾ ਸਥਾਨ ਹਾਸਲ ਕੀਤਾ। ਵਾਲੀਬਾਲ ਮੁਕਾਬਲਿਆਂ ਵਿੱਚ ਅਹਿਮਦਪੁਰ ਨੇ ਪਹਿਲਾ ਅਤੇ ਬੁਢਲਾਡਾ ਨੇ ਦੂਜਾ ਸਥਾਨ ਹਾਸਲ ਕੀਤਾ। ਰੱਸਾਕਸ਼ੀ ਦੇ ਕਰਵਾਏ ਗਏ ਦਿਲਚਸਪ ਮੁਕਾਬਲੇ ਵਿੱਚ ਲੜਕੀਆਂ ਨੇ ਵੀ ਆਪਣੀ ਤਾਕਤ ਦਾ ਚੰਗਾ ਮੁਜ਼ਹਰਾ ਕੀਤਾ ਅਤੇ ਡਾਇਟ ਅਹਿਮਦਪੁਰ ਦੀ ਟੀਮ ਪਹਿਲੇ ਸਥਾਨ 'ਤੇ ਰਹੀ। ਵਾਲੀਬਾਲ ਮੁਕਾਬਲਿਆਂ ਵਿੱਚ ਅਹਿਮਦਪੁਰ ਨੇ ਪਹਿਲਾ ਅਤੇ ਬੁਢਲਾਡਾ ਨੇ ਦੂਜਾ ਸਥਾਨ ਹਾਸਲ ਕੀਤਾ। ਇਸ ਖੇਡ ਮੇਲੇ ਨੂੰ ਸਫਲਤਾ ਲਈ ਡਾ.ਕਰਨੈਲ ਸਿੰਘ ਵੈਰਾਗੀ, ਡਾ. ਅੰਗਰੇਜ਼ ਸਿੰਘ ਵਿਰਕ, ਮੈਡਮ ਸਰੋਜ ਰਾਣੀ, ਮੈਡਮ ਨਵਦੀਪ ਕੌਰ, ਬਲਦੇਵ ਸਿੰਗਲਾ, ਬਲਤੇਜ ਸਿੰਘ, ਪਪਿੰਦਰ ਸਿੰਘ ਅਤੇ ਅਮਨਦੀਪ ਸਿੰਘ ਨੇ ਆਪਣੀ ਜ਼ਿੰਮੇਵਾਰੀ ਬਾਖੂਬੀ ਨਿਭਾਈ ਅਤੇ ਖਿਡਾਰੀਆਂ ਦੀ ਹੌਸਲਾ ਅਫ਼ਜ਼ਾਈ ਵੀ ਕੀਤੀ। ਕਲੱਸਟਰ ਪੱਧਰੀ ਖੇਡ ਮੁਕਾਬਲਿਆਂ ਦੇ ਦੋਵੇਂ ਦਿਨ ਡੀ ਪੀ ਈ ਸਤਨਾਮ ਸਿੰਘ, ਮਹਿੰਦਰਪਾਲ ਸਿੰਗਲਾ, ਰਾਜਪਾਲ ਸਿੰਘ ਕੋਚ, ਨਗਿੰਦਰ ਸਿੰਘ, ਗੁਰਦੀਪ ਸਿੰਘ ਸਮਰਾ, ਚੰਦਨ ਕੁਮਾਰ, ਰਿੰਕੂ, ਸੁਖਦਰਸ਼ਨ ਰਾਜੂ ਅਤੇ ਗੁਰਕੀਰਤ ਸਿੰਘ ਆਦਿ ਦਾ ਸਹਿਯੋਗ ਰਿਹਾ।

30-DEC-PAGE- 8.qxd 12/29/2022 10:31 PM Page 1



# ਸਮੇਂ-ਸਮੇਂ ਦੀਆਂ ਸਰਕਾਰਾਂ ਨੇ ਕਿਸਾਨ ਨੂੰ ਦੋਵੀਂ ਹੱਥੀਂ ਲੁੱਟਿਆ : ਪਰਮਜੀਤ ਭੁੱਲਾ

**ਟਾਂਡਾ ਉੜਮੁੜ, ( ਓਂਕਾਰ ਸਿੰਘ, ਜਸਵਿੰਦਰ ਸੰਧੂ )**- ਕਿਸਾਨ-ਮਜਦੂਰ ਸੰਘਰਸ਼ ਕਮੇਟੀ ਵੱਲੋਂ ਆਪਣੀਆਂ ਮੰਗਾਂ ਨੂੰ ਲੈ ਕੇ ਹਾਈਵੇ ਚੌਲਾਂਗ ਟੋਲ ਪਲਾਜਾ 'ਤੇ ਦਿੱਤੇ ਧਰਨੇ ਦੇ 15ਵੇਂ ਦਿਨ ਹੁਸ਼ਿਆਰਪੁਰ ਦੇ ਨਾਲ-ਨਾਲ ਵੱਡੀ ਗਿਣਤੀ ਵਿਚ ਗੁਰਦਾਸਪੁਰ ਜ਼ਿਲ੍ਹੇ ਤੋਂ ਆਏ ਕਿਸਾਨਾਂ ਨੇ ਵੀ ਭਾਗ ਲੈ ਕੇ ਕੇਂਦਰ ਅਤੇ ਪੰਜਾਬ ਸਰਕਾਰ ਦੀਆਂ ਕਿਸਾਨ ਵਿਰੋਧੀ ਨੀਤੀਆਂ ਦੀ ਪੋਲ ਖੋਲੀ ।

ਸੂਬਾਈ ਆਗੂ ਸਵਿੰਦਰ ਸਿੰਘ ਚੁਤਾਲਾ ਦਿਸ਼ਾ ਨਿਰਦੇਸ਼ਾਂ ਅਧੀਨ 'ਤੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ, ਜ਼ਿਲ੍ਹਾ ਜਨਰਲ ਸਕੱਤਰ ਕੁਲਦੀਪ ਸਿੰਘ ਬੇਗੋਵਾਲ, ਅਨੂਪ ਸਿੰਘ ਬਲੱਗਣ ਅਤੇ ਹਰਜੀਤ ਸਿੰਘ ਨੱਤ ਦੀ ਅਗਵਾਈ ਵਿਚ ਲਗਾਏ ਗਏ ਇਸ ਰੋਸ ਧਰਨੇ ਦੌਰਾਨ ਕਿਸਾਨਾਂ ਨੇ ਆਪਣੀਆਂ ਮੰਗਾਂ ਦੇ ਹੱਕ ਵਿੱਚ ਅਵਾਜ ਬੁਲੰਦ ਕੀਤੀ। ਮੰਗਾਂ ਨਾ ਮੰਨੇ ਜਾਣ ਦੀ ਸੂਰਤ ਵਿੱਚ ਰੋਸ ਧਰਨਾ ਜਾਰੀ ਰਹੇਗਾ। ਇਸ ਮੌਕੇ ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਭੁੱਲਾ ਨੇ ਕਹਿ ਕੇ ਹੁਣ ਤਕ ਸਮੇਂ-ਸਮੇਂ ਦੀਆਂ ਸਰਕਾਰਾਂ ਨੇ ਕਿਸਾਨੀ ਅਤੇ ਕਿਸਾਨ ਨੂੰ ਦੋਵਾਂ ਹੱਥਾਂ ਦੇ ਨਾਲ ਲੁੱਟਿਆ ਜਿਸ ਕਾਰਨ ਅੱਜ ਦੇਸ਼ ਦਾ ਅੰਨਦਾਤਾ ਕਹਾਉਣ ਵਾਲਾ ਕਿਸਾਨ ਮਜਬੂਰ ਹੋਇਆ ਹੈ। ਇਸ ਮੌਕੇ ਗੁਰਮੇਜ ਸਿੰਘ ਨੈਨੇਕੋਟ, ਪਰਮਜੀਤ ਸਿੰਘ ,ਹਰਜੀਤ ਸਿੰਘ ,ਬਲਬੀਰ ਸਿੰਘ ਭੈਣੀ ,ਕਮਲੇਸ਼ ਕੌਰ ,ਬੀਬੀ ਰਮਨਦੀਪ ਕੌਰ, ਸੁਖਦੀਪ ਕੌਰ, ਹਰਜੀਤ ਸਿੰਘ,ਹਰਭਜਨ ਸਿੰਘ, ਸੋਨੀਆ ,ਜਯੋਤੀ,ਸ਼ੁਭਨੀਤ ਕੌਰ,ਨੀਲਮ ,ਗੁਰਪ੍ਰੀਤ ਸਿੰਘ ਖਾਨਪੁਰ, ਸਤਨਾਮ ਸਿੰਘ, ਜਗਦੀਸ਼ ਸਿੰਘ, ਹਰਜੀਤ ਸਿੰਘ, ਹਰਪ੍ਰੀਤ ਸਿੰਘ, ਸੰਦੀਪ ਕੌਰ, ਲਖਵਿੰਦਰ ਸਿੰਘ, ਅਵਤਾਰ ਸਿੰਘ ਸੇਖੋਂ, ਜਗਦੀਪ ਸਿੰਘ ਜੱਗੀ, ਹਰਭਜਨ ਸਿੰਘ, ਮਾਸਟਰ ਗੁਰਜੀਤ ਸਿੰਘ, ਡਾ. ਹਰਦੀਪ ਸਿੰਘ, ਸੂਬੇਦਾਰ ਆਗਿਆਪਾਲ ਸਿੰਘ,, ਗੁਰਮੇਜ ਸਿੰਘ, ਅਨੂਪ ਸਿੰਘ, ਦਵਿੰਦਰ ਸਿੰਘ ਕਾਹਲੋਂ ਆਦਿ ਮੌਜੂਦ ਸਨ ।



# ਟਰੱਕ ਯੂਨੀਅਨ ਦਾ ਜਥਾ ਹੜਤਾਲ ਲਈ ਸ਼ੰਭੂ ਬਾਰਡਰ ਲਈ ਰਵਾਨਾ



**ਫਿਲੌਰ (ਨਿਰਮਲ)**- ਫਿਲੌਰ ਕਿਲ੍ਹਾ ਰੋਡ ਦਫਤਰ ਵਿੱਖੇ ਦੋਆਬਾ ਟਰੱਕ ਯੂਨੀਅਨ ਦੇ ਪ੍ਰਧਾਨ ਰਣਜੀਤ ਸਿੰਘ ਸਿੱਧੂ ਦੀ ਅਗਵਾਈ ਹੇਠ ਸਮੂਹ ਟਰੱਕ ਮਾਲਕਾਂ ਅਤੇ ਟਰੱਕ ਡਰਾਇਵਰਾਂ ਨੇ ਪੰਜਾਬ ਸਰਕਾਰ ਦੇ ਖਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਪ੍ਰਧਾਨ ਸਿੱਧੂ ਨੇ ਦੱਸਿਆ ਕਿ ਅਸੀਂ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਪਿਛਲੇ ਦੱਸ ਦਿਨਾਂ ਤੋਂ ਫਿਲੌਰ ਜੀ.ਟੀ ਰੋਡ ਹਾਈਵੇਅ 'ਤੇ ਦਿਨ-ਰਾਤ ਦਾ ਧਰਨਾ ਲਗਾ ਕੇ ਬੈਠੇ ਹਾਂ। ਲੇਕਿਨ ਪੰਜਾਬ ਸਰਕਾਰ ਨੇ ਸਾਡੇ ਨਾਲ ਮੀਟਿੰਗਾਂ ਕਰਕੇ ਸਾਡੀਆਂ ਮੰਗਾਂ ਪ੍ਰਵਾਨ ਨਹੀਂ ਕੀਤੀਆਂ। ਸਿਰਫ਼ ਭਰੋਸਾ ਦੇ ਕੇ ਸਾਨੂੰ ਤੋਰ ਦਿੱਤਾ। ਪਰ ਸਾਡੀ ਕੋਈ ਮੰਗ ਨਹੀਂ ਮੰਨੀ। ਹੁਣ ਅਸੀਂ ਸਾਰੇ ਪੰਜਾਬ ਦੇ ਟਰੱਕ ਉੱਪਰੇਟਰ ਇਕੱਠੇ ਹੋਏ ਕੇ 30.12.22 ਨੂੰ ਸੰਭੂ ਬਾਰਡਰ 'ਤੇ ਅਣਮਿੱਥੇ ਸਮੇਂ ਲਈ ਧਰਨਾ ਲਾਉਣ ਜਾ ਰਹੇ ਹਾਂ। ਜਿੰਨਾਂ ਚਿਰ ਪੰਜਾਬ ਸਰਕਾਰ ਸਾਡੀਆਂ ਮੰਗਾਂ ਨਹੀਂ ਮੰਨੇਗੀ ਓਨੀ ਦੇਰ ਅਸੀਂ ਧਰਨਾ ਨਹੀਂ ਚੱਕਾਂਗੇ। ਇਸ ਮੌਕੇ 'ਤੇ ਪ੍ਰਧਾਨ ਰਣਜੀਤ ਸਿੰਘ ਸਿੱਧੂ, ਜਗਤਾਰ ਸਿੰਘ, ਬਿੱਟੂ ਭਾਉ, ਰਾਕੇਸ਼ ਕੁਮਾਰ ਸੋਨੂੰ, ਬਲਜੀਤ ਸਿੰਘ, ਜਗਤਾਰ ਸਿੰਘ, ਪ੍ਰੀਤਮ ਸਿੰਘ, ਰਣਜੀਤ ਸਿੰਘ, ਬਿੱਲਾ ਮੁਨਸ਼ੀ, ਤਰਲੋਚਨ ਸਿੰਘ, ਹਰਦੀਪ ਸਿੰਘ ਦੀਪਾ, ਜੋਗਰਾਜ, ਨਿਰਵੈਰ ਸਿੰਘ ਤੋਂ ਇਲਾਵਾ ਸੈਂਕੜੇ ਟਰੱਕ ਡਰਾਇਵਰ ਅਤੇ ਟਰੱਕ ਮਾਲਕ ਹਾਜਰ ਸਨ।

# ਸਿੱਖਿਆ ਖੇਤਰ 'ਚ ਸੁਧਾਰ ਲਈ ਸਰਕਾਰ ਜ਼ਮੀਨੀ ਪੱਧਰ 'ਤੇ ਕੰਮ ਕਰੇ : ਗੌਰਮਿੰਟ ਟੀਚਰਜ਼ ਯੂਨੀਅਨ



**ਹੁਸ਼ਿਆਰਪੁਰ (ਓ ਪੀ ਰਾਣਾ)** ਅਧਿਆਪਕ ਜਥੇਬੰਦੀ ਗੌਰਮਿੰਟ ਟੀਚਰਜ ਯੂਨੀਅਨ ਦੇ ਪ੍ਰਧਾਨਗੀ ਮੰਡਲ ਦੀ ਮੀਟਿੰਗ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ ਦੀ ਅਗਵਾਈ ਵਿਚ ਹੋਈ। ਮੀਟਿੰਗ ਦੇ ਫੈਸਲੇ ਪ੍ਰੈੱਸ ਦੇ ਨਾਂਅ ਜਾਰੀ ਕਰਦਿਆਂ ਜਰਨਲ ਸਕੱਤਰ ਕੁਲਦੀਪ ਸਿੰਘ ਦੌੜਕਾ ਨੇ ਦੱਸਿਆ ਕਿ ਨਵੀਂ ਸਰਕਾਰ ਦਾ ਗਠਨ ਹੋਇਆ ਲਗਭਗ ਇੱਕ ਵਰ੍ਹਾ ਬੀਤਣ ਜਾ ਰਿਹਾ ਹੈ ਪਰ ਸਕੂਲ ਸਿੱਖਿਆ ਖੇਤਰ ਅੰਦਰ ਸਰਕਾਰ ਵੱਲੋਂ ਕੋਈ ਵੱਡੀ ਪਹਿਲਕਦਮੀ ਨਹੀਂ ਕੀਤੀ ਜਾ ਰਹੀ। ਸਰਕਾਰ ਵੱਲੋਂ ਕੇਵਲ ਤੇ ਕੇਵਲ ਇਸਤਿਹਾਰਬਾਜੀ ਤੇ ਹੋਰ ਸਾਧਨਾਂ ਰਾਹੀਂ ਪ੍ਰਚਾਰ ਕੀਤਾ ਜਾ ਰਿਹਾ ਹੈ। ਜੱਥੇਬੰਦੀ ਅਨੁਸਾਰ ਸਰਕਾਰ ਨੂੰ ਅਧਿਆਪਕ ਜਥੇਬੰਦੀਆਂ ਨਾਲ ਗੱਲਬਾਤ ਰਾਹੀਂ ਸਕੂਲਾਂ ਅੰਦਰਲੀਆਂ ਜਮੀਨੀ ਹਕੀਕਤਾਂ ਨੂੰ ਸਮਝ ਕੇ ਠੋਸ ਕਦਮ ਉਠਾਉਣੇ ਚਾਹੀਦੇ ਹਨ। ਜਥੇਬੰਦੀ ਨੇ ਮੰਗ ਕੀਤੀ ਕਿ ਸਕੂਲਾਂ ਅੰਦਰਲੀਆਂ ਜਮੀਨੀ ਹਕੀਕਤਾਂ ਨੂੰ ਸਮਝ ਕੇ ਠੋਸ ਕਦਮ ਉਠਾਉਣੇ ਚਾਹੀਦੇ ਹਨ। ਜਥੇਬੰਦੀ ਨੇ ਮੰਗ ਕੀਤੀ ਕਿ ਸਕੂਲਾਂ ਅੰਦਰ ਵੱਖ-ਵੱਖ ਵਿਸ਼ਿਆਂ ਦੀਆਂ ਖਾਲੀ ਪੋਸਟਾਂ ਤੁਰੰਤ ਭਰੀਆਂ ਜਾਣ। ਜਥੇਬੰਦੀ ਅਨੁਸਾਰ ਪਿਛਲੀ ਸਰਕਾਰ ਨੇ ਪ੍ਰੀ ਪ੍ਰਾਇਮਰੀ ਜਮਾਤਾਂ ਤਾਂ ਸ਼ੁਰੂ ਕਰ ਦਿੱਤੀਆਂ ਸਨ ਪਰ ਇਨ੍ਹਾਂ ਨੰਨ੍ਹੇ ਵਿਦਿਆਰਥੀਆਂ ਲਈ ਸਰਕਾਰ ਨੇ ਅਧਿਆਪਕਾਂ, ਹੈਲਪਰਾਂ, ਮਿਡ-ਡੇ-ਮੀਲ ਅਤੇ ਵਰਦੀਆਂ ਆਦਿ ਦਾ ਹੁਣ ਤੱਕ ਕੋਈ ਪ੍ਰਬੰਧ ਨਹੀਂ ਕੀਤਾ। ਜਥੇਬੰਦੀ ਨੇ ਸਰਕਾਰ ਤੋਂ ਮੰਗ ਕੀਤੀ ਕਿ ਪ੍ਰਾਇਮਰੀ ਜਮਾਤਾਂ ਲਈ ਜਮਾਤਵਾਰ ਅਤੇ ਅੱਪਰ-ਪ੍ਰਾਇਮਰੀ ਸਕੂਲਾਂ ਲਈ ਵਿਸੇਵਾਰ ਅਧਿਆਪਕ ਨਿਯੁਕਤ ਕੀਤੇ ਜਾਣ। ਮੀਟਿੰਗ ਉਪਰੰਤ ਜਥੇਬੰਦੀ ਦਾ ਵਫਦ ਵੱਖ-ਵੱਖ ਅਧਿਕਾਰੀਆਂ ਨੂੰ ਯੂ-ਡਾਈਸ ਸਰਵੇ ਦੀ ਤਰੀਕ ਵਿੱਚ ਵਾਧਾ ਕਰਨ, ਮੈਡੀਕਲ ਅਤੇ ਤਨਖਾਹਾਂ ਦਾ ਬਜਟ ਜਾਰੀ ਕਰਨ, ਹਰ ਵਰਗ ਦੇ ਅਧਿਆਪਕਾਂ ਦੀਆਂ ਤਰੱਕੀਆਂ ਕਰਨ, ਕੱਚੇ ਅਧਿਆਪਕਾਂ ਨੂੰ ਪੱਕੇ ਕਰਨ, 4161 ਅਧਿਆਪਕਾਂ ਨੂੰ ਨਿਯੁਕਤੀ ਪੱਤਰ ਤੁਰੰਤ ਜਾਰੀ ਕਰਨ ਅਤੇ ਇਸ ਭਰਤੀ ਵਿਚ ਸਿੱਖਿਆ ਪ੍ਰੋਵਾਈਡਰਾਂ ਨੂੰ ਉਮਰ ਤੋਂ ਛੋਟ ਦੇਣ ਬਾਰੇ, ਓ ਐੱਲ ਡੀ ਅਤੇ 180 ਟੀ ਟੀ ਅਧਿਆਪਕਾਂ ਦੇ ਮਸਲੇ ਹੱਲ ਕਰਨ, ਸਕੂਲ ਮੁਖੀਆਂ ਦੀਆਂ ਪੋਸਟਾਂ ਭਰੀਆਂ ਜਾਣ ਅਤੇ ਹੋਰ ਮੰਗਾਂ ਸਬੰਧੀ ਮਿਲਿਆ। ਮੀਟਿੰਗ ਵਿੱਚ ਪ੍ਰਿੰਸੀਪਲ ਅਮਨਦੀਪ ਸ਼ਰਮਾ, ਗੁਰਵਿੰਦਰ ਸਿੰਘ ਸਸਕੌਰ, ਰਣਜੀਤ ਸਿੰਘ ਮਾਨ, ਪੁਸ਼ਪਿੰਦਰ ਸਿੰਘ ਹਰਪਾਲਪੁਰ, ਕੁਲਦੀਪ ਸਿੰਘ ਪੁਰੋਵਾਲ, ਸੁਰਜੀਤ ਸਿੰਘ ਮੋਹਾਲੀ, ਰਵਿੰਦਰ ਪੱਪੀ, ਦੇਵੀ ਦਿਆਲ, ਫਕੀਰ ਸਿੰਘ ਟਿੱਬਾ, ਬੱਗਾ ਸਿੰਘ, ਸੁੱਚਾ ਸਿੰਘ ਟਰਪਾਈ, ਅਮਰਜੀਤ ਸਿੰਘ, ਸੁਖਪਾਲ ਸਿੰਘ , ਜਗਦੀਪ ਸਿੰਘ ਮੌਜੂਦ ਸਨ।

# ਪੰਜਾਬੀ ਸਾਹਿਤ ਸਭਾ ਦੁਸਾਂਝ ਕਲਾਂ ਦੀ ਹੰਗਾਮੀ ਮੀਟਿੰਗ

**ਦੁਸਾਂਝ ਕਲਾਂ, (ਪੱਤਰ ਪ੍ਰੇਰਕ)**-ਸਥਾਨਕ ਪੰਜਾਬੀ ਸਾਹਿਤ ਸਭਾ (ਰਜਿ.) ਦੀ ਹੰਗਾਮੀ ਮੀਟਿੰਗ ਸਭਾ ਦੇ ਪ੍ਰਧਾਨ ਸ. ਸੋਹਣ ਸਿੰਘ ਭਿੰਡਰ ਪਟਵਾਰੀ ਦੀ ਪ੍ਰਧਾਨਗੀ ਹੇਠ ਹੋਈ। ਜਨਰਲ ਸਕੱਤਰ ਰਾਮ ਪ੍ਰਕਾਸ਼ ਟੋਨੀ ਨੇ ਸਭਾ ਦੀਆਂ ਸਰਗਰਮੀਆਂ ਦੀ ਰਿਪੋਰਟ ਪੇਸ਼ ਕਰਦਿਆਂ ਦੁੱਖਦਾਈ ਖ਼ਬਰ ਦਿੱਤੀ ਕਿ ਸਭਾ ਦੇ ਸਰਗਰਮ ਮੈਂਬਰ ਨਰਿੰਦਰ ਬੰਗਾ ਦੇ ਪਿਤਾ ਸ੍ਰੀ ਹੰਸ ਰਾਜ ਬੰਗਾ ਬੇਵਕਤ ਸਦੀਵੀ ਵਿਛੋੜਾ ਦੇ ਗਏ ਹਨ। ਸਭਾ ਦੇ ਸਰਪ੍ਰਸਤ ਪ੍ਰਿੰਸੀਪਲ ਗਿਆਨ ਸਿੰਘ ਦੁਸਾਂਝ ਨੇ ਇੰਕਸ਼ਾਫ਼ ਕੀਤਾ ਕਿ ਉਹ ਉਨ੍ਹਾਂ ਦੇ ਵਿਦਿਆਰਥੀ ਸਨ ਅਤੇ ਲੋਕ ਭਲਾਈ ਅਤੇ ਨੇਕ ਕਾਰਜਾਂ ਨੂੰ ਸਮਰਪਿਤ ਸਨ। ਇੱਕ ਮਿੰਟ ਮੋਨ ਧਾਰਨ ਕੀਤਾ ਗਿਆ। ਵਿਛੋੜਾ ਦੇ ਗਏ ਸਭਾ ਸਨੇਹੀ ਪ੍ਰਤੀ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਸਮੇਂ ਸਭਾ ਦੇ ਸਰਪ੍ਰਸਤ ਸਮੇਤ ਸ੍ਰੀ ਹਰੀ ਦੱਤ ਸ਼ਰਮਾ ਪ੍ਰਿੰਸੀਪਲ, ਸ੍ਰੀ ਰਾਜਵੰਤ ਬੰਗਾ ਅਤੇ ਹੋਰ ਮੈਂਬਰ ਹੁੰਮ-ਹੁਮਾ ਕੇ ਪੁੱਜੇ। ਮਰਹੂਮ ਹੰਸ ਰਾਜ ਬੰਗਾ ਨੂੰ ਉਨ੍ਹਾਂ ਦੇ ਵੱਡੇ ਵੀਰ ਬੂਟਾ ਰਾਮ ਬੰਗਾ ਸਾਬਕਾ ਡੀ ਸੀ ਨਵਾਂ ਸ਼ਹਿਰ ਸਹਿਤ ਰਿਸ਼ਤੇਦਾਰਾਂ ਅਤੇ ਸਨੇਹੀਆਂ ਦੇ ਭਾਰੀ ਇਕੱਠ ਨੇ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨ੍ਹਾ ਦੇ ਬੇਟਿਆਂ ਸਰਵਸ੍ਰੀ ਮੰਗਤ ਰਾਮ ਬੰਗਾ ਅਤੇ ਨਰਿੰਦਰ ਬੰਗਾ ਨੇ ਸਥਾਨਕ ਅਦਾਰਿਆਂ ਸਮੇਤ ਪੰਜਾਬੀ ਸਾਹਿਤ ਸਭਾ (ਰਜਿ.) ਦੁਸਾਂਝ ਕਲਾਂ ਨੂੰ ਇੱਕੀ ਸੌ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ।




ਸਾਹਿਬਜ਼ਾਦਿਆਂ ਦੀ ਲਾਸਾਨੀ ਸ਼ਹਾਦਤ ਨੂੰ ਸਮਰਪਤ ਦੁੱਧ ਦਾ ਲੰਗਰ ਬੀਬੀ ਬਲਵਿੰਦਰ ਕੌਰ, ਗੁਰਦੁਆਰਾ ਤਖਤਗੜ੍ਹ ਸਾਹਿਬ ਫਿਲੌਰ ਵੱਲੋਂ ਹਾਈਵੇ 'ਤੇ ਲਗਾਇਆ ਗਿਆ। ਇਸ ਮੌਕੇ ਪ੍ਰਦੀਪ ਸਿੰਘ ਦੁਸਾਂਝ, ਸਮਾਜ ਸੇਵੀ ਮਨਦੀਪ ਸਿੰਘ ਗੋਰਾ, ਬੀਬੀ ਕੁਲਵਿੰਦਰ ਕੌਰ, ਕੌਂਸਲਰ ਪਰਮਜੀਤ ਭਾਰਤੀ, ਡਾਕਟਰ ਅਸ਼ਵਨੀ ਆਸ਼ੂ, ਅਮਨ ਅਤੇ ਹੋਰਾਂ ਨੇ ਸੇਵਾ ਨਿਭਾਈ। ਫੋਟੋ ਤੇ ਵੇਰਵਾ - ਨਿਰਮਲ ਫਿਲੌਰ

# ਦਿਲ ਦਾ ਦੌਰਾ ਪੈਣ ਕਾਰਨ ਨੌਜਵਾਨ ਦੀ ਮੌਤ



**ਬਹਿਰਾਮ (ਅਵਤਾਰ ਕਲੇਰ)** ਬੰਗਾ ਹਲਕੇ ਦੇ ਪਿੰਡ ਮੇਹਲੀ ਦਾ ਵਸਨੀਕ ਨੌਜਵਾਨ ਰਸ਼ਪਾਲ ਕੁਮਾਰ ਉਰਫ ਕਾਲਾ (39 ਸਾਲ) ਦੀ ਦਿਲ ਦਾ ਦੌਰਾ ਪੈਣ ਕਾਰਨ ਮੌਤ ਹੋ ਗਈ ਹੈ। ਉਹਨਾਂ ਦਾ ਅੰਤਿਮ ਸੰਸਕਾਰ ਪਿੰਡ ਮੇਹਲੀ ਵਿਖੇ ਕਰ ਦਿੱਤਾ ਹੈ । ਉਹਨਾਂ ਦੇ ਦੋ ਬੱਚੇ ਬੇਟਾ ਅਤੇ ਬੇਟੀ ਹਨ । ਕਾਲਾ ਪਿਛਲੇ ਕੁਝ ਦਿਨਾਂ ਤੋਂ ਬਿਮਾਰ ਸੀ । ਇਹ ਨੌਜਵਾਨ ਕ੍ਰਿਕਟ ਖੇਡ ਦਾ ਵਧੀਆ ਖਿਡਾਰੀ ਸੀ ਅਤੇ ਇਸ ਨੂੰ ਗੀਤ ਲਿਖਣ ਦਾ ਵੀ ਸ਼ੌਕ ਸੀ । ਇੱਥੇ ਜ਼ਿਕਰਯੋਗ ਹੈ ਕਿ ਕਾਲੇ ਦੇ ਡੈਡੀ ਠੇਕੇਦਾਰ ਦਰਸ਼ਨ ਰਾਮ ਦੋ ਦਹਾਕੇ ਤੋਂ ਵੀ ਵੱਧ ਸਮਾਂ ਪਿੰਡ ਮੇਹਲੀ ਦੇ ਪੰਚਾਇਤ ਮੈਂਬਰ ਰਹੇ ਅਤੇ ਸਮਾਜ ਦੇ ਸਾਂਝੇ ਕੰਮਾਂ ਵਿੱਚ ਯੋਗਦਾਨ ਪਾਉਣਾ ਅਤੇ ਲੋੜਵੰਦਾਂ ਦੀ ਸਹਾਇਤਾ ਅਕਸਰ ਹੀ ਕਰਦੇ ਰਹਿੰਦੇ । ਕਾਲੇ ਦੀ ਮੌਤ 'ਤੇ ਵੱਖ ਰਾਜਨੀਤਿਕ ਆਗੂਆਂ ਵਲੋਂ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ਹੈ।

## ਪਾਠ ਦਾ ਭੋਗ ਤੇ ਰਸਮ ਕਿਰਿਆ ਭਲਕੇ



**ਫਿਲੌਰ (ਬੀ ਐਸ ਕੈਨੇਡੀ)**-ਉੱਘੇ ਸਮਾਜ ਸੇਵਕ ਸ਼ੈਲੀ ਗੋਇਲ ਦੇ ਚਾਚਾ ਵਰੁਨ ਗੋਇਲ ਦੇ ਪਿਤਾ ਸੁਦਰਸ਼ਨ ਗੋਇਲ ਭਾਜਪਾ ਆਗੂ ਦਾ ਬੀਤੇ ਦਿਨੀਂ ਦਿਹਾਤ ਹੋ ਗਿਆ ਸੀ। ਉਹਨਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਪਾਠ ਦਾ ਭੋਗ ਅਤੇ ਰਸਮ ਕਿਰਿਆ 31 ਦਸੰਬਰ ਨੂੰ ਦੁਪਹਿਰ 1 ਤੋਂ 2 ਵਜੇ ਮੁਹੱਲਾ ਚੌਧਰੀਆਂ ਸ਼ਿਵ ਮੰਦਿਰ ਫਿਲੌਰ ਵਿਖੇ ਹੋਵੇਗੀ।

# ਨਸ਼ਾ ਸਪਲਾਈ ਕਰਨ ਵਾਲਾ ਗ੍ਰਿਫਤਾਰ



**ਅੱਡਾ ਸਰਾਂ (ਜਸਵੀਰ ਕਾਜਲ)**-ਸਬ ਇੰਸਪੈਕਟਰ ਮਲਕੀਤ ਸਿੰਘ ਮੁੱਖ ਅਫਸਰ ਥਾਣਾ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਨੇ ਦੱਸਿਆ ਕਿ ਸੀਨੀਅਰ ਪੁਲਿਸ ਕਪਤਾਨ ਹੁਸ਼ਿਆਰਪੁਰ ਸਰਤਾਜ ਸਿੰਘ ਚਾਹਲ ਨੇ ਜ਼ਿਲ੍ਹੇ ਅੰਦਰ ਨਸ਼ਾ ਵੇਚਣ ਵਾਲੇ ਮਾੜੇ ਅਨਸਰਾਂ ਉਪਰ ਕਾਬੂ ਪਾਉਣ ਲਈ ਵਿਸ਼ੇਸ਼ ਮੁਹਿੰਮ ਚਲਾਈ ਹੋਈ ਸੀ ਜੋ ਮਿਤੀ 28-12-22 ਨੂੰ 51 ਦਿਲਬਾਗ ਸਿੰਘ ਸਮੇਤ ਸਾਥੀ ਕਰਮਚਾਰੀਆਂ ਦੌਰਾਨੇ ਗਸ਼ਤ ਬਾ ਚੈਕਿੰਗ ਤਲਾਸ਼ ਸ਼ੱਕੀ ਪੁਰਸ਼ਾਂ ਸਬੰਧੀ ਚੰਡੀਗੜ੍ਹ ਕਲੋਨੀ,ਝਾਂਸਾ,ਖੱਖਾ ਆਦਿ ਨੂੰ ਜਾ ਰਹੇ ਸੀ, ਜਦ ਪੁਲਿਸ ਪਾਰਟੀ ਦਸਮੇਸ਼ ਨਗਰ ਟਾਂਡਾ ਪੁੱਜੀ ਤਾਂ ਮੁੱਖਬਰ ਖਾਸ ਨੇ ਇਤਲਾਹ ਦਿੱਤੀ ਕਿ ਬਲਵਿੰਦਰ ਸਿੰਘ ਉਰਫ ਬਿੰਦਾ ਜੋ ਨਸ਼ੀਲਾ ਪਦਾਰਥ ਵੇਚਣ ਦਾ ਧੰਦਾ ਕਰਦਾ ਹੈ ਜੋ ਅੱਜ ਵੀ ਨਸ਼ੀਲਾ ਪਦਾਰਥ ਲੈ ਕੇ ਟੋਲ ਪਲਾਜਾ ਚੌਲਾਂਗ ਤੋਂ ਖੱਖਾ ਨੂੰ ਪੈਦਲ ਆ ਰਿਹਾ ਹੈ ਜੇਕਰ ਕਾਬੂ ਕਰਕੇ ਚੈਕ ਕੀਤਾ ਜਾਵੇ ਤਾਂ ਉਸ ਪਾਸੋਂ ਨਸ਼ੀਲਾ ਪਦਾਰਥ ਬਰਾਮਦ ਹੋ ਸਕਦਾ ਹੈ। ਜਿਸ 'ਤੇ ਐਸ.ਆਈ ਦਿਲਬਾਗ ਸਿੰਘ ਨੇ ਸਮੇਤ ਸਾਥੀ ਕਮਚਾਰੀਆਂ ਦੇ ਪੈਦਲ ਆਉਂਦੇ ਉਕਤ ਦੋਸ਼ੀ ਨੂੰ ਕਾਬੂ ਕਰਕੇ ਨਾਂਅ ਪਤਾ ਪੁੱਛਿਆ, ਜਿਸ ਨੇ ਆਪਣਾ ਨਾਂਅ ਬਲਵਿੰਦਰ ਸਿੰਘ ਉਰਫ ਬਿੰਦਾ ਪੁੱਤਰ ਜੋਗਿੰਦਰ ਸਿੰਘ ਵਾਸੀ ਖੱਖਾ ਥਾਣਾ ਟਾਂਡਾ ਦੱਸਿਆ। ਦੌਰਾਨੇ ਤਲਾਸ਼ੀ ਬਲਵਿੰਦਰ ਸਿੰਘ ਉਰਫ ਬਿੰਦਾ ਉਕਤ ਦੀ ਪਹਿਨੀ ਹੋਈ ਪੈਂਟ ਦੀ ਸੱਜੀ ਜੇਬ ਵਿੱਚੋ ਇੱਕ ਵਜਨਦਾਰ ਮੋਮੀ ਲਿਫਾਫਾ ਬਰਾਮਦ ਹੋਇਆ ਜਿਸ ਨੂੰ ਚੈੱਕ ਕਰਨ ਤੇ ਉਸ ਵਿੱਚੋਂ 265 ਗ੍ਰਾਮ ਨਸ਼ੀਲਾ ਪਦਾਰਥ ਬ੍ਰਾਮਦ ਹੋਣ 'ਤੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਲਾਇਲਪੁਰ ਖਾਲਸਾ ਕਾਲਜ ਫਾਰ ਵਿਮੈਨ 'ਚ 'ਫਿਊਚਰ ਪਾਥ' ਦਾ ਉਦਘਾਟਨ



**ਜਲੰਧਰ (ਇਕਬਾਲ ਸਿੰਘ ਉੱਭੀ)** 'ਫਿਊਚਰ ਪਾਥ' ਦਾ ਉਦਘਾਟਨ ਲਾਇਲਪੁਰ ਖਾਲਸਾ ਕਾਲਜ ਫਾਰ ਵਿਮੈਨ ਜਲੰਧਰ ਦੇ ਕੈਂਪਸ ਵਿਚ ਖਾਲਸਾ ਕਾਲਜ ਸੰਸਥਾਵਾਂ ਦੀ ਪ੍ਰਧਾਨ ਬਲਬੀਰ ਕੌਰ ਵੱਲੋਂ ਕੀਤਾ ਗਿਆ। ਪ੍ਰਿੰਸੀਪਲ ਡਾ. ਨਵਜੋਤ ਨੇ ਕਿਹਾ ਕਿ ਕਰਨਲ ਐੱਮ ਐੱਸ ਚੱਢਾ ਤੇ ਇੰਜੀਨੀਅਰ ਸੁਖਬਹਾਰ ਸਿੰਘ ਦੀ ਅਗਵਾਈ ਵਿਚ ਕਾਰਜਸ਼ੀਲ ਫਿਊਚਰ ਪਾਥ ਸਿੱਖਿਆ ਦੇ ਖੇਤਰ ਵਿਚ ਮਹੱਤਵਪੂਰਨ ਭੂਮਿਕਾ ਨਿਭਾਉਣ ਲਈ ਤਿਆਰ ਹੈ। ਇਸ ਰਾਹੀਂ ਅਜੋਕੀ ਸਿੱਖਿਆ ਨੂੰ ਇਕ ਨਵੀ ਸੋਚ ਮਿਲੇਗੀ ਤੇ ਨਾਲ ਹੀ ਵਿਦਿਆਰਥੀਆਂ ਲਈ ਰੋਜਗਾਰ ਦੇ ਮੌਕੇ ਵੀ ਉਪਲੱਬਧ ਹੋਣਗੇ। ਕਰਨਲ ਐੱਮ ਐੱਸ ਚੱਢਾ ਤੇ ਇੰਜੀਨੀਅਰ ਸੁਖਬਹਾਰ ਸਿੰਘ ਨੇ ਫਿਊਚਰ ਪਾਥ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਇਸਦਾ ਉਦੇਸ਼ ਸਿੱਖਿਆ ਦੇ ਮਾਧਿਅਮ ਨਾਲ ਸਮਾਜਕ ਉਥਾਨ ਕਰਨਾ ਹੈ। ਇਸ ਮਕਸਦ ਦੀ ਪੂਰਤੀ ਲਈ ਵਿਦਿਆਰਥੀਆਂ ਨੂੰ ਜਨਵਰੀ ਮਹੀਨੇ ਵਿਚ ਮੁਫਤ ਸਿੱਖਿਆ ਦਿੱਤੀ ਜਾਵੇਗੀ ਅਤੇ ਲਾਇਲਪੁਰ ਖਾਲਸਾ ਕਾਲਜ ਸੰਸਥਾਨ ਦੇ ਵਿਦਿਆਰਥੀਆਂ ਲਈ ਫੀਸ ਵਿਚ ਵਿਸ਼ੇਸ਼ ਸੁਵਿਧਾ ਦਿੱਤੀ ਜਾਵੇਗੀ। ਇੱਥੇ ਪੀ ਸੀ ਐਸ,ਬੈਂਕਿੰਗ,ਸੀ ਡੀ ਐਸ,ਆਈਲਟਸ ਆਦਿ ਦੀ ਸਿਖਲਾਈ ਮਾਹਿਰ ਅਧਿਆਪਕਾਂ ਵੱਲੋਂ ਦਿੱਤੀ ਜਾਵੇਗੀ। ਇਸ ਉਦਘਾਟਨੀ ਸਮਾਰੋਹ ਵਿਚ ਕਾਲਜ ਗਵਰਨਿੰਗ ਕੌਂਸਲ ਦੇ ਪ੍ਰਧਾਨ ਬਲਬੀਰ ਕੌਰ ,ਜੁਆਇੰਟ ਸਕੱਤਰ ਜਸਪਾਲ ਸਿੰਘ ਵੜੈਚ ਆਪਣਾ ਆਸ਼ੀਰਵਾਦ ਦੇਣ ਲਈ ਉਪਸਥਿਤ ਰਹੇ ਉਥੇ ਲਾਇਲਪੁਰ ਖਾਲਸਾ ਕਾਲਜ ਸੰਸਥਾਵਾਂ ਦੇ ਸਾਰੇ ਪ੍ਰਿੰਸੀਪਲ ਸਾਹਿਬਾਨ ਤੇ ਅਧਿਆਪਕਾਂ ਵੱਲੋਂ ਵੀ ਵੱਡੀ ਗਿਣਤੀ ਵਿਚ ਸ਼ਿਰਕਤ ਕੀਤੀ ਗਈ।

# ਅਸਲੇ ਸਮੇਤ ਨੌਜਵਾਨ ਕਾਬੂ

**ਬਹਿਰਾਮ (ਅਵਤਾਰ ਕਲੇਰ)** ਜ਼ਿਲ੍ਹਾ ਪੁਲਸ ਮੁਖੀ ਸ਼ਹੀਦ ਭਗਤ ਸਿੰਘ ਨਗਰ ਭਾਗੀਰਥ ਸਿੰਘ ਮੀਣਾ ਵਲੋਂ ਸਮਾਜ ਵਿਰੋਧੀ ਅਨਸਰਾਂ ਨੂੰ ਫੜਨ ਲਈ ਚਲਾਈ ਮਹਿੰਮ ਨੂੰ ਉਸ ਵਕਤ ਵੱਡੀ ਸਫਲਤਾ ਮਿਲੀ ਜਦੋ ਥਾਣਾ ਬਹਿਰਾਮ ਦੀ ਪੁਲਸ ਵੱਲੋਂ ਗਸ਼ਤ ਦੌਰਾਨ ਇਕ ਨੌਜਵਾਨ ਨੂੰ ਅਮਰੀਕੀ ਪਿਸਟਲ ਤੇ 6 ਜਿੰਦਾ ਰੌਂਦਾਂ ਸਮੇਤ ਕਾਬੂ ਕੀਤਾ । ਇਸ ਮਾਮਲੇ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਬਹਿਰਾਮ ਦੇ ਐਸ.ਐਚ.ਓ. ਗੁਰਦਿਆਲ ਸਿੰਘ ਨੇ ਦੱਸਿਆ ਕਿ ਉਹ ਏ.ਐਸ.ਆਈ.ਅਮਰੀਕ ਸਿੰਘ , ਏ ਐਸ ਆਈ ਮਨੋਜ ਕੁਮਾਰ , ਕਾਂਸਟੇਬਲ ਗੁਰਪ੍ਰੀਤ ਸਿੰਘ ਸਮੇਤ ਪੁਲਿਸ ਪਾਰਟੀ ਗਸ਼ਤ ਚੈਕਿੰਗ ਦੌਰਾਨ ਸ਼ੱਕੀ ਵਿਅਕਤੀਆਂ ਦੀ ਭਾਲ ਵਿੱਚ ਵਾਈ-ਪੁਆਇੰਟ ਫਰਾਲਾ ਵਿਖੇ ਰਾਤ ਕਰੀਬ 9.00 ਵਜੇ ਮੌਜੂਦ ਸਨ ।

ਇਸ ਦੌਰਾਨ ਪਿੰਡ ਫਰਾਲਾ ਵਲੋ ਇੱਕ ਨੌਜਵਾਨ ਪੈਦਲ ਆ ਰਿਹਾ ਸੀ । ਜੋ ਸਾਹਮਣੇ ਪੁਲਸ ਪਾਰਟੀ ਨੂੰ ਦੇਖ ਕਿ ਘਬਰਾ ਗਿਆ ਅਤੇ ਕਾਹਲੀ ਕਾਹਲੀ ਵਾਪਸ ਮੁੜਨ ਲੱਗਾ। ਪੁਲਸ ਨੂੰ ਉਸ 'ਤੇ ਸ਼ੱਕ ਹੋਇਆ ਅਤੇ ਉਸ ਨੂੰ ਰੋਕਿਆ ਅਤੇ ਪੁਲਸ ਪਾਰਟੀ ਨੇ ਦੇਖਿਆ ਕਿ ਉਸ ਨੌਜਵਾਨ ਦੇ ਸੱਜੇ ਡੱਬ ਵਿੱਚ ਪਹਿਨੀ ਜੈਕਟ ਦੇ ਹੇਠਾਂ ਕੁਝ ਉੱਭਰੀ ਹੋਈ ਚੀਜ ਦਿਖਾਈ ਦਿੱਤੀ ਅਤੇ ਜਦੋਂ ਉਸ ਨੌਜਵਾਨ ਦੀ ਤਲਾਸ਼ੀ ਲਈ ਤਾਂ ਉਸ ਨੌਜਵਾਨ ਦੀ ਸੱਜੀ ਡੱਬ ਵਿੱਚੋ ਇੱਕ ਪਿਸਟਲ ਜਿਸ ਦੀ ਬੈਰਲ 'ਤੇ ਮੇਡ ਇਨ ਯੂ.ਐਸ.ਏ. ਲਿਖਿਆ ਹੋਇਆ ਸੀ ਅਤੇ ਇੱਕ ਮੈਗਜੀਨ ਬਰਾਮਦ ਹੋਇਆ। ਪਿਸਟਲ ਦਾ ਮੈਗਜੀਨ ਲਾਹੁਣ ਤੇ ਉਸ ਵਿੱਚੋਂ ਜਿੰਦਾ 6 ਰੌਂਦ ਬਰਾਮਦ ਹੋਏ ਜਿਨ੍ਹਾਂ ਤੇ ਕੇ ਐਫ 7.65 ਲਿਖਿਆ ਹੈ। ਫੜੇ ਗਏ ਨੌਜਵਾਨ ਦੀ ਪਹਿਚਾਣ ਫਤਿਹ ਸਿੰਘ ਉਰਫ ਫੱਤਾ ਪੁੱਤਰ ਗੁਦਾਵਰ ਸਿੰਘ ਵਾਸੀ ਪਿੰਡ ਭਰੌਲੀ ਥਾਣ ਬਹਿਰਾਮ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਤੌਰ 'ਤੇ ਹੋਈ।

ਪੁਲਸ ਨੇ 25-54-59 ਆਰਮਜ.ਐਕਟ.ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਬਾਬਕ ਤੋਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਸਜਾਇਆ ਨਗਰ ਕੀਰਤਨ



**ਅੱਡਾ ਸਰਾਂ , (ਕਾਜਲ )**-ਪਿੰਡ ਬਾਬਕ ਵਿਚ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਮਹਾਰਾਜ ਜੀ ਦੇ ਸਾਹਿਬਜ਼ਾਦਿਆਂ ਅਤੇ ਸਮੂਹ ਸ਼ਹੀਦ ਸਿੰਘਾਂ-ਸਿੰਘਣੀਆਂ ਨੂੰ ਸਮਰਪਿਤ ਸਫਰ-ਏ-ਸ਼ਹਾਦਤ ਤੀਸਰੇ ਸਾਲਾਨਾ ਗੁਰਮਤਿ ਸਮਾਗਮ ਦੀ ਸੰਪੂਰਨਤਾ ਤੋਂ ਬਾਅਦ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਨਗਰ ਕੀਰਤਨ ਸਜਾਇਆ ਗਿਆ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿਚ ਸਜਾਏ ਗਏ ਇਸ ਨਗਰ ਕੀਰਤਨ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਲੁਆਈ। ਨਗਰ ਕੀਰਤਨ ਬੋਲੇ ਸੋ ਨਿਹਾਲ ਦੇ ਜੈਕਾਰਿਆਂ ਵਿਚ ਪਿੰਡ ਬਾਬਕ ਤੋਂ ਸ਼ੁਰੂ ਹੋ ਕੇ ਨੈਨੋਵਾਲ ਵੈਦ, ਧੂਤਾ, ਰਾਮਪੁਰ, ਅੱਡਾ ਸਰਾਂ, ਚੱਕ, ਕੰਧਾਲਾ ਜੱਟਾਂ ਅਤੇ ਘੋੜੇਵਾਹਾ ਤੋਂ ਹੁੰਦਾ ਹੋਇਆ ਬਾਬਕ ਆ ਕੇ ਸੰਪੰਨ ਹੋਇਆ। ਨਗਰ ਕੀਰਤਨ ਦਾ ਵੱਖ ਵੱਖ ਥਾਂਵਾਂ 'ਤੇ ਫੁੱਲਾਂ ਦੀ ਵਰਖਾ ਨਾਲ ਸਵਾਗਤ ਕੀਤਾ ਗਿਆ। ਨਗਰ ਕੀਰਤਨ ਵਿਚ ਰਾਗੀ ਜਥਿਆਂ ਭਾਈ ਪਰਮਿੰਦਰ ਸਿੰਘ ਡਗਾਣਾ ਅਤੇ ਬਾਬਕ ਵਾਲੀਆਂ ਬੀਬੀਆਂ ਦਾ ਢਾਡੀ ਜੱਥੇ ਨੇ ਸੰਗਤ ਗੁਰਬਾਣੀ ਕੀਰਤਨ ਨਾਲ ਨਿਹਾਲ ਕਰਦੇ ਹੋਏ ਸਿੱਖ ਕੌਮ ਦੇ ਕੁਰਬਾਨੀਆਂ ਭਰੇ ਇਤਿਹਾਸ ਨਾਲ ਜੋੜਿਆ। ਇਸ ਮੌਕੇ ਪ੍ਰਧਾਨ ਅਵਤਾਰ ਸਿੰਘ ਖਾਲਸਾ ,ਪ੍ਰੋ. ਜਸਵੀਰ ਸਿੰਘ, ਮਹਿੰਦਰ ਸਿੰਘ, ਸੁਰਜੀਤ ਸਿੰਘ, ਜੈ ਸਿੰਘ ਫੌਜੀ, ਦਮਨਦੀਪ ਸਿੰਘ,ਸੂਬੇਦਾਰ ਧਰਮ ਸਿੰਘ, ਰਣਜੀਤ ਸਿੰਘ, ਗੁਰਪ੍ਰੀਤ ਸਿੰਘ, ਹਰਮਨ, ਦੀਪਕ ਸਿੰਘ, ਨੰਬਰਦਾਰ ਸਵਰਨ ਸਿੰਘ ਦਰੀਆ, ਹਰਜਿੰਦਰ ਸਿੰਘ, ਦਵਿੰਦਰ ਸਿੰਘ ਸਰਪੰਚ, ਤਰਲੋਚਨ ਸਿੰਘ, ਸੁੱਖਾ,ਚਰਨਜੀਤ ਸਿੰਘ,ਹਰਭਜਨ ਸਿੰਘ ਸਿੱਧੂ ਆਦਿ ਨੇ ਹਾਜ਼ਰੀ ਲੁਆਈ।

# ਮੱਖਣ ਸ਼ਾਹ ਲੁਬਾਣਾ ਯਾਦਗਾਰੀ ਗੇਟ ਦਾ ਉਦਘਾਟਨ



**ਕਰਤਾਰਪੁਰ (ਹਰਮੇਸ਼ ਦੱਤ)** ਬੇਗੋਵਾਲ ਵਿਖੇ ਸਤਿਕਾਰ ਯੋਗ ਮੱਖਣ ਸ਼ਾਹ ਲੁਬਾਣਾ ਦੀ ਯਾਦ ਵਿੱਚ ਯਾਦਗਾਰੀ ਗੇਟ ਦਾ ਉਦਘਾਟਨ ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਹਲਕਾ ਇੰਚਾਰਜ ਭੁਲੱਥ ਰਣਜੀਤ ਸਿੰਘ ਰਾਣਾ ਨੇ ਕੀਤਾ। ਇਸ ਮੌਕੇ ਆਮ ਆਦਮੀ ਪਾਰਟੀ ਦੇ ਵਰਕਰ ਵਲੰਟੀਅਰਜ ਅਤੇ ਰਾਕੇਸ਼ ਕੁਮਾਰ ਮੁਰਾਰ, ਤਰਸੇਮ ਲਾਲ, ਅਮਰਿੰਦਰ ਸਿੰਘ ਵਿੱਕੀ, ਰੁਪਿੰਦਰ ਸਿੰਘ ਧਾਰੀਵਾਲ, ਬਾਜਵਾ ਸਰਪੰਚ ਹਮੀਰਾ ਹਾਜਰ ਸਨ।

# ਬਾਬਾ ਮੋਤੀ ਰਾਮ ਮਹਿਰਾ ਦੀ ਯਾਦ 'ਚ ਗਰਮ ਦੁੱਧ ਦਾ ਲੰਗਰ



**ਕਰਤਾਰਪੁਰ (ਹਰਮੇਸ਼ ਦੱਤ)** ਨੇਕੀ ਦੀ ਦੁਕਾਨ ਕਰਤਾਰਪੁਰ ਅਤੇ ਨੀਲ-ਕੰਠ ਸੇਵਾ ਦਲ ਵੱਲੋਂ ਅਮਰ ਸ਼ਹੀਦ ਬਾਬਾ ਮੋਤੀ ਰਾਮ ਮਹਿਰਾ ਦੀ ਯਾਦ ਨੂੰ ਸਮਰਪਿਤ ਤਿੰਨ ਦਿਨ ਗਰਮ ਦੁੱਧ ਦਾ ਲੰਗਰ ਰੇਲਵੇ ਰੋਡ, ਬਾਰਾਂਦਰੀ ਬਾਜਾਰ ਕਰਤਾਰਪੁਰ ਵਿੱਚ ਗਰਮ ਦੁੱਧ ਦਾ ਲੰਗਰ ਅਰਦਾਸ ਉਪਰੰਤ ਲਗਾਇਆ ਗਿਆ ਅਤੇ ਰਾਹਗੀਰਾਂ ਨੂੰ ਗਰਮ ਗਰਮ ਦੁੱਧ ਛਕਾਇਆ ਗਿਆ। ਇਸ ਮੌਕੇ ਮਾਸਟਰ ਅਮਰੀਕ ਸਿੰਘ, ਅਸ਼ੋਕ ਬਿੱਟੂ ਸਨੋਤਰਾ, ਨਾਥੀ ਸਨੋਤਰਾ,ਵੇਦ ਪ੍ਰਕਾਸ਼,ਸਾਬਕਾ ਵਿਧਾਇਕ ਚੌਧਰੀ ਸੁਰਿੰਦਰ ਸਿੰਘ, ਪ੍ਰਧਾਨ ਰਾਜ ਕੁਮਾਰ ਅਰੋੜਾ, ਗੋਪਾਲ ਸੂਦ, ਹਰੀਪਾਲ, ਰਮਨ ਸਨੋਤਰਾ,ਬਾਬਾ ਗੁਰਦੇਵ ਸਿੰਘ, ਰਜੇਸ਼ ਬੱਬੂ, ਵਿੱਕੀ ਸਨੋਤਰਾ, ਅਜੈ ਸਕਸੈਨਾ, ਉਪਿੰਦਰਪਾਲ ਸਿੰਘ ਅਤੇ ਸੇਵਾਦਾਰ ਹਾਜਰ ਸਨ ।

# ਪਾਣੀ ਬਚਾਓ ਸੰਘਰਸ਼ ਜ਼ੀਰਾ ਤੇ ਲਤੀਫਪੁਰਾ ਉਜਾੜੇ ਸੰਬੰਧੀ 2 ਨੂੰ ਰੈਸਟ ਹਾਊਸ ਪਹੁੰਚਣ ਦਾ ਸੱਦਾ

**ਫਗਵਾੜਾ (ਕਮਲ ਰਾਏ)** ਲੋਕ ਹਿਤੈਸੀ ਕਾਫਲੇ ਦੇ ਸੱਦੇ ਉਤੇ ਰੈਸਟ ਹਾਊਸ ਫਗਵਾੜਾ ਵਿਖੇ ਕੀਤੀ ਮੀਟਿੰਗ ਵਿੱਚ ਤਰਕਸ਼ੀਲ ਸੁਸਾਇਟੀ ਪੰਜਾਬ, ਪੈਨਸ਼ਨਰਜ ਫਰੰਟ ਪੰਜਾਬ, ਦੀ ਪੈਨਸ਼ਨਰਜ ਸੋਸ਼ਲ ਵੈਲਫੇਅਰ ਕਮੇਟੀ ਅਤੇ ਲੋਕ ਕਾਫਲਾ ਦੇ ਆਗੂ ਸਾਥੀ ਸ਼ਾਮਲ ਹੋਏ।

ਮੀਟਿੰਗ ਵਿੱਚ ਸਾਰਾਬ ਫੈਕਟਰੀ ਜ਼ੀਰਾ ਵਿਰੁੱਧ ਚੱਲ ਰਹੇ ਲੋਕ ਘੋਲ ਅਤੇ ਸਰਕਾਰ ਵਲੋਂ ਲਤੀਫਪੁਰਾ (ਜਲੰਧਰ) ਉਜਾੜੇ ਲੋਕਾਂ ਦੇ ਮਸਲੇ ਵਿਚਾਰੇ ਗਏ। ਜਥੇਬੰਦੀਆਂ ਦੇ ਆਏ ਆਗੂਆਂ ਨੇ ਦੋਵੇਂ ਥਾਵਾਂ 'ਤੇ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਲੋਕਾਂ ਦੀ ਡੱਟਵੀਂ ਹਮਾਇਤ ਕੀਤੀ ਅਤੇ ਇੰਨਾਂ ਮਸਲਿਆਂ ਲਈ ਜਿੰਮੇਵਾਰ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਦੇ ਲੋਕ ਵਿਰੋਧੀ ਵਤੀਰੇ ਦੀ ਸਖਤ ਨਿਖੇਧੀ ਕੀਤੀ ਗਈ। ਜ਼ੀਰਾ ਸੰਘਰਸ਼ ਦੀ ਹਿਮਾਇਤ ਅਤੇ ਪੰਜਾਬ ਦੇ ਪਾਣੀ, ਜਮੀਨ , ਵਾਤਾਵਰਨ ਨੂੰ ਬਚਾਉਣ ਅਤੇ ਲਤੀਫ ਪੁਰਾ ਉਜਾੜੇ ਦਾ ਵਿਰੋਧ ਕਰਨ ਲਈ ਇਲਾਕੇ ਵਿਚ ਜਥੇਬੰਦਕ ਆਵਾਜ ਬੁਲੰਦ ਕਰਨ ਹਿਤ 2 ਜਨਵਰੀ 2023 ਨੂੰ ਸ਼ਾਮ 3:30 ਵਜੇ ਰੈਸਟ ਹਾਊਸ ਫਗਵਾੜਾ ਵਿਖੇ ਇਲਾਕੇ ਦੀਆਂ ਸਾਰੀਆਂ ਇਨਸਾਫ ਪਸੰਦ ਤੇ ਲੋਕ ਹਿਤੈਸ਼ੀ ਜਥੇਬੰਦੀਆਂ ਅਤੇ ਸੰਸਥਾਵਾਂ ਨੂੰ ਪੁੱਜਣ ਦੀ ਪੁਰਜੋਰ ਅਪੀਲ ਕੀਤੀ ਜਾਂਦੀ ਹੈ।

ਮੀਟਿੰਗ ਵਿੱਚ ਜਸਵਿੰਦਰ ਸਿੰਘ, ਸੁਰਿੰਦਰਪਾਲ ਪੱਦੀ, ਹੰਸ ਰਾਜ ਬੰਗੜ, ਰਾਮ ਲਾਲ ਖਲਵਾੜਾ ਅਤੇ ਸੁਖਦੇਵ ਸਿੰਘ ਹਾਜਰ ਸਨ। ਇਹ ਜਾਣਕਾਰੀ ਸੁਖਦੇਵ ਸਿੰਘ ਨੇ ਲਿਖਤੀ ਪ੍ਰੈੱਸ ਬਿਆਨ ਰਾਹੀਂ ਜਾਰੀ ਕੀਤੀ।

# ਖੇਤ ਮਜ਼ਦੂਰਾਂ ਦੀ ਸਾਂਝੀ ਸੂਬਾਈ ਕਨਵੈਨਸ਼ਨ 23 ਨੂੰ : ਨੂਰਪੁਰੀ



**ਨਵਾਂਸ਼ਹਿਰ/ਬਹਿਰਾਮ (ਮਨੋਜ ਲਾਡੀ, ਅਵਤਾਰ ਕਲੇਰ)** ਕੁਲ ਹਿੰਦ ਖੇਤ ਮਜਦੂਰ ਯੂਨੀਅਨ ਜ਼ਿਲ੍ਹਾ ਨਵਾਂਸ਼ਹਿਰ ਦੀ ਮੀਟਿੰਗ ਜ਼ਿਲ੍ਹਾ ਪ੍ਰਧਾਨ ਸਾਥੀ ਸਤਨਾਮ ਸਿੰਘ ਜਾਨੀਵਾਲ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਸਾਥੀ ਲਾਲ ਸਿੰਘ ਧਨੌਲਾ, ਮੁਹੰਮਦ ਉਪਲਭੂਪਾ, ਸੁਖਦੇਵ ਸਿੰਘ ਬਾਸੀ, ਸੰਤੋਖ ਸਿੰਘ ਸੰਘੇੜਾ,ਕੇ ਸੀ ਸ਼ਰਮਾ, ਮਹਿੰਦਰ ਸਿੰਘ ਧਰਮਕੋਟ, ਮਹਿੰਦਰ ਸਿੰਘ ਗੁਣਾਚੌਰ, ਪ੍ਰਗਟ ਸਿੰਘ ਜਿਉਣੇ ਕੇ ਨੂੰ ਦੋ ਮਿੰਟ ਮੋਨ ਧਾਰ ਕੇ ਸ਼ਰਧਾਂਜਲੀ ਭੇਂਟ ਕੀਤੀ ਗਈ। ਮੀਟਿੰਗ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਕਾਮਰੇਡ ਰਾਮ ਸਿੰਘ ਨੂਰਪੁਰੀ ਨੇ ਕਿਹਾ ਕਿ ਪਿਛਲੇ ਸਮੇਂ ਕੌਮੀ ਪੱਧਰ 'ਤੇ ਸੁਰਜੀਤ ਭਵਨ ਦਿੱਲੀ ਵਿਖੇ ਕਨਵੈਨਸ਼ਨ ਕਰਕੇ ਖੇਤ ਮਜਦੂਰਾਂ ਦੀਆਂ ਭਖਦੀਆਂ ਮੰਗਾਂ ਤੇ ਮਸਲਿਆਂ 'ਤੇ ਵਿਚਾਰਾਂ ਕਰਕੇ ਅਹਿਮ ਫੈਸਲੇ ਲਏ ਗਏ ਸਨ। ਕਨਵੈਨਸ਼ਨ ਵਿੱਚ ਕੁਲ ਹਿੰਦ ਖੇਤ ਮਜਦੂਰ ਯੂਨੀਅਨ, ਭਾਰਤੀ ਖੇਤ ਮਜਦੂਰ ਯੂਨੀਅਨ, ਮਜਦੂਰ ਮੁਕਤੀ ਮੋਰਚਾ, ਦਲਿਤ ਸੋਸ਼ਣ ਮੁਕਤੀ ਮੰਚ ਆਦਿ ਜਥੇਬੰਦੀਆਂ ਦੇ ਕੌਮੀ ਆਗੂਆਂ ਨੇ ਮਤਾ ਪਾਸ ਕੀਤਾ ਸੀ ਕਿ ਖੇਤ ਮਜਦੂਰਾਂ ਦੀਆਂ ਮੰਗਾਂ 'ਤੇ ਸੰਘਰਸ਼ ਤਿੱਖੇ ਕੀਤੇ ਜਾਣ, ਜਨਵਰੀ ਵਿੱਚ ਸੂਬਾ ਪੱਧਰੀ ਕਨਵੈਨਸ਼ਨਾਂ ਕੀਤੀਆਂ ਜਾਣ ਅਤੇ ਫਰਵਰੀ ਵਿੱਚ ਸੂਬਾਈ ਮੁਜਾਹਰੇ ਕੀਤੇ ਜਾਣ। ਅਸੀਂ ਪੰਜਾਬ ਅੰਦਰ 23 ਜਨਵਰੀ 2023 ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਜਥੇਬੰਦੀਆਂ ਦੇ ਨੁਮਾਇੰਦਿਆਂ ਦੀ ਕਨਵੈਨਸ਼ਨ ਕਰ ਰਹੇ ਹਾਂ। ਕੌਮੀ ਮੰਗਾਂ ਦੇ ਨਾਲ-ਨਾਲ ਪੰਜਾਬ ਦੀਆਂ ਮੰਗਾਂ 'ਤੇ ਵੀ ਵਿਚਾਰਾਂ ਕੀਤੀਆਂ ਜਾਣਗੀਆਂ। ਮੀਟਿੰਗ ਦੇ ਫੈਸਲੇ ਪ੍ਰੈਸ ਨੂੰ ਜਾਰੀ ਕਰਦਿਆਂ ਜ਼ਿਲ੍ਹਾ ਸਕੱਤਰ ਕੁਲਦੀਪ ਝਿੰਗੜ ਨੇ ਕਿਹਾ ਕਿ 23 ਜਨਵਰੀ ਤੱਕ 40% ਮੈਂਬਰਸ਼ਿਪ ਕੀਤੀ ਜਾਵੇਗੀ। ਸੂਬਾਈ ਕਨਵੈਨਸ਼ਨ ਵਿੱਚ 50 ਸਾਥੀ ਸ਼ਾਮਲ ਹੋਣਗੇ। ਮੀਟਿੰਗ ਵਿੱਚ ਕੰਮੀਆਂ ਦੀ ਲਹਿਰ ਅਤੇ ਨਵੇਂ ਸਾਲ ਦਾ ਕੈਲੰਡਰ ਵੀ ਵੰਡਿਆ ਗਿਆ। ਇਸ ਮੌਕੇ ਸਰਾਧੂ ਰਾਮ ਤਾਜੋਵਾਲ,ਚਮਨ ਲੱਖਪੁਰ, ਗੁਰਦੀਪ ਸਿੰਘ ਗੁਲਾਟੀ, ਕੁਲਵਿੰਦਰ ਰਾਮ ਗੋਬਿੰਦਪੁਰ, ਲਾਲ ਚੰਦ ਗੁਣਾਚੌਰ, ਮਨਫੂਲ ਬੰਗਾ ਸ਼ਿੰਗਾਰਾ ਰਾਮ ਬੜਵਾ ਰਮੇਸ਼ ਗਰਚਾ ਆਦਿ ਸਾਥੀ ਹਾਜਰ ਸਨ।

# ਡਰੱਗ ਮਨੀ ਤੇ ਨਸ਼ੀਲੇ ਪਦਾਰਥਾਂ ਸਮੇਤ ਦੋ ਤਸਕਰ ਕਾਬੂ



**ਆਦਮਪੁਰ (ਪਰਮਜੀਤ ਸਿੰਘ)**- ਥਾਣਾ ਆਦਮਪੁਰ ਦੇ ਇੰਸ: ਹਰਦੀਪ ਸਿੰਘ ਮੁੱਖ ਅਫਸਰ ਥਾਣਾ ਦੀ ਪੁਲਸ ਪਾਰਟੀ ਵਲੋਂ 2 ਨਸ਼ਾ ਤਸਕਰਾਂ ਨੂੰ 15 ਗ੍ਰਾਮ ਹੈਰੋਇਨ ਤੇ 20000 ਰੁਪਏ ਡਰੱਗ ਮਨੀ ਸਮੇਤ ਗ੍ਰਿਫਤਾਰ ਕਰਨ ਵਿੱਚ ਸਫਲਤਾ ਹਾਸਲ ਕੀਤੀ ਗਈ ਹੈ। ਇਸ ਸੰਬੰਧੀ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਸਰਬਜੀਤ ਰਾਏ ਪੀ.ਪੀ.ਐੱਸ ਉਪ ਪੁਲਸ ਕਪਤਾਨ,ਸਬ ਡਵੀਜਨ ਆਦਮਪੁਰ ਨੇ ਦੱਸਿਆ ਕਿ ਮਿਤੀ 27-12-2022 ਨੂੰ ਏ.ਐੱਸ.ਆਈ. ਰਵਿੰਦਰ ਸਿੰਘ ਸਮੇਤ ਪੁਲਸ ਪਾਰਟੀ ਬਾਸਿਲਸਿਲਾ ਗਸ਼ਤ ਬਾ ਚੈਕਿੰਗ ਭੈੜੇ ਪੁਰਸ਼ਾਂ ਥਾਣਾ ਆਦਮਪੁਰ ਤੋਂ ਅਲਾਵਲਪੁਰ ਸਾਈਡ ਨੂੰ ਜਾ ਰਹੇ ਸੀ ਤਾਂ ਜਦ ਪੁਲਸ ਪਾਰਟੀ ਹਰੀਪੁਰ ਰੋਡ ਆਦਮਪੁਰ ਪੁੱਜੀ ਤਾਂ ਉੱਥੇ ਇੱਕ ਐਕਟਿਵਾ ਬਿਨਾਂ ਨੰਬਰੀ ਅਤੇ ਇੱਕ ਮੋਟਰਸਾਇਕਲ ਨੰਬਰੀ ਪੀ.ਬੀ.ਜੀਰੋ.ਅੱਠ ਡੀ.ਈ. ਦੋ.ਅੱਠ.ਜੀਰੋ.ਇੱਕ. ਪਾਸ ਖੜੇ 02 ਮੋਨੇ ਨੌਜਵਾਨ ਪੁਲਸ ਪਾਰਟੀ ਨੂੰ ਦੇਖ ਕੇ ਆਪਣੇ-ਆਪਣੇ ਵਾਹਨਾਂ 'ਤੇ ਭੱਜਣ ਲਗੇ, ਜਿਨ੍ਹਾਂ ਨੂੰ ਏ.ਐੱਸ. ਆਈ. ਰਵਿੰਦਰ ਸਿੰਘ ਦੁਆਰਾ ਸਾਥੀ ਕਰਮਚਾਰੀਆਂ ਦੀ ਮਦਦ ਨਾਲ ਸ਼ੱਕ ਦੀ ਬਿਨਾਹ 'ਤੇ ਕਾਬੂ ਕਰਕੇ ਉਨ੍ਹਾਂ ਦਾ ਨਾਂਅ ਪਤਾ ਪੁੱਛਿਆ.ਜੋ ਐਕਟਿਵਾ ਸਵਾਰ ਨੌਜਵਾਨ ਨੇ ਆਪਣਾ ਨਾਂਅ ਸੋਮ ਨਾਥ ਪੁੱਤਰ ਮਹਿੰਦਰ ਸਿੰਘ ਵਾਸੀ ਮੁਰਾਰ ਥਾਣਾ ਸੁਭਾਨਪੁਰ,ਜ਼ਿਲ੍ਹਾ ਕਪੂਰਥਲਾ ਦੱਸਿਆ ਅਤੇ ਸਪਲੈਂਡਰ ਮੋਟਰਸਾਇਕਲ ਸਵਾਰ ਨੌਜਵਾਨ ਨੇ ਆਪਣਾ ਨਾਂਅ ਤਰਲੋਚਨ ਸਿੰਘ ਪੁੱਤਰ ਬਲਵੀਰ ਸਿੰਘ ਵਾਸੀ ਕੰਦੋਲਾ ਥਾਣਾ ਆਦਮਪੁਰ, ਜ਼ਿਲ੍ਹਾ ਜਲੰਧਰ ਦੱਸਿਆ ਅਤੇ ਜਦੋਂ ਏ.ਐੱਸ.ਆਈ. ਰਵਿੰਦਰ ਸਿੰਘ ਦੁਆਰਾ ਨੌਜਵਾਨ ਸੋਮ ਨਾਥ ਉਕਤ ਦੀ ਐਕਟਿਵਾ ਦੀ ਤਲਾਸ਼ੀ ਲਈ ਤਾਂ ਐਕਟਿਵਾ ਦੀ ਡਿੱਗੀ ਵਿੱਚੋਂ 10 ਗ੍ਰਾਮ ਹੈਰੋਇਨ ਸਮੇਤ 5000 ਰੁਪਏ ਡਰੱਗ ਮਨੀ ਅਤੇ ਤਰਲੋਚਨ ਸਿੰਘ ਦੇ ਮੋਟਰਸਾਇਕਲ ਦੀ ਤਲਾਸ਼ੀ ਕਰਨ ਤੇ ਮੋਟਰਸਾਇਕਲ ਦੇ ਟੂਲ ਬਾਕਸ ਵਿੱਚੋ 05 ਗ੍ਰਾਮ ਹੈਰੋਇਨ ਸਮੇਤ 15000 ਰੁਪਏ ਡਰੱਗ ਮਨੀ ਬਰਾਮਦ ਹੋਈ। ਦੋਸ਼ੀਆਂ ਖਿਲਾਫ ਮੁੱਕਦਮਾ ਨੰਬਰ 2:0 ਮਿਤੀ 27-12-2022 ਅ/ਧ 2(ਬੀ)-61-85 ਐੱਨ.ਡੀ.ਪੀ.ਐੱਸ ਐਕਟ ਥਾਣਾ ਆਦਮਪੁਰ, ਜ਼ਿਲ੍ਹਾ ਜਲੰਧਰ (ਦਿਹਾਤੀ) ਦਰਜ ਰਜਿਸਟਰ ਕੀਤਾ ਗਿਆ।

# ਮਨਸੂਰਪੁਰ ਵਿਖੇ ਸ਼ਹੀਦੀ ਦਿਹਾੜੇ ਦੌਰਾਨ ਛਿੜੀ ਬੰਦੀ ਸਿੰਘਾਂ ਨੂੰ ਰਿਹਾਅ ਕਰਨ ਦੀ ਮੰਗ

**ਫਿਲੌਰ, (ਨਿਰਮਲ)** ਫਿਲੌਰ ਦੇ ਨਜਦੀਕੀ ਪਿੰਡ ਮਨਸੂਰਪੁਰ ਵਿੱਖੇ ਗੁਰਦੁਆਰਾ ਸਿੰਘ ਸਭਾ ਪ੍ਰਬੰਧਕ ਕਮੇਟੀ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਦਾ ਸ਼ਹੀਦੀ ਦਿਹਾੜਾ ਮਨਾਇਆ ਗਿਆ। ਜਿਸ ਦੌਰਾਨ ਸ੍ਰੀ ਸਹਿਜ ਪਾਠ ਦੇ ਭੋਗ ਉਪਰੰਤ ਬੱਚਿਆਂ ਵੱਲੋਂ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ ਗਿਆ। ਭਾਈ ਹਰਵਿੰਦਰ ਸਿੰਘ ਧਰਮ ਪ੍ਰਚਾਰਕ ਐਸ ਜੀ ਪੀ ਸੀ ਨੇ ਸੰਗਤਾਂ ਨੂੰ ਚਾਰ ਸਾਹਿਬਜ਼ਾਦਿਆਂ ਜੀ ਦੀ ਲਾਸਾਨੀ ਸ਼ਹਾਦਤ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਅਤੇ ਇਸ ਮੌਕੇ ਉਨ੍ਹਾਂ ਬੰਦੀ ਸਿੰਘਾਂ ਨੂੰ ਰਿਹਾਅ ਕਰਨ 'ਤੇ ਵੀ ਚਰਚਾ ਕੀਤੀ। ਉਨ੍ਹਾਂ ਕਿਹਾ ਕਿ ਮੌਕੇ ਦੀਆਂ ਸਰਕਾਰਾਂ ਹਰ ਵਾਰ ਸਿੱਖ ਕੌਮ ਨਾਲ ਬੇਇਨਸਾਫੀਆਂ ਕਰਦੀਆਂ ਆ ਰਹੀਆਂ ਹਨ। ਉਨ੍ਹਾਂ ਕਿਹਾ ਕਿ ਬੰਦੀ ਸਿੰਘ ਜੋ ਆਪਣੀਆਂ ਸਜਾਵਾਂ ਪੂਰੀਆਂ ਕਰ ਚੁੱਕੇ ਹਨ, ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਸਮੂਹ ਪੰਜਾਬੀਆਂ ਨੂੰ ਇੱਕ ਹੋ ਕੇ ਬੰਦੀ ਸਿੰਘਾਂ ਨੂੰ ਰਿਹਾਅ ਕਰਾਉਣ ਦੀ ਮੰਗ ਕਰਨੀ ਚਾਹੀਦੀ ਹੈ। ਇਸ ਮੌਕੇ ਪ੍ਰਮੁੱਖ ਵਿਅਕਤੀਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਅਮਰੀਕ ਸਿੰਘ ਪ੍ਰਧਾਨ, ਬਲਦੇਵ ਸਿੰਘ, ਜਸਵਿੰਦਰ ਸਿੰਘ ਬਾਬਾ, ਪਰਮਜੀਤ ਸਿੰਘ ਪੰਮਾ, ਕੁਲਦੀਪ ਸਿੰਘ ਬਿੱਟੂ ਸਾਬਕਾ ਸਰਪੰਚ, ਗੁਰਮੀਤ ਸਿੰਘ ਧਾਲੀਵਾਲ ਕੈਨੇਡੀਅਨ, ਉਂਕਾਰ ਸਿੰਘ, ਨਰਿੰਦਰ ਸਿੰਘ, ਹੈਪੀ, ਬੀਬੀ ਬਲਜਿੰਦਰ ਕੌਰ, ਬੀਬੀ ਸੁਖਵਿੰਦਰ ਕੌਰ, ਬੀਬੀ ਕੁਲਵਿੰਦਰ ਕੌਰ, ਬੀਬੀ ਅਮਰਜੀਤ ਕੌਰ ਪੰਚ, ਬੀਬੀ ਰਾਜਵੰਤ ਕੌਰ, ਬੀਬੀ ਗੁਰਜੀਤ ਕੌਰ, ਹਰਮਨਪ੍ਰੀਤ ਕੌਰ, ਰਵਨੀਤ ਕੌਰ, ਕਿਰਨ, ਜਸਨ ਅਤੇ ਹੋਰ ਹਾਜਰ ਸਨ।

# ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਗਰਮ ਦੁੱਧ ਦਾ ਲੰਗਰ ਲਗਾਇਆ



**ਮੇਹਟੀਆਣਾ-(ਜਗਤਾਰ ਸਿੰਘ ਭੁੰਗਰਨੀ )** ਪਿੰਡ ਭਾਮ ਵਿਖੇ ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਗੁਰਦੁਆਰਾ ਸ੍ਰੀ ਗੁਰੂ ਰਵਿਦਾਸ ਜੀ ਪ੍ਰਬੰਧਕ ਕਮੇਟੀ ਭਾਮ, ਸੀ ਗੁਰੂ ਰਵਿਦਾਸ ਜੀ ਨੌਜਵਾਨ ਸਭਾ ਭਾਮ, ਪਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਮੌਕੇ ਗਰਮ ਦੁੱਧ ਦਾ ਲੰਗਰ ਲਗਾਇਆ ਗਿਆ।

ਇਸ ਮੌਕੇ ਪ੍ਰਧਾਨ ਗੁਰਵਿੰਦਰ ਸਿੰਘ ਸਿੱਧੂ ਨੇ ਦੱਸਿਆ ਕਿ ਸਮੂਹ ਸੇਵਾਦਾਰਾਂ ਵੱਲੋਂ ਆਉਂਣ ਜਾਣ ਵਾਲੇ ਰਾਹਗੀਰਾਂ ਨੂੰ ਸਤਿਨਾਮ ਸ੍ਰੀ ਵਾਹਿਗੁਰੂ ਜੀ ਦਾ ਜਾਪ ਕਰਦਿਆਂ ਸੰਗਤਾਂ ਨੂੰ ਗਰਮ ਦੁੱਧ ਦਾ ਲੰਗਰ ਛਕਾਇਆ ਗਿਆ। ਇਸ ਮੌਕੇ ਪ੍ਰਧਾਨ ਗੁਰਵਿੰਦਰ ਸਿੰਘ ਸਿੱਧੂ ਨੇ ਸਮੂਹ ਸੇਵਾਦਾਰਾਂ ਦਾ ਸਹਿਯੋਗ ਦੇਣ 'ਤੇ ਧੰਨਵਾਦ ਕੀਤਾ। ਇਸ ਮੌਕੇ ਪ੍ਰਧਾਨ ਗੁਰਵਿੰਦਰ ਸਿੰਘ ਸਿੱਧੂ, ਨਰਿੰਦਰ ਸਿੰਘ ਨੀਟਾ, ਜਥੇਦਾਰ ਗੁਰਸੇਵਕ ਸਿੰਘ ਭਾਮ, ਬਲਜਿੰਦਰ ਸਿੰਘ, ਰੋਹਿਤ ਸਿੱਧੂ, ਕਰਨ ਸਿੱਧੂ, ਮਾਸਟਰ ਸੁਖਵਿੰਦਰ ਸਿੰਘ, ਨਵਜੋਤ ਸਿੱਧੂ, ਬਲਜੀਤ ਸਿੰਘ ਸੋਨੂੰ ਪੰਚ, ਹਰਸ ਸਿੱਧੂ, ਬਲਵੀਰ ਸਿੰਘ, ਮਨਜੀਤ ਸਿੰਘ, ਜਸਨ ਸਿੱਧੂ ਆਦਿ ਹਾਜਰ ਸਨ।

# ਸੰਤ ਬਾਬਾ ਦੂਲਾ ਸਿੰਘ ਦੀ ਯਾਦ ਨੂੰ ਸਮਰਪਤ ਸੰਤ ਸਮਾਗਮ ਤੇ ਕੀਰਤਨ ਦਰਬਾਰ



**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)** ਪਿੰਡ ਮੌਜੋਮਜਾਰਾ ( ਠੱਕਰਵਾਲ ) ਵਿਖੇ ਸਮੂਹ ਨਗਰ ਨਿਵਾਸੀਆਂ, ਗ੍ਰਾਮ ਪੰਚਾਇਤ, ਪਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ 108 ਸੰਤ ਬਾਬਾ ਦੂਲਾ ਸਿੰਘ ਜੀ ਦੀ ਯਾਦ ਨੂੰ ਸਮਰਪਿਤ ਸਾਲਾਨਾ 13ਵਾਂ ਮਹਾਨ ਕੀਰਤਨ ਦਰਬਾਰ ਅਤੇ ਸੰਤ ਸਮਾਗਮ ਮਾਸਟਰ ਜਗਜੀਤ ਸਿੰਘ ਅਤੇ ਬੀਬੀ ਸੰਤੋਸ ਕੌਰ ਦੇ ਗ੍ਰਹਿ ਵਿਖੇ ਸ਼ਰਧਾ ਭਾਵਨਾ ਨਾਲ ਕਰਵਾਏ ਗਏ। ਇਸ ਮੌਕੇ ਮੁੱਖ ਪ੍ਰਬੰਧਕ ਮਾਸਟਰ ਜਸਵਿੰਦਰ ਸਿੰਘ ਜੱਸੀ ਨੇ ਦੱਸਿਆ ਕਿ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ। ਉਨ੍ਹਾਂ ਦੱਸਿਆ ਕਿ ਸਾਲਾਨਾ ਕੀਰਤਨ ਦਰਬਾਰ ਅਤੇ ਸੰਤ ਸਮਾਗਮ ਦੌਰਾਨ ਸੰਤ ਬਾਬਾ ਹਰਕ੍ਰਿਸ਼ਨ ਸਿੰਘ ਸੋਢੀ ਠੱਕਰਵਾਲ, ਸੰਤ ਬਾਬਾ ਜਸਵੰਤ ਸਿੰਘ ਖੇੜਾ, ਸੰਤ ਬਾਬਾ ਰਣਜੀਤ ਸਿੰਘ ਬਾਹੋਵਾਲ, ਸੰਤ ਬਾਬਾ ਬਲਵੰਤ ਸਿੰਘ ਡੀਂਗਰੀਆਂ, ਸੰਤ ਬਾਬਾ ਸਤਨਾਮ ਸਿੰਘ ਨਰੂੜ, ਸੰਤ ਬਾਬਾ ਬੇਲਾ ਦਾਸ ਨਰੂੜ, ਸੰਤ ਬਾਬਾ ਟਹਿਲ ਨਾਥ ਫਗਵਾੜਾ, ਸੰਤ ਬਾਬਾ ਹਰਵਿੰਦਰ ਸਿੰਘ ਪਿੱਪਲਾਂਵਾਲਾ, ਸੰਤ ਬਾਬਾ ਸ਼ਾਮ ਦਾਸ ਝੰਡੇਰਾਂ, ਸੰਤ ਬਾਬਾ ਪਰੇਮਾਨੰਦ ਠੱਕਰਵਾਲ, ਸੰਤ ਬਾਬਾ ਸਤਨਾਮ ਸਿੰਘ ਪੰਡੋਰੀ ਲੱਧਾ ਸਿੰਘ, ਜਥੇਦਾਰ ਬਾਬਾ ਦਲਜੀਤ ਸਿੰਘ ਮਾਹਿਲਪੁਰ ਆਦਿ ਨੇ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਮਾਗਮ ਦੌਰਾਨ ਮੁੱਖ ਮਹਿਮਾਨ ਸੋਹਣ ਸਿੰਘ ਠੰਡਲ ਸਾਬਕਾ ਕੈਬਨਿਟ ਮੰਤਰੀ ਪੰਜਾਬ, ਬੀਬੀ ਬਲਵੀਰ ਕੌਰ ਠੰਡਲ, ਮਲਕੀਅਤ ਸਿੰਘ ਠੰਡਲ ਆਦਿ ਨੇ ਵਿਸ਼ੇਸ਼ ਤੌਰ 'ਤੇ ਪੁੱਜ ਕੇ ਹਾਜਰੀ ਭਰੀ। ਇਸ ਮੌਕੇ ਮੁੱਖ ਸੇਵਾਦਾਰ ਮਾਸਟਰ ਜਸਵਿੰਦਰ ਸਿੰਘ ਜੱਸੀ ਨੇ ਆਏ ਸੰਤ ਮਹਾਂਪੁਰਸ਼ਾਂ, ਰਾਗੀ ਜੱਥੇ ਅਤੇ ਪ੍ਰਮੁੱਖ ਸ਼ਖਸੀਅਤਾਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਬਾਬਾ ਸਰਬਜੀਤ ਸਿੰਘ ਠੱਕਰਵਾਲ, ਬਾਬਾ ਗੁਰਪ੍ਰੀਤ ਸਿੰਘ ਠੱਕਰਵਾਲ, ਮਾਸਟਰ ਜਗਜੀਤ ਸਿੰਘ, ਬੀਬੀ ਸੰਤੋਸ ਕੌਰ ਮੌਜੋਮਜਾਰਾ, ਮਾਸਟਰ ਜਸਵਿੰਦਰ ਸਿੰਘ ਜੱਸੀ, ਬੀਬੀ ਦਵਿੰਦਰ ਕੌਰ, ਜਸਵੀਰ ਸਿੰਘ ਸਰਪੰਚ ਮੌਜੋਮਜਾਰਾ, ਬੀਬੀ ਭੁਪਿੰਦਰ ਕੌਰ, ਦਵਿੰਦਰ ਸਿੰਘ ਸਾਬਕਾ ਸਰਪੰਚ, ਤੀਰਥ ਸਿੰਘ ਖੇੜਾ, ਬਖਸ਼ੀਸ਼ ਸਿੰਘ ਡੀਐੱਸਪੀ, ਗਗਨਪ੍ਰੀਤ ਸਿੰਘ, ਅਰਸ਼ਪ੍ਰੀਤ ਸਿੰਘ, ਸਨਮਪ੍ਰੀਤ ਸਿੰਘ, ਜਗਦੀਪ ਸਿੰਘ ਕਰਤਾਰਪੁਰ, ਗੁਰਜੀਤ ਸਿੰਘ, ਮਨਜੀਤ ਸਿੰਘ, ਕੁਲਵਿੰਦਰ ਸਿੰਘ ਲੁਧਿਆਣਾ, ਜਗਜੀਤ ਸਿੰਘ ਗਣੇਸ਼ਪੁਰ, ਠੇਕੇਦਾਰ ਰੂਪ ਲਾਲ, ਮਾਸਟਰ ਹਰਭਜਨ ਸਿੰਘ ਅਜਨੋਹਾ, ਮੋਹਨ ਸਿੰਘ ਪੰਚ ਖੇੜਾ, ਕੁਲਦੀਪ ਕੌਰ ਸਾਬਕਾ ਸਰਪੰਚ ਖੇੜਾ, ਪਰਮਿੰਦਰ ਸਿੰਘ ਪਾਖਰ, ਅਮਨਦੀਪ ਸਿੰਘ ਠੱਕਰਵਾਲ ਆਦਿ ਹਾਜਰ ਸਨ।

# ਸੁਰੱਖਿਆ ਲਈ 28 ਪੀ ਸੀ ਆਰ ਪਾਰਟੀਆਂ ਨੂੰ ਹਰੀ ਝੰਡੀ




**ਐੱਸ ਏ ਐੱਸ ਨਗਰ (ਗੁਰਜੀਤ ਬਿੱਲਾ)**—ਜ਼ਿਲ੍ਹੇ ਦੇ ਸ਼ਹਿਰੀ ਅਤੇ ਪੇਂਡੂ ਏਰੀਏ ਵਿੱਚ ਟ੍ਰੈਫਿਕ ਸਮੱਸਿਆ ਨੂੰ ਹੱਲ ਕਰਨ ਅਤੇ ਹੋਣ ਵਾਲੀ ਵਾਰਦਾਤਾਂ ਤੋਂ ਨਿਜਾਤ ਦਿਵਾਉਣ ਲਈ ਜ਼ਿਲ੍ਹੇ ਦੇ ਸ਼ਹਿਰੀ ਏਰੀਆ ਵਿੱਚ 18 ਪੀ.ਸੀ.ਆਰ ਪਾਰਟੀਆਂ ਅਤੇ ਪੇਂਡੂ ਏਰੀਏ ਵਿੱਚ 10 ਪੀ.ਸੀ.ਆਰ ਪਾਰਟੀਆਂ ਕੁੱਲ 28 ਪੀ.ਸੀ. ਆਰ ਪਾਰਟੀਆਂ 41 ਬੀਟਾਂ ਵਿੱਚ ਸਥਾਪਿਤ ਕਰ ਡਾ. ਸੰਦੀਪ ਗਰਗ, ਆਈ.ਪੀ.ਐਸ, ਸੀਨੀਅਰ ਕਪਤਾਨ ਪੁਲਸ, ਜਿਲ੍ਹਾ ਐਸ.ਏ.ਐਸ. ਨਗਰ ਵਲੋਂ ਹਰੀ ਝੰਡੀ ਦਿਖਾ ਰਵਾਨਾ ਕੀਤੀਆਂ ਗਈਆਂ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਸੀਨੀਅਰ ਪੁਲਸ ਕਪਤਾਨ ਡਾ. ਸੰਦੀਪ ਗਰਗ ਨੇ ਦੱਸਿਆ ਕਿ ਸਥਾਪਿਤ ਕੀਤੀਆਂ 41 ਬੀਟਾ ਸ੍ਰੀ ਨਰਿੰਦਰ ਚੌਧਰੀ ਉਪ ਕਪਤਾਨ ਪੁਲਿਸ ਸਪੈਸਲ ਬ੍ਰਾਂਚ ਐਸ.ਏ.ਐਸ. ਨਗਰ ਦੀ ਅਗਵਾਈ ਵਿੱਚ 24 ਘੰਟੇ ਕੰਮ ਕਰਨਗੀਆਂ ਅਤੇ ਮੋਹਾਲੀ ਵਿਖੇ ਕਿਤੇ ਵੀ ਕੋਈ ਵੀ ਵਾਰਦਾਤ ਸਬੰਧੀ ਡਾਇਲ 112 ਤੋਂ ਕਾਲ ਆਉਂਦੀ ਹੈ ਤਾਂ ਇਹ ਪੀ.ਸੀ.ਆਰ ਪਾਰਟੀਆ ਘੱਟ ਤੋਂ ਘੱਟ ਸਮੇਂ ਵਿੱਚ ਵਾਰਦਾਤ ਵਾਲੀ ਥਾਂ ਤੇ ਪਹੁੰਚ ਕੇ ਉਨ੍ਹਾਂ ਦੀ ਸਮੱਸਿਆਵਾਂ ਨੂੰ ਹੱਲ ਕਰਨਗੀਆਂ। ਉਨ੍ਹਾਂ ਕਿਹਾ ਕਿ ਸ਼ਹਿਰੀ ਅਤੇ ਪੇਂਡੂ ਏਰੀਆ ਵਿੱਚ ਕਿਸੇ ਵੀ ਤਰ੍ਹਾਂ ਦੀਆਂ ਸਨੈਚਿੰਗ ਦੀਆ ਘਟਨਾਵਾਂ 'ਤੇ ਕਾਬੂ ਰੱਖਣ ਲਈ ਇਹ ਪੀ.ਸੀ.ਆਰ ਪਾਰਟੀਆ ਮੱਦਦਗਾਰ ਸਾਬਿਤ ਹੋਣਗੀਆਂ, ਰਾਤ ਸਮੇਂ ਲੜਕੀਆਂ ਨੂੰ ਸੁਰੱਖਿਅਤ ਘਰ ਪਹੁੰਚਾਉਣ, ਸੀਨੀਅਰ ਸਿਟੀਜਨ ਦੀਆਂ ਹਰ ਪ੍ਰਕਾਰ ਦੀਆਂ ਮੁਸ਼ਕਿਲਾਂ ਨੂੰ ਹੱਲ ਕਰਨ ਵਿੱਚ ਅਤੇ ਬੈਂਕ, ਏ.ਟੀ.ਐਮ. ਸਕੂਲਾ, ਪਾਰਕਾ ਅਤੇ ਸਾਰੇ ਪਬਲਿਕ ਸਥਾਨਾਂ ਵਿੱਚ ਆਮ ਲੋਕਾਂ ਦੀ ਸੁਰੱਖਿਆ ਅਤੇ ਉਨ੍ਹਾਂ ਨੂੰ ਆਉਂਣ ਵਾਲੀ ਪ੍ਰੇਸ਼ਾਨੀਆਂ ਨੂੰ ਦੂਰ ਕਰਨ ਵਿੱਚ ਵੀ ਮੱਦਦਗਾਰ ਹੋਣਗੀਆਂ।

# ਪੀ ਸੀ ਐੱਮ ਐੱਸ ਡੀ ਕਾਲਜ ਫਾਰ ਵੂਮੈਨ ਨੇ ਰਾਸ਼ਟਰੀ ਗਣਿਤ ਦਿਵਸ ਮਨਾਇਆ




**ਜਲੰਧਰ ( ਇਕਬਾਲ ਸਿੰਘ ਉੱਭੀ)** ਮਹਾਨ ਭਾਰਤੀ ਗਣਿਤ ਸ਼ਾਸ਼ਤਰੀ ਸ਼੍ਰੀਨਿਵਾਸ ਰਾਮਾਨੁਜਨ ਦੀ 125ਵੀਂ ਜਯੰਤੀ ਨੂੰ ਮਨਾਉਣ ਲਈ, ਭਾਰਤ ਸਰਕਾਰ ਨੇ 22 ਦਸੰਬਰ ਨੂੰ ਰਾਸ਼ਟਰੀ ਗਣਿਤ ਦਿਵਸ ਵਜੋਂ ਘੋਸ਼ਿਤ ਕੀਤਾ ਹੈ, ਹਰ ਸਾਲ ਗਣਿਤ ਵਿਭਾਗ ਵੱਲੋਂ ਵਿਦਿਆਰਥੀਆਂ ਨੂੰ ਗਣਿਤ ਵਿੱਚ ਸ਼੍ਰੀਨਿਵਾਸ ਰਾਮਾਨੁਜਨ ਦੇ ਯੋਗਦਾਨ ਬਾਰੇ ਜਾਗਰੂਕ ਕਰਨ ਲਈ ਇਸ ਦਿਨ ਵੱਖ-ਵੱਖ ਮੁਕਾਬਲੇ ਕਰਵਾਏ ਜਾਂਦੇ ਹਨ। ਇਸ ਸਾਲ ਐਸ. ਰਾਮਾਨੁਜਨ ਸੋਸਾਇਟੀ ਆਫ ਮੈਥੇਮੈਟਿਕਸ, ਪੀ.ਸੀ.ਐਮ. ਐਸ.ਡੀ. ਕਾਲਜੀਏਟ ਸੀਨੀਅਰ ਸੈਕੰਡਰੀ ਸਕੂਲ ਫਾਰ ਗਰਲਜ, ਜਲੰਧਰ ਵੱਲੋਂ 'ਪੋਸਟਰ ਪੇਸਕਾਰੀ ਮੁਕਾਬਲਾ' ਕਰਵਾਇਆ ਗਿਆ। ਐਸਐਸਸੀ ਐਸਐਸਸੀ ਦੇ ਵਿਦਿਆਰਥੀਆਂ ਨੇ ਇਹਨਾਂ ਪੋਸਟਰਾਂ ਰਾਹੀਂ ਆਪਣੀ ਪੇਸ਼ਕਾਰੀ ਦੇ ਹੁਨਰ ਨੂੰ ਦਿਖਾਇਆ। ਇਸ ਮੌਕੇ 'ਤੇ ਪ੍ਰਧਾਨ ਨਰੇਸ਼ ਕੁਮਾਰ ਬੁਧੀਆ, ਸੀਨੀਅਰ ਮੀਤ ਪ੍ਰਧਾਨ ਵਿਨੋਦ ਦਾਦਾ, ਮੈਨੇਜਮੈਂਟ ਕਮੇਟੀ ਦੇ ਹੋਰ ਮੈਂਬਰਾਂ, ਪ੍ਰਿੰਸੀਪਲ ਪ੍ਰੋ: (ਡਾ:) ਪੂਜਾ ਪਰਾਸ਼ਰ ਅਤੇ ਕਾਲਜੀਏਟ ਬਲਾਕ ਦੇ ਇੰਚਾਰਜ ਸ੍ਰੀਮਤੀ ਸੁਸ਼ਮਾ ਸ਼ਰਮਾ ਨੇ ਵਿਦਿਆਰਥੀਆਂ ਨੂੰ ਭਾਗ ਲੈਣ ਲਈ ਵਧਾਈ ਦਿੱਤੀ। ਉਨ੍ਹਾਂ ਨੇ ਗਤੀਵਿਧੀ ਦੇ ਆਯੋਜਨ ਲਈ ਗਣਿਤ ਵਿਭਾਗ ਦੇ ਯਤਨਾਂ ਦੀ ਵੀ ਸ਼ਲਾਘਾ ਕੀਤੀ।

# ਮਾਤਾ ਗੁਜਰੀ ਵੈੱਲਫੇਅਰ ਸੋਸਾਇਟੀ ਬੂਰ ਮਾਜਰਾ ਨੇ ਸੀਨੀਅਰ ਸੈਕੰਡਰੀ ਸਕੂਲ ਵਿਖੇ ਕਰਵਾਏ ਦਸਤਾਰ ਮੁਕਾਬਲੇ



**ਮੋਰਿੰਡਾ ( ਜੈਜੀ ਸਰਦਾਰ )** ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ, ਮਾਤਾ ਗੁਜਰੀ ਜੀ ਅਤੇ ਸਮੂਹ ਸਿੰਘ ਸ਼ਹੀਦਾਂ ਨੂੰ ਸਮਰਪਿਤ ਮਾਤਾ ਗੁਜਰੀ ਵੈਲਫੇਅਰ ਸੋਸਾਇਟੀ ਬੂਰ ਮਾਜਰਾ ਵੱਲੋਂ ਸ਼ਹੀਦ ਕੈਪਟਨ ਸੁਰਜੀਤ ਸਿੰਘ ਮੈਮੋਰੀਅਲ ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਬੂਰ ਮਾਜਰਾ ( ਰੂਪਨਗਰ ) ਵਿਖੇ ਲੜਕਿਆਂ ਦੇ ਦਸਤਾਰ ਮੁਕਾਬਲੇ ਅਤੇ ਲੜਕੀਆਂ ਦੇ ਲੰਮੇ ਕੇਸਾਂ ਦੇ ਮੁਕਾਬਲੇ ਕਰਵਾਏ ਗਏ। ਪਹਿਲੇ, ਦੂਜੇ ਅਤੇ ਤੀਜੇ ਸਥਾਨ 'ਤੇ ਆਉਣ ਵਾਲੇ ਵਿਦਿਆਰਥੀਆਂ ਨੂੰ ਇਨਾਮ ਵਿੱਚ ਟਰਾਫੀਆਂ ਅਤੇ ਨਕਦ ਰਾਸ਼ੀ ਵਜੋਂ ਦਿੱਤੇ ਗਏ। ਇਸ ਮੌਕੇ ਵਿਦਿਆਰਥੀਆਂ ਵੱਲੋਂ ਗੁਰਬਾਣੀ ਸ਼ਬਦ ਤੇ ਧਾਰਮਿਕ ਗੀਤ ਗਾ ਕੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਅਧਿਆਪਕਾਂ ਵੱਲੋਂ ਬੱਚਿਆਂ ਨੂੰ ਸਿੱਖ ਇਤਿਹਾਸ ਬਾਰੇ ਜਾਣਕਾਰੀ ਦਿੱਤੀ ਗਈ। ਇਸ ਮੌਕੇ ਭਾਈ ਪਰਦੀਪ ਸਿੰਘ ਨੇ ਬੱਚਿਆਂ ਨੂੰ ਆਖਿਆ ਕਿ ਸਾਨੂੰ ਆਪਣੇ ਰੋਲ ਮਾਡਲ ਸ਼ਹੀਦਾਂ ਸਿੰਘਾਂ ਨੂੰ ਬਣਾਉਣਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਵਾਈਸ ਪ੍ਰਿੰਸੀਪਲ ਊਸ਼ਾ ਸ਼ਰਮਾ, ਮਾਸਟਰ ਗੁਰਦੇਵ ਸਿੰਘ, ਸੁਦਾਗਰ ਸਿੰਘ, ਅਸ਼ੋਕ ਕੁਮਾਰ, ਜਗਦੀਪ ਸਿੰਘ,ਹਰਦੀਪ ਸਿੰਘ,ਮੈਡਮ ਹਰਜਿੰਦਰ ਕੌਰ,ਮੈਡਮ ਸਨਦੀਪ ਕੌਰ, ਮੈਡਮ ਪਰਮਿੰਦਰ ਕੌਰ,ਮੈਡਮ ਅਮ੍ਰਿਤਪਾਲ ਕੌਰ, ਮੈਡਮ ਨਵਨੀਤ ਕੌਰ, ਮੈਡਮ ਸੁਧਾ ਵੰਸ, ਸਰਪੰਚ ਸੁਖਦੇਵ ਸਿੰਘ,ਕੈਪਟਨ ਜਰਨੈਲ ਸਿੰਘ,ਹੈੱਡ ਗ੍ਰੰਥੀ ਜਸਪਾਲ ਸਿੰਘ ਅਤੇ ਉਜਾਗਰ ਸਿੰਘ ਸ਼ਾਮਲ ਸਨ।

# ਅਖਿਲ ਸ਼ਰਮਾ ਪ੍ਰਧਾਨ ਤੇ ਜਤਿਨ ਚੋਪੜਾ ਸਕੱਤਰ ਨਿਯੁਕਤ



**ਗੁਰਾਇਆ (ਬਿੰਦਰ ਸੁਮਨ)**- ਗੁਰਾਇਆ ਸਿਟੀ ਸਟਾਰ ਦੀ ਅਹਿਮ ਮੀਟਿੰਗ ਹੋਈ। ਜਿਸ ਵਿਚ ਸੱਭ ਮੈਂਬਰਾਂ ਦੀ ਸਹਿਮਤੀ ਨਾਲ ਅਖਿਲ ਸ਼ਰਮਾ ਨੂੰ 2023 ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਅਤੇ ਜਤਿਨ ਚੋਪੜਾ ਨੂੰ ਸੱਕਤਰ ਨਿਯੁਕਤ ਕੀਤਾ ਗਿਆ। ਉਨ੍ਹਾਂ ਨੇ ਪ੍ਰਧਾਨ ਅਤੇ ਸਕੱਤਰ ਚੁਣੇ ਜਾਣ 'ਤੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਵੱਲੋ ਨਵੇਂ ਸਾਲ ਦੇ ਪ੍ਰੋਜੈਕਟਾਂ ਬਾਰੇ ਚਰਚਾ ਕੀਤੀ ਗਈ । ਪ੍ਰਧਾਨ ਜੇਸੀ ਅਖਿਲ ਸ਼ਰਮਾ ਨੇ ਕਿਹਾ ਕਿ ਜੋ ਵੀ ਇੰਡੀਆ ਦੇ ਪ੍ਰੋਜੈਕਟ ਹੋਣਗੇ ਉਨ੍ਹਾਂ ਦੀ ਪਾਲਣਾ ਕਰਨਗੇ ਅਤੇ ਗੁਰਾਇਆ ਸ਼ਹਿਰ ਦੇ ਭਲਾਈ ਦੇ ਕੰਮਾਂ ਵਿਚ ਵੱਧ ਚੜ੍ਹ ਕੇ ਯੋਗਦਾਨ ਪਾਇਆ ਜਾਵੇਗਾ। ਇਸ ਮੌਕੇ ਅੰਸ਼ੁਮਨ ਸੇਖੜੀ, ਐਡਵਕੇਟ ਅਸ਼ਵਨੀ ਕੁਮਾਰ, ਹਰਜੀਤ ਬਾਵਾ, ਰਾਹੁਲ ਬਹਿਲ , ਨਵੀਨ, ਸੁਖਜਿੰਦਰ ਕੁਮਾਰ, ਸੁਭਾਸ਼ ਤਹੀਮ, ਮਾਨਿਕ ਬਜਾਜ, ਜੱਸ ਮਾਨ, ਕੁਮਾਰ ਗੌਰਵ, ਵੰਸ, ਹਰਸ਼ਿਤ ਬਾਵਾ, ਅਮਰਜੀਤ ਲਾਲ ਮੌਜੂਦ ਰਹੇ।

# ਓਮ ਪ੍ਰਕਾਸ਼ ਮੈਮੋਰੀਅਲ ਕਾਲਜ 'ਚ ਬਰਸੀ ਪ੍ਰੋਗਰਾਮ ਕਰਵਾਇਆ

**ਕਰਤਾਰਪੁਰ (ਹਰਮੇਸ ਦੱਤ)**-ਕਰਤਾਰਪੁਰ ਦੇ ਨਜਦੀਕੀ ਪਿੰਡ ਦਿਆਲਪੁਰ (ਜ਼ਿਲਾ ਕਪੂਰਥਲਾ) ਵਿੱਚ ਓਮ ਪ੍ਰਕਾਸ਼ ਇੰਸਟੀਚਿਊਟ ਆਫ ਐਜੂਕੇਸ਼ਨ ਦਿਆਲਪੁਰ ਵਿਖੇ ਕਾਲਜ ਦੀ ਪ੍ਰਬੰਧਕ ਕਮੇਟੀ ਵੱਲੋਂ ਕਾਲਜ ਵਿੱਚ ਓਮ ਪ੍ਰਕਾਸ਼ ਬਤੂਰਾ ਦੀ ਸਾਲਾਨਾ ਬਰਸੀ ਪ੍ਰੋਗਰਾਮ ਕਰਵਾਇਆ ਗਿਆ। ਕਾਲਜ ਪ੍ਰੈਜ਼ੀਡੈਂਟ ਸ੍ਰੀਮਤੀ ਵੀਭਾ ਸ਼ਰਮਾ ਦੁਆਰਾ ਓਮ ਪ੍ਰਕਾਸ਼ ਦੇ ਜੀਵਨ ਬਾਰੇ ਚਾਨਣਾ ਪਾਇਆ ਅਤੇ ਵਿਦਿਆਰਥੀਆਂ ਨੂੰ ਚੰਗੇ ਅਧਿਆਪਕ ਬਣਨ ਲਈ ਪ੍ਰੇਰਿਤ ਕੀਤਾ। ਪ੍ਰਿੰਸੀਪਲ ਡਾਕਟਰ ਵਿਨੋਦ ਕੁਮਾਰ ਵੱਲੋਂ ਕਾਲਜ ਦੀਆਂ ਪ੍ਰਾਪਤੀਆਂ ਨੂੰ ਕਾਲਜ ਦੇ ਪ੍ਰਬੰਧਕ ਕਮੇਟੀ ਨਾਲ ਸਾਂਝਾ ਕੀਤਾ। ਵਿਦਿਆਰਥੀਆਂ ਨੂੰ ਅੱਗੇ ਵਧਣ ਲਈ ਜਾਗਰੂਕ ਕੀਤਾ। ਡਾਕਟਰ ਵਿਨੋਦ ਕੁਮਾਰ ਨੇ ਆਏ ਹੋਏ ਮਹਿਮਾਨਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਕਾਲਜ ਕਮੇਟੀ ਦੇ ਪ੍ਰੈਜ਼ੀਡੈਂਟ ਸ੍ਰੀਮਤੀ ਵੀਭਾ ਸ਼ਰਮਾ, ਵਾਇਸ ਪ੍ਰੈਜ਼ੀਡੈਂਟ ਸ੍ਰੀਮਤੀ ਪ੍ਰੇਮ ਲਤਾ, ਸੈਕਟਰੀ ਡਾਕਟਰ ਵਿਜੈ ਅਹੂਜਾ, ਸਲਾਹਕਾਰ ਵਿਨੋਦ ਸ਼ਰਮਾ, ਕਾਰਜਕਾਰੀ ਮੈਂਬਰ ਨਰੇਸ਼ ਨੰਦਨ ਸ਼ਰਮਾ, ਪ੍ਰੋਫੈਸਰ ਰਣਜੀਤ ਬੈਂਸ, ਪ੍ਰੋਫੈਸਰ ਗਗਨਦੀਪ ਸਿੰਘ, ਪ੍ਰੋਫੈਸਰ ਗੁਰਪ੍ਰੀਤ ਸਿੰਘ, ਪ੍ਰਫੈਸਰ ਗੁਰਜੀਤ ਰਾਣੀ, ਪ੍ਰੋਫੈਸਰ ਚਰਨਜੀਤ ਕੌਰ, ਸੁਪਰਡੈਂਟ ਹਰਮੀਤ ਸਿੰਘ ਅਤੇ ਵਿਦਿਆਰਥੀ ਹਾਜਰ ਸਨ।



# ਚਾਈਨਾ ਡੋਰ ਦੇ 212 ਗੱਟੂ ਬਰਾਮਦ



**ਨਵਾਂਸ਼ਹਿਰ, (ਮਨੋਜ ਲਾਡੀ)**- ਪਾਬੰਦੀਸ਼ੁਦਾ ਅਤੇ ਮਾਨਵੀ ਵਰਤੋਂ ਲਈ ਹਾਨੀਕਾਰਕ ਮੰਨੀ ਜਾਂਦੀ ਡੋਰ ਵੇਚਣ ਵਾਲਿਆਂ ਖਿਲਾਫ ਨਵਾਂਸ਼ਹਿਰ ਪੁਲਸ ਨੇਵੱਡੀ ਕਾਰਵਾਈ ਕਰਦਿਆਂ 212 ਗੱਟੂ ਚੀਨੀ ਡੋਰ ਦੇ ਬਰਾਮਦ ਕੀਤੇ।

ਸਿਟੀ ਥਾਣੇ ਦੇ ਐਸ ਐਚ ਓ ਵਿਨੋਦ ਕੁਮਾਰ ਅਨੁਸਾਰ ਆਕਾਸ਼ ਪੁੱਤਰ ਦੀਪਕ ਗੌਤਮ ਵਾਸੀ ਮੁਹੱਲਾ ਵੈਦਾਂ ਨਵਾਂਸ਼ਹਿਰ ਅਤੇ ਕ੍ਰਿਸ਼ਨ ਪੁੱਤਰ ਮੋਹਨ ਲਾਲ ਵਾਸੀ ਦੇਵ ਨਗਰ ਰਾਹੋਂ ਰੋਡ ਨਵਾਂਸ਼ਹਿਰ ਕੋਲੋਂ 212 ਵੱਡੀਆਂ, ਦਰਮਿਆਨੀਆਂ ਅਤੇ ਛੋਟੀਆਂ ਚੀਨੀ ਡੋਰ ਰੀਲਾਂ ਬਰਾਮਦ ਕੀਤੀਆਂ।

ਇਸ ਮਾਮਲੇ ਵਿੱਚ ਸਬੰਧਤ ਮੁਲਜਮਾਂ ਖਿਲਾਫ ਐਫ ਆਈ ਆਰ ਨੰਬਰ 215 ਮਿਤੀ 28-12-2022 ਅਧੀਨ ਆਈ ਪੀ ਸੀ 188 ਦਰਜ ਕੀਤੀ ਗਈ ਹੈ।

# ਗੁਰਦੁਆਰਾ ਬੇਰ ਸਾਹਿਬ ਵਿਖੇ ਸੰਗਤਾਂ ਨੇ ਮਾਤਾ ਗੁਜਰੀ ਤੇ ਸਾਹਿਬਜ਼ਾਦਿਆਂ ਦੀ ਯਾਦ 'ਚ ਕੀਤੇ ਮੂਲ ਮੰਤਰ ਦੇ ਜਾਪ

**ਸੁਲਤਾਨਪੁਰ ਲੋਧੀ, (ਬਲਵਿੰਦਰ ਸਿੰਘ ਧਾਲੀਵਾਲ ਰਾਜਵੀਰ ਸਿੰਘ)** - ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਵੱਲੋਂ ਸਮੂਹ ਸੰਗਤਾਂ ਨੂੰ ਦਿੱਤੇ ਅਦੇਸ਼ ਤਹਿਤ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਵਿਖੇ ਧੰਨ ਧੰਨ ਮਾਤਾ ਗੁਜਰੀ ਜੀ ਅਤੇ ਛੋਟੇ ਸਾਹਿਬਜ਼ਾਦਿਆਂ ਬਾਬਾ ਜੋਰਾਵਰ ਸਿੰਘ ਅਤੇ ਬਾਬਾ ਫਤਹਿ ਸਿੰਘ ਜੀ ਦੀ ਯਾਦ ਵਿੱਚ 10 ਮਿੰਟ ਲਈ ਸ੍ਰੀ ਮੂਲ ਮੰਤਰ ਸਾਹਿਬ ਦੇ ਪਾਠ ਕੀਤੇ ਗਏ।

ਇਸ ਮੌਕੇ ਵੱਡੀ ਗਿਣਤੀ ਸੰਗਤਾਂ ਨੇ ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਨਤਮਸਤਕ ਹੋ ਕੇ ਹਾਜਰੀਆਂ ਭਰਦਿਆਂ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਸ਼ਹਾਦਤ ਨੂੰ ਸਿਜਦਾ ਕੀਤਾ। ਇਸ ਮੌਕੇ ਮੈਨੇਜਰ ਸਤਿੰਦਰਪਾਲ ਸਿੰਘ ਬਾਜਵਾ, ਜਥੇਦਾਰ ਗੁਰਦਿਆਲ ਸਿੰਘ ਖਾਲਸਾ, ਹੈੱਡ ਗ੍ਰੰਥੀ ਭਾਈ ਸਤਨਾਮ ਸਿੰਘ, ਗ੍ਰੰਥੀ ਭਾਈ ਮਲਕੀਤ ਸਿੰਘ, ਭਾਈ ਅਵਤਾਰ ਸਿੰਘ, ਭਾਈ ਹਰਜਿੰਦਰ ਸਿੰਘ ਚੰਡੀਗੜ੍ਹ, ਭਾਈ ਜਸਵੰਤ ਸਿੰਘ, ਸਰਵਣ ਸਿੰਘ ਚੱਕਾਂ, ਭਾਈ ਗੁਰਪ੍ਰੀਤ ਸਿੰਘ, ਭਾਈ ਰਣਜੀਤ ਸਿੰਘ,ਜਰਨੈਲ ਸਿੰਘ ਅਕਾਊਟੈਂਟ, ਭੁਪਿੰਦਰ ਸਿੰਘ ਰਿਕਾਰਡ ਕੀਪਰ, ਸੁਖਵਿੰਦਰ ਸਿੰਘ ਖਜਾਨਚੀ, ਜਸਵਿੰਦਰ ਸਿੰਘ ਖਜਾਨਚੀ, ਗੁਰਦੀਪ ਸਿੰਘ, ਕੀਰਤਨੀਏ ਸਿੰਘ , ਕਥਾ ਵਾਚਕ ਤੇ ਸੰਗਤਾਂ ਵੱਡੀ ਗਿਣਤੀ ਵਿੱਚ ਹਾਜਰ ਸਨ।



# ਇੰਟਰ ਸਕੂਲ ਮੁਕਾਬਲੇ 'ਚ ਸੇਂਟ ਸੋਲਜਰ ਨੇ ਜਿੱਤੇ ਸੱਤ ਪਹਿਲੇ ਸਥਾਨ



**ਜਲੰਧਰ ( ਇਕਬਾਲ ਸਿੰਘ ਉੱਭੀ)**- ਸੇਂਟ ਸੋਲਜਰ ਡਿਵਾਇਨ ਪਬਲਿਕ ਸਕੂਲ ਕਰਤਾਰਪੁਰ ਬ੍ਰਾਂਚ ਦੇ ਵਿਦਿਆਰਥੀਆਂ ਨੇ ਮਾਤਾ ਗੁਜਰੀ ਖਾਲਸਾ ਕਾਲਜ ਵੱਲੋਂ ਕਰਵਾਏ ਗਏ ਅੰਤਰ ਸਕੂਲ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲੇ ਸਥਾਨ ਹਾਸਲ ਕਰਕੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ। ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਸ੍ਰੀਮਤੀ ਵਾਨੀ ਜੈਨ ਨੇ ਦੱਸਿਆ ਕਿ ਇਸ ਵਿਚ 25 ਸਕੂਲਾਂ ਨੇ ਭਾਗ ਲਿਆ ਸੀ। ਜਿਸ ਵਿੱਚ ਵੱਖ-ਵੱਖ ਮੁਕਾਬਲਿਆਂ ਵਿੱਚ ਡਿਕਲੇਮੇਸ਼ਨ ਵਿੱਚ ਪ੍ਰਿਤਪਾਲ ਕੌਰ, ਦੁਮਾਲਾ ਵਿੱਚ ਸਹਿਜਪ੍ਰੀਤ ਸਿੰਘ, ਕਾਰਟੂਨਿੰਗ ਵਿੱਚ ਬਰਜਿੰਦਰ ਸਿੰਘ, ਮਿਮਿਕਰੀ ਵਿੱਚ ਕੋਮਲ ਕੌਰ, ਫੈਂਸੀ ਡਰੈੱਸ ਵਿੱਚ ਸਹਿਜਪ੍ਰੀਤ, ਕੁਇਜ਼ ਵਿੱਚ ਸ਼ਾਜਿਦ ਅਤੇ ਟੀਮ, ਸਾਇੰਸ ਮਾਡਲ ਵਿੱਚ ਜੈਸਮੀਨ, ਅਰੁਣ ਅਤੇ ਸ਼ਾਜਿਦ ਨੇ ਪਹਿਲਾ, ਕੋਲਾਜ ਮੇਕਿੰਗ 'ਚ ਮਨਵੀਰ ਕੌਰ, ਬਿਜ਼ਨਸ ਮਾਡਲ ਵਿੱਚ ਪ੍ਰਿਤਪਾਲ ਅਤੇ ਮਨਵੀਰ, ਮਹਿੰਦੀ ਵਿੱਚ ਸ਼ਰਨਪ੍ਰੀਤ ਕੌਰ, ਸਲੋਗਨ ਰਾਈਟਿੰਗ ਵਿੱਚ ਕੋਮਲ ਕੌਰ ਨੇ ਦੂਜੇ, ਰੰਗੋਲੀ ਵਿੱਚ ਗੁਰਤੀਰਥ ਕੌਰ, ਕਵਿਤਾ ਵਿੱਚ ਸਰਿਆਂ, ਲੋਕ ਗੀਤ ਵਿੱਚ ਮਰੀਅਨ, ਗਿੱਧੇ ਵਿੱਚ ਤਨਮੀਤ ਅਤੇ ਟੀਮ ਤੀਜੇ ਸਥਾਨ 'ਤੇ ਰਹੀ। ਇਸ ਦੇ ਨਾਲ ਹੀ ਵਿਦਿਆਰਥੀਆਂ ਨੇ ਸੈਕਿੰਡ ਰਨਰ ਅੱਪ ਦਾ ਇਨਾਮ ਹਾਸਲ ਕੀਤਾ ਹੈ। ਵਿਦਿਆਰਥੀਆਂ ਨੇ ਖੁਸ਼ੀ ਦਾ ਇਜ਼ਹਾਰ ਕਰਦਿਆਂ ਆਪਣੀ ਸਫਲਤਾ ਦਾ ਸਿਹਰਾ ਅਧਿਆਪਕਾਂ ਅਤੇ ਪ੍ਰਬੰਧਕਾਂ ਨੂੰ ਦਿੱਤਾ। ਵਾਇਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਵਿਦਿਆਰਥੀਆਂ ਦੀ ਮਿਹਨਤ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੇ ਭਵਿੱਖ ਲਈ ਸ਼ੁੱਭਕਾਮਨਾਵਾਂ ਦਿੱਤੀਆਂ।

# ਡੀ ਸੀ ਦੀ ਪ੍ਰਧਾਨਗੀ ਹੇਠ ਹੋਈ ਬੈਂਕਾਂ ਦੀ ਜ਼ਿਲ੍ਹਾ ਪੱਧਰੀ ਸਲਾਹਕਾਰ ਕਮੇਟੀ ਦੀ ਤਿਮਾਹੀ ਮੀਟਿੰਗ



**ਐੱਸ ਏ ਐੱਸ ਨਗਰ, (ਗੁਰਜੀਤ ਬਿੱਲਾ)**—ਸਤੰਬਰ 2022 ਨੂੰ ਖਤਮ ਹੋਈ ਤਿਮਾਹੀ ਲਈ ਬੈਂਕਾਂ ਦੀ ਪ੍ਰਗਤੀ ਦਾ ਜਾਇਜਾ ਲੈਣ ਲਈ ਲੀਡ ਬੈਂਕ ਦਫਤਰ, ਪੰਜਾਬ ਨੈਸਨਲ ਬੈਂਕ, ਐਸ.ਏ.ਐਸ.ਨਗਰ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਐਸ.ਏ.ਐਸ.ਨਗਰ ਵਿਖੇ ਜ਼ਿਲ੍ਹਾ ਸਲਾਹਕਾਰ ਕਮੇਟੀ ਦੀ ਮੀਟਿੰਗ ਬੁਲਾਈ ਗਈ। ਮੀਟਿੰਗ ਦੀ ਪ੍ਰਧਾਨਗੀ ਅਮਿਤ ਤਲਵਾੜ, ਡਿਪਟੀ ਕਮਿਸਨਰ ਵੱਲੋਂ ਕੀਤੀ ਗਈ। ਜਗਜੀਤ ਸਿੰਘ ਟੀਣਾ, ਚੀਫ ਲੀਡ ਜ਼ਿਲ੍ਹਾ ਮੈਨੇਜਰ, ਐਸ.ਏ.ਐਸ. ਨਗਰ ਨੇ ਡੀ. ਡੀ.ਐਮ. ਨਾਬਾਰਡ ਗੁਰਪ੍ਰੀਤ ਸਿੰਘ, ਆਰ.ਬੀ.ਆਈ. ਤੋਂ ਅਸਿਸਟੈਂਟ ਜਨਰਲ ਮੈਨੇਜਰ ਸ੍ਰੀਮਤੀ ਅਨੀਤਾ ਸ਼ਰਮਾ, ਪੰਜਾਬ ਨੈਸ਼ਨਲ ਬੈਂਕ ਐੱਸ. ਏ.ਐੱਸ. ਨਗਰ ਤੋਂ ਅਸਿਸਟੈਂਟ ਜਨਰਲ ਮੈਨੇਜਰ ਸ੍ਰੀਮਤੀ ਗੀਟਾ ਜੁਨੇਜਾ , ਆਰ.ਸੇਟੀ ਤੋਂ ਸਟੇਟ ਡਾਇਰੈਕਟਰ ਚਰਨਜੀਤ ਸਿੰਘ ਪਾਹਵਾ ,ਸਾਰੇ ਬੈਂਕਾਂ ਦੇ ਕੋਆਰਡੀਨੇਟਰ, ਸਰਕਾਰੀ ਵਿਭਾਗਾਂ ਦੇ ਡਿਪਟੀ ਡਾਇਰੈਕਟਰ ਅਤੇ ਸਾਰੇ ਭਾਗੀਦਾਰਾਂ ਦਾ ਸਵਾਗਤ ਕੀਤਾ। ਅਮਿਤ ਤਲਵਾਰ ਨੇ ਸਾਲਾਨਾ ਕ੍ਰੈਡਿਟ ਯੋਜਨਾ 2022-23 ਦੇ ਤਹਿਤ ਤਿਮਾਹੀ ਸਤੰਬਰ 2022 ਲਈ ਸਾਰੇ ਬੈਂਕਾਂ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਅਤੇ ਬੈਂਕਾਂ ਨੂੰ ਸੂਖਮ ਪੱਧਰ ਦੇ ਕਰਜੇ ਦੇ ਕੇ ਕਮਜੋਰ ਸੈਕਟਰ , ਗਰੀਬਾਂ ਅਤੇ ਦੱਬੇ ਕੁਚਲੇ ਲੋਕਾਂ ਦੀ ਮਦਦ 'ਤੇ ਧਿਆਨ ਦੇਣ ਦੀ ਸਲਾਹ ਦਿੱਤੀ। ਇਸ ਤੋਂ ਇਲਾਵਾ, ਉਨ੍ਹਾਂ ਨੇ ਸਾਰੇ ਬੈਂਕਾਂ ਨੂੰ ਸਰਕਾਰੀ ਸਪਾਂਸਰਡ ਸਕੀਮਾਂ ਜਿਵੇਂ ਕਿ ਪੀ.ਐੱਫ. ਐਮ.ਈ., ਏ.ਆਈ. ਐੱਫ., ਡੇਅਰੀ ਕਿਸਾਨਾਂ ਲਈ ਕਿਸਾਨ ਕ੍ਰੈਡਿਟ ਕਾਰਡ, ਸੈਲਫ ਹੈਲਪ ਗਰੁੱਪ ਕ੍ਰੈਡਿਟ ਲਿੰਕੇਜ, ਪ੍ਰਧਾਨ ਮੰਤਰੀ ਰੋਜਗਾਰ ਉਤਪਤੀ ਪ੍ਰੋਗਰਾਮ ਅਤੇ ਪ੍ਰਧਾਨ ਮੰਤਰੀ ਸਵਨਿਧੀ ਆਦਿ ਨੂੰ ਤਰਜੀਹ ਦੇਣ ਦੀ ਸਲਾਹ ਦਿੱਤੀ। ਜਗਜੀਤ ਸਿੰਘ ਟੀਣਾ, ਮੁੱਖ ਐਲ. ਡੀ.ਐਮ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ ਬੈਂਕਾਂ ਵੱਲੋਂ ਸਤੰਬਰ ਤਿਮਾਹੀ ਤੱਕ ਤਰਜੀਹੀ ਖੇਤਰ ਦੇ ਟੀਚੇ 3566 ਕਰੋੜ ਦੇ ਵਿਰੁੱਧ 3441 ਕਰੋੜ ਰੁਪਏ ਰਿਣ ਵੰਡਿਆ ਗਿਆ ਹੈ. ਪ੍ਰਧਾਨ ਮੰਤਰੀ ਜੀਵਣ ਜਯੋਤੀ ਬੀਮਾ ਯੋਜਨਾ ਦੇ ਤਹਿਤ 71466 , ਪ੍ਰਧਾਨ ਮੰਤਰੀ ਸੁਰੱਖਿਆ ਬੀਮਾ ਯੋਜਨਾ ਦੇ ਤਹਿਤ 209731 ਅਤੇ ਅਟਲ ਪੈਨਸ਼ਨ ਯੋਜਨਾ ਦੇ ਤਹਿਤ 50094 ਲਾਭਪਾਤਰੀਆਂ ਨੂੰ ਕਵਰ ਕੀਤਾ ਗਿਆ ਹੈ। ਸ੍ਰੀਮਤੀ ਗੀਟਾ ਜੁਨੇਜਾ ਨੇ ਸਾਰੇ ਬੈਂਕਾਂ ਨੂੰ ਨਿਰਧਾਰਿਤ ਟੀਚੇ ਪ੍ਰਾਪਤ ਕਰਨ ਦੀ ਅਪੀਲ ਕੀਤੀ ਤਾਂ ਜੋ ਜ਼ਿਲ੍ਹੇ ਦਾ ਵਿਕਾਸ ਹੋਰ ਵੀ ਵਧੀਆ ਹੋ ਸਕੇ। ਰਿਜਰਵ ਬੈਂਕ ਆਫ ਇੰਡੀਆ ਤੋਂ ਅਨੀਤਾ ਸ਼ਰਮਾ ਨੇ ਆਪਣਾ ਸੰਦੇਸ਼ ਦਿੱਤਾ ਕਿ ਜ਼ਿਲ੍ਹੇ ਦੇ ਖੇਤੀਬਾੜੀ ਸੈਕਟਰ ਅਤੇ ਕਮਜੋਰ ਸੈਕਟਰ ਨੂੰ ਹੁਲਾਰਾ ਦੇਣ ਅਤੇ ਉਨ੍ਹਾਂ ਦੇ ਵਿਕਾਸ ਲਈ ਪੌਪ-ਅੱਪ ਯੋਜਨਾਵਾਂ ਬਣਾਉਣ ਵੱਲ ਧਿਆਨ ਦੇਣਾ ਚਾਹੀਦਾ ਹੈ। ਉਨ੍ਹਾਂ ਨੇ ਸਾਰੇ ਡੀਸੀਓਜ ਨੂੰ ਡਿਜੀਟਲਾਈਜੇਸਨ ਕੈਂਪਾਂ ਦਾ ਆਯੋਜਨ ਕਰਨ ਦੀ ਵੀ ਸਲਾਹ ਦਿੱਤੀ ਕਿਉਂਕਿ ਆਮ ਲੋਕਾਂ ਨੂੰ ਡਿਜੀਟਲਾਈਜੇਸ਼ਨ ਦੇ ਫਾਇਦਿਆਂ ਤੋਂ ਜਾਣੂ ਕਰਵਾਉਣਾ ਹੁੰਦਾ ਹੈ ਤਾਂ ਜੋ ਉਹ ਵਧੇਰੇ ਆਤਮ ਵਿਸ਼ਵਾਸ ਨਾਲ ਡਿਜੀਟਲ ਉਤਪਾਦਾਂ ਦੀ ਵਰਤੋਂ ਕਰ ਸਕਣ। ਚੀਫ ਐਲ.ਡੀ.ਐਮ. ਨੇ ਡਿਪਟੀ ਕਮਿਸ਼ਨਰ ਦੇ ਮਾਰਗਦਰਸ਼ਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ ਅਤੇ ਜ਼ਿਲ੍ਹਾ ਪ੍ਰਸ਼ਾਸਨ ਨੂੰ ਯਕੀਨ ਦਵਾਇਆ ਕਿ ਬੈਂਕ ਸਾਰੀਆਂ ਸਰਕਾਰੀ ਸਕੀਮਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਨ ਲਈ ਆਪਣੀ ਪੂਰੀ ਕੋਸ਼ਿਸ਼ ਕਰਨਗੇ ਅਤੇ ਭਵਿੱਖ ਵਿੱਚ ਵੀ ਜ਼ਿਲ੍ਹੇ ਦੇ ਸਾਰੇ ਤਰਜੀਹੀ ਖੇਤਰ ਦੇ ਟੀਚਿਆਂ ਨੂੰ ਪ੍ਰਾਪਤ ਕਰਨਗੇ।

30-DEC-PAGE-10.qxd 12/29/2022 10:39 PM Page 1



# ਮਹੀਨਾ ਤੇ ਸਾਲ ਅਜੇ ਚੜ੍ਹਿਆ ਨਹੀਂ, ਪੈਕਿੰਗ ਤਰੀਕ ਪਹਿਲਾਂ ਹੀ ਛਾਪ ਦਿੱਤੀ




**ਭਗਤਾ ਭਾਈ ਕਾ (ਰਾਜੀਵ ਗੋਇਲ)**
ਸਮੇਂ-ਸਮੇਂ 'ਤੇ ਸਿਹਤ ਵਿਭਾਗ ਵੱਲੋਂ ਭਾਵੇਂ ਹੀ ਲੋਕਾਂ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਪਰ ਚੈਕਿੰਗ ਦੇ ਨਾਂਅ 'ਤੇ ਕੀਤੀ ਜਾ ਰਹੀ ਖਾਨਾਪੂਰਤੀ ਦੀ ਤਾਜ਼ਾ ਮਿਸਾਲ ਉਸ ਸਮੇਂ ਸਾਹਮਣੇ ਆਈ, ਜਦੋਂ ਬਠਿੰਡਾ ਦੇ ਇੱਕ ਨਿੱਜੀ ਫ਼ਲ ਵਿਕਰੇਤਾ ਪਾਸੋਂ ਖਰੀਦੇ ਗਏ ਖਜੂਰ ਦੇ ਡੱਬੇ 'ਤੇ ਪੈਕਿੰਗ ਤਾਰੀਕ ਜਨਵਰੀ 2023 ਛਾਪੀ ਹੋਈ ਨਜ਼ਰ ਆਈ।

ਕੁਝ ਦਿਨ ਪਹਿਲਾਂ ਬਠਿੰਡਾ ਦੇ ਪਾਵਰ ਹਾਊਸ ਰੋਡ ਤੋਂ ਇੱਕ ਨਿੱਜੀ ਫ਼ਲ ਵਿਕਰੇਤਾ ਪਾਸੋਂ ਕੁਝ ਫ਼ਲ ਖਰੀਦਿਆ ਗਿਆ ਸੀ, ਜਿਸ ਵਿੱਚ ਇਹ ਖਜੂਰ ਦਾ ਡੱਬਾ ਵੀ ਸ਼ਾਮਲ ਸੀ ਤੇ ਵਿਕਰੇਤਾ ਵੱਲੋਂ ਇਸ ਖਜੂਰ ਨੂੰ ਟਾਪ ਕਲਾਸ ਖਜੂਰ ਕਹਿ ਕੇ ਖਰੀਦ ਕਰਤਾ ਨੂੰ ਦਿੱਤਾ ਗਿਆ ਸੀ। ਪਰ ਖਰੀਦ ਕਰਤਾ ਦੇ ਉਸ ਸਮੇਂ ਹੋਸ਼ ਉੱਡ ਗਏ, ਜਦੋਂ ਉਸਨੇ ਇਸ ਖਜੂਰ ਦੇ ਡੱਬੇ 'ਤੇ ਪੈਕਿੰਗ ਤਰੀਕ ਛਪੀ ਹੋਈ ਦੇਖੀ। ਇਸ ਡੱਬੇ 'ਤੇ ਪੈਕਿੰਗ ਤਾਰੀਕ ਜਨਵਰੀ 2023 ਛਪੀ ਹੋਈ ਸੀ, ਜਦਕਿ ਖਜੂਰ ਦਾ ਇਹ ਡੱਬਾ ਦਸੰਬਰ ਮਹੀਨੇ ਖਰੀਦਿਆ ਗਿਆ ਸੀ। ਇਸ ਮਸਲੇ ਨੂੰ ਲੈ ਕੇ ਜਦੋਂ ਡੀ.ਸੀ ਬਠਿੰਡਾ ਨਾਲ ਗੱਲਬਾਤ ਕੀਤੀ ਗਈ ਤਾਂ ਉਨ੍ਹਾਂ ਵੱਲੋਂ ਜਾਂਚ ਕਰਾਉਣ ਦਾ ਭਰੋਸਾ ਦਿੱਤਾ ਗਿਆ, ਪਰ ਇਸ ਮਸਲੇ ਵਿੱਚ ਖਜੂਰ ਕੰਪਨੀ ਵੱਲੋਂ ਜਿੱਥੇ ਆਮ ਲੋਕਾਂ ਦੀ ਸਿਹਤ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ, ਉੱਥੇ ਹੀ ਧੋਖਾਧੜੀ ਵੀ ਕੀਤੀ ਜਾ ਰਹੀ ਹੈ। ਮਹਿਕਮੇ ਨੂੰ ਅਜਿਹੇ ਲੋਕਾਂ ਖਿਲਾਫ ਬਣਦੀ ਕਾਰਵਾਈ ਕਰਨੀ ਚਾਹੀਦੀ ਹੈ, ਜਿਹੜੇ ਆਪਣੇ ਮੁਨਾਫ਼ੇ ਲਈ ਲੋਕਾਂ ਦੀ ਸਿਹਤ ਨਾਲ ਖਿਲਵਾੜ ਕਰਨ ਤੋਂ ਵੀ ਗੁਰੇਜ਼ ਨਹੀਂ ਕਰਦੇ।

# ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਮਨਾਇਆ



**ਮੱਖੂ (ਰਛਪਾਲ ਸਿੰਘ ਸੰਧੂ)**
ਖਾਲਸਾ ਟੈਕਸੀ ਸਟੈਂਡ ਵੱਲੋਂ ਨਜ਼ਦੀਕ ਦਾਣਾ ਮੰਡੀ ਵਿਖੇ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਪੁਰਬ ਬਹੁਤ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਾਇਆ ਗਿਆ।

ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਉਪਰੰਤ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ ਤੇ ਸੰਗਤ ਵਿੱਚ ਲੰਗਰ ਵਰਤਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤਾਂ ਵੱਲੋਂ ਹਾਜ਼ਰੀ ਲਵਾਈ ਗਈ। ਖਾਲਸਾ ਟੈਕਸੀ ਸਟੈਂਡ ਦੇ ਸਮੂਹ ਮੈਂਬਰਾਂ ਵੱਲੋਂ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀਆਂ ਸੰਗਤਾਂ ਨੂੰ ਵਧਾਈਆਂ ਦਿੱਤੀਆਂ ਤੇ ਪ੍ਰਮਾਤਮਾ ਅੱਗੇ ਅਰਦਾਸ ਕੀਤੀ ਕਿ ਆਉਣ ਵਾਲਾ ਨਵਾਂ ਸਾਲ ਸਾਰਿਆਂ ਲਈ ਖੁਸ਼ੀਆਂ ਭਰਿਆ ਹੋਵੇ। ਲੰਗਰ ਵਰਤਾਉਣ ਦੀ ਸੇਵਾ ਸੰਦੀਪ ਸਿੰਘ, ਹਾਕਮ ਸਿੰਘ, ਗੁਰਦੇਵ ਸਿੰਘ, ਜਗਤਾਰ ਸਿੰਘ, ਸੁਖਚੈਨ ਸਿੰਘ, ਬਲਦੇਵ ਸਿੰਘ, ਸੁਰਜੀਤ ਸਿੰਘ, ਚਾਨਣ ਸਿੰਘ, ਰਣਜੀਤ ਸਿੰਘ, ਜੋਧਵੀਰ ਸਿੰਘ, ਸੋਨੂੰ ਭੱਟੀ ਤੇ ਗੁਰਲਾਲ ਸਿੰਘ ਸਿੱਧੂ ਆਦਿ ਵੱਲੋਂ ਨਿਭਾਈ ਗਈ।

# ਆਕਸਫੋਰਡ ਸਕੂਲ ਵੱਲੋਂ ਵਿਦਿਆਰਥੀਆਂ ਲਈ ਸੈਮੀਨਾਰ



ਸੈਮੀਨਰ ਮੌਕੇ ਤਸਵੀਰ ਕਰਵਾਉਂਦੇ ਬੱਚੇ।

**ਭਗਤਾ ਭਾਈ ਕਾ (ਰਾਜੀਵ ਗੋਇਲ)**
'ਦ ਆਕਸਫੋਰਡ ਸਕੂਲ ਆਫ਼ ਐਜੂਕੇਸ਼ਨ' ਵੱਲੋਂ 29 ਤੇ 30 ਨਵੰਬਰ ਨੂੰ ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਲਈ ਦੋ ਦਿਨਾਂ ਸੈਮੀਨਾਰ ਲਵਾਇਆ ਗਿਆ। ਟ੍ਰੇਨਰ ਸ੍ਰੀਮਤੀ ਮੀਨੂੰ ਭਾਰਗਵ ਨੇ ਇਸ ਸੈਮੀਨਾਰ ਦੀ ਅਗਵਾਈ ਕਰਦਿਆਂ ਵਿਦਿਆਰਥੀਆਂ ਨੂੰ 'ਬੋਰਡ ਪ੍ਰੀਖਿਆ ਦੀ ਤਿਆਰੀ ਕਿਵੇਂ ਕਰੀਏ' ਬਾਰੇ ਅਜਿਹੇ ਸੁਝਾਅ ਦਿੱਤੇ ਕਿ ਵਿਦਿਆਰਥੀਆਂ ਵਿੱਚੋਂ ਬੋਰਡ ਪ੍ਰੀਖਿਆ ਕਾਰਨ ਬਣਿਆ ਹੋਇਆ ਡਰ ਜਾਂਦਾ ਰਿਹਾ।

ਸ੍ਰੀਮਤੀ ਭਾਰਗਵ ਨੇ ਆਪਣੇ 35 ਸਾਲਾਂ ਦੇ ਤਜਰਬੇ ਦਾ ਗਿਆਨ ਵਿਦਿਆਰਥੀਆਂ ਨੂੰ ਵੰਡਦਿਆਂ ਉਨ੍ਹਾਂ ਨੂੰ 'ਤਣਾਅ ਮੁਕਤ' ਤੇ ਟਾਈਮ ਮੈਨੇਜਮੈਂਟ ਕਰਕੇ ਪ੍ਰੀਖਿਆ ਦੀ ਤਿਆਰੀ ਕਰਨ ਲਈ ਪ੍ਰੇਰਤ ਕੀਤਾ। ਸ੍ਰੀਮਤੀ ਭਾਰਗਵ ਨੇ ਅਪਣੇ ਬਾਰੇ ਦੱਸਿਆ ਕਿ ਭਾਵੇਂ ਉਹ ਦਿੱਲੀ ਦੇ ਰਹਿਣ ਵਾਲੇ ਹਨ, ਪਰ ਉਨ੍ਹਾਂ ਨੇ ਭਾਰਤ ਦੇ ਕੋਨੇ-ਕੋਨੇ ਵਿੱਚ ਸੈਮੀਨਾਰ ਲਾ ਕੇ ਲਗਭਗ 700 ਸਕੂਲਾਂ ਵਿੱਚ ਆਪਣੇ ਤਜਰਬੇ ਦਾ ਗਿਆਨ ਵੰਡਿਆ ਹੈ, ਜਿਸ ਵਿੱਚ ਵਿਦਿਆਰਥੀ ਜੀਵਨ ਵਿੱਚ ਮਾਤਾ-ਪਿਤਾ ਦਾ ਰੋਲ, ਕੈਰੀਅਰ, ਪ੍ਰੀਖਿਆ ਦੀ ਤਿਆਰੀ ਤੇ ਇੱਕੀਵੀਂ ਸਦੀ ਦੀ ਤਕਨੀਕੀ ਸਿੱਖਿਆ ਉੱਤੇ ਸੈਮੀਨਾਰ ਪ੍ਰਮੁੱਖ ਹਨ। ਸਕੂਲ ਦੇ ਪ੍ਰਿੰਸੀਪਲ ਸ੍ਰੀ ਰੂਪਲਾਲ ਬਾਂਸਲ ਨੇ ਵਿਦਿਆਰਥੀਆਂ ਨੂੰ ਸੰਬੋਧਨ ਹੁੰਦੇ ਹੋਏ ਸ੍ਰੀਮਤੀ ਭਾਰਗਵ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਵਿਚਾਰਾਂ ਨੂੰ ਸੰਭਾਲਣ ਲਈ ਪ੍ਰੇਰਤ ਕੀਤਾ ਤੇ ਕਿਹਾ ਕਿ ਇਹ ਸੈਮੀਨਾਰ ਤੁਹਾਨੂੰ ਬੋਰਡ ਦੀਆਂ ਪ੍ਰੀਖਿਆਵਾਂ ਵਿੱਚ ਬਹੁਤ ਸਹਾਈ ਹੋਵੇਗਾ, ਜਿਸ ਦੇ ਅਸਰ ਕਾਰਨ ਤੁਸੀਂ ਉੱਚੀਆਂ ਪੁਜ਼ੀਸ਼ਨਾਂ ਤੇ ਚੰਗੇ ਅੰਕ ਪ੍ਰਾਪਤ ਕਰ ਸਕਦੇ ਹੋ। ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਸਰਪ੍ਰਸਤ ਹਰਦੇਵ ਸਿੰਘ ਬਰਾੜ (ਸਾਬਕਾ ਚੇਅਰਮੈਨ ਮਾਰਕੀਟ ਕਮੇਟੀ ਭਗਤਾ ਭਾਈ ਕਾ) ਚੇਅਰਮੈਨ ਹਰਗੁਰਪ੍ਰੀਤ ਸਿੰਘ ਬਰਾੜ, ਵਾਇਸ ਚੇਅਰਮੈਨ ਪਰਮਪਾਲ ਸਿੰਘ ਸ਼ੈਰੀ ਢਿੱਲੋਂ, ਪ੍ਰਧਾਨ ਗੁਰਮੀਤ ਸਿੰਘ ਗਿੱਲ ਤੇ ਵਿੱਤ ਸਕੱਤਰ ਗੁਰਮੀਤ ਸਿੰਘ ਸਰਪੰਚ ਤੇ ਸਕੂਲ ਦੇ ਡਾਇਰੈਕਟਰ ਮੈਡਮ ਸ੍ਰੀਮਤੀ ਨੀਰੂ ਗਾਂਧੀ ਵੀ ਮੌਜੂਦ ਸਨ।

## ਕਾਤਰਾਂ

### ਮੋਟਰਸਾਈਕਲ ਚੋਰੀ ਕਰਨ ਵਾਲਾ ਵਿਅਕਤੀ ਕਾਬੂ

**ਮਲੋਟ (ਗੁਰਮੀਤ ਸਿੰਘ ਮੱਕੜ)**-ਥਾਣਾ ਸਿਟੀ ਪੁਲਸ ਨੇ ਚੋਰੀ ਦੇ ਮੋਟਰਸਾਈਕਲ ਸਮੇਤ ਇੱਕ ਵਿਅਕਤੀ ਨੂੰ ਕਾਬੂ ਕੀਤਾ ਹੈ। ਪੁਲਸ ਪਾਰਟੀ ਗਸ਼ਤ ਦੇ ਦੌਰਾਨ ਸ਼ੇਖੂ ਰੋਡ ਮਲੋਟ ਸੀ ਤਾਂ ਪੁਲਸ ਨੂੰ ਗੁਪਤ ਸੂਚਨਾ ਮਿਲੀ ਕਿ ਦਲਜੀਤ ਰਾਮ ਵਾਸੀ ਪਟੇਲ ਨਗਰ ਮਲੋਟ ਮੋਟਰਸਾਈਕਲ ਚੋਰੀ ਕਰਕੇ ਵੇਚਣ ਦਾ ਆਦੀ ਹੈ ਅਤੇ ਅੱਜ ਵੀ ਚੋਰੀ ਦਾ ਮੋਟਰਸਾਈਕਲ ਵੇਚਣ ਲਈ ਮਲੋਟ ਆ ਰਿਹਾ ਹੈ ਤਾਂ ਪੁਲਸ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਨਾਕਾਬੰਦੀ ਕਰਕੇ ਉਕਤ ਵਿਅਕਤੀ ਨੂੰ ਚੋਰੀ ਦੇ ਮੋਟਰਸਾਈਕਲ ਸਮੇਤ ਕਾਬੂ ਕਰ ਲਿਆ। ਪੁਲਸ ਨੇ ਉਕਤ ਵਿਅਕਤੀ 'ਤੇ ਮੁਕੱਦਮਾ ਨੰ. 311 ਧਾਰਾ 379 ਆਈ.ਪੀ.ਸੀ. ਤਹਿਤ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਸ਼ਾਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਸਮਰਪਤ ਲੰਗਰ ਲਾਇਆ



**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਮਲੇਰਕੋਟਲਾ ਰੋਡ 'ਤੇ ਸਥਿਤ ਪੰਜਾਬ ਨੈਸ਼ਨਲ ਬੈਂਕ ਵੱਲੋਂ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਬਰੈਡ ਪਕੌੜਿਆਂ ਅਤੇ ਚਾਹ ਦਾ ਲੰਗਰ ਲਾਇਆ ਗਿਆ। ਬੈਂਕ ਦੇ ਚੀਫ ਮੈਨੇਜਰ ਸ਼ੈਲੇਸ਼ ਕੁਮਾਰ, ਸੀਨੀਅਰ ਮੈਨੇਜਰ ਗੋਰਾ ਲਾਲ, ਆਸ਼ਮਾ ਰਾਣੀ, ਮੈਨੇਜਰ ਪਰਮਜੀਤ ਕੌਰ ਨੇ ਲੰਗਰ ਵਿੱਚ ਸੇਵਾ ਕਰਦਿਆਂ ਸ਼ਹਿਬਜ਼ਾਦਿਆਂ ਦੀ ਸ਼ਹੀਦੀ ਨੂੰ ਨਮਨ ਕਰਦਿਆਂ ਉਨ੍ਹਾਂ ਨੂੰ ਸ਼ਰਧਾ ਦੇ ਫੁੱਲ ਭੇਂਟ ਕੀਤੇ। ਉਨ੍ਹਾਂ ਕਿਹਾ ਕਿ ਸ਼ਹਿਬਜ਼ਾਦਿਆਂ ਦੀ ਸ਼ਹਾਦਤ ਆਪਣੇ ਆਪ ਵਿੱਚ ਇੱਕ ਮਿਸਾਲ ਹੈ, ਜਿਸ ਨੂੰ ਬਿਆਨ ਕਰਨ ਲਈ ਲਫ਼ਜ਼ ਨਹੀਂ ਜੋੜੇ ਜਾ ਸਕਦੇ। ਇਸ ਮੌਕੇ ਅਫ਼ਸਰ ਪ੍ਰਵੀਨ ਕੁਮਾਰ, ਮੁੱਖ ਕੈਸ਼ੀਅਰ ਜਤਿੰਦਰ ਸਿੰਘ, ਇਕਬਾਲ ਸਿੰਘ, ਹਰਪ੍ਰੀਤ ਕੌਰ ਤੇ ਅਮਰਜੀਤ ਸਿੰਘ ਆਦਿ ਵੀ ਹਾਜ਼ਰ ਸਨ।

### ਮੈਡੀਕਲ ਚੈੱਕਅੱਪ ਕੈਂਪ 'ਚ 78 ਮਰੀਜ਼ਾਂ ਦੀ ਜਾਂਚ



**ਜਲਾਲਾਬਾਦ (ਦਹੂਜਾ)** ਗਾਂਧੀ ਨਗਰ ਵਿਖੇ ਪਰਸਵਾਰਥ ਸਭਾ ਵੱਲੋਂ ਚੱਲ ਰਹੀ ਡਿਸਪੈਂਸਰੀ 'ਚ ਮੈਡੀਕਲ ਚੈੱਕਅਪ ਕੈਂਪ ਦੌਰਾਨ ਡਾ. ਓਮ ਪ੍ਰਕਾਸ਼ ਕੰਬੋਜ ਨੇ ਮਰੀਜ਼ਾਂ ਦਾ ਚੈੱਕਅਪ ਕੀਤਾ ਤੇ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ। ਸਭਾ ਦੇ ਅਹੁਦੇਦਾਰ ਸੁਰੇਸ਼ ਚੌਹਾਨ ਨੇ ਦੱਸਿਆ ਕਿ 78 ਮਰੀਜ਼ਾਂ ਦਾ ਚੈੱਕਅਪ ਕਰਕੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਹ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਹਰ ਬੁੱਧਵਾਰ ਤੇ ਐਤਵਾਰ ਲਾਇਆ ਜਾਂਦਾ ਹੈ, ਜਿਸ ਦਾ ਫ਼ਾਇਦਾ ਹਜ਼ਾਰਾਂ ਦੀ ਗਿਣਤੀ 'ਚ ਮਰੀਜ਼ ਉਠਾ ਚੁੱਕੇ ਹਨ ਤੇ ਉਠਾ ਰਹੇ ਹਨ। ਉਨ੍ਹਾਂ ਕਿਹਾ ਕਿ ਲੋੜਵੰਦ ਤੇ ਗ਼ਰੀਬ ਪਰਵਾਰਾਂ ਦੇ ਲੋਕ ਹਫ਼ਤੇ 'ਚ 2 ਵਾਰ ਮਾਹਿਰ ਡਾਕਟਰਾਂ ਵਲੋਂ ਮੁਫ਼ਤ ਚੈੱਕਅਪ ਦਾ ਫ਼ਾਇਦਾ ਉਠਾ ਸਕਦੇ ਹਨ। ਇਸ ਮੌਕੇ ਪਰਸਵਾਰਥ ਸਭਾ ਦੇ ਆਹੁਦੇਦਾਰ ਅਨਿਲ ਦੀਪ ਨਾਗਪਾਲ, ਮੋਹਨ ਲਾਲ ਕੁੱਕੜ, ਵਿਜੇ ਬਾਘਲਾ, ਗੁਰਚਰਨ ਕਮੀਰਿਆ, ਸੁਰੇਸ਼ ਚੌਹਾਨ, ਜਸਰਾਜ ਭਠੇਜਾ ਮੈਡਮ ਕੀਰਤੀ ਵਾਟਸ ਆਦਿ ਹਾਜ਼ਰ ਸਨ।

# ਜੀਂਦ ਰੈਲੀ ਦੀ ਸਫ਼ਲਤਾ ਲਈ ਕਾਫ਼ਲੇ ਬੰਨ੍ਹ ਕੇ ਤੁਰੇ ਅਧਿਆਪਕ ਤੇ ਹੋਰ ਕਰਮਚਾਰੀ



**ਸਿਰਸਾ (ਸੁਰਿੰਦਰ ਪਾਲ ਸਿੰਘ)**-ਜ਼ਿਲ੍ਹੇ ਦੇ ਹਜ਼ਾਰਾਂ ਅਧਿਆਪਕਾਂ ਸਮੇਤ ਹੋਰ ਕਰਮਚਾਰੀ ਸਿੱਖਿਆ ਬਚਾਓ ਰੈਲੀ ਵਿੱਚ ਹਿਸਾ ਲੈਣ ਹਿੱਤ ਹਰਿਆਣਾ ਸਕੂਲ ਟੀਚਰਜ਼ ਐਸੋਸੀਏਸ਼ਨ ਦੇ ਸੱਦੇ 'ਤੇ ਜੀਂਦ ਰੈਲੀ ਲਈ ਪੁੱਜੇ। ਹਰਿਆਣਾ ਸਕੂਲ ਟੀਚਰਜ਼ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ, ਜ਼ਿਲ੍ਹਾ ਸਕੱਤਰ ਬੂਟਾ ਸਿੰਘ ਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਕ੍ਰਿਸ਼ਨ ਕਯਾਤ ਨੇ ਦੱਸਿਆ ਕਿ ਜਨਤਕ ਸਿੱਖਿਆ ਦੇ ਨਿੱਜੀਕਰਨ, ਸਕੂਲਾਂ ਦੇ ਰਲੇਵੇਂ ਤੇ ਲੜਕੀਆਂ ਦੇ ਸਕੂਲਾਂ ਸਮੇਤ ਵੱਖ-ਵੱਖ ਸਕੂਲਾਂ ਨੂੰ ਬੰਦ ਕਰਨ ਦੀ ਕਾਰਵਾਈ, ਚਿਰਾਗ ਯੋਜਨਾ, ਗ਼ੈਰ-ਵਿੱਦਿਅਕ ਕੰਮਾਂ ਅਤੇ ਅਧਿਆਪਕਾਂ ਖਿਲਾਫ਼ ਹੋ ਰਹੀਆਂ ਧੱਕੇਸ਼ਾਹੀਆਂ ਦੇ ਵਿਰੋਧ 'ਚ ਜ਼ਿਲ੍ਹੇ ਦੇ ਸਾਰੇ ਵਿਭਾਗਾਂ ਦੇ ਹਜ਼ਾਰਾਂ ਕ੍ਰਮਚਾਰੀ ਜੀਂਦ ਰੈਲੀ ਚ ਸ਼ਾਮਲ ਹੋਏ। ਉਨ੍ਹਾਂ ਕਿਹਾ ਕਿ 14503 ਸਰਕਾਰੀ ਸਕੂਲਾਂ ਵਿੱਚੋਂ 4801 ਸਕੂਲਾਂ ਦਾ ਰਲੇਵਾਂ ਕਰਕੇ ਸਰਕਾਰ ਹੌਲੀ-ਹੌਲੀ ਜਨਤਕ ਸਿੱਖਿਆ ਨੂੰ ਖਤਮ ਕਰਨ ਦਾ ਅੜੀਅਲ ਰਵੱਈਆ ਅਪਣਾ ਰਹੀ ਹੈ।ਸਿੱਖਿਆ ਵਿਭਾਗ ਵਿੱਚ ਯੋਜਨਾਬੱਧ ਤਰੀਕੇ ਨਾਲ ਕੌਸ਼ਲ ਰੁਜ਼ਗਾਰ ਨਿਗਮ ਵੱਲੋਂ ਅਧਿਆਪਕਾਂ ਵਰਗੀਆਂ ਅਹਿਮ ਅਸਾਮੀਆਂ 'ਤੇ ਆਰਜ਼ੀ ਭਰਤੀ ਸ਼ੁਰੂ ਕਰ ਦਿੱਤੀ ਗਈ ਹੈ ਤਾਂ ਜੁ ਜਨਤਕ ਸਿੱਖਿਆ ਦੇ ਢਾਂਚੇ ਨੂੰ ਹੌਲੀ-ਹੌਲੀ ਨਿੱਜੀ ਹੱਥਾਂ ਵਿੱਚ ਸੌਂਪਿਆ ਜਾ ਸਕੇ।

ਉਨ੍ਹਾਂ ਕਿਹਾ ਕਿ ਅਧਿਆਪਕਾਂ ਤੇ ਦੇਸ਼ ਧ੍ਰੋਹ ਵਰਗੇ ਕੇਸ ਦਰਜ ਕੀਤੇ ਜਾ ਰਹੇ ਹਨ ਹਨ। ਰੈਲੀ ਵਿੱਚ ਭਾਗ ਲੈ ਰਹੇ ਅਧਿਆਪਕਾਂ ਦਾ ਕਹਿਣਾ ਹੈ ਕਿ ਉਨ੍ਹਾਂ ਦੇ ਸਾਥੀਆਂ ਤੇ ਬਣਾਏ ਝੂਠੇ ਕੇਸ ਵਾਪਸ ਲੈਣ, ਸਕੂਲਾਂ ਨੂੰ ਬੰਦ ਕਰਨ ਦੀ ਨੀਤੀ ਵਾਪਸ ਲੈਣ, ਅਵਿਵਹਾਰਕ ਰੈਸਨੇਲਾਈਜੇਸ਼ਨ ਨੀਤੀ ਵਾਪਸ ਲੈਣ ਆਦਿ ਮੰਗਾਂ ਨੂੰ ਲੈ ਕੇ ਉਹ ਇਸ ਇਤਿਹਾਸਕ ਰੋਸ ਪ੍ਰਦਰਸ਼ਨ ਵਿੱਚ ਭਾਗ ਲੈ ਰਹੇ ਹਨ, ਇਨ੍ਹਾਂ ਵਿੱਚ ਮਹਿਲਾ ਅਧਿਆਪਕਾਂ ਦੀ ਗਿਣਤੀ ਵੀ ਬਹੁਤ ਜ਼ਿਆਦਾ ਸੀ।

# ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬ੍ਰੇਰੀ ਬਾਲਿਆਂਵਾਲੀ 'ਚ ਸਨਮਾਨ ਸਮਾਰੋਹ



**ਬਠਿੰਡਾ (ਪੱਤਰ ਪ੍ਰੇਰਕ)**-ਪੰਜਾਬੀ ਹਾਸ ਵਿਅੰਗ ਨੂੰ ਪ੍ਰਮੋਟ ਕਰਨ ਹਿੱਤ ਬਾਰੂ ਰਾਮ ਮੈਮੋਰੀਅਲ ਸ਼ਬਦ ਤ੍ਰਿੰਜਣ ਵੈਲਫੇਅਰ ਐਂਡ ਕਲਚਰਲ ਸੁਸਾਇਟੀ (ਰਜਿ.) ਬਠਿੰਡਾ ਵੱਲੋਂ 'ਪਹਿਲਾ ਕ੍ਰਿਸ਼ਨਾ ਰਾਣੀ ਮਿੱਤਲ ਯਾਦਗਾਰੀ ਹਾਸ ਵਿਅੰਗ ਪੁਰਸਕਾਰ-2022' ਪੰਜਾਬੀ ਹਾਸ ਵਿਅੰਗ ਅਕਾਦਮੀ ਪੰਜਾਬ ਤੇ ਪੇਂਡੂ ਸਾਹਿਤ ਸਭਾ ਬਾਲਿਆਂਵਾਲੀ ਦੇ ਸਹਿਯੋਗ ਨਾਲ, ਕਵੀਸ਼ਰ ਮਾਘੀ ਸਿੰਘ ਗਿੱਲ ਯਾਦਗਾਰੀ ਲਾਇਬ੍ਰੇਰੀ ਬਾਲਿਆਂ ਵਾਲੀ (ਬਠਿੰਡਾ) ਵਿਖੇ ਕਰਾਏ ਗਏ ਸਨਮਾਨ ਸਮਾਰੋਹ ਵਿੱਚ ਪੰਜਾਬੀ ਦੇ ਉੱਘੇ ਵਿਅੰਗਕਾਰ ਅਤੇ ਅਨੇਕਾਂ ਵਿਅੰਗ ਪੁਸਤਕਾਂ ਦੇ ਰਚੇਤਾ ਸ਼੍ਰੀ ਐਮ.ਕੇ. ਰਾਹੀ ਫ਼ਿਰੋਜ਼ਪੁਰ ਨੂੰ ਪ੍ਰਦਾਨ ਕੀਤਾ ਗਿਆ। ਸ੍ਰੀ ਕੇ.ਐਲ. ਗਰਗ ਪ੍ਰਧਾਨ ਪੰਜਾਬੀ ਹਾਸ-ਵਿਅੰਗ ਅਕਾਦਮੀ ਪੰਜਾਬ ਦੀ ਪ੍ਰਧਾਨਗੀ ਵਿੱਚ ਚੱਲੇ ਇਸ ਪ੍ਰੋਗਰਾਮ ਦੇ ਪ੍ਰਧਾਨਗੀ ਮੰਡਲ ਵਿੱਚ ਵਿਦਵਾਨ ਆਲੋਚਕ ਸ਼੍ਰੀ ਨਿਰੰਜਨ ਬੋਹਾ, ਸ਼੍ਰੀ. ਬਲਜੀਤ ਸਿੰਘ ਸਿਧੂ ਸਾਬਕਾ ਪੁਲਸ ਅਫ਼ਸਰ , ਗੀਤਕਾਰਾਂ ਦੇ ਖੋਜੀ ਸ਼੍ਰੀ ਅਸ਼ੋਕ ਬਾਂਸਲ ਮਾਨਸਾ, ਸਭਾ ਦੇ ਜ. ਸਕੱਤਰ ਸੁਖਦਰਸ਼ਨ ਗਰਗ ਅਤੇ ਜਥੇਦਾਰ ਕਰਨੈਲ ਸਿੰਘ ਭਾਵੜਾ ਸਾਬਕਾ ਚੇਅਰਮੈਨ ਮੰਡੀ ਬੋਰਡ ਫ਼ਿਰੋਜ਼ਪੁਰ ਸ਼ਹਿਰ ਹਾਜ਼ਰ ਸਨ। ਪ੍ਰਧਾਨਗੀ ਮੰਡਲ ਵੱਲੋਂ ਸ਼ਮਾ ਰੌਸ਼ਨ ਕੀਤੀ ਗਈ। ਸ੍ਰੀ ਕੇ.ਐਲ ਗਰਗ ਨੇ ਅਕਾਦਮੀ ਬਾਰੇ ਜਾਣ-ਪਛਾਣ ਕਰਾਉਂਦਿਆਂ ਹਾਸ ਵਿਅੰਗ ਦੀ ਦਸ਼ਾ ਤੇ ਦਿਸ਼ਾ 'ਤੇ ਪੁਰਸਕਾਰ ਅਤੇ ਕਿਤਾਬ ਚਰਚਾ ਦੇ ਸੰਦਰਭ ਵਿੱਚ ਚਾਨਣਾ ਪਾਇਆ। ਬਹੁਵਿਧਾਵੀ ਲੇਖਕ ਅਤੇ ਸਮਰਪਤ ਕਾਰਜਕਰਤਾ ਜਗਦੀਸ਼ ਰਾਏ ਕੁਲਰੀਆਂ ਨੇ ਸ਼ਬਦ ਤ੍ਰਿੰਜਣ ਮੈਗਜ਼ੀਨ ਦੀ ਬਾਨੀ ਸੰਪਾਦਕਾ ਸਵਰਗੀ ਕ੍ਰਿਸ਼ਨਾ ਰਾਣੀ ਮਿੱਤਲ ਦੀ ਜੀਵਨੀ ਅਤੇ ਸਾਹਿਤਕ ਦੇਣ ਬਾਰੇ ਜ਼ਿਕਰ ਕਰਦਿਆਂ ਇਸ ਐਵਾਰਡ ਦੀ ਮਹਾਨਤਾ ਬਾਰੇ ਗੱਲ ਕੀਤੀ ਅਤੇ ਸਟੇਟ ਐਵਾਰਡੀ ਅਮਰਜੀਤ ਸਿੰਘ ਪੇਂਟਰ ਨੇ ਐਮ.ਕੇ.ਰਾਹੀ ਨੂੰ ਭੇਟ ਕਰਨ ਵਾਲਾ ਸਨਮਾਨ-ਪੱਤਰ ਪੜ੍ਹਿਆ। ਉਪਰੰਤ ਪ੍ਰਧਾਨਗੀ ਮੰਡਲ ਅਤੇ ਮੰਗਤ ਕੁਲਜਿੰਦ ਵੱਲੋਂ ਐਮ. ਕੇ.ਰਾਹੀ ਨੂੰ ਇਸ ਪੁਰਸਕਾਰ, ਲੋਈ ਤੇ ਧਨ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ। ਹਾਸ ਵਿਅੰਗ ਮੈਗਜ਼ੀਨ ਸ਼ਬਦ ਤ੍ਰਿੰਜਣ ਦੇ ਨਵੇਂ ਅੰਕ ਨੂੰ ਰਿਲੀਜ਼ ਕੀਤਾ ਗਿਆ। ਅਕਾਦਮੀ ਦੇ ਜਨਰਲ ਸਕੱਤਰ ਦਵਿੰਦਰ ਸਿੰਘ ਗਿੱਲ ਨੇ ਬੜੇ ਹੀ ਰੌਚਕ ਢੰਗ ਨਾਲ ਪ੍ਰੋਗਰਾਮ ਦਾ ਸੰਚਾਲਨ ਕਰਦਿਆਂ ਆਪਣੀਆਂ ਹਾਸ ਵਿਅੰਗੀ ਟਿੱਪਣੀਆਂ ਨਾਲ ਇਸ ਨੂੰ ਪ੍ਰਭਾਵਸ਼ਾਲੀ ਬਣਾਈ ਰੱਖਿਆ। ਬਹੁਵਿਧਾਵੀ ਲੇਖਕ ਮੰਗਤ ਕੁਲਜਿੰਦ ਦੀ ਵਿਅੰਗ ਪੁਸਤਕ 'ਕਲੀਨ ਚਿੱਟ ਦੇ ਦਿਓ ਜੀ' ਉਪਰ ਡਾ. ਕੁਲਦੀਪ ਸਿੰਘ ਦੀਪ, ਨਿਰੰਜਨ ਬੋਹਾ ਜੀ, ਡਾ. ਨਾਇਬ ਸਿੰਘ ਮੰਡੇਰ ਵੱਲੋਂ ਲਿਖੇ ਪਰਚੇ ਪੜ੍ਹੇ ਗਏ।

ਡਾ.ਜਸਪਾਲ ਜੀਤ ਸਿੰਘ ਨੇ ਵੀ ਕਿਤਾਬ ਉਪਰ ਆਪਣੇ ਵਿਚਾਰ ਖੁੱਲ੍ਹ ਕੇ ਪੇਸ਼ ਕੀਤੇ। ਪ੍ਰਧਾਨਗੀ ਮੰਡਲ ਵਿੱਚ ਹਾਜ਼ਰ ਸ਼ਖ਼ਸੀਅਤਾਂ ਨੇ ਸਮਾਰੋਹ ਨੂੰ ਮੁੱਖ ਰੱਖਦਿਆਂ ਪੰਜਾਬੀਆਂ ਦੇ ਖੁੱਸਦੇ ਜਾਂਦੇ ਹਾਸਿਆਂ 'ਤੇ ਚਿੰਤਾ ਜ਼ਾਹਰ ਕੀਤੀ ਅਤੇ ਗੁਰੂ ਸਾਹਿਬਾਨਾਂ ਦੀ ਸਮਾਜ ਨੂੰ ਦੇਣ ਅਤੇ ਕੀਤੀਆਂ ਕੁਰਬਾਨੀਆਂ ਨੂੰ ਯਾਦ ਕੀਤਾ। ਪ੍ਰੋਗਰਾਮ ਵਿੱਚ ਪਹੁੰਚੇ ਸਾਰੇ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ (ਅਮਰਜੀਤ ਸਿੰਘ ਪੇਂਟਰ ਦੁਆਰਾ ਬਣਾਈ ਪੇਂਟਿੰਗ) ਭੇਟ ਕੀਤੇ ਗਏ ਅਤੇ ਅਖੀਰ ਵਿੱਚ ਸਭਾ ਦੇ ਮੀਤ ਪ੍ਰਧਾਨ ਨੇ ਸਭ ਦਾ ਧੰਨਵਾਦ ਕੀਤਾ।

# ਚਾਰ ਸਾਹਿਬਜ਼ਾਦੇ ਤੇ ਮਾਤਾ ਗੁਜਰ ਕੌਰ ਦਾ ਸ਼ਹੀਦੀ ਪੁਰਬ ਮਨਾਇਆ



**ਕੋਟ ਈਸੇ ਖਾਂ (ਅਰੋੜਾ)**
ਸ਼੍ਰੀ ਹੇਮਕੁੰਟ ਸੀਨੀ. ਸੈਕੰ: ਸਕੂਲ ਕੋਟ ਈਸੇ ਖਾਂ ਵਿਖੇ ਹੇਮਕੁੰਟ ਸੰਸਥਾਵਾਂ ਦੇ ਚੇਅਰਮੈਨ ਕੁਲਵੰਤ ਸਿੰਘ ਦੀ ਅਗਵਾਈ ਹੇਠ, ਅਧਿਆਪਕਾਂ ਵੱਲੋਂ ਬੱਚਿਆਂ ਨੂੰ ਅਨਮੁੱਲੇ ਸਿੱਖ ਇਤਿਹਾਸ ਨੂੰ ਦਰਸਾਈਆਂ ਗਤੀਵਿਧੀਆਂ ਕਰਵਾਈਆਂ ਗਈਆਂ, ਜਿਨ੍ਹਾਂ ਵਿੱਚ ਬੱਚਿਆਂ ਨੂੰ ਸਹਿਬਜ਼ਾਦਿਆਂ ਦੀ ਸ਼ਹਾਦਤ ਅਤੇ ਸਿੱਖ ਇਤਿਹਾਸ ਬਾਰੇ ਮਹੱਤਵਪੂਰਨ ਜਾਣਕਾਰੀ ਦਿੱਤੀ ਕਿ ਕਿਵੇਂ ਸ਼੍ਰੀ ਅਨੰਦਪੁਰ ਸਾਹਿਬ ਦਾ ਕਿਲ੍ਹਾ ਛੱਡਣ ਤੋ ਬਾਅਦ ਸਰਸਾ ਨਦੀ ਦੇ ਕਿਨਾਰੇ ਦਸਵੇਂ ਪਾਤਸ਼ਾਹ ਜੀ ਦਾ ਪਰਵਾਰ ਵਿਛੜ ਗਿਆ। ਛੋਟੇ ਸਾਹਿਬਜ਼ਾਦਿਆਂ ਨੂੰ ਸਰਹੰਦ ਵਿਖੇ ਨੀਂਹਾਂ ਵਿੱਚ ਚਿਣਵਾ ਕੇ ਤੇ ਅਕਹਿ-ਤਸੀਹੇ ਦੇ ਕੇ ਸ਼ਹੀਦ ਕੀਤਾ ਗਿਆ। ਕਿਵੇਂ ਮਾਤਾ ਗੁੱਜਰ ਕੌਰ ਜੀ ਪੋਤਿਆਂ ਦਾ ਅਕਹਿ ਦੁੱਖ ਸਹਿਣ ਕਰਦੇ ਹੋਏ ਸ਼ਹੀਦੀ ਪਾ ਗਏ। ਛੋਟੇ ਸ਼ਹਿਬਜ਼ਾਦਿਆਂ ਦੀ ਕੁਰਬਾਨੀ ਨੂੰ ਰਹਿੰਦੀ ਦੁਨੀਆ ਤੱਕ ਨਹੀਂ ਭੁਲਿਆ ਜਾ ਸਕਦਾ, ਜਿਨ੍ਹਾਂ ਨੇ ਆਪਣਾ ਆਪ ਕੁਰਬਾਨ ਕਰਕੇ ਦੁਨੀਆ ਨੂੰ ਹਮੇਸ਼ਾ ਜਬਰ ਅਤੇ ਜ਼ੁਲਮ ਖਿਲਾਫ ਲੜਨ ਦੀ ਸੇਧ ਦਿੱਤੀ। ਚੱਲ ਰਹੇ ਸ਼ਹੀਦੀ ਪੁਰਬ ਨੂੰ ਮੁੱਖ ਰੱਖਦਿਆਂ ਹਰ ਸਾਲ ਦੀ ਤਰ੍ਹਾਂ ਚਾਰ ਸ਼ਹਿਬਜ਼ਾਦਿਆਂ ਤੇ ਮਾਤਾ ਗੁੱਜਰ ਕੌਰ ਅਤੇ ਹੋਰ ਸ਼ਹੀਦਾਂ ਦੀ ਸ਼ਹਾਦਤ ਨੂੰ ਸਪਰਪਤ ਸਕੂਲ ਵਿਚ ਜਪੁਜੀ ਸਾਹਿਬ ਦਾ ਪਾਠ ਹਰ ਰੋਜ਼ ਕੀਤੇ ਜਾਂਦੇ ਰਹੇ।

ਵਿਦਿਆਰਥੀਆਂ ਨੂੰ ਚਾਰ ਸ਼ਹਿਬਜ਼ਾਦਿਆਂ ਨਾਲ ਸਬੰਧਤ 'ਚਾਰ ਸ਼ਹਿਬਜ਼ਾਦੇ' ਫ਼ਿਲਮ ਵੀ ਦਿਖਾਈ ਗਈ। ਐੱਮ. ਡੀ ਮੈਡਮ ਰਣਜੀਤ ਕੌਰ ਸੰਧੂ ਨੇ ਵਿਦਿਆਰਥੀਆਂ ਨੂੰ ਹਮੇਸ਼ਾ ਸੱਚ ਦੇ ਮਾਰਗ 'ਤੇ ਚੱਲਦੇ ਹੋਏ ਛੋਟੇ ਸ਼ਹਿਬਜ਼ਾਦਿਆਂ ਦੀ ਕੁਰਬਾਨੀ ਤੋ ਸਿੱਖਿਆ ਲੈ ਕੇ ਜੀਵਨ ਸਫ਼ਲ ਕਰਨ ਦੀ ਪ੍ਰੇਰਣਾ ਦਿੱਤੀ। ਪ੍ਰਿੰਸੀਪਲ ਮੈਡਮ ਰਮਨਜੀਤ ਕੌਰ ਨੇ ਕਿਹਾ ਕਿ ਇਹ ਸ਼ਹੀਦੀ ਹਫ਼ਤਾ ਸੰਵੇਦਨਸ਼ੀਲ ਹੈ, ਕਿਉਂਕਿ ਇਨ੍ਹਾਂ ਦਿਨਾਂ ਦੌਰਾਨ ਗੁਰੂ ਜੀ ਦੇ ਚਾਰ ਸ਼ਹਿਬਜ਼ਾਦਿਆਂ, ਮਾਤਾ ਗੁਜਰੀ ਜੀ ਅਤੇ ਤਿੰਨ ਪਿਆਰਿਆਂ ਸਮੇਤ ਕਰੀਬ ਚਾਲੀ ਸਿੰਘਾਂ ਦੀ ਲਾਸਾਨੀ ਸ਼ਹਾਦਤ ਹੋਈ। ਇਸ ਮੌਕੇ ਬੱਚਿਆਂ ਵੱਲੋਂ ਸ਼ਹਾਦਤ ਨੂੰ ਮੁੱਖ ਰੱਖਦਿਆਂ ਮਿਊਜ਼ਿਕ ਅਧਿਆਪਕ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਸ਼ਬਦ ਗਾਇਨ ਕੀਤਾ ਗਿਆ।

# ਬਠਿੰਡਾ ਵਾਸੀਆਂ ਨੂੰ ਜਲਦੀ ਹੀ ਮੁਹੱਈਆ ਕਰਵਾਇਆ ਜਾਵੇਗਾ ਪੀਣ ਵਾਲਾ ਸਾਫ਼ ਪਾਣੀ : ਨੀਲ ਗਰਗ

**ਤਲਵੰਡੀ ਸਾਬੋ (ਜਗਦੀਪ ਗਿੱਲ)**
ਆਮ ਆਦਮੀ ਪਾਰਟੀ ਦੇ ਸੀਨੀਅਰ ਬੁਲਾਰਾ ਨੀਲ ਗਰਗ ਨੇ ਭਗਵੰਤ ਸਿੰਘ ਮਾਨ ਵੱਲੋਂ ਬਠਿੰਡਾ ਦੀਆਂ ਝੀਲਾਂ ਦੀ ਮੁਰੰਮਤ ਕਰਕੇ ਸ਼ਹਿਰ ਨੂੰ ਸੂਬੇ ਦੇ ਖਾਸ ਕਰਕੇ ਮਾਲਵਾ ਖੇਤਰ ਦੇ ਸੈਰ-ਸਪਾਟਾ ਹੱਬ ਵਜੋਂ ਵਿਕਸਤ ਕਰਨ ਦੇ ਪ੍ਰਾਜੈਕਟ 'ਤੇ ਦੇ ਐਲਾਨ ਨੂੰ ਜਲਦ ਲਾਗੂ ਕਰਨ ਨੂੰ ਸਲਾਘਾਯੋਗ ਕਦਮ ਦੱਸਿਆ।

ਨੀਲ ਗਰਗ ਨੇ ਕਿਹਾ ਕਿ ਬਠਿੰਡਾ ਨੂੰ ਸੈਰ ਸਪਾਟਾ ਹੱਬ ਵਜੋਂ ਵਿਕਸਤ ਕਰਨ ਦੇ ਐਲਾਨ ਕਾਰਨ ਬਠਿੰਡਾ ਵਾਸੀਆਂ ਵਿੱਚ ਖੁਸ਼ੀ ਦੀ ਲਹਿਰ ਹੈ। ਕਿਲ੍ਹਾ ਮੁਬਾਰਕ, ਤਖਤ ਸ੍ਰੀ ਦਮਦਮਾ ਸਾਹਿਬ, ਮਾਈਸਰਖਾਨਾ ਮੰਦਰ, ਏਮਜ਼ ਇੱਥੇ ਹਨ। ਇਸ ਨੂੰ ਸੈਰ ਸਪਾਟੇ ਵਜੋਂ ਵਿਕਸਤ ਕੀਤਾ ਜਾ ਸਕਦਾ ਹੈ। ਬੁਲਾਰਾ ਨੀਲ ਗਰਗ ਨੇ ਕਿਹਾ ਕਿ ਅੱਜ ਤੱਕ ਕਿਸੇ ਵੀ ਸਰਕਾਰ ਨੇ ਬਠਿੰਡਾ ਨੂੰ ਸੈਰ ਸਪਾਟਾ ਸਥਾਨ ਵਜੋਂ ਵਿਕਸਤ ਕਰਨ ਵੱਲ ਕੋਈ ਧਿਆਨ ਨਹੀਂ ਦਿੱਤਾ। ਪ੍ਰੰਤੂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬਠਿੰਡਾ ਦੀਆਂ ਝੀਲਾਂ ਦੀ ਮੁਰੰਮਤ ਦਾ ਐਲਾਨ ਕਰ ਦਿੱਤਾ ਹੈ। ਇਸ ਨਾਲ ਬਠਿੰਡਾ ਵਿੱਚ ਸੈਰ ਸਪਾਟੇ ਵਿੱਚ ਵਾਧਾ ਹੋਵੇਗਾ ਅਤੇ ਇਸ ਨਾਲ ਬਠਿੰਡਾ ਦੀ ਆਰਥਿਕਤਾ ਨੂੰ ਹੁਲਾਰਾ ਮਿਲੇਗਾ। ਉਨ੍ਹਾਂ ਕਿਹਾ ਕਿ ਭਗਵੰਤ ਮਾਨ ਵੱਲੋਂ ਆਪਣੀ ਬਠਿੰਡਾ ਫੇਰੀ ਦੌਰਾਨ ਲਿਆ ਗਿਆ ਇਹ ਫ਼ੈਸਲਾ ਬਠਿੰਡਾ ਲਈ ਇਤਿਹਾਸਕ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦਾ ਇਕਲੌਤਾ ਜ਼ਿਲ੍ਹਾ ਬਠਿੰਡਾ ਹੈ, ਜਿਸ ਦੀਆਂ ਤਿੰਨ ਝੀਲਾਂ ਹਨ। ਇਸੇ ਕਰਕੇ ਬਠਿੰਡਾ ਨੂੰ ਝੀਲਾਂ ਦਾ ਸ਼ਹਿਰ ਕਿਹਾ ਜਾਂਦਾ ਹੈ। ਹੁਣ ਇਨ੍ਹਾਂ ਦੇ ਨਵੀਨੀਕਰਨ ਤੋਂ ਬਾਅਦ ਬਠਿੰਡਾ ਦਾ ਸਰਵਪੱਖੀ ਵਿਕਾਸ ਹੋਵੇਗਾ। ਨੀਲ ਗਰਗ ਨੇ ਇਹ ਵੀ ਦੱਸਿਆ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਬਠਿੰਡਾ ਸ਼ਹਿਰ ਵਾਸੀਆਂ ਲਈ ਪੀਣ ਵਾਲੇ ਸਾਫ਼ ਪਾਣੀ ਦੀ ਸਮੱਸਿਆ ਨੂੰ ਹੱਲ ਕਰਨ ਲਈ ਝੀਲ ਨੰਬਰ ਇੱਕ ਨੂੰ ਪਾਣੀ ਦੀ ਟੈਂਕੀ ਵਜੋਂ ਟ੍ਰੀਟ ਕਰਨ ਲਈ ਨਿਗਮ ਅਤੇ ਪਾਵਰਕੌਮ ਨੂੰ ਸਾਂਝੇ ਤੌਰ 'ਤੇ ਇਸ ਪ੍ਰਾਜੈਕਟ ਨੂੰ ਮਨਜ਼ੂਰੀ ਦੇਣ ਲਈ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਹਨ, ਇਸ ਨੂੰ ਜਲਦੀ ਹੀ ਪੂਰਾ ਕੀਤਾ ਜਾਵੇਗਾ, ਜਿਸ ਨਾਲ ਸ਼ਹਿਰ ਵਾਸੀਆਂ ਨੂੰ ਪੀਣ ਵਾਲਾ ਸਾਫ਼ ਪਾਣੀ ਮਿਲੇਗਾ, ਜੋ ਸ਼ਲਾਘਾਯੋਗ ਕਦਮ ਹੈ।

# ਟਾਇਰ ਉਲਟਾਉਣ ਮੁਕਾਬਲੇ 'ਚ ਗੁਰ ਗਿੱਲ ਫਿੱਕੇ ਦੀ ਝੰਡੀ



**ਮਹਿਲ ਕਲਾਂ (ਬਲਵਿੰਦਰ ਵਜੀਦਕੇ)**
ਪਾਵਰ ਪੰਚ ਜਿੰਮ ਵੱਲੋਂ ਪ੍ਰਵਾਸੀ ਭਾਰਤੀ ਅਤੇ ਦਾਨੀ ਸੱਜਣਾਂ ਦੇ ਸਹਿਯੋਗ ਨਾਲ ਸਾਲਾਨਾ ਖੇਡਾਂ ਦਾ ਆਯੋਜਨ ਨੌਜਵਾਨ ਆਗੂ ਮਨਦੀਪ ਸਿੰਘ ਗਰੇਵਾਲ, ਪ੍ਰਧਾਨ ਨਿਰਭੈ ਸਿੰਘ ਬੋਪਾਰਾਏ ਦੀ ਅਗਵਾਈ ਹੇਠ ਕੀਤਾ ਗਿਆ। ਇਸ ਦੌਰਾਨ ਮੁੱਖ ਮਹਿਮਾਨ ਵਜੋਂ ਪੁੱਜੇ ਹਰਜਿੰਦਰ ਸਿੰਘ ਖੇੜੀ, ਕ੍ਰਿਪਾਲ ਸਿੰਘ, ਕ੍ਰਿਪਾ ਸਿੰਘ ਦਿਓਲ, ਵਿੱਕੀ ਧਾਲੀਵਾਲ ਯੂ.ਐਸ.ਏ. ਨੇ ਪ੍ਰਬੰਧਕਾਂ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿ ਨੌਜਵਾਨ ਪੀੜ੍ਹੀ 'ਚ ਖੇਡਾਂ ਪ੍ਰਤੀ ਰੁਚੀ ਪੈਦਾ ਕਰਨ ਲਈ ਅਜਿਹੇ ਪ੍ਰੋਗਰਾਮਾਂ ਦਾ ਆਯੋਜਨ ਹੋਣਾ ਬੇਹੱਦ ਜ਼ਰੂਰੀ ਹੈ।

ਖੇਡਾਂ ਦੇ ਅੰਤਿਮ ਨਤੀਜਿਆਂ ਅਨੁਸਾਰ ਟਾਇਰ ਉਲਟਾਉਣ 'ਚ ਗੁਰ ਗਿੱਲ ਫਿੱਡੇ ਤੇ ਜੱਗਾ ਸਿੰਘ ਤਲਵੰਡੀ, ਕਾਰ ਧੱਕਣ ਮੁਕਾਬਲੇ 'ਚ ਹਰਦੀਪ ਸਿੰਘ ਸੰਗਰੂਰ ਅਤੇ ਬੱਬੂ ਧੂਰਕੋਟ, ਵਜ਼ਨ ਚੁੱਕ ਕੇ ਰੱਖਣ 'ਚ ਗੁਰਵਿੰਦਰ ਸਿੰਘ ਸਹਿਜੜਾ ਅਤੇ ਗੁਰੀ ਮਾਹਲਾ, ਬੋਰੀ ਚੁੱਕ ਕੇ ਭੱਜਣ 'ਚ ਬਾਜ਼ੀ ਮਕਰੋੜ ਅਤੇ ਜੈਵੀਰ ਸਿੰਘ ਕਲਾਲ ਮਾਜਰਾ, ਬਜ਼ੁਰਗਾਂ ਦੀ ਦੌੜ 'ਚ ਦਰਸ਼ਨ ਸਿੰਘ ਠੁੱਲੀਵਾਲ ਅਤੇ ਭੂਰਾ ਸਿੰਘ ਮਹਿਲ ਖੁਰਦ, ਡੰਡ ਬੈਠਕਾਂ 'ਚ ਕਾਲੂ ਛਾਪਾ ਅਤੇ ਗੁਰਕੀਰਤ ਸਿੰਘ ਮਾਹਲਾ, ਵਜ਼ਨ ਚੁੱਕ ਕੇ ਸੁੱਟਣ 'ਚ ਬੱਬੂ ਧੂਰਕੋਟ ਅਤੇ ਗੁਰਵਿੰਦਰ ਸਿੰਘ ਸਹਿਜੜਾ ਨੇ ਕ੍ਰਮਵਾਰ ਪਹਿਲਾ ਅਤੇ ਦੂਜਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਲੜਕੀਆਂ ਦੇ ਕਾਰ ਧੱਕਣ ਮੁਕਾਬਲੇ 'ਚ ਪਵਨਜੀਤ ਕੌਰ ਢੀਂਡਸਾ ਨੇ ਸਿਮਰਨ ਕੌਰ ਘੁੰਮਣ ਨੂੰ ਹਰਾ ਕੇ ਪਹਿਲਾ ਸਥਾਨ ਪ੍ਰਾਪਤ ਕੀਤਾ। ਜੇਤੂਆਂ ਨੂੰ ਇਨਾਮਾਂ ਦੀ ਵੰਡ ਆੜ੍ਹਤੀਆ ਸਰਬਜੀਤ ਸਿੰਘ ਸਰਬੀ, ਪ੍ਰਧਾਨ ਗਗਨਦੀਪ ਸਿੰਘ ਸਰਾਂ, ਅਜੀਤਪਾਲ ਸਿੰਘ ਖੇੜੀ, ਜਰਨੈਲ ਸਿੰਘ ਮਹਿਲ ਕਲਾਂ, ਜਗਦੀਪ ਸਿੰਘ ਧਾਲੀਵਾਲ, ਨਵੀ ਧਾਲੀਵਾਲ, ਭਿੰਦਰ ਸਿੰਘ ਮਠਾੜੂ, ਰਾਹੁਲ ਕੌਸਲ, ਹੈਪੀ ਸਹੌਰ, ਜੋਤੀ ਠੁੱਲੀਵਾਲ, ਜਗਦੀਪ ਸਿੰਘ ਠੁੱਲੀਵਾਲ, ਗਗਨਦੀਪ ਸਿੰਘ ਮਹਿਲ ਖੁਰਦ, ਦਲਵੀਰ ਸਿੰਘ, ਰਵਿੰਦਰ ਸਿੰਘ, ਹਰਮੀਤ ਸਿੰਘ ਕਲਾਲਾ, ਨਵਜੋਤ ਸਿੰਘ ਕਲਾਲ ਮਾਜਰਾ, ਅਰਨੀ ਮਹਿਲ ਕਲਾਂ, ਭਗਵੰਤ ਸਿੰਘ ਮਹਿਲ ਕਲਾਂ ਤੇ ਅਰਸ਼ ਗੁਰੂ ਆਦਿ ਵੱਲੋਂ ਸਾਂਝੇ ਤੌਰ 'ਤੇ ਕੀਤੀ ਗਈ।


ਸ਼ਹੀਦੀ ਜੋੜ ਮੇਲੇ 'ਤੇ ਜਾਖਲ ਰੋਡ ਮਾਰਕਿਟ ਦੇ ਦੁਕਾਨਦਾਰਾਂ ਵੱਲੋਂ ਬਰੈੱਡ ਪਕੌੜੇ ਦਾ ਲੰਗਰ ਲਾਇਆ ਗਿਆ। ਇਸ ਮੌਕੇ ਦੁਕਾਨਦਾਰ ਵਿਪਨ ਕੁਮਾਰ ਲਕਸ਼ਮੀ ਜਵੈਲਰਜ, ਵਿਜੇ ਕੁਮਾਰ, ਪ੍ਰਦੀਪ ਮੈਡੀਕਲ ਸਟੋਰ, ਸੰਜੀਵ ਕੁਮਾਰ, ਅਜੀਤਪਾਲ ਸਿੰਘ, ਸੁਖਦੇਵ ਸਿੰਘ, ਪੰਕਜ ਬਾਂਸਲ, ਸਿਮਰਨ ਸਿੰਘ ਤੇ ਜਿੰਮੀ ਬਾਂਸਲ ਆਦਿ ਹਾਜ਼ਰ ਸਨ। (ਫੋਟੋ ਤੇ ਵੇਰਵਾ : ਭੁਪਿੰਦਰਜੀਤ ਮੌਲਵੀਵਾਲਾ, ਪਾਤੜਾਂ)

# ਦੁਨੀਆ 'ਤੇ ਅਜਿਹੀ ਕੋਈ ਸਮੱਸਿਆ ਨਹੀਂ ਜਿਸ ਦਾ ਕੋਈ ਹੱਲ ਨਾ ਨਿਕਲ ਸਕੇ : ਸੰਘਰਸ਼ ਕਮੇਟੀ

**ਅੱਜ 'ਆਪ' ਦੇ ਮਾਛੀਵਾੜਾ ਦਫ਼ਤਰ ਵਿਖੇ 31 ਮੈਂਬਰੀ ਕਮੇਟੀ ਕਰੇਗੀ ਗੱਲਬਾਤ**



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**
ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਤੋਂ ਚੱਲ ਕੇ ਗੁਰਦੁਆਰਾ ਮੈਹਦੀਆਣਾ ਸਾਹਿਬ ਵਿਖੇ ਜਾਣ ਵਾਲਾ ਅਲੌਕਿਕ ਨਗਰ ਕੀਰਤਨ ਅੱਜ ਗੁਰੂ ਨਗਰੀ ਮਾਛੀਵਾੜਾ ਸਾਹਿਬ 'ਚੋਂ ਗੁਜ਼ਰਿਆ ਪ੍ਰੰਤੂ ਸੰਗਤਾਂ ਦਾ ਟੁੱਟੀਆਂ ਅਤੇ ਖਸਤਾ ਹਾਲਤ ਸੜਕਾਂ ਵੱਲੋਂ ਸਵਾਗਤ ਕੀਤਾ ਗਿਆ। ਜਾਣਕਾਰੀ ਦਿੰਦਿਆਂ ਸੰਘਰਸ਼ ਦੇ ਮੁਖੀ ਅੰਮ੍ਰਿਤਪਾਲ ਸਮਰਾਲਾ ਨੇ ਕਿਹਾ ਕਿ ਐਨੀ ਢੀਠ ਸਰਕਾਰ ਤੇ ਵਿਧਾਇਕ ਆਪਣੀ ਜ਼ਿੰਦਗੀ 'ਚ ਨਹੀਂ ਦੇਖੇ, ਕਿਉਂਕਿ ਕੋਈ ਪੁੱਛਣ ਤੱਕ ਨਹੀਂ ਆਇਆ ਕਿ ਭਾਈ ਤੁਹਾਨੂੰ ਕੀ ਤਕਲੀਫ਼ ਹੈ, ਤੁਸੀਂ ਕਿਉਂ ਧਰਨਾ ਮਾਰੀ ਬੈਠੇ ਹੋ, ਸੜਕਾਂ ਬਣਵਾਉਣ ਦੀ ਤਾਂ ਗੱਲ ਹੀ ਕੀ ਕਰਨੀ ਆ। ਉਨ੍ਹਾਂ ਦੱਸਿਆ ਕਿ ਅੱਜ ਭੁੱਖ ਹੜਤਾਲ ਦੇ 17ਵੇਂ ਦਿਨ ਬਹੁਜਨ ਸਮਾਜ ਪਾਰਟੀ ਦੇ ਆਗੂ ਗੁਰਪ੍ਰੀਤ ਸਿੰਘ ਮਾਨ, ਰਵਿੰਦਰਪਾਲ ਸਿੰਘ ਅਤੇ ਮਹਿੰਦਰ ਸਿੰਘ ਭੁੱਖ ਹੜਤਾਲ 'ਤੇ ਬੈਠੇ। ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ, ਸਾਬਕਾ ਪ੍ਰਧਾਨ ਉਜਾਗਰ ਸਿੰਘ ਬੈਨੀਪਾਲ, ਬੀਬੀ ਸਾਧਵੀ ਰਾਣੀ, ਮੀਨਾ ਰਾਣੀ, ਰਣਜੀਤ ਕੌਰ ਨੇ ਕਿਹਾ ਕਿ ਸਰਕਾਰ ਦੇ ਨੁਮਾਇੰਦੇ ਘਰ ਬੈਠੇ ਹੀ ਗੱਲਾਂ ਬਣਾਈ ਜਾ ਰਹੇ ਹਨ ਕਿ ਧਰਨਾਕਾਰੀ ਉਨ੍ਹਾਂ ਨੂੰ ਧਰਨੇ ਵਾਲੇ ਸਥਾਨ 'ਤੇ ਵੜਨ ਨਹੀਂ ਦੇ ਰਹੇ। ਉਨ੍ਹਾਂ ਕਿਹਾ ਕਿ ਧਰਨਾਕਾਰੀ ਕੋਈ ਪਾਗਲ ਲੋਕ ਨਹੀਂ ਹਨ ਕਿ ਬਿਨਾਂ ਵਜ੍ਹਾ ਗਲ਼ ਪੈ ਜਾਣਗੇ, ਉਨ੍ਹਾਂ ਨਾਲ ਆ ਕੇ ਤੱਥਾਂ ਦੇ ਅਧਾਰ 'ਤੇ ਗੱਲਬਾਤ ਕਰਨਾ ਹੀ ਸਮਝਦਾਰੀ ਹੋਵੇਗੀ। ਆਗੂਆਂ ਨੇ ਕਿਹਾ ਕਿ ਦੁਨੀਆ 'ਤੇ ਅਜਿਹੀ ਕੋਈ ਸਮੱਸਿਆ ਨਹੀਂ ਹੈ, ਜਿਸ ਦਾ ਕੋਈ ਹੱਲ ਨਾ ਹੋਵੇ। ਇਸ ਲਈ ਆਪਣੀ ਜ਼ਿਦ ਛੱਡ ਕੇ ਹਲਕਾ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਗੱਲਬਾਤ ਲਈ ਅੱਗੇ ਆਉਣ, ਤਾਂ ਜੋ ਇਸ ਦਾ ਸਾਰਥਕ ਹੱਲ ਨਿਕਲ ਸਕੇ। ਸੜਕ ਸੁਧਾਰ ਸੰਘਰਸ਼ ਕਮੇਟੀ ਦੇ ਆਗੂਆਂ ਨੇ ਅੱਜ ਆਪਣਾ ਐਲਾਨ ਕਰਦੇ ਹੋਏ ਕਿਹਾ ਹੈ ਕਿ 30 ਦਸੰਬਰ ਨੂੰ ਸਵੇਰੇ 11 ਵਜੇ 31 ਮੈਂਬਰੀ ਕਮੇਟੀ ਸਥਾਨਕ ਆਮ ਆਦਮੀ ਪਾਰਟੀ ਦੇ ਦਫ਼ਤਰ ਜਾਵੇਗੀ, ਜਿੱਥੇ ਜਾ ਕੇ ਉਹ ਆਪਣਾ 'ਚਿਤਾਵਨੀ ਪੱਤਰ' ਦਫ਼ਤਰ ਦੇ ਪ੍ਰਬੰਧਕਾਂ ਨੂੰ ਸੌਂਪੇਗੀ। ਅੱਜ ਦੇ ਰੋਸ ਧਰਨੇ 'ਚ ਰਾਜਵੰਤ ਸਿੰਘ ਕੂੰਨਰ, ਪ੍ਰਧਾਨ ਨੰਦ ਕਿਸ਼ੋਰ, ਰਮੇਸ਼ ਸ਼ਰਮਾ, ਵਨੀਤ ਝੜੌਦੀ, ਡਾ. ਅਮਰਜੀਤ ਸਿੰਘ, ਬਲਬੀਰ ਸਿੰਘ ਢਿੱਲੋਂ, ਬੀਬੀ ਬਲਜੀਤ ਕੌਰ, ਬੀਬੀ ਹਰਬਖ਼ਸ਼ ਕੌਰ, ਰਜਵੰਤ ਸਿੰਘ ਗਿੱਲ, ਅਸ਼ੋਕ ਮਨੋਚਾ, ਹਰਬੰਸ ਲਾਲ ਚਾਨਣਾ, ਰਜਿੰਦਰ ਕੁਮਾਰ, ਸਰਬਜੀਤ ਸਿੰਘ ਲੌਂਗੀਆ, ਪਰਮਜੀਤ ਸਿੰਘ ਨੀਲੋਂ, ਨੰਬਰਦਾਰ ਦਰਸ਼ਨ ਸਿੰਘ, ਹਰਚੰਦ ਸਿੰਘ ਗਿੱਲ, ਕਾਮਰੇਡ ਦਰਸ਼ਨ ਸਿੰਘ, ਬਲਦੇਵ ਸਿੰਘ, ਕ੍ਰਿਸ਼ਨ ਦਿਆਲ, ਰਣਜੀਤ ਸਿੰਘ, ਜੋਗਿੰਦਰ ਸਿੰਘ, ਪ੍ਰਵੀਨ ਨੌਹਰੀ, ਮਨਦੀਪ ਸਿੰਘ, ਪ੍ਰੇਮ ਚੰਦ, ਹਰਮੇਸ਼ ਕੁਮਾਰ ਖੇੜਾ, ਸ਼ਾਮ ਲਾਲ ਕੁੰਦਰਾ, ਛਿੰਦਰਪਾਲ, ਹਰਪਾਲ ਸਿੰਘ, ਤਲਵਿੰਦਰ ਸਿੰਘ ਗਿੱਲ, ਗੁਰਦੀਪ ਸਿੰਘ ਚੌਹਾਨ, ਭੂਸ਼ਨ ਜੈਨ, ਤਰਸੇਮ ਸਿੰਘ, ਬਿੱਕਰ ਸਿੰਘ ਆਦਿ ਹਾਜ਼ਰ ਸਨ।

# ਮਜ਼ਦੂਰ ਮੁਕਤੀ ਮੋਰਚੇ ਵੱਲੋਂ ਸਾਹਿਬਜ਼ਾਦਿਆਂ ਤੇ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ

**■ ਮੋਰਚਾ 145 ਵੇਂ ਦਿਨ 'ਚ ਹੋਇਆ ਦਾਖ਼ਲ**



**ਮਾਨਸਾ (ਆਤਮਾ ਸਿੰਘ ਪਮਾਰ)**
ਮਜ਼ਦੂਰ ਮੁਕਤੀ ਮੋਰਚੇ ਪੰਜਾਬ ਵੱਲੋਂ ਮਜ਼ਦੂਰ ਮੰਗਾਂ ਲਈ ਏ ਡੀ ਸੀ ਵਿਕਾਸ ਦਫਤਰ ਅੱਗੇ ਚੱਲ ਰਿਹਾ ਪੱਕਾ ਮਜ਼ਦੂਰ ਮੋਰਚਾ ਦੇ 145 ਵੇਂ ਦਿਨ ਅੱਜ ਸ਼ਹੀਦੀ ਜੋੜ ਮੇਲੇ ਨੂੰ ਸਮਰਪਤ ਸਾਹਿਬਜ਼ਾਦਿਆਂ ਅਤੇ ਬਾਬਾ ਜੀਵਨ ਸਿੰਘ ਸਮੇਤ ਸਮੂਹ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਸਮੇਂ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਪ੍ਰਧਾਨ ਭਗਵੰਤ ਸਿੰਘ ਸਮਾਓ ਅਤੇ ਜ਼ਿਲ੍ਹਾ ਪ੍ਰਧਾਨ ਨਿੱਕਾ ਸਿੰਘ ਬਹਾਦਰਪੁਰ ਨੇ ਕਿਹਾ ਕਿ ਮੁਗਲ ਹਕੂਮਤਾਂ ਖਿਲਾਫ ਅਤੇ ਜ਼ੁਲਮ ਜਬਰ ਦੇ ਖਾਤਮੇ ਲਈ ਆਪਾ ਵਾਰਨ ਵਾਲੇ ਸ਼ਹੀਦਾਂ ਦੀਆਂ ਕੁਰਬਾਨੀਆਂ ਅੱਜ ਵੀ ਸੰਘਰਸ਼ ਦੇ ਮੈਦਾਨ ਵਿੱਚ ਲੜਨ ਵਾਲੇ ਲੋਕਾਂ ਨੂੰ ਜ਼ੁਲਮ ਨਾਲ ਟੱਕਰ ਲੈਣ ਲਈ ਪ੍ਰੇਰਿਤ ਕਰਦਿਆਂ ਹਨ।

ਮਜ਼ਦੂਰ ਆਗੂਆਂ ਨੇ ਕਿਹਾ ਕਿ ਜਲੰਧਰ ਵਿਖੇ ਗਰੀਬ ਲੋਕਾਂ ਦੇ ਘਰ ਢਾਹ ਕੇ ਕੜਕੇ ਦੀ ਠੰਢ ਵਿੱਚ ਲੋਕਾਂ ਨੂੰ ਘਰੋਂ ਬੇਘਰ ਕਰਕੇ ਮਾਨ ਸਰਕਾਰ ਨੇ ਮੁਗਲ ਹਕੂਮਤ ਦੇ ਸੂਬਾ ਸਰਹਿੰਦ ਦੇ ਰਸਤੇ ਉੱਪਰ ਚੱਲ ਪਈ ਹੈ ਅਤੇ ਜ਼ੀਰਾ ਸ਼ਰਾਬ ਫੈਕਟਰੀ ਦੇ ਖਿਲਾਫ ਸੰਘਰਸ਼ ਕਰ ਰਹੇ ਲੋਕਾਂ ਉੱਪਰ ਝੂਠੇ ਪਰਚੇ ਬਣਾ ਕੇ ਜੇਲ੍ਹ ਅੰਦਰ ਬੰਦ ਕਰਨ ਅਤੇ ਪ੍ਰੈਸ ਦੀ ਅਜ਼ਾਦੀ ਨੂੰ ਖਤਮ ਕਰਨ ਵਾਲੀਆਂ ਕਾਰਵਾਈਆਂ ਨੇ ਸਾਬਤ ਕਰ ਦਿੱਤਾ ਹੈ ਕਿ ਪੰਜਾਬ ਦੀ ਮਾਨ ਸਰਕਾਰ ਵੀ ਮੋਦੀ ਦੀ ਤਰ੍ਹਾਂ ਲੋਕਤੰਤਰ ਲਈ ਵੱਡਾ ਖਤਰਾ ਹੈ। ਉਨ੍ਹਾ ਕਿਹਾ ਕਿ ਤਿੰਨ ਵਾਰ ਮਜ਼ਦੂਰ ਜਥੇਬੰਦੀਆਂ ਨੂੰ ਮੀਟਿੰਗ ਦਾ ਸਮਾਂ ਦੇ ਕੇ ਮੁੱਕਰ ਜਾਣ ਕਰਕੇ ਮੁੱਖ ਮੰਤਰੀ ਮਾਨ ਦਾ ਮਜ਼ਦੂਰ ਅਤੇ ਦਲਿਤ ਵਿਰੋਧੀ ਚਿਹਰਾ ਨੰਗਾ ਹੋ ਚੁੱਕਿਆ ਹੈ। ਉਨ੍ਹਾ ਦੱਸਿਆ ਕਿ ਪੰਜਾਬ ਦੀਆਂ ਮਜ਼ਦੂਰ ਜਥੇਬੰਦੀਆਂ ਮਾਨ ਸਰਕਾਰ ਦੇ ਮਜ਼ਦੂਰ ਵਿਰੋਧੀ ਰਵੱਈਏ ਖਿਲਾਫ ਸੰਗਰੂਰ ਮੁੱਖ ਮੰਤਰੀ ਦੀ ਕੋਠੀ ਅੱਗੇ ਜਲਦੀ ਹੀ ਸੂਬਾ ਪੱਧਰੀ ਮਜ਼ਦੂਰਾਂ ਦਾ ਪੱਕਾ ਮੋਰਚਾ ਸ਼ੁਰੂ ਕੀਤਾ ਜਾਵੇਗਾ। ਉਨ੍ਹਾ ਕਿਹਾ ਕਿ ਪੰਜਾਬ ਦੀ ਮਾਨ ਸਰਕਾਰ ਨੂੰ ਮਜ਼ਦੂਰਾਂ ਨੂੰ ਨਜ਼ਰ-ਅੰਦਾਜ਼ ਕਰਨਾ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਮਹਿੰਗਾ ਪਵੇਗਾ। ਇਸ ਸਮੇਂ ਮਜ਼ਦੂਰ ਆਗੂ ਜਰਨੈਲ ਸਿੰਘ ਮਾਨਸਾ, ਸੁਖਵਿੰਦਰ ਬੋਹਾ, ਭੋਲਾ ਸਿੰਘ ਝੱਬਰ, ਕਮਲਪ੍ਰੀਤ ਕੌਰ ਝੁਨੀਰ, ਸੁਖਜੀਤ ਰਾਮਾਨੰਦੀ, ਗਗਨਦੀਪ ਖੜਕ ਸਿੰਘ ਵਾਲਾ, ਹਾਕਮ ਖਿਆਲਾਂ, ਹਰਦੇਵ ਖਿਆਲਾਂ ਆਦਿ ਸ਼ਾਮਲ ਸਨ।

# ਦਿੱਲੀ ਮੋਰਚੇ 'ਚ ਕੀਤੇ ਵਾਅਦੇ ਤੋਂ ਕੇਂਦਰ ਸਰਕਾਰ ਭੱਜ ਰਹੀ : ਕਲੇਰ, ਚੱਬਾ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ) ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਵੱਲੋਂ ਲਗਾਤਾਰ ਪੰਜਾਬ ਭਰ ਦੇ ਡੀ ਸੀ ਦਫ਼ਤਰਾਂ ਤੋਂ ਸ਼ੁਰੂ ਹੋਏ ਅੰਦੋਲਨ ਪੰਜਾਬ ਭਰ ਵਿੱਚ ਜਾਰੀ ਹਨ, ਇਸ ਮੌਕੇ ਗੁਰੂ ਗੋਬਿੰਦ ਸਿੰਘ ਜੀ ਦੇ ਆਗਮਨ ਦਿਵਸ ਨੂੰ ਮਨਾਉਂਦੇ ਹੋਏ ਜਥੇਬੰਦੀ ਵੱਲੋਂ ਵੱਖ ਵੱਖ ਥਾਂਵਾਂ 'ਤੇ ਕੀਰਤਨ ਸਮਾਗਮ ਕਰਵਾ ਕੇ ਸ਼ਰਧਾ ਭਾਵਨਾ ਨਾਲ ਗੁਰਪੁਰਬ ਮਨਾਏ ਗਏ।

ਇਸ ਮੌਕੇ ਸੂਬਾ ਦਫ਼ਤਰ ਸਕੱਤਰ ਗੁਰਬਚਨ ਸਿੰਘ ਚੱਬਾ ਅਤੇ ਜਿਲ੍ਹਾ ਪ੍ਰਧਾਨ ਰਣਜੀਤ ਸਿੰਘ ਕਲੇਰ ਬਾਲਾ ਨੇ ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਸਾਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਕ੍ਰਾਂਤੀਕਾਰੀ ਫ਼ਲਸਫ਼ੇ ਤੋਂ ਸਿੱਖਿਆ ਲੈਂਦੇ ਹੋਏ ਸੰਘਰਸ਼ ਦੇ ਰਾਹ ਤੇ ਅਗਰਸਰ ਹੋਣਾ ਪਵੇਗਾ ਤਾਂ ਹੀ ਅਜੋਕੇ ਸਮੇਂ ਵਿਚ ਤਾਨਾਸ਼ਾਹੀ ਰੂਪ ਅਖਤਿਆਰ ਕਰ ਚੁੱਕੀਆਂ ਸਰਕਾਰਾਂ ਦੁਆਰਾ ਕੀਤੇ ਜਾ ਰਹੇ ਧੱਕੇ ਨੂੰ ਠੱਲ੍ਹ ਪਾਈ ਜਾ ਸਕਦੀ ਹੈ।

ਉਨ੍ਹਾਂ ਕਿਹਾ ਕਿ ਗੁਰੂ ਗੋਬਿੰਦ ਸਿੰਘ ਜੀ ਨੇ ਵੀ ਆਪਣਾ ਸੁੱਖ ਆਰਾਮ ਤਿਆਗ ਕੇ ਗਰੀਬ ਮਜ਼ਲੂਮ ਦੇ ਹੱਕਾਂ ਹਕੂਕਾਂ ਦੀ ਜੱਦੋ-ਜਹਿਦ ਕਰਨਾ ਮੁਨਾਸਬ ਸਮਝਿਆ ਅਤੇ ਅੱਜ ਸਾਡਾ ਵੀ ਇਹ ਫਰਜ਼ ਬਣਦਾ ਕਿ ਜੇਕਰ ਅਸੀਂ ਓਹਨਾਂ ਦੇ ਸੱਚੇ ਪੈਰੋਕਾਰ ਹਾਂ ਤਾਂ ਓਹਨਾਂ ਵੱਲੋਂ ਅਪਣਾਏ ਰਸਤੇ 'ਤੇ ਚੱਲੀਏ। ਉਨ੍ਹਾਂ ਕਿਹਾ ਕਿ ਦਿੱਲੀ ਮੋਰਚੇ ਵਿਚ ਕੀਤੇ ਵਾਅਦੇ ਅਨੁਸਾਰ ਕੇਂਦਰ ਸਰਕਾਰ ਮੋਰਚੇ ਦੀਆਂ ਵਿਚ ਮਨੀਆ ਗਈਆਂ ਮੰਗਾਂ ਤੋਂ ਭੱਜ ਰਹੀ ਹੈ, ਲਖੀਮਪੁਰ ਖੀਰੀ ਕਤਲ ਕਾਂਡ ਦੇ ਸਾਜ਼ਿਸ਼ ਕਰਤਾ ਤੌਰ 'ਤੇ ਧਾਰਾ 120ਬੀ ਦੇ ਦੋਸ਼ੀ ਅਜੈ ਮਿਸ਼ਰਾ ਟੈਨੀ ਨੂੰ ਮੰਤਰੀ ਮੰਡਲ ਤੋਂ ਬਰਖ਼ਾਸਤ ਕਰਕੇ ਜੇਲ੍ਹ ਚ ਸੁੱਟਿਆ ਜਾਣਾ ਚਾਹੀਦਾ ਹੈ, ਪੀੜਤ ਧਿਰ ਦੇ ਕਿਸਾਨਾਂ ਤੇ ਕੀਤੇ ਪਰਚੇ ਰੱਦ ਕੀਤੇ ਜਾਣ, ਫ਼ਸਲਾਂ ਤੇ ਐਮ ਐਸ ਪੀ ਦਾ ਗਰੰਟੀ ਕਨੂੰਨ ਬਣਾਇਆ ਜਾਵੇ, ਕਿਸਾਨਾਂ ਤੇ ਮਜ਼ਦੂਰਾਂ ਦੇ ਕਰਜ਼ੇ ਖਤਮ ਕੀਤੇ ਜਾਣ, ਬਿਜਲੀ ਵੰਡ ਲਾਇਸੈਂਸ ਨਿਜ਼ਮ 2022 ਦਾ ਨੋਟੀਫਿਕੇਸ਼ਨ ਰੱਦ ਕੀਤਾ ਜਾਵੇ, ਐੱਸ ਵਾਈ ਐਲ ਦੇ ਮਸਲੇ ਦਾ ਹੱਲ ਰਾਏਪੇਰੀਆਨ ਕਨੂੰਨ ਦੇ ਹਿਸਾਬ ਨਾਲ ਕੀਤਾ ਜਾਵੇ, ਬਾਡਰ ਤੇ ਲੱਗੀ ਕੰਡਿਆਲੀ ਤਾਰ ਜ਼ੀਰੋ ਲਾਈਨ 'ਤੇ ਕੀਤੀ ਜਾਵੇ ਅਤੇ ਤਾਰ ਪਾਰਲੇ ਖੇਤਾਂ ਵਿਚ ਕੰਮ ਕਰਨ ਦਾ ਸਮਾਂ ਵਧਾਇਆ ਜਾਵੇ, ਅੰਦੋਲਨਾਂ ਵਿਚ ਕੇਂਦਰ ਤੇ ਪੰਜਾਬ ਸਰਕਾਰ ਵੱਲੋਂ ਪਾਏ ਪਰਚੇ ਰੱਦ ਕੀਤੇ ਜਾਣ, ਦਿੱਲੀ ਤੇ ਹਰਿਆਣਾ ਵਿਚ ਦਿੱਲੀ ਮੋਰਚੇ ਦੌਰਾਨ ਫੜੇ ਗਏ ਟਰੈਕਟਰ ਆਦਿ ਸਾਧਨ ਛੱਡੇ ਜਾਣ, ਤੋਂ ਇਲਾਵਾ ਹੋਰ ਮੁੱਖ ਮੰਗਾ ਹਨ ਜਿੰਨਾਂ ਨੂੰ ਸਰਕਾਰ ਜਲਦ ਪੂਰਿਆਂ ਕਰੇ। ਇਸ ਸਮੇਂ ਡੀ ਸੀ ਦਫ਼ਤਰ ਮੋਰਚੇ ਅਤੇ ਜ਼ਿਲ੍ਹੇ ਵਿਚ ਤਿੰਨ ਜਗ੍ਹਾ ਚੱਲ ਰਹੇ ਮੋਰਚਿਆਂ ਨੂੰ ਜਿਲ੍ਹਾ ਪ੍ਰੈਸ ਸਕੱਤਰ ਕੰਵਰਦਲੀਪ ਸੈਦੋਲੇਹਲ, ਅਮਰਦੀਪ ਸਿੰਘ ਗੋਪੀ, ਬਾਜ਼ ਸਿੰਘ ਸਾਰੰਗੜਾ, ਲਖਵਿੰਦਰ ਸਿੰਘ ਡਾਲਾ, ਕੁਲਜੀਤ ਸਿੰਘ ਕਾਲੇ ਘਣੁਪੁਰ, ਗੁਰਭੇਜ ਸਿੰਘ ਝੰਡੇ, ਮੇਜਰ ਸਿੰਘ ਅਬਦਾਲ, ਟੇਕ ਸਿੰਘ ਝੰਡੇ, ਸੁਖਦੇਵ ਸਿੰਘ ਚਾਟੀਵਿੰਡ, ਰਣਜੀਤ ਸਿੰਘ ਚਾਟੀਵਿੰਡ, ਗੁਰਭੇਜ ਸਿੰਘ ਭੀਲੋਵਾਲ, ਅਮਰੀਕ ਸਿੰਘ, ਚਰਨ ਸਿੰਘ ਕਲੇਰ ਘੁੰਮਾਣ, ਸੁਖਦੇਵ ਸਿੰਘ ਧੀਰੇਕੋਟ, ਸਤਨਾਮ ਸਿੰਘ,ਨਿਰਮਲ ਸਿੰਘ ਚੂੰਗ, ਬਲਵਿੰਦਰ ਸਿੰਘ ਸੈਦੁਕੇ,ਸੂਬਾ ਸਿੰਘ ਵਜ਼ੀਰ ਭੁੱਲਰ, ਚਰਨਜੀਤ ਸਿੰਘ ਸਫੀਪੁਰ, ਰੇਸ਼ਮ ਸਿੰਘ, ਪ੍ਰਗਟ ਸਿੰਘ ਗੁੰਨੋਵਾਲ, ਕਾਬਲ ਸਿੰਘ ਮਾਹਾਵਾ ਨੇ ਇੱਕਠ ਨੂੰ ਸੰਬੋਧਨ ਕੀਤਾ। ਇਸ ਮੌਕੇ ਵੱਖ ਵੱਖ ਜ਼ੋਨਾਂ ਤੋਂ ਹਜ਼ਾਰਾ ਦੀ ਗਿਣਤੀ ਵਿਚ ਕਿਸਾਨਾਂ ਮਜ਼ਦੂਰਾਂ ਤੇ ਔਰਤਾਂ ਨੇ ਹਾਜ਼ਰੀ ਭਰੀ।

# ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਪਾਕਿਸਤਾਨ ਨਾਲ ਲੱਗਦੇ ਸਰਹੱਦੀ ਖੇਤਰ ਦਾ ਦੌਰਾ



ਗੁਰਦਾਸਪੁਰ (ਜਨਕ ਮਹਾਜਨ)-ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਬੀ.ਐੱਸ.ਐੱਫ. ਦੇ ਗੁਰਦਾਸਪੁਰ ਸੈਕਟਰ ਦੇ ਡੀ.ਆਈ.ਜੀ. ਸ੍ਰੀ ਪ੍ਰਭਾਕਰ ਜੋਸ਼ੀ ਅਤੇ ਐੱਸ.ਐੱਸ.ਪੀ. ਗੁਰਦਾਸਪੁਰ ਦੇ ਨਾਲ ਬੀਤੀ ਸ਼ਾਮ ਭਾਰਤ-ਪਾਕਿਸਤਾਨ ਸਰਹੱਦ ਨਾਲ ਲੱਗਦੇ ਸਰਹੱਦੀ ਖੇਤਰ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵੱਲੋਂ ਡੇਰਾ ਬਾਬਾ ਨਾਨਕ ਸਥਿਤ ਦਰਸ਼ਨ ਸਥੱਲ ਵਿਖੇ ਸੰਗਤਾਂ ਦੀ ਸਹੂਲਤ ਦਾ ਜਾਇਜ਼ਾ ਲੈਣ ਉਪਰੰਤ ਕਲਾਨੌਰ ਨੇੜੇ ਸਰਹੱਦੀ ਪਿੰਡ ਰੋਸੇ ਵਿਖੇ ਸਥਾਨਕ ਨਿਵਾਸੀਆਂ ਨਾਲ ਮੀਟਿੰਗ ਕੀਤੀ ਗਈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਡੇਰਾ ਬਾਬਾ ਨਾਨਕ ਸਰਹੱਦ 'ਤੇ ਸਥਿਤ ਸ੍ਰੀ ਕਰਤਾਰਪੁਰ ਸਾਹਿਬ ਕੋਰੀਡੋਰ ਅਤੇ ਦਰਸ਼ਨ ਸਥੱਲ ਵਿਖੇ ਪਹੁੰਚ ਕੇ ਸੰਗਤਾਂ ਦੀ ਸਹੂਲਤ ਲਈ ਕੀਤੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਸਰਹੱਦ 'ਤੇ ਬਣੇ ਦਰਸ਼ਨ ਸਥੱਲ 'ਤੇ ਦੂਰਬੀਨ ਰਾਹੀਂ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਆਈਆਂ ਸੰਗਤਾਂ ਨਾਲ ਗੱਲਬਾਤ ਕੀਤੀ। ਇਸ ਮੌਕੇ ਸੰਗਤਾਂ ਵੱਲੋਂ ਦਰਸ਼ਨ ਸਥੱਲ ਦੇ ਸੁੰਦਰੀਕਰਨ ਦੀ ਮੰਗ ਕੀਤੀ ਗਈ। ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਸੰਗਤਾਂ ਨੂੰ ਭਰੋਸਾ ਦਿੱਤਾ ਕਿ ਉਨ੍ਹਾਂ ਦੀ ਇਸ ਮੰਗ ਨੂੰ ਪੂਰਾ ਕਰਨ ਲਈ ਪੰਜਾਬ ਸਰਕਾਰ ਵੱਲੋਂ ਜਲਦੀ ਹੀ ਦਰਸ਼ਨ ਸਥੱਲ ਦਾ ਸੁੰਦਰੀਕਰਨ ਕੀਤਾ ਜਾਵੇਗਾ ਅਤੇ ਨਾਲ ਹੀ ਇਥੇ ਇੱਕ ਨਵੀਂ ਦੂਰਬੀਨ ਸਥਾਪਤ ਕੀਤੀ ਜਾਵੇਗੀ ਤਾਂ ਜੋ ਜਿਹੜੀ ਸੰਗਤ ਗੁਰਦੁਆਰਾ ਸ੍ਰੀ ਕਰਤਾਰਪੁਰ ਸਾਹਿਬ ਦੇ ਦਰਸ਼ਨ ਕਰਨ ਨਹੀਂ ਜਾ ਸਕਦੀ ਉਹ ਦਰਸ਼ਨ ਸਥੱਲ ਤੋਂ ਹੀ ਗੁਰਦੁਆਰਾ ਸਾਹਿਬ ਦੇ ਦਰਸ਼ਨ ਕਰ ਸਕੇ। ਉਨ੍ਹਾਂ ਕਿਹਾ ਕਿ ਦਰਸ਼ਨ ਸਥੱਲ 'ਤੇ ਸੰਗਤਾਂ ਦੀ ਹਰ ਸਹੂਲਤ ਦਾ ਖਿਆਲ ਰੱਖਿਆ ਜਾਵੇਗਾ। ਇਸ ਉਪਰੰਤ ਡਿਪਟੀ ਕਮਿਸ਼ਨਰ ਡਾ. ਹਿਮਾਸ਼ੂ ਅਗਰਵਾਲ ਵੱਲੋਂ ਬੀ.ਐੱਸ.ਐੱਫ. ਅਤੇ ਪੁਲਿਸ ਅਧਿਕਾਰੀਆਂ ਨਾਲ ਕਲਾਨੌਰ ਨੇੜੇ ਸਰਹੱਦੀ ਪਿੰਡ ਰੋਸੇ ਵਿਖੇ ਪਕੀਵਾਂ, ਚੰਦੂ ਵਡਾਲਾ, ਮੋਮਨਪੁਰ, ਖੱਦਰ, ਲੋਪਾ, ਸਰਜੇਚੱਕ, ਭਗਠਾਣਾ, ਮੇਤਲਾ, ਅਗਵਾਨ ਅਤੇ ਸਾਧਾਂਵਾਲੀ ਦੀਆਂ ਵਿਲੇਜ ਡਿਫੈਂਸ ਕਮੇਟੀਆਂ ਦੇ ਮੈਂਬਰਾਂ ਅਤੇ ਮੋਹਤਬਰ ਵਿਅਕਤੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਸਰਹੱਦੀ ਇਲਾਕੇ ਦੇ ਵਸਨੀਕਾਂ ਨੂੰ ਅਗਾਹ ਕਰਦਿਆਂ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਧੁੰਦ ਦਾ ਮੌਸਮ ਹੋਣ ਕਾਰਨ ਗੁਆਂਢੀ ਮੁਲਕ ਵੱਲੋਂ ਨਸ਼ੇ ਤੇ ਹਥਿਆਰਾਂ ਦੀ ਸਮਗਲਿੰਗ ਕਰਨ ਲਈ ਕੋਸ਼ਿਸ਼ਾਂ ਤੇਜ਼ ਕਰ ਦਿੱਤੀਆਂ ਗਈਆਂ ਹਨ, ਜਿਨ੍ਹਾਂ ਨੂੰ ਨਾਕਾਮ ਕਰਨ ਲਈ ਸੁਰੱਖਿਆ ਬਲਾਂ ਦੇ ਨਾਲ ਸਰਹੱਦੀ ਖੇਤਰ ਦੇ ਵਸਨੀਕਾਂ ਨੂੰ ਵੀ ਪੂਰੀ ਚੌਕਸੀ ਵਰਤਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਸਰਹੱਦੀ ਲੋਕ ਡਰੋਨ ਦੀਆਂ ਗਤੀਵਿਧੀਆਂ ਪ੍ਰਤੀ ਪੂਰੀ ਤਰ੍ਹਾਂ ਚੌਕਸ ਰਹਿਣ ਅਤੇ ਜਦੋਂ ਵੀ ਉਨ੍ਹਾਂ ਨੂੰ ਸਰਹੱਦ ਨੇੜੇ ਕੋਈ ਸ਼ੱਕੀ ਗਤੀਵਿਧੀ ਦਿਖਾਈ ਦੇਵੇ ਤਾਂ ਉਹ ਤੁਰੰਤ ਇਸਦੀ ਜਾਣਕਾਰੀ ਬੀ.ਐੱਸ.ਐੱਫ ਤੇ ਪੁਲਿਸ ਨੂੰ ਦੇਣ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਜਲਦ ਹੀ ਇਸ ਸਬੰਧੀ ਇੱਕ ਹੈਲਪ ਲਾਈਨ ਨੰਬਰ ਵੀ ਜਾਰੀ ਕੀਤਾ ਜਾਵੇਗਾ ਜਿਸ ਉੱਪਰ ਸਰਹੱਦੀ ਇਲਾਕੇ ਦੇ ਵਸਨੀਕ ਸੂਚਨਾ ਦੇ ਸਕਣਗੇ। ਉਨ੍ਹਾਂ ਕਿਹਾ ਕਿ ਸੂਚਨਾ ਦੇਣ ਵਾਲੇ ਵਿਅਕਤੀ ਦਾ ਨਾਮ ਤੇ ਪਤਾ ਪੂਰੀ ਤਰਾਂ ਗੁਪਤ ਰੱਖਿਆ ਜਾਵੇਗਾ। ਇਸ ਮੌਕੇ ਬੀ.ਐੱਸ.ਐੱਫ. ਦੇ ਡੀ.ਆਈ.ਜੀ. ਸ੍ਰੀ ਪ੍ਰਭਾਕਰ ਜੋਸ਼ੀ ਨੇ ਵੀ ਸਰਹੱਦੀ ਇਲਾਕੇ ਦੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਸਰਹੱਦ ਪਾਰੋਂ ਦੁਸ਼ਮਣ ਦੇਸ਼ ਵੱਲੋਂ ਕੀਤੀਆਂ ਜਾਂਦੀਆਂ ਨਾਪਾਕ ਕੋਸ਼ਿਸ਼ਾਂ ਨੂੰ ਨਾਕਾਮ ਕਰਨ ਲਈ ਬੀ.ਐੱਸ.ਐੱਫ. ਦਾ ਸਹਿਯੋਗ ਦੇਣ। ਉਨ੍ਹਾਂ ਕਿਹਾ ਕਿ ਸਹੀ ਸੂਚਨਾ ਦੇਣ ਵਾਲੇ ਨੂੰ ਬੀ.ਐੱਸ.ਐੱਫ. ਵੱਲੋਂ ਇੱਕ ਲੱਖ ਰੁਪਏ ਦਾ ਇਨਾਮ ਵੀ ਦਿੱਤਾ ਜਾਵੇਗਾ। ਇਸ ਮੌਕੇ ਐੱਸ.ਐੱਸ.ਪੀ. ਗੁਰਦਾਸਪੁਰ ਸ੍ਰੀ ਦੀਪਕ ਹਿਲੋਰੀ ਨੇ ਕਿਹਾ ਕਿ ਸਰਹੱਦੀ ਇਲਾਕੇ ਦੇ ਲੋਕ ਡਰੋਨ ਦੀਆਂ ਗਤੀਵਿਧੀਆਂ 'ਤੇ ਨਜ਼ਰ ਰੱਖਣ ਦੇ ਨਾਲ ਇਲਾਕੇ ਵਿੱਚ ਘੁੰਮ ਰਹੇ ਵਿਅਕਤੀਆਂ 'ਤੇ ਵੀ ਨਜ਼ਰ ਰੱਖਣ ਅਤੇ ਇਸਦੀ ਸੂਚਨਾ ਬੀ.ਐੱਸ.ਐੱਫ ਦੇ ਨਾਲ ਪੁਲਿਸ ਨੂੰ ਵੀ ਦੇਣ। ਮੀਟਿੰਗ ਤੋਂ ਬਾਅਦ ਡਿਪਟੀ ਕਮਿਸ਼ਨਰ ਤੇ ਬੀ.ਐੱਸ.ਐੱਫ ਅਧਿਕਾਰੀਆਂ ਵੱਲੋਂ ਸਰਹੱਦ ਨੇੜੇ ਲੱਗੀ ਕੰਢਿਆਲੀ ਦਾ ਨਿਰੀਖਣ ਵੀ ਕੀਤਾ ਗਿਆ।

# ਸ਼ਰਾਬੀ ਕਾਰ ਚਾਲਕ ਨੇ ਤਿੰਨ ਔਰਤਾਂ 'ਚ ਮਾਰੀ ਗੱਡੀ



ਗੁਰਦਾਸਪੁਰ (ਜਨਕ ਮਹਾਜਨ)-ਪੁਲਸ ਸਟੇਸ਼ਨ ਪੁਰਾਣਾ ਸ਼ਾਲਾ ਅੰਦਰ ਪੈਂਦੇ ਪਿੰਡ ਕਰਾਲ ਦੀਆਂ ਤਿਨ ਔਰਤਾਂ ਸ਼ਾਮ ਵੇਲੇ ਸੈਰ ਕਰਨ ਸਮੇ ਘੁੱਲੂਘਾਰਾ ਮੋੜ ਤੇ ਪੈਂਦੀ ਪੁਲੀ ਤੇ ਇਕ ਸ਼ਰਾਬੀ ਵਲੋਂ ਉਨ੍ਹਾ 'ਚ ਗੱਡੀ ਮਾਰ ਦਿੱਤੀ ਅਤੇ ਇਕ ਦਾ ਗਿੱਟਾ ਟੁੱਟਾ, ਦੂਜੀ ਦੇ ਚੂਲੇ ਤੇ ਸੱਟ ਲਈ ਅਤੇ ਤੀਜੀ ਦੇ ਵਾਲ ਵਾਲ ਬਚਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਪੀੜਤ ਆਸ਼ਾ ਰਾਣੀ ਪਤਨੀ ਅਸ਼ੋਕ ਕੁਮਾਰ, ਸੁਮਨ ਅਤੇ ਪ੍ਰਿਆਕਾਂ ਵਾਸੀ ਕਰਾਲ ਨੇ ਦੱਸਿਆ ਕਿ ਨਿਤ ਵਾਂਗ ਅਸੀ ਸ਼ਾਮ ਵੇਲੇ ਸੜਕ ਤੇ ਸੈਰ ਕਰ ਰਹੀਆਂ ਸੀ ਅਤੇ ਘੱਲੂਘਾਰਾ ਸਾਹਿਬ ਵਲੋਂ ਆਉਂਦੀ ਕਾਰ ਨੇ ਸਾਨੂੰ ਅਪਣੀ ਲਪੇਟ ਵਿਚ ਲੈ ਲਿਆ ਜਿਸ ਕਰਕੇ ਸਾਡੇ ਕਾਫੀ ਸੱਟਾ ਲੱਗੀਆਂ ਤੇ ਕਾਰ ਚਾਲਕ ਏਨਾ ਸ਼ਰਾਬੀ ਸੀ ਕਿ ਉਹ ਥਾਂ ਅਪਣੇ ਪੈਰਾ ਤੇ ਵੀ ਖੜਾ ਨਹੀਂ ਸੀ ਹੋ ਰਿਹਾ ਅਤੇ ਗੱਡੀ ਭਜਾ ਕੇ ਲੈ ਗਿਆ। ਜਦੋਂ ਉਸ ਨੂੰ ਪਿੰਡ ਚਾਵਾਂ ਨੇੜੇ ਰੋਕਿਆ ਤਾਂ ਉਹ ਦੱਸ ਰਿਹਾ ਸੀ ਕਿ ਉਹ ਫਤਿਹਗੜ੍ਹ ਸਾਹਿਬ ਡਿਊਟੀ 'ਤੇ ਗਿਆ ਹੋਇਆ ਸੀ ਜਦੋਂ ਲੜਕਿਆ ਨੇ ਉਸ ਨੂੰ ਰੋਕਿਆਂ ਤਾ ਉਸ ਦੀ ਹਾਲਤ ਖਰਾਬ ਹੋਣ ਕਰਕੇ ਛੱਡ ਦਿੱਤਾ। ਪੀੜਤ ਪਰਵਾਰ ਨੇ ਜਿਲ੍ਹਾ ਪੁਲਸ ਮੁਖੀ ਗੁਰਦਾਸਪੁਰ ਪਾਸੋਂ ਇਨਸਾਫ ਦੀ ਮੰਗ ਕੀਤੀ ਹੈ। ਜਦੋ ਕਿ ਇਹ ਮਾਮਲਾ ਥਾਣਾਂ ਪੁਰਾਣਾ ਸ਼ਾਲਾ ਦੇ ਧਿਆਨ ਹਿੱਤ ਵੀ ਲਿਆਂਦਾ ਗਿਆ ਹੈ।

# ਗੁਰਬੀਰ ਸਿੰਘ ਧੁੰਨ ਭਾਰਤੀ ਯੂਨੀਅਨ ਅੰਬਾਵਤਾ ਦੇ ਬਲਾਕ ਪ੍ਰਧਾਨ ਨਿਯੁਕਤ



**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ ਰਣਬੀਰ ਸਿੰਘ ਗੋਲਣ)** : ਭਾਰਤੀ ਕਿਸਾਨ ਯੂਨੀਅਨ ਅੰਬਾਵਤਾ ਦੀ ਮੀਟਿੰਗ ਜ਼ਿਲ੍ਹਾ ਤਰਨ ਤਾਰਨ ਦੇ ਮੁੱਖ ਦਫਤਰ ਮਾੜੀ ਕੰਬੋਕੇ ਵਿਖੇ ਜ਼ਿਲ੍ਹਾ ਪ੍ਰਧਾਨ ਪੰਜਾਬ ਸਿੰਘ ਕੰਬੋਕੇ ਦੀ ਅਗਵਾਈ ਹੇਠ ਹੋਈ । ਇਸ ਮੌਕੇ ਮੀਟਿੰਗ ਵਿੱਚ ਪਹੁੰਚੇ ਸਮੂਹ ਕਿਸਾਨ ਆਗੂਆਂ ਦੀ ਹਾਜ਼ਰੀ ਵਿੱਚ ਭਾਰਤੀ ਕਿਸਾਨ ਯੂਨੀਅਨ (ਅ) ਦੇ ਕੌਮੀ ਪ੍ਰਧਾਨ ਚੌਧਰੀ ਰਿਸ਼ੀਪਾਲ ਅੰਬਾਵਤਾ ਤੇ ਪੰਜਾਬ ਪ੍ਰਧਾਨ ਬਲਦੇਵ ਸਿੰਘ ਸੰਧੂ ਦੇ ਦਿਸ਼ਾ-ਨਿਰਦੇਸ਼ਾਂ ਹੇਠ ਗੁਰਬੀਰ ਸਿੰਘ ਧੁੰਨ ਨੂੰ ਬਲਾਕ ਵਲਟੋਹਾ ਤੋਂ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ । ਇਸ ਮੌਕੇ ਪੰਜਾਬ ਸਿੰਘ ਕੰਬੋਕੇ ਨੇ ਕਿਹਾ ਕਿ ਉਹ ਭਾਰਤੀ ਕਿਸਾਨ ਯੂਨੀਅਨ (ਅ) ਨੂੰ ਮਜ਼ਬੂਤ ਕਰਨ ਲਈ ਦਿਨ-ਰਾਤ ਮਿਹਨਤ ਕਰ ਰਹੇ ਹਨ ਅਤੇ ਉਨ੍ਹਾਂ ਭਾਰਤੀ ਕਿਸਾਨ ਯੂਨੀਅਨ (ਅ) ਸ਼ਾਮਲ ਹੋਏ ਗੁਰਬੀਰ ਸਿੰਘ ਧੁੰਨ ਨੂੰ ਜੀ ਆਇਆਂ ਆਖਦਿਆਂ ਕੇਂਦਰ ਸਰਕਾਰ ਖਿਲਾਫ ਬੋਲਦਿਆਂ ਕਿਹਾ ਕਿ ਐੱਮ ਐੱਸ ਪੀ ਨੂੰ ਕਾਨੂੰਨੀ ਦਰਜਾ ਦਿੱਤਾ ਜਾਵੇ ਅਤੇ ਸਾਰੀਆਂ ਫਸਲਾਂ ਦਾ ਐੱਮ ਐੱਸ ਪੀ ਮੁੱਲ ਨਿਰਧਾਰਤ ਕੀਤਾ ਜਾਵੇ ਤੇ ਖਰੀਦ ਯਕੀਨੀ ਬਣਾਈ ਜਾਵੇ । ਉਨ੍ਹਾਂ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਕਿ ਸੰਘਰਸ਼ ਲਈ ਤਿਆਰ ਰਹਿਣ। ਇਸ ਮੌਕੇ ਨਵ ਨਿਯੁਕਤ ਬਲਾਕ ਪ੍ਰਧਾਨ ਗੁਰਬੀਰ ਸਿੰਘ ਧੁੰਨ ਨੇ ਭਾਰਤੀ ਕਿਸਾਨ ਯੂਨੀਅਨ (ਅ) ਨੂੰ ਬਲਾਕ ਪੱਧਰ 'ਤੇ ਮਜ਼ਬੂਤ ਕਰਨ ਲਈ ਦਿਨ-ਰਾਤ ਇੱਕ ਕਰ ਦੇਣਗੇ ਅਤੇ ਬਲਾਕ ਦੇ ਹਰੇਕ ਪਿੰਡ ਜਾ ਕੇ ਜ਼ੋਨ ਪੱਧਰੀ ਕਮੇਟੀਆਂ ਦਾ ਗਠਨ ਕਰਨਗੇ ਤੇ ਬਲਾਕ ਦੇ ਕਿਸਾਨਾਂ ਦੇ ਹਰੇਕ ਦੁੱਖ ਸੁੱਖ ਵੀ ਸ਼ਾਮਲ ਹੋਣਗੇ । ਇਸ ਮੌਕੇ ਉਨ੍ਹਾਂ ਨਾਲ ਰਾਮ ਧਵਨ ਭਿੱਖੀਵਿੰਡ, ਗੁਰਦੇਵ ਸਿੰਘ ਫੌਜੀ ਕੰਬੋਕੇ, ਰਮਨ ਕੁਮਾਰ ਭਿੱਖੀਵਿੰਡ, ਉਧਮ ਸਿੰਘ ਅਮਰਕੋਟ, ਬਾਊ ਪਰਵੇਸ਼ ਕੁਮਾਰ ਅਮਰਕੋਟ, ਮਲਕੀਤ ਸਿੰਘ ਅਮਰਕੋਟ, ਸਤਨਾਮ ਸਿੰਘ ਕਾਲਾ ਅਮਰਕੋਟ, ਤਰਸੇਮ ਸਿੰਘ ਅਮਰਕੋਟ, ਸਤਨਾਮ ਸਿੰਘ ਸਾਗਰ, ਅਮਰਜੀਤ ਸਿੰਘ ਅਮਰਕੋਟ, ਸਿਕੰਦਰ ਸਿੰਘ ਦਰਾਜਕੇ, ਹਰਦਿਆਲ ਸਿੰਘ ਕੰਬੋਕੇ, ਰਾਣਾ ਪ੍ਰਤਾਪ ਸਿੰਘ ਦਰਾਜਕੇ, ਸਤਨਾਮ ਸਿੰਘ ਕੰਬੋਕੇ, ਸੁਖਪ੍ਰੀਤ ਸਿੰਘ ਸਮਰਾ, ਵਿਕਰਮਜੀਤ ਸਿੰਘ ਭਿੱਖੀਵਿੰਡ ਅਤੇ ਸਿਮਰਨਜੀਤ ਸਿੰਘ ਕੰਬੋਕੇ ਆਦਿ ਆਗੂ ਹਾਜ਼ਰ ਸਨ ।

# ਦੁਕਾਨ 'ਚੋਂ ਚਾਈਨਾ ਡੋਰ ਦੇ 7 ਗੱਟੂ ਬਰਾਮਦ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ: ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਪਲਾਸਟਿਕ/ਚਾਈਨਾ ਡੋਰ ਦੀ ਵਿਕਰੀ ਤੇ ਵਰਤੋਂ ਨੂੰ ਰੋਕਣ ਲਈ ਵਿੱਢੀ ਮੁਹਿੰਮ ਤਹਿਤ ਸਬ ਤਹਿਸੀਲ ਧਾਰੀਵਾਲ ਦੇ ਨਾਇਬ ਤਹਿਸੀਲਦਾਰ ਇੰਦਰਜੀਤ ਕੌਰ ਰਿਆੜ ਵਲੋਂ ਸ਼ਹਿਰ ਧਾਰੀਵਾਲ ਅੰਦਰ ਵੱਖ ਵੱਖ ਬਜ਼ਾਰਾਂ ਵਿੱਚ ਪਤੰਗਾਂ ਤੇ ਡੋਰਾਂ ਵੇਚਣ ਵਾਲੀਆਂ ਦੁਕਾਨਾਂ ਅਤੇ ਹੋਰ ਸ਼ੱਕੀ ਦੁਕਾਨਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ। ਚੈਕਿੰਗ ਦੌਰਾਨ ਮਿਲੀ ਗੁਪਤ ਸੂਚਨਾ ਦੇ ਅਧਾਰ ਤੇ ਸ਼ਹਿਰ ਦੇ ਡੱਡਵਾਂ ਰੋਡ ਉਪਰ ਪੈਂਦੀ ਖਾਲ ਵਾਲੀ ਗਲੀ ਵਿੱਚ ਮੁਰਗੀਆਂ ਦੇ ਆਂਡੇ (ਅੰਡੇ) ਵੇਚਣ ਵਾਲੀ ਇਕ ਦੁਕਾਨ ਤੇ ਛਾਪਾਮਾਰੀ ਕਰਕੇ ਦੁਕਾਨ ਵਿੱਚੋਂ ਚਾਈਨਾ ਡੋਰ ਦੇ 7 ਗੱਟੂ ਬਰਾਮਦ ਕੀਤੇ ਹਨ।

ਉਨ੍ਹਾਂ ਨਾਲ ਟੀਮ ਵਿੱਚ ਪੁਲੀਸ ਥਾਣਾ ਧਾਰੀਵਾਲ ਦੇ ਮੁੱਖੀ ਸਰਬਜੀਤ ਸਿੰਘ ਚਾਹਲ ਅਤੇ ਹੋਰ ਪੁਲਸ ਕਰਮਚਾਰੀ ਵੀ ਮੌਜੂਦ ਸਨ। ਪੁਲਸ ਨੇ ਮੌਕੇ ਤੋਂ ਬਰਾਮਦ ਚਾਈਨਾ ਡੋਰ ਕਬਜੇ ਵਿੱਚ ਲੈ ਕੇ ਦੁਕਾਨਦਾਰ ਸਤੀਸ਼ ਕੁਮਾਰ ਉਰਫ ਕਾਲਾ ਪੁੱਤਰ ਹੀਰਾ ਲਾਲ ਵਾਸੀ ਧਾਰੀਵਾਲ ਨੂੰ ਗ੍ਰਿਫਤਾਰ ਕਰਕੇ ਉਸ ਵਿਰੁੱਧ ਮੁਕੱਦਮਾ ਦਰਜ ਕਰ ਲਿਆ ਹੈ। ਇਸ ਮੌਕੇ ਨਾਇਬ ਤਹਿਸੀਲਦਾਰ ਇੰਦਰਜੀਤ ਕੌਰ ਰਿਆੜ ਅਤੇ ਥਾਣਾ ਮੁੱਖੀ ਸਰਬਜੀਤ ਸਿੰਘ ਨੇ ਕਿਹਾ ਪਾਬੰਦੀਸ਼ੁਦਾ ਡੋਰ ਵੇਚਣ ਵਾਲਿਆਂ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਨੇ ਸਮਾਜ ਸੇਵੀਆਂ ਤੇ ਹੋਰ ਆਗੂਆਂ ਨੂੰ ਅਪੀਲ ਕੀਤੀ ਕਿ ਜਾਨਲੇਵਾ ਚਾਈਨਾ ਡੋਰ ਦੀ ਵਿਕਰੀ ਰੋਕਣ ਲਈ ਵਿੱਢੀ ਮੁਹਿਮ ਵਿੱਚ ਪ੍ਰਸ਼ਾਸਨ ਦਾ ਪੂਰਨ ਸਹਿਯੋਗ ਦੇਣ।

# ਪੰਜਾਬ 'ਚ 9 ਮਹੀਨਿਆਂ ਦੌਰਾਨ 30,000 ਕਰੋੜ ਰੁਪਏ ਦਾ ਨਿਵੇਸ਼ ਹੋਇਆ : ਬਹਿਲ



ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸੂਬੇ ਵਿੱਚ ਉਦਯੋਗ ਪੱਖੀ ਮਾਹੌਲ ਅਤੇ ਕਾਰੋਬਾਰ ਨੂੰ ਸੁਖਾਲਾ ਕਰਨ ਦੀਆਂ ਨੀਤੀਆਂ ਸਦਕਾ ਪਿਛਲੇ 9 ਮਹੀਨਿਆਂ ਵਿਚ ਸੂਬੇ ਵਿਚ 30,000 ਕਰੋੜ ਰੁਪਏ ਦਾ ਨਿਵੇਸ਼ ਹੋਇਆ ਹੈ ਜਿਸ ਨਾਲ ਹਜ਼ਾਰਾਂ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ। ਇਹ ਪ੍ਰਗਟਾਵਾ ਕਰਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਰਮਨ ਬਹਿਲ ਨੇ ਕਿਹਾ ਕਿ ਟਾਟਾ ਸਟੀਲ, ਵਰਬੀਓ, ਫਰੇਡਨਬਰਗ, ਸਨਾਥਨ ਟੈਕਸਟਾਈਲ ਵਰਗੇ ਵੱਡੇ ਉਦਯੋਗ ਘਰਾਣਿਆਂ ਨੇ ਪੰਜਾਬ ਸਰਕਾਰ ਦੀਆਂ ਉਦਯੋਗਿਕ ਨੀਤੀਆਂ ਵਿਚ ਵਿਸ਼ਵਾਸ ਪ੍ਰਗਟਾਉਂਦੇ ਹੋਏ ਨਿਵੇਸ਼ ਕਰਨ ਲਈ ਇਕਰਾਰਨਾਮੇ ਕੀਤੇ ਜਿਸ ਨਾਲ ਸਾਡੇ ਨੌਜਵਾਨਾਂ ਨੂੰ ਨੌਕਰੀਆਂ ਹਾਸਲ ਹੋਣਗੀਆਂ। ਉਨ੍ਹਾਂ ਕਿਹਾ ਕਿ ਹਾਲ ਹੀ ਵਿਚ ਮੁੱਖ ਮੰਤਰੀ ਮਾਨ ਨੇ ਹੈਦਰਾਬਾਦ ਵਿਚ ਉਦਯੋਗਪਤੀਆਂ ਨਾਲ ਮੀਟਿੰਗਾਂ ਕੀਤੀਆਂ ਸਨ ਜਿਸ ਦੌਰਾਨ ਫੂਡ ਪ੍ਰੋਸੈਸਿੰਗ ਤੇ ਖੇਤੀਬਾੜੀ ਨਾਲ ਜੁੜੇ ਉਥੋਂ ਦੇ ਉੱਦਮੀਆਂ ਨੇ ਵੀ ਪੰਜਾਬ ਵਿਚ ਨਿਵੇਸ਼ ਲਈ ਦਿਲਚਸਪੀ ਦਿਖਾਈ ਹੈ ਜਿਸ ਨਾਲ ਸੂਬੇ ਦੇ ਉਦਯੋਗਿਕ ਖੇਤਰ ਨੂੰ ਹੋਰ ਮਜ਼ਬੂਤੀ ਮਿਲੇਗੀ। ਉਨ੍ਹਾਂ ਅੱਗੇ ਕਿਹਾ ਕਿ 'ਯੋਗ ਨੌਜਵਾਨਾਂ ਨੂੰ ਰੁਜ਼ਗਾਰ' ਦੇਣ ਦੇ ਵਾਅਦੇ ਨੂੰ ਪੂਰਾ ਕਰਦੇ ਹੋਏ ਸੂਬਾ ਸਰਕਾਰ ਨੇ 9 ਮਹੀਨਿਆਂ ਵਿਚ 21404 ਨੌਜਵਾਨਾਂ ਨੂੰ ਸਰਕਾਰੀ ਨੌਕਰੀਆਂ ਦੇ ਨਿਯੁਕਤੀ ਪੱਤਰ ਦੇ ਦਿੱਤੇ ਹਨ ਅਤੇ ਹੋਰ ਵੀ ਭਰਤੀ ਕੀਤੀ ਜਾ ਰਹੀ ਹੈ। ਇਹ ਸਾਰੀ ਭਰਤੀ ਪ੍ਰਕਿਰਿਆ ਨਿਰੋਲ ਮੈਰਿਟ ਆਧਾਰ ਉਤੇ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਨਵੇਂ ਸਾਲ ਮੌਕੇ ਪੰਜਾਬ ਸਰਕਾਰ ਵੱਲੋਂ ਮਾਸਟਰ ਕਾਡਰ ਦੇ 3000 ਤੋਂ ਵੱਧ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਵੰਡੇ ਜਾ ਰਹੇ ਹਨ ਜਿਸ ਨਾਲ ਸਾਡੀ ਸਕੂਲ ਸਿੱਖਿਆ ਪ੍ਰਣਾਲੀ ਹੋਰ ਮਜ਼ਬੂਤ ਹੋਵੇਗੀ। ਉਨ੍ਹਾਂ ਦੱਸਿਆ ਕਿ ਪਹਿਲੀ ਵਾਰ ਹੋਇਆ ਹੈ ਕਿ ਪੁਲਸ ਵਿਭਾਗ ਵਿਚ ਹਰੇਕ ਸਾਲ 1800 ਕਾਂਸਟੇਬਲ ਅਤੇ 300 ਸਬ-ਇੰਸਪੈਕਟਰ ਭਰਤੀ ਕਰਨ ਦਾ ਇਤਿਹਾਸਕ ਫੈਸਲਾ ਲਿਆ ਗਿਆ ਅਤੇ ਪ੍ਰੀਖਿਆਵਾਂ ਦੀਆਂ ਤਰੀਕਾਂ ਵੀ ਤੈਅ ਕਰ ਦਿੱਤੀਆਂ ਗਈਆਂ ਹਨ।

# ਸੂਰ ਸੈਣੀ ਮਹਾਰਾਜ ਦਾ ਜਨਮ ਦਿਹਾੜਾ ਸ਼ਰਧਾ-ਪੂਰਵਕ ਮਨਾਇਆ



ਦੀਨਾਨਗਰ ( ਬਲਵਿੰਦਰ ਸਿੰਘ ਬਿੱਲਾ) ਸੈਣੀ ਸਮਾਜ ਸਭਾ ਦੀਨਾਨਗਰ ਵਿਖੇ ਸੈਣੀ ਸਮਾਜ ਦੇ ਸਿਰਮੌਰ ਸ੍ਰੀ ਸੂਰ ਸੈਣੀ ਮਹਾਰਾਜ ਦਾ ਜਨਮ ਦਿਹਾੜਾ ਸਭਾ ਦੇ ਪ੍ਰਧਾਨ ਤੇ ਸਾਬਕਾ ਈ ਟੀ ਓ ਜਗਦੀਸ਼ ਰਾਜ ਸੈਣੀ ਦੀ ਅਗਵਾਈ ਹੇਠ ਬੜੀ ਸ਼ਰਧਾ-ਪੂਰਵਕ ਮਨਾਇਆ ਗਿਆ। ਸਮਾਗਮ ਦਾ ਆਗਾਜ ਸ੍ਰੀ ਸੂਰ ਸੈਣੀ ਮਹਾਰਾਜ ਦੀ ਤਸਵੀਰ 'ਤੇ ਸੈਣੀ ਸਮਾਜ ਦੇ ਆਗੂਆਂ ਵੱਲੋਂ ਫੁੱਲ ਮਾਲਾ ਅਰਪਿਤ ਕਰਕੇ ਅਤੇ ਉਨ੍ਹਾਂ ਨੂੰ ਭਾਵ-ਭਿੰਨੀ ਸ਼ਰਧਾਂਜਲੀ ਭੇਟ ਕਰਕੇ ਕੀਤਾ ਗਿਆ।

ਇਸ ਮੌਕੇ ਸੈਣੀ ਸਮਾਜ ਦੇ ਵੱਖ ਵੱਖ ਬੁਲਾਰਿਆਂ ਸੈਣੀ ਬਰਾਦਰੀ ਦੇ ਸਿਰਮੌਰ ਸ੍ਰੀ ਸੂਰ ਸੈਣੀ ਮਹਾਰਾਜ ਦੇ ਜੀਵਨ 'ਤੇ ਵਿਸਥਾਰ ਪੂਰਬਕ ਚਾਨਣਾ ਪਾਇਆ। ਇਸ ਮੌਕੇ ਉਨ੍ਹਾਂ ਹਲਕਾ ਦੀਨਾਨਗਰ ਦੇ ਵੱਖ ਵੱਖ ਪਿੰਡਾਂ ਵਿੱਚ ਰਹਿੰਦੇ ਸੈਣੀ ਸਮਾਜ ਦੇ ਜ਼ਰੂਰਤਮੰਦ ਪਰਵਾਰਾਂ ਦੀ ਬਿਹਤਰੀ ਲਈ ਵਿਉਂਤਬੰਦੀ ਬਣਾਉਣ ਲਈ ਵਿਚਾਰਾਂ ਕੀਤੀਆਂ ਗਈਆਂ ਅਤੇ ਪਿੰਡ ਮਰਾੜਾ ਵਿਖੇ ਫ੍ਰੀ ਮੈਗਾ ਮੈਡੀਕਲ ਕੈਂਪ ਲਗਾਉਣ ਸਬੰਧੀ ਫੈਸਲਾ ਵੀ ਕੀਤਾ ਗਿਆ। ਅੰਤ ਵਿਚ ਸਭਾ ਦੇ ਪ੍ਰਧਾਨ ਜਗਦੀਸ ਰਾਜ ਸੈਣੀ ਨੇ ਸਮਾਗਮ ਵਿੱਚ ਪਹੁੰਚੇ ਲੋਕਾਂ ਦਾ ਧੰਨਵਾਦ ਕੀਤਾ।

# ਡਾ. ਚਰਨਜੀਤ ਸਿੰਘ ਨਾਭਾ ਨੂੰ ਸੰਸਥਾਵਾਂ ਵੱਲੋਂ ਭਾਵਭਿੰਨੀ ਸ਼ਰਧਾਂਜਲੀ



ਅੰਮ੍ਰਿਤਸਰ ( ਜਸਬੀਰ ਸਿੰਘ ਪੱਟੀ ): ਫੋਕਲੋਰ ਰਿਸਰਚ ਅਕਾਦਮੀ ਅੰਮ੍ਰਿਤਸਰ ਦੇ ਪ੍ਰਧਾਨ ਰਮੇਸ਼ ਯਾਦਵ, ਦਿਲਬਾਗ ਸਿੰਘ ਸਰਕਾਰੀਆ, ਕਮਲ ਗਿੱਲ, ਪ੍ਰਗਤੀਸ਼ੀਲ ਲੇਖਕ ਸੰਘ ਦੇ ਕੌਮੀ ਜਨਰਲ ਸਕੂਲ ਡਾ.ਸੁਖਦੇਵ ਸਿੰਘ ਸਿਰਸਾ, ਪ੍ਰੋ.ਸੁਰਜੀਤ ਜੱਜ, ਤਰਲੋਚਨ ਸਿੰਘ ਤਰਨ ਤਾਰਨ,ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਸੰਧੂ, ਹਿੰਦ ਪਾਕਿ ਦੋਸਤੀ ਮੰਚ ਦੇ ਸਤਨਾਮ ਸਿੰਘ ਮਾਣਕ, ਦੀਪਕ ਬਾਲੀ, ਸਾਫਮਾ ਦੇ ਇਮਤਿਆਜ਼ ਆਲਮ, ਰਾਜਾ ਹਸਨ ਅਖਤਰ, ਮਨਿੰਦਰ ਸਿੰਘ ਮੋਗਾ,ਜਸਵੰਤ ਸਿੰਘ ਜੱਸ, ਕਿਰਤੀ ਕਿਸਾਨ ਯੂਨੀਅਨ ਦੇ ਧਨਵੰਤ ਸਿੰਘ ਖਤਰਾਏ ਕਲਾਂ, ਕੁੱਲ ਹਿੰਦ ਕਿਸਾਨ ਸਭਾ ਦੇ ਲਖਵਿੰਦਰ ਸਿੰਘ ਨਿਜ਼ਾਮਪੁਰਾ, ਏਟਕ ਦੇ ਅਮਰਜੀਤ ਸਿੰਘ ਆਸਲ, ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਕੱਤਰ ਧਰਵਿੰਦਰ ਸਿੰਘ ਔਲਖ, ਪੰਜਾਬੀ ਸਾਹਿਤ ਸਭਾ ਚੋਗਾਵਾਂ ਦੇ ਸਤਨਾਮ ਸਿੰਘ ਔਲਖ, ਬਲਦੇਵ ਸਿੰਘ ਕੰਬੋ, ਯੁੱਧਬੀਰ ਸਿੰਘ ਔਲਖ, ਪਰਗਟ ਸਿੰਘ ਔਲਖ, ਰਾਜ ਚੋਗਾਵਾਂ ਆਦਿ ਨੇ ਬੇਵਕਤ ਵਿਛੋੜਾ ਦੇ ਗਏ ਅਕਾਦਮੀ ਦੇ ਚੇਅਰਮੈਨ ਡਾ.ਚਰਨਜੀਤ ਸਿੰਘ ਨਾਭਾ ਨੂੰ ਭਾਵਭਿੰਨੀ ਸ਼ਰਧਾਂਜਲੀ ਭੇਟ ਕੀਤੀ । ਇਸ ਮੌਕੇ ਰਮੇਸ਼ ਯਾਦਵ ਨੇ ਕਿਹਾ ਕਿ ਡਾ.ਨਾਭਾ ਪਿਛਲੇ 15 ਸਾਲਾਂ ਤੋਂ ਅਕਾਦਮੀ 'ਚ ਬਤੌਰ ਚੇਅਰਮੈਨ ਸੇਵਾਵਾਂ ਨਿਭਾ ਰਹੇ ਸਨ । ਇਸ ਅਰਸੇ ਦੌਰਾਨ ਉਨ੍ਹਾਂ ਨੇ ਅਕਾਦਮੀ ਨਾਲ ਪੂਰੀ ਤਰ੍ਹਾਂ ਵਫਾਦਾਰੀ ਨਿਭਾਈ ਅਤੇ ਇਸ ਸਮੇਂ ਵਿੱਚ ਅਕਾਦਮੀ ਨੇ ਮਾਣਮੱਤੀਆਂ ਪ੍ਰਾਪਤੀਆਂ ਕੀਤੀਆਂ । ਡਾ.ਨਾਭਾ ਨੇ ਪ੍ਰਦੂਸ਼ਣ ਕੰਟਰੋਲ ਬੋਰਡ ਦੇ ਡਾਇਰੈਕਟਰ ਦੇ ਅਹੁਦੇ 'ਤੇ ਰਹਿੰਦੇ ਹੋਏ ਵਾਤਾਵਰਣ ਨੂੰ ਪ੍ਰਦੂਸ਼ਣ ਰਹਿਤ ਕਰਨ ਲਈ ਜ਼ਿਕਰਯੋਗ ਕੰਮ ਕੀਤਾ ਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਵਾਤਾਵਰਣ ਬਾਰੇ ਬਹੁਤ ਸਾਰੇ ਲੇਖ ਲਿਖੇ ਤੇ ਸੈਮੀਨਾਰ ਕਰਵਾਏ । f

ਇਸ ਤੋਂ ਇਲਾਵਾ ਉਨ੍ਹਾ ਨੇ ਭਾਰਤ ਅਤੇ ਕੌਮਾਂਤਰੀ ਪੱਧਰ ਤੇ ਸਾਰੇ ਦੇਸ਼ਾਂ ਦੇ ਲੋਕਾਂ ਦਾ ਆਪਸੀ ਭਾਈਚਾਰਾ ਤੇ ਪਰਸਪਰ ਪ੍ਰੇਮ ਕਾਇਮ ਕਰਨ ਲਈ ਅਣਥੱਕ ਮਿਹਨਤ ਕੀਤੀ । ਵੱਖ ਵੱਖ ਧਰਮਾਂ ਤੇ ਫਿਰਕਿਆਂ ਦੇ ਲੋਕਾਂ 'ਚ ਮਿੱਤਰਤਾ ਪੂਰਨ ਸੰਬੰਧ ਬਣਾਉਣ ਲਈ ਵੱਖ ਵੱਖ ਧਾਰਮਿਕ ਗੁਰੂਆਂ ਨੂੰ ਇੱਕ ਪਲੇਟਫਾਰਮ 'ਤੇ ਇੱਕਠੇ ਕੀਤਾ ਤੇ ਇਸ ਸੰਬੰਧ 'ਚ ਇੱਕ ਵਿਸ਼ਾਲ ਸੈਮੀਨਾਰ ਅੰਮ੍ਰਿਤਸਰ ਵਿਖੇ ਵੀ ਕਰਵਾਇਆ । ਭਾਰਤ ਪਾਕਿਸਤਾਨ ਸੰਬੰਧਾਂ ਨੂੰ ਸੁਖਾਵੇਂ ਬਣਾਉਣ ਲਈ ਉਹ ਦੋ ਵਾਰ ਜਥੇ ਲੈ ਕੇ ਪਾਕਿਸਤਾਨ ਵੀ ਗਏ।

# ਮਾਊਂਟ ਲਿਟਰਾ ਜੀ ਸਕੂਲ ਦੇ ਵਿਦਿਆਰਥੀਆਂ ਚਿੜੀਆ ਘਰ 'ਚ ਖੁਸ਼ੀ ਦੇ ਲਮਹੇ ਗੁਜ਼ਾਰੇ



ਤਰਨ ਤਾਰਨ ( ਪ੍ਰਿਤਪਾਲ ਸਿੰਘ ) : ਮਾਊਂਟ ਲਿਟਰਾ ਜੀ ਸਕੂਲ ਤਰਨ ਤਾਰਨ ਸਰਬਪੱਖੀ ਵਿਕਾਸ ਲਈ ਵੱਚਨਬਧ ਹੈ, ਇਸ ਉਦੇਸ਼ ਨੂੰ ਮੁੱਖ ਰੱਖਦੇ ਹੋਏ ਸਕੂਲ ਵੱਲੋਂ ਬੱਚਿਆਂ ਦੇ ਚਾਰ ਭਾਗਾਂ ਵਿੱਚ ਗਰੁੱਪ ਬਣਾ ਕੇ ਵੱਖ ਵੱਖ ਥਾਵਾਂ 'ਤੇ ਘੁੰਮਣ ਲਈ ਲਿਜਾਇਆ ਗਿਆ ਤਾਂ ਜੋ ਆਪਣੇ ਸਾਥੀਆਂ ਨਾਲ ਰਲ ਕੇ ਇੱਕਠੇ ਰਹਿ ਕੇ ਸਮਾਂ ਬਤੀਤ ਕਰ ਮਨੋਰੰਜਨ ਕਰ ਸਕਣ ,ਮਿਲਵਰਤਣ ਦੀ ਭਾਵਨਾ ਵਧਾ ਸਕਣ । ਇਸ ਤੋਂ ਇਲਾਵਾ ਪੰਜਾਬ ਤੋਂ ਬਾਹਰ ਭੌਤਿਕ ਅਤੇ ਸਮਾਜਕ ਤੌਰ ਤੇ ਵਿਚਰ ਕੇ ਜਾਣਕਾਰੀ ਪ੍ਰਾਪਤ ਕਰ ਸਕਣ । ਇਸ ਭਾਵਨਾ ਨੂੰ ਮੁੱਖ ਰੱਖਦਿਆਂ ਹੋਇਆਂ ਸਕੂਲ ਨੂੰ ਚਾਰ ਭਾਗਾਂ ਵਿੱਚ ਉਨ੍ਹਾਂ ਦੀ ਉਮਰ ਦਾ ਖਿਆਲ ਰੱਖਦਿਆਂ ਵੰਡਿਆ ਗਿਆ । ਪਹਿਲਾ ਗਰੁੱਪ ਸੱਤਵੀਂ ਤੋਂ ਦਸਵੀਂ ਕਲਾਸ ਦੇ ਵਿਦਿਆਰਥੀਆ ਨੂੰ ਤਿੰਨ ਦਿਨ ਲਈ ਸ਼ਿਮਲੇ ਦੇ ਨਾਲ ਲਗਦੇ ਇਲਾਕਿਆਂ ਜਿਵੇਂ ਕੁਫਰੀ ਦੇ ਠੰਢੇ ਇਲਾਕੇ ਦੇ ਨਜ਼ਾਰਿਆਂ ਦਾ ਅਨੰਦ ਲੈਂਦੇ ਹੋਏ ਭੌਤਿਕ,ਸਮਾਜਕ ਹਾਲਾਤ ਬਾਰੇ ਜਾਣਕਾਰੀ ਹਾਸਲ ਕੀਤੀ । ਦੂਜਾ ਗਰੁੱਪ ਚੌਥੀ ਤੇ ਛੇਵੀਂ ਕਲਾਸ ਜਿਸ ਨੂੰ ਚੰਡੀਗੜ੍ਹ ਲਾਗੇ ਹਰਿਆਣਾ ਦੀ ਹੱਦ ਅੰਦਰ ਕੁਦਰਤ ਦੀ ਹਰਿਆਲੀ ਦਾ ਅਨੰਦ ਤੇ ਹਿਲ ਸਟੇਸ਼ਨ ਦਾ ਆਨੰਦ ਲੈਂਦੇ ਹੋਏ ਛੱਤਬੀੜ ਚਿੜੀਆ ਘਰ ਵੀ ਵੇਖਿਆ ਤੇ ਸੰਬੰਧਤ ਜਾਨਵਰਾਂ ਬਾਰੇ ਜਾਣਕਾਰੀ ਪ੍ਰਾਪਤ ਕੀਤੀ । ਤੀਸਰੇ ਗਰੁੱਪ 'ਚ ਪਹਿਲੀ ਤੋਂ ਤੀਸਰੀ ਕਲਾਸ ਦੇ ਬੱਚਿਆਂ ਨੂੰ ਅੰਮ੍ਰਿਤਸਰ ਵਿਖੇ ਫਨਲੈਂਡ ਦਾ ਦ੍ਰਿਸ਼ ਦਿਖਾਇਆ ਗਿਆ, ਜਿਥੇ ਬੱਚਿਆਂ ਨੇ ਹਵਾਦਾਰ ਪਾਰਕ ਵਿੱਚ ਆਨੰਦ ਮਾਣਿਆ, ਖੂਬ ਮਸਤੀ ਕੀਤੀ । ਚੌਥੇ ਗਰੁੱਪ ਵਿੱਚ ਨਰਸਰੀ ਤੋਂ ਸੀਨੀਅਰ ਕੇ ਜੀ ਦੇ ਬੱਚਿਆਂ ਨੇ ਕੰਪਨੀ ਬਾਗ ਤੇ ਗਾਂਧੀ ਪਾਰਕ ਵਿਖੇ ਕੁਦਰਤੀ ਨਜ਼ਾਰਿਆ ਦਾ ਆਨੰਦ ਮਾਣਿਆ । ਸਕੂਲ ਪ੍ਰਿੰਸੀਪਲ ਗਗਨਦੀਪ ਸ਼ਰਮਾ ਨੇ ਕਿਹਾ ਕੇ ਟੂਰ ਦੌਰਾਨ ਬੱਚਿਆਂ ਦੇ ਰਹਿਣ-ਸਹਿਣ ਤੇ ਖਾਣ-ਪੀਣ ਦਾ ਅੱਵਲ ਦਰਜੇ ਦਾ ਪ੍ਰਬੰਧ ਸੀ । ਪ੍ਰਿੰਸੀਪਲ ਨੇ ਕਿਹਾ ਕੇ ਭਵਿੱਖ ਵਿੱਚ ਬੱਚਿਆਂ ਦੇ ਸਰਬਪੱਖੀ ਵਿਕਾਸ ਨੂੰ ਮੁੱਖ ਰੱਖਦਿਆਂ ਹੋਇਆਂ ਦੇਸ਼-ਵਿਦੇਸ਼ ਵਿੱਚ ਹੋਰ ਵਿਦਿਅਕ ਅਤੇ ਗੈਰ ਵਿਦਿਅਕ ਟੂਰ ਲਗਵਾਏ ਜਾਣਗੇ ।

# ਪ੍ਰਵਾਸੀ ਭਾਰਤੀਆਂ ਨਾਲ ਅੰਮ੍ਰਿਤਸਰ 'ਚ ਮਿਲਣੀ ਸਮਾਗਮ ਅੱਜ

ਗੁਰਦਾਸਪੁਰ (ਜਨਕ ਮਹਾਜਨ)-ਪੰਜਾਬ ਸਰਕਾਰ ਦੇ ਪ੍ਰਵਾਸੀ ਭਾਰਤੀ ਮਾਮਲਿਆਂ ਬਾਰੇ ਵਿਭਾਗ ਦੇ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਵੱਲੋਂ 30 ਦਸੰਬਰ ਨੂੰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵਿਖੇ ਪ੍ਰਵਾਸੀ ਭਾਰਤੀਆਂ ਨਾਲ ਮਿਲਣੀ ਕੀਤੀ ਜਾਣੀ ਹੈ। ਇਸ ਮਿਲਣੀ ਲਈ ਸੂਬਾ ਸਰਕਾਰ ਵੱਲੋਂ ਮਾਝੇ ਦੇ ਗੁਰਦਾਸਪੁਰ, ਅੰਮ੍ਰਿਤਸਰ, ਤਰਨਤਾਰਨ ਅਤੇ ਪਠਾਨਕੋਟ ਜ਼ਿਲ੍ਹਿਆਂ ਨਾਲ ਸਬੰਧਤ ਪ੍ਰਵਾਸੀ ਭਾਰਤੀਆਂ ਨੂੰ ਸੱਦਾ ਦਿੱਤਾ ਗਿਆ ਹੈ।

ਡੀਸੀ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਜ਼ਿਲ੍ਹਾ ਗੁਰਦਾਸਪੁਰ ਨਾਲ ਸਬੰਧਤ ਜੇਕਰ ਕਿਸੇ ਵੀ ਐੱਨਆਰਆਈ ਨੂੰ ਕੋਈ ਸ਼ਿਕਾਇਤ ਹੋਵੇ ਜਾਂ ਉਹ ਕੋਈ ਹੋਰ ਮਸਲਾ ਇਸ ਮਿਲਣੀ ਵਿਚ ਰੱਖਣਾ ਚਾਹੁੰਦਾ ਹੋਵੇ ਤਾਂ 30 ਦਸੰਬਰ ਨੂੰ ਯੂਨੀਵਰਸਿਟੀ ਵਿਖੇ ਮਿਲਣੀ ਵਿਚ ਹਾਜ਼ਰ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਮੌਕੇ ਉਕਤ ਜ਼ਿਲ੍ਹਿਆਂ ਦੇ ਸਬੰਧਤ ਅਧਿਕਾਰੀ ਵੀ ਐੱਨਆਰਆਈ ਮਿਲਣੀ ਮੌਕੇ ਹਾਜ਼ਰ ਰਹਿਣਗੇ। ਉਨ੍ਹਾਂ ਕਿਹਾ ਕਿ ਜਿਹੜੇ ਐੱਨਆਰਆਈ ਉਕਤ ਮਿਲਣੀ ਵਿਚ ਜਾਣਾ ਚਾਹੁੰਦੇ ਹਨ ਉਹ ਆਪਣੀ ਆਨਲਾਈਨ ਰਜਿਸਟ੍ਰੇਸ਼ਨ ਪੋਰਟਲ **https://eservices.punjab.gov.in/** 'ਤੇ ਕਰਵਾ ਸਕਦੇ ਹਨ। ਇਸ ਤੋਂ ਇਲਾਵਾ ਉਸ ਦਿਨ ਮੌਕੇ 'ਤੇ ਵੀ ਰਜਿਸਟਰੇਸ਼ਨ ਦੀ ਸੁਵਿਧਾ ਉਪਲੱਬਧ ਹੋਵੇਗੀ। ਇਸ ਤੋਂ ਇਲਾਵਾ ਮਿਲਣੀ ਸਬੰਧੀ ਕੋਈ ਵੀ ਜਾਣਕਾਰੀ ਲੈਣ ਲਈ ਜ਼ਿਲ੍ਹਾ ਮਾਲ ਅਫ਼ਸਰ ਗੁਰਦਾਸਪੁਰ ਗੁਰਮੀਤ ਸਿੰਘ ਨਾਲ ਉਨ੍ਹਾਂ ਦੇ ਮੋਬਾਇਲ ਨੰਬਰ 98729-48650 'ਤੇ ਰਾਬਤਾ ਕੀਤਾ ਜਾ ਸਕਦੈ।

# ਸ਼ਹੀਦੀ ਦਿਹਾੜੇ ਨੂੰ ਸਮਰਪਿਤ ਲਗਾਇਆ ਖੂਨਦਾਨ ਕੈਂਪ

ਪੱਟੀ (ਸ਼ਮਸ਼ੇਰ ਸਿੰਘ ਯੋਧਾ,ਬਲਦੇਵ ਸਿੰਘ ਸੰਧੂ)-ਮਨੁੱਖਤਾ ਦੀ ਸੇਵਾ ਖੂਨਦਾਨ ਸੁਸਾਇਟੀ ਪੱਟੀ (ਰਜਿ:) ਪੰਜਾਬ ਵੱਲੋਂ ਚਾਰ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਯਾਦ ਕਰਦਿਆਂ ਗੁਰਦੁਆਰਾ ਬੀਬੀ ਰਜਨੀ ਜੀ ਪੱਟੀ ਵਿਖੇ ਖੂਨਦਾਨ ਕੈਂਪ ਲਗਾਇਆ ਗਿਆ ਜਿਸ ਦੌਰਾਨ ਪੱਤਰਕਾਰ ਸ਼ਮਸ਼ੇਰ ਸਿੰਘ ਯੋਧਾ ਐੱਮ. ਡੀ. ਹੀਰੋ ਏਜੰਸੀ ਨੇ ਕਰੀਬ 16ਵੀਂ ਵਾਰ ਖੂਨਦਾਨ ਕੀਤਾ।

ਉਨ੍ਹਾਂ ਕਿਹਾ ਕਿ ਖੂਨਦਾਨ ਕਰਨ ਲਈ ਨੌਜਵਾਨਾਂ ਵਿੱਚ ਬੜਾ ਉਤਸ਼ਾਹ ਸੀ ਤੇ ਵੱਡੀ ਗਿਣਤੀ ਵਿੱਚ ਨੌਜਵਾਨ ਵੀਰ ਖੂਨਦਾਨ ਕਰ ਰਹੇ। ਇਸ ਮੌਕੇ ਪੱਤਰਕਾਰ ਸ਼ਮਸ਼ੇਰ ਸਿੰਘ ਯੋਧਾ ਨੇ ਕਿਹਾ ਕਿ ਸਰਬੰਸਦਾਨੀ, ਕਲਗੀਧਰ ਪਾਤਸ਼ਾਹ ਨੇ ਕੌਮ ਦੀ ਖਾਤਰ ਆਪਣਾ ਆਪ ਅਤੇ ਆਪਣਾ ਸਾਰਾ ਪਰਿਵਾਰ ਕੁਰਬਾਨ ਕੀਤਾ।

ਯੋਧਾ ਨੇ ਕਿਹਾ ਕਿ ਵੱਡੇ ਸਾਹਿਬਜ਼ਾਦੇ ਚਮਕੌਰ ਦੀ ਗੜ੍ਹੀ ਵਿੱਚ ਸ਼ਹੀਦ ਹੋ ਗਏ ਸੀ ਅਤੇ ਛੋਟੇ ਸਾਹਿਬਜ਼ਾਦਿਆਂ ਨੂੰ ਜਿਉਂਦੇ ਹੀ ਇੱਟਾਂ ਨਾਲ ਨੀਹਾਂ ਵਿੱਚ ਸ਼ਹੀਦ ਕਰ ਦਿੱਤਾ ਗਿਆ ਅਤੇ ਮਾਤਾ ਗੁਜਰੀ (ਗੁਜਰ ਕੌਰ) ਜੀ ਨੂੰ ਪੋਹ ਦੇ ਮਹੀਨੇ ਕੜਕਦੀ ਠੰਡ ਵਿੱਚ ਬਿਨਾਂ ਗਰਮ ਬਸਤਰਾਂ ਦੇ ਠੰਡੇ ਬੁਰਜ 'ਚ ਰੱਖਿਆ ਗਿਆ ਤੇ ਸੂਬੇ ਸਰਹੰਦ ਨੇ ਆਪਣੇ ਧਰਮ ਨੂੰ ਛੱਡ ਕੇ ਉਨ੍ਹਾਂ ਦਾ ਧਰਮ ਅਪਨਾਉਣ ਲਈ ਕਿਹਾ ਪਰ ਮਾਤਾ ਜੀ ਤੇ ਛੋਟੇ ਸਾਹਿਬਜ਼ਾਦਿਆਂ ਨੇ ਸੂਬੇ ਸਰਹੰਦ ਦੀ ਕੋਈ ਈਨ ਨਾ ਮੰਨੀ ਅਤੇ ਸੂਬੇ ਦੀ ਕਚਹਿਰੀ 'ਚ ਉੱਚੀ-ਉੱਚੀ ਫਤਿਹ ਦੇ ਜੈਕਾਰੇ ਲਗਾਏ। ਉਪਰੰਤ ਸੂਬੇ ਸਰਹੰਦ ਨੇ ਕਈ ਤਰ੍ਹਾਂ ਦੇ ਤਸੀਹੇ ਦਿੱਤੇ ਪਰ ਮਾਤਾ ਗੁਜਰੀ ਜੀ ਅਤੇ ਉਨ੍ਹਾਂ ਦੇ ਪੋਤੇ ਛੋਟੇ ਸਾਹਿਬਜ਼ਾਦਿਆਂ ਨੇ ਹਾਰ ਨਾ ਮੰਨੀ ਤੇ ਸ਼ਹੀਦੀ ਦਾ ਜਾਮ ਪੀ ਗਏ ਜਿਨ੍ਹਾਂ ਨੂੰ ਅੱਜ ਸਾਰੀ ਦੁਨੀਆਂ ਯਾਦ ਕਰਦੀ ਹੈ ਤੇ ਫਤਿਹਗੜ੍ਹ ਸਾਹਿਬ ਦੀ ਧਰਤੀ 'ਤੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਜੋੜ ਮੇਲੇ ਲੱਗਦੇ ਹਨ। ਉਨ੍ਹਾਂ ਦੇ ਦਰਸ਼ਨ ਕਰਨ ਲਈ ਦੇਸ਼ਾਂ ਵਿਦੇਸ਼ਾਂ 'ਚੋਂ ਲੋਕ ਬਹੁਤ ਸ਼ਰਧਾ ਨਾਲ ਨਤਮਸਤਕ ਹੁੰਦੇ ਹਨ।

ਇਸ ਮੌਕੇ ਪੱਤਰਕਾਰ ਸ਼ਮਸ਼ੇਰ ਸਿੰਘ ਯੋਧਾ ਨੇ ਕਿਹਾ ਕਿ ਪੰਜਾਬ ਦੇ ਸਰਹੱਦੀ ਇਲਾਕੇ ਵਿੱਚ ਨਸ਼ਾ ਜ਼ਿਆਦਾ ਹੋਣ ਕਰਕੇ ਕੁੱਝ ਨੌਜਵਾਨ ਗਲਤ ਸੁਸਾਇਟੀ 'ਚ ਪੈ ਕੇ ਨਸ਼ੇ ਦੇ ਆਦੀ ਹੋ ਚੁੱਕੇ ਹਨ। ਨੌਜਵਾਨ ਨਸ਼ਿਆਂ ਨੂੰ ਤਿਆਗ ਕੇ ਚੰਗੇ ਸਮਾਜ ਦੀ ਸਿਰਜਣਾ ਕਰਨ। ਇਸ ਮੌਕੇ ਮਲਕੀਅਤ ਸਿੰਘ ਬੱਬਲ, ਵਿਸ਼ਵਦੀਪ ਅਜ਼ਾਦ, ਕੁਲਦੀਪ ਸਿੰਘ ਕੇ. ਪੀ., ਲਖਵਿੰਦਰ ਸਿੰਘ ਅਤੇ ਗੁਰਪਿੰਦਰ ਸਿੰਘ ਪਿੰਦਰ ਆਦਿ ਸੁਸਾਇਟੀ ਮੈਂਬਰ ਹਾਜ਼ਰ ਸਨ।

# ਪੁਲਸ ਨੇ ਵਾਹਨਾਂ ਨੂੰ ਲਗਾਏ ਰਿਫਲੈਕਟਰ ਤੇ ਵੰਡੇ ਪੈਂਫਲਟ

ਟਾਂਗਰਾ (ਲਾਡੀ ਮੱਲ੍ਹੀ)-ਐਕਸੀਡੈਂਟਾਂ ਨਾਲ ਜਾ ਰਹੀਆਂ ਕੀਮਤੀ ਜਾਨਾਂ ਨੂੰ ਬਚਾਉਣ ਲਈ ਪੁਲਸ ਜ਼ਿਲਾ ਅੰਮ੍ਰਿਤਸਰ ਦਿਹਾਤੀ ਦੇ ਟਰੈਫਿਕ ਐਜੂਕੇਸ਼ਨ (ਹਲਕਾ ਜੰਡਿਆਲਾ ਗੁਰੂ) ਜ਼ਿਲਾ ਅੰਮ੍ਰਿਤਸਰ ਦਿਹਾਤੀ ਵਿਖੇ ਐੱਸਐੱਸਪੀ ਸਵੱਪਨ ਸ਼ਰਮਾ ਅਤੇ ਐੱਸਪੀ ਹੈੱਡ ਕੁਆਰਟਰ ਜਸਵੰਤ ਕੌਰ ਦੇ ਦਿਸ਼ਾ ਨਿਰਦੇਸ਼ ਅਨੁਸਾਰ ਇੰਚਾਰਜ ਟਰੈਫਿਕ ਸਟਾਫ, ਏਐੱਸਆਈ ਕਮਲਜੀਤ, ਏਐੱਸਆਈ ਰਣਜੀਤ ਸਿੰਘ, ਟਰੈਫਿਕ ਮਾਰਸ਼ਲ ਸੁਰਜਨ ਸਿੰਘ ਨੇ ਮਹਿਤਾ ਚੌਕ ਵਿਖੇ ਪਬਲਿਕ ਨੂੰ ਰੋਕ ਕੇ ਵਾਹਨ ਚਾਲਕਾਂ ਨੂੰ ਸੀਟ ਬੈਲਟ ਲਗਾਉਣ ਲਈ ਕਿਹਾ ਅਤੇ ਪੰਫਲੈਂਟ ਵੀ ਵੰਡੇ। ਵਾਹਨਾਂ ਨੂੰ ਰਿਫਲੈਕਟਰ ਵੀ ਲਗਾਏ ਤਾਂ ਜੋ ਧੁੰਦ ਨਾਲ ਹੋ ਰਹੇ ਐਕਸੀਡੈਂਟ ਤੋਂ ਬਚਾ ਹੋ ਸਕੇ। ਟਰੈਫਿਕ ਬਾਰੇ ਜਾਣਕਾਰੀ ਦਿੱਤੀ ਕਿ 16 ਸਾਲ ਤੋਂ ਘੱਟ ਉਮਰ ਵਾਲੇ ਬੱਚੇ ਬਿਨਾਂ ਲਾਇਸੈਂਸ ਕੋਈ ਵੀ ਵਹੀਕਲ ਨਾ ਚਲਾਉਣ, ਹੈਲਮਟ ਜ਼ਰੂਰ ਪਾਉ, ਸੀਟ ਬੈਲਟ ਜ਼ਰੂਰ ਲਗਾਉ, ਡਰਾਈਵਿੰਗ ਕਰਦੇ ਸਮੇਂ ਮੋਬਾਇਲ ਫੋਨ ਦੀ ਵਰਤੋਂ ਨਾ ਕਰੋ ਅਤੇ ਟਰੈਫਿਕ ਸਬੰਧੀ ਹੋਰ ਵੀ ਕਈ ਜਾਣਕਾਰੀਆਂ ਦਿੱਤੀਆਂ ਗਈਆਂ। ਇਸ ਮੌਕੇ ਵਿਜੈ ਕਲਾਥ ਹਾਊਸ ਮਹਿਤਾ ਚੌਕ ਦੇ ਮਾਲਕ ਵਿਜੈ ਕੁਮਾਰ ਤੇ ਉਨ੍ਹਾਂ ਦੇ ਬੇਟੇ ਰਿੱਕੀ ਤਨੇਜਾ ਨੇ ਵੀ ਪੁਲਸ ਨੂੰ ਕਾਫੀ ਸਹਿਯੋਗ ਦਿੱਤਾ।

# ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ 'ਤੇ ਲਗਾਇਆ ਖੂਨਦਾਨ ਕੈਂਪ



ਤਰਨ ਤਾਰਨ ( ਪ੍ਰਿਤਪਾਲ ਸਿੰਘ) : ਛੋਟੇ ਸਾਹਿਬਜ਼ਾਦਿਆਂ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਕੈਂਸਰ ਪੀੜਤ ਤੇ ਥੈਲੀਸੀਅਨਾਂ ਬੱਚਿਆਂ ਲਈ ਖੂਨਦਾਨ ਕੈਂਪ ਲਗਾਇਆ ਗਿਆ। ਪੱਤਰਕਾਰਾਂ ਨਾਲ ਗੱਲਬਾਤ ਕਰਦੇ ਹੋਏ ਸਰਬਜੀਤ ਸਿੰਘ ਸੋਨੂੰ ਜੰਡਿਆਲਾ ਨੇ ਦੱਸਿਆ ਕਿ ਅੱਜ ਅਸੀਂ ਗੁਰੂ ਸਾਹਿਬ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਤ ਜੋ ਖੂਨਦਾਨ ਕੈਂਪ ਲਗਾਇਆ ਹੈ, ਉਸ 'ਚ ਪਹੁੰਚਣ ਵਾਲੇ ਸਾਰੇ ਹੀ ਸਤਿਕਾਰਯੋਗ ਵੀਰਾਂ ਦਾ ਤੇ ਡਾਕਟਰਾਂ ਦੀ ਟੀਮ ਦਾ ਤਹਿ ਦਿਲੋਂ ਧੰਨਵਾਦ ਕਰਦਾ ਹਾਂ, ਜਿਨ੍ਹਾਂ ਨੇ ਸਾਡਾ ਵੱਧ-ਚੜ੍ਹ ਕੇ ਸਾਥ ਦਿੱਤਾ। ਇਸ ਮੌਕੇ ਸੋਨੂੰ ਜੰਡਿਆਲਾ ਨੇ ਦੇਸ਼ ਵਾਸੀਆਂ ਨੂੰ ਬੇਨਤੀ ਕੀਤੀ ਕਿ ਸਾਨੂੰ ਸਾਰਿਆਂ ਨੂੰ ਰਲ ਕੇ ਕੈਂਸਰ ਪੀੜਤ ਬੱਚਿਆਂ ਦੀ ਮਦਦ ਲਈ ਅੱਗੇ ਆਉਣਾ ਚਾਹੀਦਾ ਹੈ। ਇਸ ਮੌਕੇ ਹਾਜ਼ਰ ਸਰਬਜੀਤ ਸਿੰਘ ਸੋਨੂੰ ਜੰਡਿਆਲਾ, ਬੱਲ ਭਾਜੀ, ਗੁਰਮਖ ਸਿੰਘ,ਹਰਜੀਤ ਸਿੰਘ ਵੇਰਕਾ, ਅਭਿਸ਼ੇਕ ਵੇਰਕਾ,ਜਗਜੀਤ ਸਿੰਘ ਸਰਗਮ ਸਿੰਘ,ਰਣਜੀਤ ਸਿੰਘ, ਰਾਜੇਸ਼ ਮਲਹੋਤਰਾ,ਸੁਰਜੀਤ ਸਿੰਘ, ਗੁਰਤੇਜ ਸਿੰਘ ,ਬਲਸ਼ੇਰ ਸਿੰਘ ਸਤਨਾਮ ਸਿੰਘ,ਰਾਜਬੀਰ ਸਿੰਘ, ਹਰਜੀਤ ਸਿੰਘ, ਹਰਮਨ ਸਿੰਘ, ਰਣਜੀਤ ਸਿੰਘ, ਜਗਜੀਤ ਸਿੰਘ ਬੱਬੂ, ਤਰਲੋਚਨ ਸਿੰਘ ,ਦਲਜੀਤ ਸਿੰਘ ਮਾਨਵ ਆਦਿ ਹਾਜ਼ਰ ਸਨ।

# ਸ਼ਹੀਦ ਭਗਤ ਸਿੰਘ ਸਕੂਲ ਦੇ ਵਿਦਿਆਰਥੀਆਂ ਨੇ ਰਾਜ ਪੱਧਰੀ ਖੇਡ ਮੁਕਾਬਲਿਆਂ 'ਚ ਮਾਰੀਆਂ ਮੱਲਾਂ



ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ) ਸ਼ਹੀਦ ਭਗਤ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਭਿੱਖੀਵਿੰਡ ਦੇ ਹੋਣਹਾਰ ਵਿਦਿਆਰਥੀਆਂ ਨੇ 66ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ 2022-23 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਮੋਹਰੀ ਸਥਾਨਾਂ 'ਤੇ ਕਬਜ਼ਾ ਕੀਤਾ ਹੈ। ਜਿਕਰਯੋਗ ਹੈ ਕਿ 66ਵੀਆਂ ਪੰਜਾਬ ਰਾਜ ਅੰਤਰ ਜ਼ਿਲ੍ਹਾ ਸਕੂਲ ਖੇਡਾਂ ਜਿਨ੍ਹਾਂ ਦਾ ਆਯੋਜਨ ਜਿਲ੍ਹਾ ਫਿਰੋਜਪੁਰ 'ਚ ਕੀਤਾ ਗਿਆ, ਸ਼ਹੀਦ ਭਗਤ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਭਿੱਖੀਵਿੰਡ ਦੇ ਖਿਡਾਰੀਆਂ ਨੇ ਰੱਸਾਕਸੀ ਦੇ ਅੰਡਰ 14,17 ਅਤੇ 19 (ਲੜਕੇ ਅਤੇ ਲੜਕੀਆਂ) ਵਰਗ ਦੀਆਂ ਟੀਮਾਂ 'ਚ ਭਾਗ ਲੈ ਕੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਲੜਕਿਆਂ ਦੀ ਟੀਮ ਨੇ ਰੱਸਾਕਸੀ ਅੰਡਰ-14 'ਚ ਤੀਸਰਾ ਸਥਾਨ ਹਾਸਲ ਕੀਤਾ। ਇਨ੍ਹਾਂ ਸਟੇਟ ਪੱਧਰੀ ਖੇਡ ਮੁਕਾਬਲਿਆਂ ਵਿੱਚ ਸੂਬੇ ਭਰ 'ਚੋਂ ਲੱਗਭਗ 23 ਜਿਲ੍ਹਿਆਂ ਦੀਆਂ ਟੀਮਾਂ ਨੇ ਭਾਗ ਲਿਆ, ਜਿਸ ਵਿੱਚ ਸਕੂਲ ਦੇ ਖਿਡਾਰੀਆਂ ਨੇ ਵੱਖ-ਵੱਖ ਗਤੀਵਿਧੀਆਂ 'ਚ ਮੋਹਰੀ ਸਥਾਨ ਹਾਸਲ ਕਰਕੇ ਆਪਣੇ ਮਾਪਿਆਂ, ਕੋਚਾਂ ਅਤੇ ਸਕੂਲ ਦਾ ਨਾਮ ਚਮਕਾਇਆ ਹੈ। ਵਰਣਨਯੋਗ ਹੈ ਕਿ ਸਕੂਲ ਦੇ ਵਿਦਿਆਰਥੀ ਜਸਵਿੰਦਰ ਸਿੰਘ, ਅਮਨਦੀਪ ਸਿੰਘ, ਬਲਵੀਰ ਸਿੰਘ ਅਤੇ ਖੁਸ਼ਨੂਰਪ੍ਰੀਤ ਕੌਰ ਦੀ ਨੈਸ਼ਨਲ ਪੱਧਰ ਲਈ ਵੀ ਚੋਣ ਹੋਈ ਹੈ। ਉਪਰੋਕਤ ਚੁਣੇ ਗਏ ਵਿਦਿਆਰਥੀਆਂ ਦਾ ਸਟੇਟ ਕਮੇਟੀਆਂ ਵੱਲੋਂ ਸਨਮਾਨ ਵੀ ਕੀਤਾ ਗਿਆ। ਉੱਧਰ ਸਕੂਲ ਪਹੁੰਚਣ 'ਤੇ ਸਕੂਲ ਦੀ ਚੇਅਰਪਰਸਨ ਮੈਡਮ ਮਨਪ੍ਰੀਤ ਕੌਰ ਵੱਲੋਂ ਜੇਤੂ ਖਿਡਾਰੀਆਂ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦੇਂਦਿਆਂ ਆਸ ਪ੍ਰਗਟਾਈ ਗਈ ਕਿ ਭਵਿੱਖ ਵਿਚ ਵੀ ਸਕੂਲ ਦੇ ਮਿਹਨਤੀ ਅਤੇ ਹੋਣਹਾਰ ਵਿਦਿਆਰਥੀ ਏਸੇ ਤਰ੍ਹਾਂ ਸਕੂਲ ਦਾ ਨਾਮ ਰੌਸ਼ਨ ਕਰਨਗੇ। ਅੰਤ ਵਿਚ ਉਨ੍ਹਾਂ ਨੇ ਸਕੂਲ ਦੇ ਡੀ ਪੀ ਈ ਮੈਡਮ ਮਨਦੀਪ ਕੌਰ, ਅਰਮਨ ਮੈਡਮ ਅਤੇ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਸਕੂਲ ਦੇ ਅਧਿਆਪਕ ਆਪਸੀ ਤਾਲਮੇਲ ਨਾਲ ਵਿਦਿਆਰਥੀਆਂ ਨੂੰ ਚੰਗੇ ਮੁਕਾਮ ਤੱਕ ਪਹੁੰਚਾ ਸਕਦੇ ਹਨ। ਇਸ ਮੌਕੇ ਸਕੂਲ ਦੇ ਚੇਅਰਮੈਨ ਗੁਰਵੇਲ ਸਿੰਘ ਸਮੇਤ ਸਮੂਹ ਸਟਾਫ ਮੈਂਬਰ ਹਾਜ਼ਰ ਸਨ।

# ਪ੍ਰਵਾਸੀ ਭਾਰਤੀ ਦਿਆਲ ਸਿੰਘ ਅਮਰੀਕਾ ਵੱਲੋਂ ਇਲਾਕੇ ਅੰਦਰ ਵੱਡਾ ਯੋਗਦਾਨ ਪਾਉਣ ਦੀ ਸ਼ਲਾਘਾ

ਗੁਰਦਾਸਪੁਰ (ਜਨਕ ਮਹਾਜਨ)-ਪ੍ਰਵਾਸੀ ਭਾਰਤੀ ਦਿਆਲ ਸਿੰਘ ਅਮਰੀਕਾ ਵਾਸੀ ਨਵਾ ਪਿੰਡ ਬਹਾਦਰ ਵਲੋਂ ਸਮਾਜ ਸੇਵੀ ਕੰਮਾਂ ਨੂੰ ਤਰਜੀਹ ਦੇਣ ਦੇ ਨਾਲ ਇਲਾਕੇ ਦੇ ਸਰਬਪੱਖੀ ਵਿਕਾਸ ਵਿਚ ਵੱਡਾ ਯੋਗਦਾਨ ਪਾਉਣ ਦੀ ਹਰ ਪੱਖੋ ਸ਼ਲਾਘਾ ਹੋ ਰਹੀ ਹੈ। ਪਿੰਡ ਦੇ ਮੋਹਤਬਾਰ ਵਿਅਕਤੀਆਂ ਚੈਅਰਮੈਨ ਸੁਰਿੰਦਰ ਸਿੰਘ ਜੱਜ, ਸਵਿੰਦਰ ਸਿੰਘ ਅਮਰੀਕਾ, ਨੰਬਰਦਾਰ ਮਲਕੀਤ ਸਿੰਘ, ਸੁਖਵਿੰਦਰ ਸਿੰਘ ਅਮਰੀਕਾ, ਪ੍ਰਧਾਨ ਤਰਸੇਮ ਸਿੰਘ, ਤਜਿੰਦਰ ਸਿੰਘ ਤੇ ਹੋਰ ਪਿੰਡ ਵਾਸੀਆਂ ਨੇ ਦੱਸਿਆ ਕਿ ਪ੍ਰਵਾਸੀ ਭਾਰਤੀ ਦਿਆਲ ਸਿੰਘ ਨੇ ਪਿੰਡ ਅੰਦਰ ਅਨੇਕਾ ਵਿਕਾਸ ਕਾਰਜ ਕਰਵਾਉਣ ਦੇ ਨਾਲ ਉਨਾ ਨੇ ਪਿੰਡ ਨੂੰ ਹਰਾ ਭਰਾ ਬਣਾਉਣ ਵਾਸਤੇ 15 ਹਜਾਰ ਦੇ ਕਰੀਬ ਰੁੱਖ ਲਗਾਏ ਹਨ। ਜਦੋ ਕਿ ਪਿੰਡ ਅੰਦਰ ਗੁਰਦੁਆਰਾ ਸਾਹਿਬ ਨੂੰ ਬਣਾਉਣ ਅਤੇ ਹੋਰ ਧਾਰਮਿਕ ਅਸਥਾਨਾ ਨੂੰ ਕਾਫੀ ਮਦਾਦ ਦਿੱਤੀ ਹੈ ਅਤੇ ਗਰੀਬ ਤੇ ਬੇਸਹਾਰਾ ਲੜਕੀਆਂ ਦੇ ਵਿਆਹ ਤੇ ਖੁੱਲ ਦਿਲੀ ਨਾਲ ਦਾਨ ਕਰਨ ਲਈ ਅਹਿਮ ਰੋਲ ਨਿਭਾਇਆ ਹੈ। ਸ਼ਹੀਦ ਬੀਬੀ ਸੁੰਦਰੀ ਅਨੇ ਆਰ ਆਈ ਯੂਥ ਕਲੱਬ ਨਵਾ ਪਿੰਡ ਬਹਾਦਰ ਨੇ ਉਨਾ ਦੀਆਂ ਇਲਾਕੇ ਅੰਦਰ ਸ਼ਾਨਦਾਰ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਵਿਸ਼ੇਸ਼ ਤੋਰ 'ਤੇ ਸਨਮਾਨਿਤ ਕੀਤਾ ਹੈ ਅਤੇ ਹਾਲ ਵਿਚ ਛੱਪੜ ਦੇ ਆਲੇ ਦੁਆਲੇ ਹਜ਼ਾਰਾਂ ਰੁਪਏ ਦੇ ਬੂਟੇ ਲਗਾਏ ਹਨ।

30-DEC PAGE 12.qxd 12/29/2022 10:35 PM Page 1



# ਬਰਫ਼ੀਲੇ ਤੂਫ਼ਾਨ ਨੇ ਜਮਾ'ਤਾ ਨਿਆਗਰਾ ਫਾਲ



ਅਮਰੀਕਾ 'ਚ ਸਦੀ ਦੇ ਜ਼ਬਰਦਸਤ ਬਰਫ਼ੀਲੇ ਤੂਫ਼ਾਨ ਅਤੇ ਸ਼ੀਤ ਲਹਿਰ ਦੇ ਅਸਰ ਨਾਲ ਵਿਸ਼ਵ ਦਾ ਸਭ ਤੋਂ ਉੱਚਾ ਨਿਆਗਰਾ ਫਾਲ ਵੀ ਜੰਮ ਗਿਆ। ਨਿਊਯਾਰਕ 'ਚ ਪਿਛਲੇ ਕਈ ਦਿਨਾਂ ਤੋਂ ਭਾਰੀ ਬਰਫਬਾਰੀ ਹੋ ਰਹੀ ਹੈ। ਬਰਫ਼ੀਲੇ ਤੂਫਾਨ ਕਾਰਨ ਕਈ ਇਲਾਕੇ ਚਿੱਟੀ ਚਾਦਰ ਨਾਲ ਢਕੇ ਗਏ ਹਨ। ਸਭ ਤੋਂ ਵੱਡੀ ਗੱਲ ਇਹ ਹੈ ਕਿ ਦੁਨੀਆ ਦਾ ਸਭ ਤੋਂ ਪ੍ਰਸਿੱਧ ਵਾਟਰਫਾਲ ਨਿਆਗਰਾ ਫਾਲ ਵੀ ਇਸ ਮੌਕੇ ਜੰਮ ਗਿਆ। ਨਿਆਗਰਾ ਫਾਲ ਨਿਊਯਾਰਕ ਅਤੇ ਕੈਨੇਡਾ ਦੀ ਸਰਹੱਦ 'ਤੇ ਸਥਿਤ ਹੈ ਅਤੇ ਇਹ ਬਫਲੋ ਸ਼ਹਿਰ ਤੋਂ ਕਰੀਬ 40 ਕਿਲੋਮੀਟਰ ਦੂਰ ਹੈ। ਅਮਰੀਕਾ ਦਾ ਤਾਪਮਾਨ ਮਨਫ਼ੀ 52 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ। ਇੱਥੋਂ ਦੀ 60 ਫੀਸਦੀ ਆਬਾਦੀ ਸ਼ੀਤ ਲਹਿਰ ਦੀ ਚਪੇਟ 'ਚ ਹੈ। ਦੇਸ਼ ਦੇ ਬਹੁਤੇ ਹਿੱਸੇ 'ਚ ਭਾਰੀ ਬਿਜਲੀ ਕਟੌਤੀ, ਹਵਾਈ ਅਤੇ ਸੜਕੀ ਆਵਾਜਾਈ ਰੁਕੀ ਹੋਈ ਹੈ। ਇਸ ਸਮੱਸਿਆ ਨਾਲ ਲੱਖਾਂ ਲੋਕ ਜੂਝ ਰਹੇ ਹਨ। ਇਸ ਕਾਰਨ ਹੋਏ ਹਾਦਸਿਆਂ 'ਚ 60 ਤੋਂ ਜ਼ਿਆਦਾ ਮੌਤਾਂ ਹੋ ਗਈਆਂ ਹਨ। ਮੀਡੀਆ ਰਿਪੋਰਟਾਂ ਅਨੁਸਾਰ ਨਿਆਗਰਾ ਫਾਲ ਤੋਂ ਹਰ ਸੈਕਿੰਡ 3160 ਟਨ ਪਾਣੀ ਵਹਿੰਦਾ ਹੈ। ਨੌਂ ਸਾਲ ਪਹਿਲਾਂ 2013 'ਚ ਝਰਨੇ ਦਾ ਉਡਦਾ ਪਾਣੀ ਵੀ ਬਰਫ਼ 'ਚ ਬਦਲਦਾ ਜਾ ਰਿਹਾ ਸੀ। ਉਸ ਸਮੇਂ ਤਾਪਮਾਨ ਜ਼ੀਰੋ ਤੋਂ 12 ਡਿਗਰੀ ਤੋਂ ਥੱਲੇ ਪਹੁੰਚ ਗਿਆ ਸੀ।

## ਜਨਮ ਦਿਨ ਮੁਬਾਰਕ



ਅੰਸ਼ੁਮਨ (ਫਗਵਾੜਾ)

## ਵਰ੍ਹੇਗੰਢ ਮੁਬਾਰਕ



ਅਮਰਿੰਦਰਜੀਤ ਸਿੰਘ ਤੇ ਪਾਰੁਲ ਵਾਸੀ ਕੈਨੇਡਾ ਨੇ ਵਿਆਹ ਦੀ ਚੌਥੀ ਵਰ੍ਹੇਗੰਢ ਮਨਾਈ

# ਟਰੌਮਾ ਸੈਂਟਰ 'ਚ 1.25 ਕਰੋੜ ਰੁਪਏ ਦੀ ਲਾਗਤ ਨਾਲ ਬਰਨ ਯੂਨਿਟ ਤਿਆਰ

**ਜਲੰਧਰ, (ਸ਼ੈਲੀ ਐਲਬਰਟ)** ਸਿਵਲ ਹਸਪਤਾਲ ਵਿਖੇ ਮਰੀਜਾਂ ਦੀ ਸਹੂਲਤ ਲਈ ਅਤਿ ਆਧੁਨਿਕ ਬਰਨ ਯੂਨਿਟ ਅਤੇ ਆਰ.ਟੀ.-ਪੀ.ਸੀ.ਆਰ. ਸੈਂਪਲਿੰਗ ਤੇ ਟੈਸਟਿੰਗ ਲੈਬ ਜਲਦ ਸ਼ੁਰੂ ਹੋਣ ਜਾ ਰਹੀ ਹੈ । ਅਤਿ ਆਧੁਨਿਕ ਸਹੂਲਤਾਂ ਨਾਲ ਲੈਸ 14 ਬਿਸਤਰਿਆਂ ਵਾਲਾ 'ਬਰਨ ਵਾਰਡ' ਜਿਸ ਨੂੰ 19 ਬੈਡਾਂ ਤੱਕ ਵਧਾਇਆ ਜਾ ਸਕਦਾ ਹੈ ਮਰੀਜ਼ਾਂ ਨੂੰ ਅਤਿ-ਆਧੁਨਿਕ ਸਿਹਤ ਸਹੂਲਤਾਂ ਰਾਹੀਂ ਲੋੜੀਂਦਾ ਇਲਾਜ ਪ੍ਰਦਾਨ ਕਰੇਗਾ। ਇਹ ਨਵਾਂ ਬਣਿਆ ਬਰਨ ਯੂਨਿਟ ਪੂਰੀ ਤਰ੍ਹਾਂ ਏਅਰ ਕੰਡੀਸ਼ਨਡ ਹੈ ਅਤੇ ਮਰੀਜ਼ਾਂ ਦੀ ਸਹੂਲਤ ਲਈ ਇਸ ਵਿੱਚ ਮੁਕੰਮਲ ਗੈਸ ਪਾਈਪ ਲਾਈਨ ਲਗਾਈ ਗਈ ਹੈ। ਜਲੰਧਰ ਸੈਂਟਰਲ ਤੋਂ ਵਿਧਾਇਕ ਰਮਨ ਅਰੋੜਾ, ਡਿਪਟੀ ਕਮਿਸ਼ਨਰ ਜਸਪ੍ਰੀਤ ਸਿੰਘ, ਜਿਨ੍ਹਾਂ ਦੇ ਨਾਲ ਸਿਵਲ ਸਰਜਨ ਡਾ.ਰਮਨ ਸ਼ਰਮਾ ਅਤੇ ਸੀਨੀਅਰ ਡਾਕਟਰਾਂ ਦੀ ਟੀਮ ਮੌਜੂਦ ਸੀ, ਵਲੋਂ ਬਰਨ ਵਾਰਡ, ਆਰ.ਟੀ.-ਪੀ.ਸੀ.ਆਰ. ਸੈਂਪਲਿੰਗ ਤੇ ਟੈਸਟਿੰਗ ਲੈਬ ਅਤੇ ਆਕਸੀਜਨ ਪਲਾਂਟਾਂ ਦਾ ਦੌਰਾ ਕੀਤਾ ਗਿਆ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਬਰਨ ਵਾਰਡ ਨੂੰ ਪੰਜਾਬ ਹੈਲਥ ਸਿਸਟਮ ਕਾਰਪੋਰੇਸ਼ਨ ਵਲੋਂ 1.25 ਕਰੋੜ ਰੁਪਏ ਦੀ ਲਾਗਤ ਬਣਾਇਆ ਗਿਆ ਹੈ। ਉਨ੍ਹਾਂ ਦੱਸਿਆ ਕਿ ਨਵੇਂ ਸਾਲ ਵਿੱਚ ਇਹ ਬਰਨ ਵਾਰਡ ਸ਼ੁਰੂ ਹੋ ਜਾਵੇਗੀ ਅਤੇ ਮਰੀਜ਼ਾਂ ਨੂੰ ਵੱਡੀ ਰਾਹਤ ਪਹੁੰਚਾਏਗੀ । ਵਿਧਾਇਕ ਅਤੇ ਡਿਪਟੀ ਕਮਿਸ਼ਨਰ ਵਲੋਂ ਬਾਬਾ ਫ਼ਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸਸ, ਫ਼ਰੀਦਕੋਟ ਵਲੋਂ ਰੋਜ਼ਾਨਾ 1000 ਆਰ.ਟੀ.-ਪੀ.ਸੀ.ਆਰ.ਟੈਸਟ ਕਰਨ ਦੀ ਸਮਰੱਥਾ ਵਾਲੀ ਨਵੀਂ ਬਣਾਈ ਗਈ ਲੈਬਾਰਟਰੀ ਦਾ ਵੀ ਦੌਰਾ ਕੀਤਾ ਗਿਆ। ਮੈਡੀਕਲ ਸੁਪਰਡੰਟ ਡਾ.ਰਾਜੀਵ ਸ਼ਰਮਾ ਨੇ ਦੱਸਿਆ ਕਿ ਇਹ ਲੈਬਾਰਟਰੀ ਪੁਰਾਣੀ ਓਰਥੋਂਪੀਐਡਿਕਸ ਵਾਰਡ ਵਿਖੇ ਬਣਾਈ ਗਈ ਹੈ ਜਿਥੇ ਆਰ.ਟੀ.-ਪੀ.ਸੀ.ਆਰ. ਟੈਸਟਾਂ ਦੀ ਉਸੇ ਦਿਨ ਹੀ ਰਿਪੋਰਟਾਂ ਰਵੀ ਦਿੱਤੀਆਂ ਜਾਣਗੀਆਂ। ਲੈਬ ਨੂੰ 600 ਸਕੇਅਰ ਫੁੱਟ ਖੇਤਰ ਵਿੱਚ ਬਣਾਇਆ ਗਿਆ ਹੈ ਜਿਥੇ ਡਾਕਟਰ ਅਤੇ ਹੋਰ ਸਹਿਯੋਗੀ ਅਮਲੇ ਤੋਂ ਇਲਾਵਾ ਟੈਸਟਿੰਗ ਦੇ 10 ਮੈਂਬਰਾਂ ਵਲੋਂ ਟੈਸਟ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚੜਾਇਆ ਜਾਵੇਗਾ। ਡਾ.ਰਾਜੀਵ ਸ਼ਰਮਾ ਨੇ ਦੱਸਿਆ ਕਿ ਇਸ ਲੈਬ ਨੂੰ ਜਲਦ ਹੀ ਸਿਵਲ ਹਸਪਤਾਲ ਨੂੰ ਸਪੁਰਦ ਕਰ ਦਿੱਤਾ ਜਾਵੇਗਾ ਤੇ ਇਸ ਉਪਰੰਤ ਜਲਦ ਹੀ ਅਪਣਾ ਕੰਮ ਸ਼ੁਰੂ ਕਰ ਦਿੱਤਾ ਜਾਵੇਗਾ। ਵਿਧਾਇਕ ਰਮਨ ਅਰੋੜਾ ਵਲੋਂ ਸਬੰਧਿਤ ਅਥਾਰਟੀਆਂ ਨੂੰ ਇਹ ਵੀ ਕਿਹਾ ਗਿਆ ਕਿ ਰੈਡ ਕਰਾਸ ਦਵਾਈਆਂ ਦੀ ਦੁਕਾਨ ਨੂੰ ਸਿਵਲ ਹਸਪਤਾਲ ਵਿੱਚ ਖੋਲ੍ਹਿਆ ਜਾਵੇ ਕਿਉਂਕਿ ਜਨ ਔਸ਼ਧੀ ਕੇਂਦਰ ਪਿਛਲੇ ਕੁਝ ਸਮੇਂ ਤੋਂ ਚੱਲ ਨਹੀਂ ਰਿਹਾ। ਮੈਡੀਕਲ ਸੁਪਰਡੰਟ ਵਲੋਂ ਡਿਪਟੀ ਕਮਿਸ਼ਨਰ ਨੂੰ ਭਰੋਸਾ ਦੁਆਇਆ ਗਿਆ ਕਿ ਸਾਰੀਆਂ ਸਹੂਲਤਾਂ ਨਿਸ਼ਚਿਤ ਸਮੇਂ ਅੰਦਰ ਉਪਲਬੱਧ ਕਰਵਾ ਦਿੱਤੀਆਂ ਜਾਣਗੇ ਅਤੇ ਹਸਪਤਾਲ ਪ੍ਰਸ਼ਾਸਨ ਇਹ ਨਵੇਂ ਯੂਨਿਟ ਚਾਲੂ ਕਰਨ ਲਈ ਪੂਰੀ ਤਰ੍ਹਾਂ ਤਿਆਰ ਹੈ। ਇਸ ਮੌਕੇ ਜ਼ਿਲ੍ਹਾ ਪਰਿਵਾਰ ਭਲਾਈ ਅਫ਼ਸਰ ਡਾ.ਰਮਨ ਗੁਪਤਾ, ਜ਼ਿਲ੍ਹਾ ਟੀਕਾਕਰਨ ਅਫ਼ਸਰ ਡਾ.ਰਾਕੇਸ਼ ਕੁਮਾਰ ਅਤੇ ਹੋਰ ਵੀ ਮੌਜੂਦ ਸਨ।



## ਸੇਵਾ-ਮੁਕਤੀ 'ਤੇ ਵਿਸ਼ੇਸ਼

# ਸਿਦਕੀ ਤੇ ਸਿਰੜੀ ਡਾਕਟਰ ਓਪਿੰਦਰ ਸਿੰਘ ਲਾਂਬਾ



ਇੱਕ ਸਿਰੜੀ ਅਤੇ ਸਿਦਕੀ ਲੋਕ ਸੰਪਰਕ ਅਧਿਕਾਰੀ ਡਾ. ਓਪਿੰਦਰ ਸਿੰਘ ਲਾਂਬਾ ਦੀ ਪੰਜਾਬ ਦੇ ਸੂਚਨਾ ਅਤੇ ਲੋਕ ਸੰਪਰਕ ਵਿਭਾਗ ਵਿਚੋਂ 31 ਦਸੰਬਰ ਨੂੰ ਬਤੌਰ ਐਡੀਸ਼ਨਲ ਡਾਇਰੈਕਟਰ ਸੇਵਾ-ਮੁਕਤੀ ਨਾਲ 36 ਸਾਲਾ ਸ਼ਾਨਾਮੱਤਾ ਸੇਵਾਕਾਲ ਮੁਕੰਮਲ ਹੋਣ ਜਾ ਰਿਹਾ ਹੈ। ਇਸ ਸਾਢੇ ਤਿੰਨ ਦਹਾਕਿਆਂ ਤੋਂ ਜਾਰੀ ਲੰਮੇ ਸਫਰ ਦੌਰਾਨ ਚੰਡੀਗੜ੍ਹ ਮੁੱਖ ਦਫ਼ਤਰ ਵਿਖੇ ਰਾਜ-ਸੱਤਾ ਨੂੰ ਬੇਹੱਦ ਕਰੀਬ ਤੋਂ ਦੇਖਣ ਅਤੇ ਨਿਰੰਤਰ ਵੀਹ ਸਾਲ ਤੋਂ ਵੀ ਵੱਧ ਅਰਸੇ ਤੱਕ ਚਾਰ ਵੱਖ-ਵੱਖ ਮੁੱਖ ਮੰਤਰੀ ਸਾਹਿਬਾਨ ਨਾਲ ਬਤੌਰ ਪ੍ਰੈੱਸ ਸਕੱਤਰ ਕੰਮ ਕਰਨ ਵਾਲੇ ਡਾ. ਲਾਂਬਾ ਦਾ ਜਨਮ 7 ਦਸੰਬਰ, 1962 ਨੂੰ ਸ੍ਰੀ ਪ੍ਰਹਿਲਾਦ ਸਿੰਘ ਲਾਂਬਾ ਦੇ ਘਰ ਮਾਤਾ ਸਵਰਨ ਕੌਰ ਦੀ ਕੁੱਖੋਂ ਰੋਪੜ ਵਿਖੇ ਹੋਇਆ। ਉਨ੍ਹਾ ਆਪਣੀ ਸਕੂਲੀ ਪੜ੍ਹਾਈ ਨਯਾ ਨੰਗਲ ਦੇ ਇੱਕ ਨਾਮੀ ਸਕੂਲ ਐੱਫ ਸੀ ਆਈ ਮਾਡਲ ਸੀਨੀਅਰ ਸੈਕੰਡਰੀ ਸਕੂਲ ਤੋਂ 1978 ਵਿੱਚ ਦਸਵੀਂ ਜਮਾਤ ਕਰਨ ਦੇ ਰੂਪ ਵਿੱਚ ਸੰਪੂਰਨ ਕੀਤੀ। ਉਪਰੰਤ ਉਨ੍ਹਾ ਰੋਪੜ ਵਿਖੇ ਆਪਣੇ ਬਜ਼ੁਰਗ ਦਾਦਾ ਜੀ ਭਗਤ ਗਿਆਨ ਸਿੰਘ ਅਤੇ ਦਾਦੀ ਭਾਗਵੰਤੀ ਜੀ ਦੀ ਦੇਖ-ਰੇਖ ਵਿੱਚ ਬੀ ਏ ਕੀਤੀ। ਉਨ੍ਹਾ ਸਾਲ 1984-85 ਦੌਰਾਨ ਪੰਜਾਬੀ ਯੂਨੀਵਰਸਿਟੀ ਦੇ ਪੱਤਰਕਾਰੀ ਅਤੇ ਜਨ ਸੰਚਾਰ ਵਿਭਾਗ ਤੋਂ ਪੱਤਰਕਾਰੀ ਵਿੱਚ ਮਾਸਟਰਜ਼ ਡਿਗਰੀ ਕੀਤੀ।

ਬਚਪਨ ਤੋਂ ਹੀ ਅਤਿ-ਉਤਸ਼ਾਹੀ ਸੁਭਾਅ ਦੇ ਮਾਲਕ ਡਾ. ਲਾਂਬਾ ਮਹਿਜ਼ 24 ਸਾਲ ਦੀ ਉਮਰ ਵਿੱਚ 23 ਦਸੰਬਰ 1986 ਨੂੰ ਸੂਚਨਾ ਅਤੇ ਲੋਕ ਸੰਪਰਕ ਵਿਭਾਗ, ਪੰਜਾਬ ਵਿੱਚ ਬਤੌਰ ਸੂਚਨਾ ਅਫਸਰ ਜੁਆਇਨ ਕਰ ਗਏ। ਸਰਕਾਰੀ ਸੇਵਾ ਦੌਰਾਨ ਆਪਣੇ ਉਚੇਰੀ ਸਿੱਖਿਆ ਹਾਸਲ ਕਰਨ ਦੇ ਜਨੂੰਨ ਨੂੰ ਬਾਖੂਬੀ ਜਾਰੀ ਰੱਖਦਿਆਂ ਸਾਲ 2001 ਇੱਕ ਵਿੱਚ ਉਨ੍ਹਾ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਕਾਨੂੰਨ ਦੀ ਡਿਗਰੀ (ਐੱਲ ਐੱਲ ਬੀ), 2003 ਵਿੱਚ ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਐੱਮ ਏ ਇਕਨਾਮਿਕਸ ਅਤੇ 2020 ਵਿੱਚ ਕੁਰੂਕਸ਼ੇਤਰ ਯੂਨੀਵਰਸਿਟੀ ਤੋਂ ਐੱਲ ਐੱਲ ਐੱਮ ਦੇ ਰੂਪ ਵਿੱਚ ਕਾਨੂੰਨ ਦੀ ਮਾਸਟਰਜ਼ ਡਿਗਰੀ ਹਾਸਲ ਕੀਤੀ। ਇਸ ਤੋਂ ਪਹਿਲਾਂ ਤਕਰੀਬਨ ਦਸ ਸਾਲ ਦੇ ਲੰਮੇ ਸੰਘਰਸ਼ ਉਪਰੰਤ ਨਵੰਬਰ 2017 ਵਿੱਚ ਡਾ. ਲਾਂਬਾ ਨੇ 'ਸਰਕਾਰ, ਸਰਵਜਨਿਕ ਅਤੇ ਨਿੱਜੀ ਖੇਤਰ ਵਿੱਚ ਲੋਕ ਸੰਪਰਕ ਦੀਆਂ ਬਦਲਦੀਆਂ ਰਣਨੀਤੀਆਂ ਅਤੇ ਤਕਨੀਕਾਂ ਦੇ ਤੁਲਨਾਤਮਕ ਅਧਿਐਨ' ਜਿਹੇ ਚੁਣੌਤੀਪੂਰਨ ਵਿਸ਼ੇ 'ਤੇ ਖੋਜ ਕਰਦਿਆਂ ਆਪਣੀ ਪੀ ਐੱਚ ਡੀ ਮੁਕੰਮਲ ਕੀਤੀ।

ਪ੍ਰੈੱਸ ਨੋਟ, ਆਰਟੀਕਲ ਅਤੇ ਨਾਮੀ ਅਖਬਾਰਾਂ ਵਿੱਚ ਆਪਣੇ ਹਲਕੇ-ਫੁਲਕੇ ਲੇਖਾਂ (ਮਿਡਲਜ਼) ਦੇ ਰੂਪ ਵਿੱਚ ਹਮੇਸ਼ਾ ਆਪਣੀ ਲਿਖਣ ਸ਼ੈਲੀ ਦਾ ਪ੍ਰਭਾਵ ਛੱਡਣ ਵਾਲੇ ਡਾ. ਲਾਂਬਾ ਦਫ਼ਤਰ ਦੇ ਫਾਈਲ ਵਰਕ ਅਤੇ ਵਿਭਾਗੀ ਪ੍ਰਸ਼ਾਸਨ ਸੰਬੰਧੀ ਦਫ਼ਤਰੀ ਕੰਮ ਨੂੰ ਵੀ ਇਸੇ ਸ਼ੌਕ ਅਤੇ ਨਿਪੁੰਨਤਾ ਨਾਲ ਕਰਦੇ ਰਹੇ ਹਨ। ਆਪਣੇ ਸਮੁੱਚੇ ਸੇਵਾਕਾਲ ਦੌਰਾਨ ਕੁਲ ਅੱਠ ਮੁੱਖ ਮੰਤਰੀ ਸਾਹਿਬਾਨ ਸੁਰਜੀਤ ਸਿੰਘ ਬਰਨਾਲਾ, ਬੇਅੰਤ ਸਿੰਘ, ਹਰਚਰਨ ਸਿੰਘ ਬਰਾੜ ਅਤੇ ਰਜਿੰਦਰ ਕੌਰ ਭੱਠਲ ਨਾਲ ਬਤੌਰ ਸੂਚਨਾ ਅਫਸਰ ਕੰਮ ਕਰਨ ਤੋਂ ਇਲਾਵਾ ਡਾ. ਲਾਂਬਾ ਨੇ ਤਕਰੀਬਨ ਦੋ ਦਹਾਕਿਆਂ ਤੱਕ ਕੈਪਟਨ ਅਮਰਿੰਦਰ ਸਿੰਘ (2002-2007 ਅਤੇ 2017-2021), ਪਰਕਾਸ਼ ਸਿੰਘ ਬਾਦਲ (2007 ਤੋਂ 2017), ਚਰਨਜੀਤ ਸਿੰਘ ਚੰਨੀ (2021-2022) ਅਤੇ ਆਖਰ ਵਿੱਚ ਮਾਰਚ 2022 ਤੋਂ ਮਈ 2022 ਤੱਕ ਮੌਜੂਦਾ ਮੁੱਖ ਮੰਤਰੀ ਭਗਵੰਤ ਮਾਨ ਨਾਲ ਬਤੌਰ ਪ੍ਰੈੱਸ ਸਕੱਤਰ ਕੰਮ ਕਰਨ ਦਾ ਮਾਣ ਹਾਸਲ ਕੀਤਾ ਹੈ। ਡਾ. ਲਾਂਬਾ ਨੇ ਪੰਜਾਬ ਸਰਕਾਰ ਦੇ ਅੰਗਰੇਜ਼ੀ ਮੈਗਜ਼ੀਨ 'ਐਡਵਾਂਸ' ਦੇ ਵੀ ਇੱਕ ਦਹਾਕੇ ਤੋਂ ਵੱਧ ਸਮੇਂ ਤੱਕ ਸੰਪਾਦਕ ਵਜੋਂ ਸੇਵਾਵਾਂ ਦਿੱਤੀਆਂ।

ਹੀਮੋਫੀਲੀਆ ਜਿਹੀ ਬੇਹੱਦ ਗੰਭੀਰ ਬਿਮਾਰੀ ਨਾਲ ਜਨਮ ਤੋਂ ਹੀ ਪ੍ਰਭਾਵਤ ਡਾ. ਲਾਂਬਾ ਨੇ ਆਪਣੀਆਂ ਸਰੀਰਕ ਸੀਮਾਵਾਂ ਨੂੰ ਕਦੇ ਵੀ ਆਪਣੀ ਪੇਸ਼ੇਵਾਰਾਨਾ ਜ਼ਿੰਦਗੀ ਨੂੰ ਪ੍ਰਭਾਵਿਤ ਨਹੀਂ ਕਰਨ ਦਿੱਤਾ ਅਤੇ ਦਫ਼ਤਰ ਦੇ ਕੰਮ-ਕਾਜ ਨੂੰ ਨਿੱਠ ਕੇ ਕਰਨ ਦੀ ਪ੍ਰਵਿਰਤੀ ਅਤੇ ਕਿਸੇ ਵੀ ਸੂਰਤ ਵਿੱਚ ਹਾਰ ਨਾ ਮੰਨਣ ਦੀ ਦ੍ਰਿੜ੍ਹ ਮਾਨਸਿਕਤਾ ਸਦਕਾ ਉਨ੍ਹਾ ਵਿਭਾਗ ਵਿੱਚ ਆਪਣੀ ਕਾਰਗੁਜ਼ਾਰੀ ਨਾਲ ਨਵੇਂ ਦਿਸਹੱਦੇ ਕਾਇਮ ਕੀਤੇ।

ਸ਼ਾਲਾ! ਡਾਕਟਰ ਲਾਂਬਾ ਇਸੇ ਜਨੂੰਨ ਨਾਲ ਭਵਿੱਖ ਵਿੱਚ ਸਮਾਜ ਅੰਦਰ ਵੀ ਆਪਣਾ ਯੋਗਦਾਨ ਪਾਉਂਦੇ ਰਹਿਣ।

# ਮੁੱਖ ਮੰਤਰੀ ਵੱਲੋਂ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਦੀ ਵਧਾਈ

## ਲੋਕਾਂ ਨੂੰ ਦਸਵੇਂ ਪਾਤਸ਼ਾਹ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਲਈ ਪ੍ਰੇਰਿਤ ਕੀਤਾ



**ਚੰਡੀਗੜ੍ਹ, (ਨਵਾਂ ਜ਼ਮਾਨਾ ਸਰਵਿਸ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੇ ਅੱਜ ਦਸਮੇਸ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ ਪੁਰਬ ਮੌਕੇ ਭਾਰਤ ਅਤੇ ਦੁਨੀਆ ਭਰ ਵਿੱਚ ਵਸਦੇ ਪੰਜਾਬੀਆਂ ਨੂੰ ਵਧਾਈ ਦਿੱਤੀ। ਸਿੱਖਾਂ ਦੇ ਦਸਵੇਂ ਗੁਰੂ ਅਤੇ 'ਖਾਲਸਾ ਪੰਥ' ਦੇ ਬਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ 'ਤੇ ਸੰਦੇਸ਼ ਵਿਚ ਮੁੱਖ ਮੰਤਰੀ ਨੇ ਕਿਹਾ ਕਿ ਗੁਰੂ ਸਾਹਿਬ ਨੇ ਆਪਣੇ ਜੀਵਨ ਕਾਲ ਦੌਰਾਨ ਪਿਆਰ, ਇਕਜੁੱਟਤਾ ਅਤੇ ਸਰਬ-ਸਾਂਝੀਵਾਲਤਾ ਦਾ ਸੁਨੇਹਾ ਦਿੱਤਾ। ਭਗਵੰਤ ਮਾਨ ਨੇ ਕਿਹਾ ਕਿ ਗੁਰੂ ਸਾਹਿਬ ਨੇ 1699 ਵਿੱਚ ਖਾਲਸਾ ਪੰਥ ਦੀ ਸਾਜਨਾ ਕਰਕੇ ਨਿਆਂ, ਬਰਾਬਰੀ, ਸਮਾਜਿਕ ਭਲਾਈ ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਦੇ ਟੀਚਿਆਂ ਦੀ ਪ੍ਰਾਪਤੀ ਲਈ ਖੁਦ ਨੂੰ ਕੁਰਬਾਨ ਕਰਨ ਲਈ ਸਦਾ ਤਿਆਰ ਰਹਿਣ ਵਾਲੀ ਕੌਮ ਤਿਆਰ ਕੀਤੀ। ਉਨ੍ਹਾਂ ਨੇ ਲੋਕਾਂ ਨੂੰ ਸ੍ਰੀ ਅਨੰਦਪੁਰ ਸਾਹਿਬ ਵਿਖੇ ਖਾਲਸਾ ਪੰਥ ਦੀ ਸਾਜਨਾ ਕਰਨ ਵਾਲੇ ਮਹਾਨ "ਸੰਤ ਸਿਪਾਹੀ" ਦੀਆਂ ਸਿੱਖਿਆਵਾਂ ਅਤੇ ਅਮੀਰ ਵਿਰਾਸਤ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਮੁੱਖ ਮੰਤਰੀ ਨੇ ਲੋਕਾਂ ਨੂੰ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਵੱਲੋਂ ਦਰਸਾਏ ਮਾਰਗ 'ਤੇ ਚੱਲਦਿਆਂ ਆਦਰਸ਼ ਅਤੇ ਬਰਾਬਰੀ ਵਾਲੇ ਸਮਾਜ ਦੀ ਸਿਰਜਣਾ ਲਈ ਇਕਜੁੱਟ ਹੋ ਕੇ ਸੰਘਰਸ਼ ਕਰਨ ਦਾ ਸੱਦਾ ਦਿੱਤਾ। ਭਗਵੰਤ ਮਾਨ ਨੇ ਲੋਕਾਂ ਨੂੰ ਧਰਮ ਨਿਰਪੱਖਤਾ ਦੀਆਂ ਸਦੀਆਂ ਪੁਰਾਣੀਆਂ ਪਰੰਪਰਾਵਾਂ ਨੂੰ ਬਰਕਰਾਰ ਰੱਖਣ ਦੇ ਨਾਲ-ਨਾਲ ਮਨੁੱਖੀ ਅਧਿਕਾਰਾਂ ਦੀ ਰਾਖੀ ਅਤੇ ਧਾਰਮਿਕ ਆਜਾਦੀ ਨੂੰ ਯਕੀਨੀ ਬਣਾਉਣ ਲਈ ਗੁਰੂ ਜੀ ਦੇ ਬੇਮਿਸਾਲ ਯੋਗਦਾਨ ਨੂੰ ਯਾਦ ਕਰਵਾਇਆ, ਜਿਸ ਲਈ ਉਨ੍ਹਾਂ ਨੇ ਆਪਣੇ ਪਰਵਾਰ ਸਮੇਤ ਸਭ ਕੁਝ ਕੁਰਬਾਨ ਕਰ ਦਿੱਤਾ। ਉਨ੍ਹਾਂ ਨੇ ਲੋਕਾਂ ਨੂੰ ਜਾਤ-ਪਾਤ, ਰੰਗ, ਨਸਲ ਦੇ ਭੇਦਭਾਵ ਤੋਂ ਉਪਰ ਉਠ ਕੇ ਇਹ ਪਵਿੱਤਰ ਦਿਹਾੜਾ ਮਨਾਉਣ ਲਈ ਕਿਹਾ।

# ਜ਼ਿਲ੍ਹਾ ਯੂਥ ਕਾਂਗਰਸ ਨੇ ਸੌਰਵ ਖੁੱਲਰ ਦੀ ਪ੍ਰਧਾਨਗੀ ਹੇਠ ਕਰਵਾਏ ਦਸਤਾਰਬੰਦੀ ਮੁਕਾਬਲੇ

**ਫਗਵਾੜਾ (ਡਾ. ਰਮਨ, ਢੱਡਾ )** ਪੰਜਾਬ ਯੂਥ ਕਾਂਗਰਸ ਜਿਲ੍ਹਾ ਕਪੂਰਥਲਾ ਵਲੋਂ ਸਰਬੰਸਦਾਨੀ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਚਾਰ ਸਾਹਿਬਜ਼ਾਦਿਆਂ ਦੀ ਨਿੱਘੀ ਯਾਦ ਨੂੰ ਸਮਰਪਿਤ ਦਸਤਾਰ ਬੰਦੀ ਮੁਕਾਬਲੇ ਜ਼ਿਲ੍ਹਾ ਯੂਥ ਪ੍ਰਧਾਨ ਸੌਰਵ ਖੁੱਲਰ ਦੀ ਪ੍ਰਧਾਨਗੀ ਹੇਠ ਗੁਰੂ ਰਾਮਦਾਸ ਹਾਲ ਪ੍ਰੇਮ ਨਗਰ ਖੇੜਾ ਰੋਡ ਫਗਵਾੜਾ ਵਿਖੇ ਕਰਵਾਏ ਗਏ। ਯੂਥ ਕਾਂਗਰਸ ਆਗੂਆਂ ਸਨੀ ਗਰੋਵਰ, ਹਰਮਨਜੋਤ ਸਿੰਘ ਅਤੇ ਪਰਮਵੀਰ ਸਿੰਘ ਦੀ ਦੇਖ ਰੇਖ ਹੇਠ ਆਯੋਜਿਤ ਸਮਾਗਮ ਵਿਚ ਪੰਜਾਬ ਯੂਥ ਕਾਂਗਰਸ ਪ੍ਰਧਾਨ ਬਰਿੰਦਰ ਸਿੰਘ ਢਿੱਲੋਂ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਉਹਨਾਂ ਤੋਂ ਇਲਾਵਾ ਵਿਸ਼ੇਸ਼ ਮਹਿਮਾਨਾਂ ਵਜੋਂ ਪੰਜਾਬ ਯੂਥ ਕਾਂਗਰਸ ਦੇ ਇੰਚਾਰਜ ਅਜੇ ਸ਼ਿਕਾਰਾ, ਕਲਚਰਲ ਸੈਲ ਦੇ ਚੇਅਰਮੈਨ ਕਰਨ ਸਿੰਘ ਰੰਧਾਵਾ ਅਤੇ ਬਲਾਕ ਕਾਂਗਰਸ ਫਗਵਾੜਾ ਸ਼ਹਿਰੀ ਪ੍ਰਧਾਨ ਤਰਨਜੀਤ ਸਿੰਘ ਬੰਟੀ ਵਾਲੀਆ ਮੌਜੂਦ ਰਹੇ। ਮੁੱਖ ਮਹਿਮਾਨ ਅਤੇ ਹੋਰਨਾਂ ਨੇ ਜ਼ਿਲ੍ਹਾ ਯੂਥ ਪ੍ਰਧਾਨ ਸੌਰਵ ਖੁੱਲਰ ਅਤੇ ਉਹਨਾਂ ਦੀ ਟੀਮ ਵਲੋਂ ਕੀਤੇ ਇਸ ਉਪਰਾਲੇ ਦੀ ਤਹਿ ਦਿਲੋਂ ਸ਼ਲਾਘਾ ਕੀਤੀ। ਪੰਜਾਬ ਪ੍ਰਧਾਨ ਬਰਿੰਦਰ ਢਿੱਲੋਂ ਨੇ ਕਿਹਾ ਕਿ ਸਿੱਖਾਂ ਨੇ ਇਸ ਦਸਤਾਰ ਲਈ ਬਹੁਤ ਸਾਰੀਆਂ ਕੁਰਬਾਨੀਆਂ ਦਿੱਤੀਆਂ ਹਨ ਅਤੇ ਸਾਨੂੰ ਆਪਣੇ ਸਿਰ ਦੀ ਦਸਤਾਰ 'ਤੇ ਮਾਣ ਕਰਨਾ ਚਾਹੀਦਾ ਹੈ। ਸਮਾਗਮ ਦੀ ਸਮਾਪਤੀ ਮੌਕੇ ਇਨਾਮਾਂ ਦੀ ਵੰਡ ਕਰਨ ਲਈ ਵਿਸ਼ੇਸ਼ ਤੌਰ 'ਤੇ ਪਹੁੰਚੇ ਜ਼ਿਲ੍ਹਾ ਕਪੂਰਥਲਾ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਹਲਕਾ ਵਿਧਾਇਕ ਬਲਵਿੰਦਰ ਸਿੰਘ ਧਾਲੀਵਾਲ ਵਲੋਂ ਮੁਕਾਬਲੇ ਦੇ ਜੇਤੂ ਗਗਨਪ੍ਰੀਤ ਸਿੰਘ ਨੂੰ ਪਹਿਲਾ ਇਨਾਮ 3100 ਰੁਪਏ, ਜਸ਼ਨ ਪ੍ਰੀਤ ਸਿੰਘ ਨੂੰ ਦੂਸਰਾ ਇਨਾਮ 2100 ਰੁਪਏ ਅਤੇ ਹਰਵੀਰ ਸਿੰਘ ਨੂੰ ਤੀਸਰਾ ਇਨਾਮ 1100 ਰੁਪਏ ਨਗਦ ਭੇਂਟ ਕੀਤਾ ਗਿਆ। ਇਸ ਤੋਂ ਇਲਾਵਾ ਦੁਮਾਲਾ ਮੁਕਾਬਲੇ ਦੇ ਜੇਤੂ ਕਰਨਜੋਤ ਸਿੰਘ ਨੂੰ 1100 ਰੁਪਏ ਭੇਂਟ ਕਰਕੇ ਹੌਸਲਾ ਅਫਜਾਈ ਕੀਤੀ ਗਈ। ਕੰਪੀਟਿਸ਼ਨ ਵਿਚ ਹਿੱਸਾ ਲੈਣ ਵਾਲੇ ਹਰੇਕ ਨੌਜਵਾਨ ਨੂੰ ਪੰਜ ਸੌ ਰੁਪਏ ਅਤੇ ਯਾਦਗਾਰੀ ਚਿੰਨ੍ਹ ਭੇਂਟ ਕੀਤਾ ਗਿਆ। ਵਿਧਾਇਕ ਧਾਲੀਵਾਲ ਨੇ ਵੀ ਯੂਥ ਕਾਂਗਰਸ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਕਿਹਾ ਕਿ ਪਤਿਤਪੁਣੇ ਦਾ ਸ਼ਿਕਾਰ ਨੌਜਵਾਨਾਂ ਨੂੰ ਗੁਰੂਆਂ ਦੀ ਬਖਸ਼ਿਸ਼ ਦਸਤਾਰ ਵੱਲ ਨੂੰ ਮੋੜਨ ਦਾ ਇਹ ਵਧੀਆ ਉਪਰਾਲਾ ਹੈ। ਅਖੀਰ ਵਿਚ ਜ਼ਿਲ੍ਹਾ ਪ੍ਰਧਾਨ ਸੌਰਵ ਖੁੱਲਰ ਨੇ ਸਮੂਹ ਮਹਿਮਾਨਾਂ ਅਤੇ ਪਤਵੰਤਿਆਂ ਦਾ ਪਹੁੰਚਣ ਲਈ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਕਿਹਾ ਕਿ ਇਸ ਤਰ੍ਹਾਂ ਦੇ ਉਪਰਾਲੇ ਭਵਿੱਖ ਵਿਚ ਵੀ ਜਾਰੀ ਰਹਿਣਗੇ। ਇਸ ਮੌਕੇ ਵਿਧਾਇਕ ਪੁੱਤਰ ਕਮਲ ਧਾਲੀਵਾਲ, ਆਈ.ਟੀ. ਸੈਲ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਸੌਰਵ ਸ਼ਰਮਾ, ਯੂਥ ਆਗੂ ਤਰਨ ਸਿੰਘ ਨਾਮਧਾਰੀ, ਅਜੇ ਪਾਠਕ, ਹਰਦੀਪ ਸਿੰਘ ਮੰਡ, ਮੁਕੇਸ਼ ਕੁਮਾਰ ਮਨੀ, ਦੀਪੂ, ਜਤਿੰਦਰ ਬਸੰਤ ਨਗਰ, ਹਰਪ੍ਰੀਤ ਸਿੰਘ ਬਸਰਾ, ਤਾਰਾ ਸਿੰਘ ਨਾਮਧਾਰੀ ਆਦਿ ਤੋਂ ਇਲਾਵਾ ਹੋਰ ਪਤਵੰਤੇ ਵੀ ਹਾਜਰ ਸਨ।



# ਸੁੰਨੜ ਕਲਾਂ ਵਿਖੇ 4 ਘਰਾਂ 'ਚ ਹੋਈ ਚੋਰੀ



**ਨੂਰਮਹਿਲ (ਬਾਲੀ)**- ਪਿੰਡ ਸੁੰਨੜ ਕਲਾਂ 'ਚ ਵੱਖ-ਵੱਖ 4 ਘਰਾਂ ਵਿੱਚ ਚੋਰੀ ਦੀਆਂ ਵਾਰਦਾਤਾਂ ਵਾਪਰੀਆਂ ਹਨ। ਜਾਣਕਾਰੀ ਮੁਤਾਬਕ ਹਰਦੀਪ ,ਉਰਫ ਬਬਲੂ ਪਿਤਾ ਅਮਰਜੀਤ ਸਿੰਘ ਬਾਸਲ ਦੇ ਮਕਾਨ ਵਿੱਚੋਂ ਕੰਧ ਪਾੜ ਕੇ ਵੱਖ ਵੱਖ 5 ਕਮਰਿਆਂ ਦੇ ਘਰ ਵਿੱਚੋਂ ਘਰੇਲੂ ਸਾਮਾਨ ਚੋਰੀ ਕਰ ਕੇ ਲੈ ਗਏ ਹਨ। ਥਾਣਾ ਨੂਰਮਹਿਲ ਦੀ ਪੁਲਸ ਨੂੰ ਮਲਕੀਤ ਸਿੰਘ, ਗੁਲਜਾਰ ਸਿੰਘ ਨੇ ਦੱਸਿਆ ਕਿ ਮੈ ਆਪਣੀ ਹਵੇਲੀ ਦਾ ਜਿੰਦਰਾ ਲਾ ਕੇ ਆਪਣੇ ਨਾਲ ਦੇ ਘਰ ਚਲਾ ਗਿਆ ਸੀ ਸਵੇਰੇ ਜਦੋਂ ਹਵੇਲੀ ਪਹੁੰਚਿਆ ਤਾ ਹਵੇਲੀ ਦਾ ਜਿੰਦਰਾ ਟੁੱਟਿਆ ਹੋਇਆ ਸੀ ਜਿਸ ਵਿਚੋਂ ਤਾਰਾਂ ਦੇ ਬੰਡਲ,ਕੀਮਤੀ ਪੁਰਾਣਾ ਲੋਹਾ ਚੋਰੀ ਹੋਇਆ ਹੈ। ਮਹਿੰਦਰ ਸਿੰਘ ਯੂਕੇ ਜੋ ਐਨ ਆਰ ਆਈ ਇੰਗਲੈਂਡ ਵਿੱਚ ਰਹਿੰਦੇ ਹਨ ਉਹਨਾਂ ਦੇ ਕੋਠੀ ਦੇ ਮੈਨ ਗੇਟ ਦਾ ਜਿੰਦਰਾ ਤੋੜ ਕੇ 2 ਰਸੋਈਆਂ ਤੇ ਬਾਥਰੂਮ ਦੀਆਂ ਟੂਟੀਆਂ , 3 ਬੋਰੇ ਕਣਕ, ਚੋਰੀ ਕਰ ਕੇ ਲੈ ਗਏ। ਪਰਵਾਸੀ ਮਜਦੂਰ ਬਾਬੂ ਲਾਲ ਨੇ ਦੱਸਿਆ ਕਿ ਕਿਰਾਏ ਦੇ ਮਕਾਨ ਵਿੱਚੋਂ ਬਿਜਲੀ ਦੀ ਤਾਰਾਂ ਕੀਮਤੀ ਪੁਰਾਣਾ ਲੋਹਾ ਜਰੂਰੀ ਕਾਗਜਾਤ ਅਤੇ ਕੱਪੜੇ ਅਤੇ ਹੋਰ ਸਾਮਾਨ ਚੋਰੀ ਕਰ ਕੇ ਲੈ ਗਏ। ਇਸ ਮੌਕੇ 'ਤੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਸਮਾਜ ਸੇਵਕ ਅਵਤਾਰ ਚੰਦ ਨੇ ਅਧਿਕਾਰੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਲੋਕਾਂ ਦੀ ਜਾਨ ਮਾਲ ਦੀ ਰਾਖੀ ਨੂੰ ਯਕੀਨੀ ਬਣਾਉਦਿਆਂ ਅਪਰਾਧੀ ਅਨਸਰਾਂ ਵਿਰੁੱਧ ਸਖਤ ਰਵੱਈਆ ਅਖਤਿਆਰ ਕੀਤਾ ਜਾਵੇ ।ਤਾਂ ਜੋ ਲੋਕ ਚੈਨ ਦੀ ਨੀਂਦ ਲੈ ਸਕਣ।

# ਪਾਵਰ ਪਲਾਂਟ ਦੀ ਕਾਲਖ ਦੇ ਮਸਲੇ ਬਾਰੇ ਸ਼ਹਿਰ ਵਾਸੀਆਂ ਦੀ ਮੀਟਿੰਗ ਭਲਕੇ

**ਨਵਾਂਸ਼ਹਿਰ (ਮਨੋਜ ਲਾਡੀ)**-ਸਹਿਕਾਰੀ ਖੰਡ ਮਿੱਲ ਨਵਾਂਸ਼ਹਿਰ ਵਿਚ ਚੱਲ ਰਹੇ ਇਕ ਨਿੱਜੀ ਪਾਵਰ ਪਲਾਂਟ ਵਿੱਚੋਂ ਨਿਕਲ ਕੇ ਨਵਾਂਸ਼ਹਿਰ ਉੱਤੇ ਡਿੱਗ ਰਹੀ ਕਾਲਖ ਤੋਂ ਤੰਗ ਸ਼ਹਿਰ ਵਾਸੀ ਇਸ ਸਬੰਧੀ ਕੋਈ ਫੈਸਲਾ ਲੈਣ ਲਈ 31 ਦਸੰਬਰ ਨੂੰ ਸਵੇਰੇ 10 ਵਜੇ ਗੁਰਦੁਆਰਾ ਮੰਜੀ ਸਾਹਿਬ ਬੰਗਾ ਰੋਡ ਨਵਾਂਸ਼ਹਿਰ ਵਿਖੇ ਵੱਡੀ ਮੀਟਿੰਗ ਕਰ ਰਹੇ ਹਨ । ਜਮਹੂਰੀ ਅਧਿਕਾਰ ਸਭਾ ਦੇ ਜਿਲਾ ਸਕੱਤਰ ਜਸਬੀਰ ਦੀਪ ਨੇ ਦੱਸਿਆ ਕਿ ਇਸ ਮੀਟਿੰਗ ਵਿਚ ਸਮਾਜਿਕ, ਧਾਰਮਿਕ ਜਥੇਬੰਦੀਆਂ ਅਤੇ ਆਮ ਸ਼ਹਿਰ ਵਾਸੀ ਵੀ ਸ਼ਮੂਲੀਅਤ ਕਰ ਰਹੇ ਹਨ। ਸ਼ਹਿਰ ਵਾਸੀਆਂ ਤੋਂ ਇਲਾਵਾ ਉਹਨਾਂ ਨੇ ਉਹਨਾਂ ਪਿੰਡਾਂ ਦੇ ਲੋਕਾਂ ਨੂੰ ਵੀ ਇਸ ਮੀਟਿੰਗ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਹੈ ਜਿਹਨਾਂ ਪਿੰਡਾਂ ਵਿੱਚ ਇਹ ਸੁਆਹ ਡਿੱਗ ਰਹੀ ਹੈ ਉਹਨਾਂ ਕਿਹਾ ਕਿ ਇਸ ਸੁਆਹ ਤੋਂ ਲੋਕ ਬਹੁਤ ਪ੍ਰੇਸ਼ਾਨ ਹਨ। ਪ੍ਰਸ਼ਾਸਨ ਅਤੇ ਪਾਵਰ ਪਲਾਂਟ ਦੇ ਪ੍ਰਬੰਧਕਾਂ ਵਲੋਂ ਬੀਤੇ ਦਿਨੀਂ ਭਰੋਸਾ ਦੇਣ ਦੇ ਬਾਵਜੂਦ ਇਸ ਮਸਲੇ ਦਾ ਕੋਈ ਹੱਲ ਨਹੀਂ ਕੀਤਾ ਗਿਆ। ਇਸ ਮੀਟਿੰਗ ਦਾ ਫੈਸਲਾ ਜਸਬੀਰ ਦੀਪ, ਜਰਨੈਲ ਸਿੰਘ ਖਾਲਸਾ,ਬਿੱਲਾ ਗੁੱਜਰ,ਪ੍ਰੋ. ਇਕਬਾਲ ਸਿੰਘ ਚੀਮਾ, ਸੋਹਨ ਸਿੰਘ ਸਲੇਮਪੁਰੀ,ਸਤੀਸ਼ ਕੁਮਾਰ,ਪਰਮ ਸਿੰਘ ਖਾਲਸਾ,ਡਾਕਟਰ ਗੁਰਮਿੰਦਰ ਸਿੰਘ,ਹਰੇ ਰਾਮ, ਪੁਨੀਤ ਬਛੌੜੀ,ਬਲਜੀਤ ਧਰਮਕੋਟ,ਰਾਜ ਕੁਮਾਰ,,ਅਨਿਲ ਕੁਮਾਰ,ਵਿਵੇਕ ਮਾਰਕੰਡਾ,,ਰਮਨ ਮਲਹੋਤਰਾ, ਮੁਕੇਸ਼, ਸਤਪਾਲ, ਜਰਨੈਲ ਸਿੰਘ,ਪ੍ਰਦੀਪ ,ਅਮਰ ਰਾਜ,ਲੇਖ ਰਾਜ, ਮੁਕੰਦ ਲਾਲ ਅਤੇ ਹੋਰ ਸ਼ਹਿਰ ਵਾਸੀਆਂ ਦੀ ਸਲਾਹ ਨਾਲ ਰੱਖੀ ਗਈ ਹੈ।

# ਕਵਿਤਰੀ ਤੇ ਕਹਾਣੀਕਾਰ ਡਾ. ਨੀਨਾ ਸੈਣੀ 'ਭਾਰਤ ਰਤਨ ਅਟਲ ਸਨਮਾਨ-2022' ਨਾਲ ਸਨਮਾਨਤ



**ਹੁਸ਼ਿਆਰਪੁਰ, (ਓ ਪੀ ਰਾਣਾ )**-ਪੰਜਾਬ ਦੀ ਪ੍ਰਸਿੱਧ ਕਵਿਤਰੀ ਅਤੇ ਕਹਾਣੀਕਾਰ ਹੁਸ਼ਿਆਰਪੁਰ ਦੀ ਡਾ. ਨੀਨਾ ਸੈਣੀ ਨੂੰ ਹਾਲ ਹੀ ਵਿੱਚ 'ਭਾਰਤ ਰਤਨ ਅਟਲ ਸਨਮਾਨ-2022' ਨਾਲ ਸਨਮਾਨਿਤ ਕੀਤਾ ਗਿਆ। 25 ਦਸੰਬਰ ਨੂੰ ਲਖਨਊ (ਉੱਤਰ ਪ੍ਰਦੇਸ਼) ਵਿਖੇ ਪੱਤਰਕਾਰਾਂ ਦੀ ਕੌਮੀ ਸੰਸਥਾ ਪ੍ਰਿੰਟ ਮੀਡੀਆ ਵਰਕਿੰਗ ਜਰਨਲਿਸਟ ਐਸੋਸੀਏਸਨ ਵੱਲੋਂ ਉਨ੍ਹਾਂ ਨੂੰ ਇਹ ਸਨਮਾਨ ਦਿੱਤਾ ਗਿਆ। ਉਨ੍ਹਾਂ ਦੇ ਇਸ ਸਨਮਾਨ 'ਤੇ ਸਾਹਿਤਕ ਖੇਤਰ ਵਿਚ ਖੁਸ਼ੀ ਦਾ ਮਾਹੌਲ ਹੈ। ਚੰਡੀਗੜ੍ਹ ਸਿੱਖਿਆ ਵਿਭਾਗ ਤੋਂ ਸੇਵਾਮੁਕਤ ਪੰਜਾਬੀ ਲੈਕਚਰਾਰ ਡਾ. ਨੀਨਾ ਸੈਣੀ ਨੇ 10 ਕਹਾਣੀਆਂ ਅਤੇ ਕਾਵਿ ਸੰਗ੍ਰਹਿ ਪ੍ਰਕਾਸ਼ਿਤ ਹੋ ਚੁਕੇ ਹਨ। ਐਮ.ਏ., ਬੀ.ਐਡ, ਐਮ.ਐੱਡ ਅਤੇ ਪੀ.ਐਚ.ਡੀ (ਜੋਤਿਸ ਅਤੇ ਵਾਸਤੂ) ਹੋਣ ਦੇ ਬਾਵਜੂਦ ਪੰਜਾਬੀ ਕਵਿਤਾ ਅਤੇ ਕਹਾਣੀ ਲਿਖਣ ਵਿੱਚ ਉਨ੍ਹਾਂ ਦੀ ਰੁਚੀ ਨੇ ਉਨ੍ਹਾਂ ਨੂੰ ਸਾਹਿਤ ਦੇ ਇਸ ਖੇਤਰ ਵਿੱਚ ਅੱਗੇ ਆਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੂੰ ਅਵਾਰਡ ਆਫ ਆਨਰ (ਜੋਤਿਸ਼ ਪ੍ਰਾਂਗਣ) ਅਤੇ ਅਵਾਰਡ ਆਫ ਆਨਰ ਅਖਿਲ ਭਾਰਤੀ ਜੋਤਿਸ਼ ਮੰਚ ਤੋਂ ਵੀ ਸਨਮਾਨਿਤ ਕੀਤਾ ਜਾ ਚੁੱਕਿਆ ਹੈ ਅਤੇ ਉਹ ਇੱਕ ਪ੍ਰਮਾਣਿਤ ਮੈਗਾ ਵਾਸਤੂ ਮਾਹਿਰ ਵੀ ਹੈ। ਸਾਹਿਤ ਅਤੇ ਜੋਤਿਸ਼ ਦੇ ਖੇਤਰ ਵਿਚ ਜ਼ਿਲ੍ਹੇ ਦਾ ਨਾਂਅ ਰੌਸ਼ਨ ਕਰਨ ਵਾਲੀ ਨੀਨਾ ਸੈਣੀ ਦਾ ਕਹਿਣਾ ਹੈ ਕਿ ਬਚਪਨ ਵਿਚ ਮਾਂ ਅਤੇ ਗ੍ਰੈਜੂਏਸ਼ਨ ਕਰਦੇ ਸਮੇਂ ਵੱਡੇ ਭਰਾ ਦੀ ਮੌਤ ਤੋਂ ਬਾਅਦ ਉਹਨਾਂ ਨੇ ਆਪਣੀਆਂ ਭਾਵਨਾਵਾਂ ਨੂੰ ਕਵਿਤਾ ਦੇ ਰੂਪ ਵਿਚ ਪ੍ਰਗਟ ਕੀਤਾ, ਜਿਸ ਤੋਂ ਬਾਅਦ ਕਵਿਤਾ ਲੇਖਣ ਪ੍ਰਤੀ ਉਨ੍ਹਾਂ ਦਾ ਰੁਝਾਨ ਵਧਿਆ। ਐਮ.ਐੱਡ ਦੀ ਪੜ੍ਹਾਈ ਪੂਰੀ ਕਰਨ ਤੋਂ ਬਾਅਦ ਉਹ ਚੰਡੀਗੜ੍ਹ ਸਕੂਲ ਸਿੱਖਿਆ ਵਿਭਾਗ ਵਿੱਚ ਪੰਜਾਬੀ ਅਧਿਆਪਕ ਵਜੋਂ ਨੌਕਰੀ ਕਰਨ ਲੱਗ ਪਏ, ਪਰ ਸਾਹਿਤ ਨਾਲ ਉਨ੍ਹਾਂ ਦਾ ਮੋਹ ਕਾਇਮ ਰਿਹਾ। ਲਿਖਦੇ-ਲਿਖਦੇ ਉਨ੍ਹਾਂ ਦੇ ਹੁਣ ਤੱਕ ਦਸ ਸਾਂਝੇ ਕਾਵਿ ਅਤੇ ਕਹਾਣੀ ਸੰਗ੍ਰਹਿ ਜਿਨ੍ਹਾਂ ਵਿੱਚ ਰੰਗਰੇਜ, ਦੁਖਾਂਤ, ਕਲਮਾਂ ਦੀ ਸਾਂਝ, ਵੇਹੜੇ ਦੀਆ ਰੌਣਕਾਂ, ਕਾਵਿਆਂਜਲੀ, ਧੀਆਂ ਭੈਣਾਂ ਸਾਂਝੀਆਂ, ਸਿਰਜਕ, ਗੁਲਦਾਨ ਅਤੇ ਸਾਂਝੀ ਕਹਾਣੀ ਸੰਗ੍ਰਹਿ ਵਿੱਚ ਜਜਬਾਤਾਂ ਦੇ ਪਰਦੇ, ਨਾਰੀ ਮਨ ਕਹਾਣੀਆਂ ਪ੍ਰਕਾਸ਼ਿਤ ਹੋ ਚੁੱਕੀਆਂ ਹਨ, ਇਸ ਤੋਂ ਇਲਾਵਾ ਉਨ੍ਹਾਂ ਦੀ ਆਪਣੀ ਮੌਲਿਕ ਪੁਸਤਕ 'ਸੱਧਰਾਂ ਦੀ ਹਵੇਲੀ' ਵੀ ਲੋਕ ਅਰਪਿਤ ਹੋ ਚੁੱਕੀ ਹੈ। ਉਨ੍ਹਾਂ ਦੱਸਿਆ ਕਿ ਕਵਿਤਾ ਲਿਖਣ ਦੇ ਨਾਲ-ਨਾਲ ਉਨ੍ਹਾਂ ਦੀ ਜੋਤਿਸ਼ ਦੇ ਖੇਤਰ ਵਿਚ ਵੀ ਰੁਚੀ ਵਧੀ, ਜਿਸ ਵਿਚ ਉਨ੍ਹਾਂ ਨੇ ਵੱਖ-ਵੱਖ ਵਿਸ਼ਿਆਂ ਵਿਚ ਮੁਹਾਰਤ ਹਾਸਲ ਕਰਦੇ ਹੋਏ ਡਾਕਟਰੇਟ ਦੀ ਡਿਗਰੀ ਅਤੇ ਹੋਰ ਕਈ ਸਨਮਾਨ ਹਾਸਲ ਕੀਤੇ। ਡਾ: ਨੀਨਾ ਸੈਣੀ ਨੇ ਦੱਸਿਆ ਕਿ ਉਨ੍ਹਾਂ ਦੇ ਸਾਹਿਤਕ ਸਫਰ ਵਿੱਚ ਉਨ੍ਹਾਂ ਦੇ ਪਤੀ ਸੇਵਾਮੁਕਤ ਬੈਂਕ ਮੈਨੇਜਰ ਅਜੀਤ ਸਿੰਘ ਧਨੋਆ ਦਾ ਬਹੁਤ ਸਹਿਯੋਗ ਰਿਹਾ। ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਇੱਕ ਹੋਰ ਮੌਲਿਕ ਪੁਸਤਕ ਵੀ 2023 ਵਿੱਚ ਜਲਦੀ ਹੀ ਲੋਕਾਂ ਤੱਕ ਪਹੁੰਚ ਜਾਵੇਗੀ। ਉਨ੍ਹਾਂ ਦੱਸਿਆ ਕਿ ਰੇਕੀ ਗ੍ਰੈਂਡ ਮਾਸਟਰ, ਜੋਤਿਸ਼, ਨਾੜੀ ਜੋਤਿਸ਼, ਅੰਕ ਜੋਤਿਸ਼, ਟੈਰੋ ਕਾਰਡ ਰੀਡਰ, ਵਾਸਤੂ ਮਾਹਿਰ, ਪਾਸਟ ਲਾਈਫ ਰਿਗਰੈਸਨ, ਫੇਸ ਰੀਡਰ, ਪਾਮਿਸਟ, ਸਵਿਚ ਵਰਡਜ, ਏਂਜਲ ਥੈਰੇਪਿਸਟ, ਈ.ਐੱਫ.ਟੀ. ਦਾ ਉਨਾ ਨੂੰ ਕਾਫੀ ਤਜਰਬਾ ਹੈ ਅਤੇ ਇਨ੍ਹਾਂ ਵਿਸ਼ਿਆਂ 'ਤੇ ਉਹ ਹਮੇਸ਼ਾ ਲੋਕਾਂ ਤੱਕ ਆਪਣੀ ਰਾਏ ਪਹੁੰਚਾਉਂਦੇ ਰਹੇ ਹਨ।